ਵੀਰਵਾਰ, 2 ਅਪ੍ਰੈਲ, 2026
20 ਚੇਤ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 301

# ਰੋਜ਼ਾਨਾ ਨਵਾਂ ਜ਼ਮਾਨਾ

DAILY NAWAN ZAMANA • THURSDAY, 2 APRIL, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160
YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਲੇਬਰ ਕੋਡਾਂ ਖਿਲਾਫ਼ ਪ੍ਰੋਲੇਤਾਰੀ ਸੜਕਾਂ 'ਤੇ


ਪਟਿਆਲਾ



ਜਲੰਧਰ


ਅੰਮ੍ਰਿਤਸਰ

**ਜਲੰਧਰ (ਗਿਆਨ ਸੈਦਪੁਰੀ)**

ਏਟਕ, ਇੰਡੀਅਨ ਫੈਡਰੇਸ਼ਨ ਆਫ਼ ਟਰੇਡ ਯੂਨੀਅਨਜ਼ (ਇਫ਼ਟੂ) ਤੇ ਸੀ ਟੀ ਯੂ ਸਮੇਤ ਕੇਂਦਰੀ ਟਰੇਡ ਯੂਨੀਅਨਾਂ ਦੇ ਸੱਦੇ 'ਤੇ ਪੰਜਾਬ ਦੀਆਂ ਟਰੇਡ ਯੂਨੀਅਨਾਂ ਤੇ ਭਰਾਤਰੀ ਜਥੇਬੰਦੀਆਂ ਵੱਲੋਂ ਪੰਜਾਬ ਦੀਆਂ ਬਹੁਤ ਸਾਰੀਆਂ ਥਾਂਵਾਂ 'ਤੇ ਬੁੱਧਵਾਰ ਕਾਲਾ ਦਿਵਸ ਮਨਾਇਆ ਗਿਆ। ਟਰੇਡ ਯੂਨੀਅਨਾਂ ਵੱਲੋਂ ਚਾਰ ਲੇਬਰ ਕੋਡ, ਵਿਕਸਤ ਭਾਰਤ ਜੀ ਰਾਮ ਜੀ ਕਾਨੂੰਨ, ਬਿਜਲੀ ਸੋਧ ਬਿੱਲ 2025 ਅਤੇ ਨਿੱਜੀਕਰਨ ਵਿਰੁੱਧ ਦੇਸ਼ ਭਗਤ ਯਾਦਗਾਰ ਹਾਲ ਵਿਖੇ ਰੈਲੀ ਕਰਨ ਉਪਰੰਤ ਪ੍ਰੈੱਸ ਕਲੱਬ ਤੱਕ ਕਾਲ਼ੇ ਝੰਡਿਆਂ ਨਾਲ ਸ਼ਹਿਰ ਵਿੱਚ ਮੁਜ਼ਾਹਰਾ ਕੀਤਾ ਗਿਆ।

ਇਸ ਮੌਕੇ ਏਟਕ ਦੇ ਪਲਵਿੰਦਰ ਸਿੰਘ ਪਲਪੋਤਾ, ਸੀ ਟੀ ਯੂ ਦੇ ਹਰੀਮੁਨੀ ਸਿੰਘ ਤੇ ਪੇਂਡੂ ਮਜ਼ਦੂਰ ਯੂਨੀਅਨ ਦੇ ਕਸ਼ਮੀਰ ਸਿੰਘ ਘੁੱਗਸ਼ੋਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਕਾਰਪੋਰੇਟ ਘਰਾਣਿਆਂ ਤੇ ਦੇਸੀ-ਵਿਦੇਸ਼ੀ ਸਰਮਾਏਦਾਰਾਂ ਨੂੰ ਖੁਸ਼ ਕਰਨ ਲਈ ਮਜ਼ਦੂਰਾਂ ਤੋਂ ਯੂਨੀਅਨ ਬਣਾਉਣ ਤੇ ਸੰਘਰਸ਼ ਕਰਨ ਵਰਗੇ ਜਮਹੂਰੀ ਹੱਕ ਖੋਹਣ ਲਈ ਮਜ਼ਦੂਰ ਪੱਖੀ 29 ਲੇਬਰ ਕਾਨੂੰਨਾਂ ਨੂੰ ਖ਼ਤਮ ਕਰਕੇ 4 ਲੇਬਰ ਕੋਡ ਲੈ ਕੇ ਆਈ ਹੈ।

ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਇਹਨਾਂ ਚਾਰ ਲੇਬਰ ਕੋਡਾਂ ਨੂੰ 1 ਅਪ੍ਰੈਲ ਤੋਂ ਲਾਗੂ ਕਰਨ ਦਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਕੋਡ ਲਾਗੂ ਹੋਣ ਨਾਲ ਮਜ਼ਦੂਰਾਂ ਕੋਲ ਆਪਣੇ ਅਧਿਕਾਰਾਂ ਨੂੰ ਸੁਰੱਖਿਅਤ ਕਰਨ ਅਤੇ ਪ੍ਰਾਪਤ ਕਰਨ ਲਈ ਯੂਨੀਅਨ ਬਣਾਉਣ ਅਤੇ ਸੰਘਰਸ਼ ਕਰਨ ਦਾ ਜਮਹੂਰੀ ਅਧਿਕਾਰ ਖ਼ਤਮ ਹੋ ਜਾਵੇਗਾ। ਕੰਮ ਦਾ ਮਿਹਨਤਾਨਾ ਵਧਾਉਣ ਦੀ ਥਾਂ ਕੰਮ ਘੰਟੇ 8 ਤੋਂ 12 ਘੰਟੇ ਦੀ ਦਿਹਾੜੀ ਹੋਵੇਗੀ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਮਗਨਰੇਗਾ ਦੀ ਥਾਂ ਵਿਕਸਤ ਭਾਰਤ ਜੀ ਰਾਮ ਜੀ ਕਾਨੂੰਨ ਲੈ ਕੇ ਆਈ ਹੈ, ਜਿਸ ਨਾਲ ਮਜ਼ਦੂਰਾਂ ਨੂੰ ਪਹਿਲਾਂ ਮਿਲਦਾ ਕੰਮ ਵੀ ਕਾਫੀ ਹੱਦ ਤੱਕ ਉਹਨਾਂ ਕੋਲੋਂ ਖੋਹਣ ਦੀਆਂ ਤਿਆਰੀਆਂ ਹਨ। ਬਿਜਲੀ ਸੋਧ ਬਿੱਲ 2025 ਰਾਹੀਂ ਬਿਜਲੀ ਦੀ ਵੰਡ ਦਾ ਕੰਮ ਪ੍ਰਾਈਵੇਟ ਅਦਾਰਿਆਂ ਨੂੰ ਸੌਂਪ ਦਿੱਤਾ ਜਾਵੇਗਾ, ਜਿਸ ਨਾਲ ਖਪਤਕਾਰਾਂ ਦੀ ਲੁੱਟ ਬਹੁਤ ਵਧ ਜਾਵੇਗੀ ਅਤੇ ਪ੍ਰਾਈਵੇਟ ਅਦਾਰੇ ਮਨਮਰਜ਼ੀ ਕਰਨਗੇ। ਲੋਕ ਮੋਦੀ ਸਰਕਾਰ ਦੇ ਅਜਿਹੇ ਲੋਕ ਵਿਰੋਧੀ ਕਾਨੂੰਨਾਂ ਨੂੰ ਸਹਿਣ ਨਹੀਂ ਕਰਨਗੇ।ਇਸ ਦੇ ਖਿਲਾਫ਼ ਮਜ਼ਦੂਰ ਲਹਿਰ ਖੜ੍ਹੀ ਕਰਨਗੇ।

ਇਸ ਮੌਕੇ ਸੀ ਟੀ ਯੂ ਦੇ ਸੁਜਾਤਾ ਸ਼ੁਕਲਾ, ਏਟਕ ਦੇ ਰਛਪਾਲ ਕੈਲੇ ਤੇ ਵੀਰ ਕੁਮਾਰ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਹੰਸ ਰਾਜ ਪੱਬਵਾਂ ਅਤੇ ਗੁਰਬਖਸ਼ ਕੌਰ ਸਾਦਿਕਪੁਰ ਆਦਿ ਨੇ ਵੀ ਸੰਬੋਧਨ ਕੀਤਾ। ਹੋਰਨਾਂ ਤੋਂ ਇਲਾਵਾ ਰਜਿੰਦਰ ਕੁਮਾਰ ਹੈਪੀ ਸ਼ਾਹਕੋਟ, ਸੁਨੀਲ ਕੁਮਾਰ ਰਾਜੇਵਾਲ, ਅਵਤਾਰ ਸਿੰਘ ਧਾਲੀਵਾਲ, ਰਣਜੀਤ ਸਿੰਘ ਔਲਖ ਤੇ ਕਸ਼ਮੀਰ ਕੁਰੈਸ਼ੀ ਆਦਿ ਹਾਜ਼ਰ ਸਨ।

**ਪਟਿਆਲਾ** : ਏਟਕ, ਇੰਟਕ, ਸੀਟੂ, ਇਫਟੂ, ਸੀ ਟੀ ਯੂ ਪੰਜਾਬ ਤੋਂ ਇਲਾਵਾ ਪ ਸ ਸ ਫ 1680, 22—ਬੀ ਦੇ ਸੈਂਕੜਿਆਂ ਦੀ ਗਿਣਤੀ ਵਿੱਚ ਇਕੱਠੇ ਹੋਏ ਮੁਲਾਜ਼ਮਾਂ—ਮਜ਼ਦੂਰਾਂ ਨੇ ਰੋਸ ਭਰਪੂਰ ਰੈਲੀ ਮਿੰਨੀ ਸਕੱਤਰੇਤ ਪਟਿਆਲਾ ਦੇ ਸਾਹਮਣੇ ਕਰਨ ਉਪਰੰਤ ਜਲੂਸ ਦੀ ਸ਼ਕਲ ਵਿੱਚ ਨਾਅਰੇ ਮਾਰਦੇ ਹੋਏ ਮੇਨ ਸੜਕ ਦੇ ਚੌਂਕ ਵਿੱਚ ਮੋਦੀ ਦਾ ਪੁਤਲਾ ਫੂਕਿਆ।

ਰੋਸ ਰੈਲੀ ਨੂੰ ਨਿਰਮਲ ਸਿੰਘ ਧਾਲੀਵਾਲ ਏਟਕ, ਦਰਸ਼ਨ ਸਿੰਘ ਲੁਬਾਣਾ ਪ੍ਰਧਾਨ ਪ ਸ ਸ ਫ, ਹਰਦੀਪ ਸਿੰਘ ਟੋਡਰਪੁਰ ਡੀ ਟੀ ਐੱਫ / ਇਫਟੂ, ਉਤਮ ਸਿੰਘ ਬਾਗੜੀ ਟਰੇਡ ਯੂਨੀਅਨ ਕੌਂਸਲ ਪਟਿਆਲਾ, ਬਲਦੇਵ ਰਾਜ ਇੰਟਕ, ਤਰਸੇਮ ਸਿੰਘ ਸੀਟੂ, ਸ੍ਰੀ ਨਾਥ ਇਫਟੂ ਅਤੇ ਧਰਮਵੀਰ ਹਰੀਗੜ੍ਹ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਕਿਹਾ ਕਿ ਮੋਦੀ ਸਰਕਾਰ ਨੇ ਕਾਰਪੋਰੇਟ ਘਰਾਣਿਆ ਨੂੰ ਲੁੱਟ ਕਰਨ ਦੀ ਖੁੱਲ੍ਹੀ ਛੁੱਟੀ ਦੇਣ ਅਤੇ ਉਹਨਾਂ ਦੇ ਰਸਤੇ ਵਿੱਚੋਂ ਹੱਕ ਮੰਗਣ ਵਾਲੀਆਂ ਟਰੇਡ ਯੂਨੀਅਨਾਂ ਅਤੇ ਵਰਕਰਾਂ ਦੇ ਅਧਿਕਾਰਾਂ ਨੂੰ ਖਤਮ ਜਾਂ ਸੀਮਤ ਕਰਨ ਲਈ 29 ਕੇਂਦਰੀ ਕਿਰਤ ਕਾਨੂੰਨਾਂ ਨੂੰ ਖਤਮ ਕਰਕੇ 4 ਲੇਬਰ ਕੋਡਜ਼ ਵਿੱਚ ਸਮੇਟਦੇ ਹੋਏ ਆਪਣਾ ਮਜ਼ਦੂਰ ਜਮਾਤ ਵਿਰੋਧੀ ਚਿਹਰਾ ਨੰਗਾ ਕਰਨ ਵਿੱਚ ਕੋਈ ਸੰਕੋਚ ਨਹੀਂ ਕੀਤਾ, ਜਿਸ ਰਾਹੀਂ ਟਰੇਡ ਯੂਨੀਅਨ ਬਣਾਉਣਾ ਮੁਸ਼ਕਲ ਕਰ ਦੇਣਾ, ਘੱਟੋ—ਘੱਟ ਉਜਰਤਾਂ 'ਤੇ ਹਮਲਾ, ਹੜਤਾਲ ਦੇ ਹੱਕ ਨੂੰ ਬੇਅਸਰ ਕਰਨਾ, ਛਾਂਟੀ ਕਰਨ ਦੀ ਖੁੱਲ੍ਹ ਦੇਣਾ, ਫਿਕਸ ਟਰਮ ਇੰਪਲਾਇਮੈਂਟ ਰਾਹੀਂ ਨੌਕਰੀ ਦੀ ਸੁਰੱਖਿਆ ਖਤਮ ਕਰਨਾ, 42 ਫੀਸਦੀ ਸਨਅਤਾਂ ਨੂੰ ਲੇਬਰ ਕਾਨੂੰਨਾਂ ਵਿਚੋਂ ਬਾਹਰ ਕਰਨਾ, ਔਰਤਾਂ ਨੂੰ ਰਾਤ ਦੀਆਂ ਸ਼ਿਫਟਾਂ ਵਿੱਚ ਤਾਇਨਾਤ ਕਰਨਾ, ਕਾਰਖਾਨੇਦਾਰਾਂ ਵੱਲੋਂ ਕੀਤੀਆਂ ਜਾਂਦੀਆਂ ਉਲੰਘਣਾਵਾਂ ਬਦਲੇ ਸਜਾਵਾਂ ਖਤਮ ਕਰਨਾ ਆਦਿ ਸੋਧਾਂ ਕਰਕੇ ਮਜ਼ਦੂਰਾਂ ਨੂੰ ਬੰਧੂਆ ਮਜ਼ਦੂਰਾਂ ਵਰਗੇ ਹਾਲਾਤ ਵਿੱਚ ਧੱਕ ਦਿੱਤਾ ਹੈ।

ਆਗੂਆਂ ਨੇ ਵਰਕਰਾਂ ਨੂੰ ਸੁਚੇਤ ਕਰਦਿਆਂ ਕਿਹਾ ਕਿ ਭਵਿੱਖ ਵਿੱਚ ਸਖਤ ਸਾਂਝੇ ਸੰਘਰਸ਼ ਕੀਤੇ ਬਿਨਾਂ ਅਤੇ ਵਿਸ਼ਾਲ ਏਕਤਾ ਤੋਂ ਬਿਨਾਂ ਕੋਈ ਚਾਰਾ ਨਹੀਂ। ਜਿਹੜੇ ਹੋਰ ਆਗੂ ਇਸ ਮੌਕੇ ਹਾਜ਼ਰ ਸਨ, ਉਹਨਾ ਵਿੱਚ ਵਿਕਰਮ ਦੇਵ, ਗੁਰਵਿੰਦਰ ਸਿੰਘ ਗੋਲਡੀ, ਗੁਰਜੀਤ ਸਿੰਘ, ਬਲਜਿੰਦਰ ਸਿੰਘ, ਦੀਪ ਚੰਦ ਹੰਸ ਅਤੇ ਸੂਰਜ ਦੇਵ ਸ਼ਾਮਲ ਸਨ।

**ਛੇਹਰਟਾ (ਮਨੋਜ ਕੁਮਾਰ)** : ਏਟਕ, ਸੀਟੂ, ਤੇ ਸੀ ਟੀ ਯੂ ਦੇ ਸੱਦੇ 'ਤੇ ਪਹਿਲੀ ਅਪ੍ਰੈਲ ਨੂੰ ਲੇਬਰ ਕੋਡ ਲਾਗੂ ਕਰਨ ਵਿਰੁੱਧ ਕਾਲਾ ਦਿਨ ਮਨਾਇਆ ਗਿਆ। 22 ਨੰਬਰ ਫਾਟਕ ਅੰਮ੍ਰਿਤਸਰ ਵਿਖੇ ਵਿਸ਼ਾਲ ਇਕੱਠ ਮੋਹਨ ਲਾਲ ਤੇ ਕਿਰਪਾ ਰਾਮ ਦੀ

• ਬਾਕੀ ਸਫਾ 2 'ਤੇ

## ਪੰਜਾਬ 'ਚ ਵਿਆਪਕ ਸਮਾਜਿਕ, ਆਰਥਿਕ ਸਰਵੇਖਣ ਸ਼ੁਰੂ



**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ, ਕ੍ਰਿਸ਼ਨ ਗਰਗ)**-ਪੰਜਾਬ ਸਰਕਾਰ ਨੇ ਬੁੱਧਵਾਰ ਤੋਂ ਇੱਕ ਵਿਆਪਕ ਨਸ਼ਾ ਤੇ ਸਮਾਜਿਕ-ਆਰਥਿਕ ਮਰਦਮਸ਼ੁਮਾਰੀ (ਸਰਵੇਖਣ) ਸ਼ੁਰੂ ਕਰ ਦਿੱਤੀ ਹੈ, ਜਿਸ ਵਿੱਚ 28,000 ਕਰਮਚਾਰੀਆਂ ਨੂੰ ਸੂਬੇ ਦੇ 65 ਲੱਖ ਪਰਵਾਰਾਂ ਦਾ ਸਰਵੇਖਣ ਕਰਨ ਲਈ ਕਿਹਾ ਗਿਆ ਹੈ।

ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਇਹ ਸਰਵੇਖਣ ਨਸ਼ਿਆਂ ਦੀ ਸਮੱਸਿਆ ਦੇ ਪਸਾਰ ਨੂੰ ਜਾਨਣ ਅਤੇ ਲੋਕਾਂ ਦੀ ਆਮਦਨ ਤੇ ਸਿੱਖਿਆ ਸਮੇਤ ਉਨ੍ਹਾਂ ਦੀ ਸਮਾਜਿਕ-ਆਰਥਿਕ ਸਥਿਤੀ ਦਾ ਮੁਲਾਂਕਣ ਕਰਨ ਲਈ ਕਰਵਾਇਆ ਜਾ ਰਿਹਾ ਹੈ। ਉਨ੍ਹਾ ਕਿਹਾ, "ਇਸ ਦਾ ਮਕਸਦ ਨਸ਼ਿਆਂ ਦੀ ਸਮੱਸਿਆ ਨੂੰ ਸਮਝਣਾ ਅਤੇ ਫਿਰ ਅਜਿਹੀਆਂ ਨਿਸ਼ਾਨਾ-ਬੱਧ ਨੀਤੀਆਂ ਬਣਾਉਣਾ ਹੈ ਜਿਨ੍ਹਾਂ ਦੇ ਨਤੀਜੇ ਬਿਹਤਰ ਹੋਣਗੇ।"

ਇਹ ਸਰਵੇਖਣ ਤਿੰਨ ਮਹੀਨਿਆਂ ਵਿੱਚ ਮੁਕੰਮਲ ਹੋਣ ਦੀ ਉਮੀਦ ਹੈ। ਵਿੱਤੀ ਸਾਲ 2026-27 ਲਈ ਇਸ ਕਾਰਜ ਵਾਸਤੇ 150 ਕਰੋੜ ਰੁਪਏ ਦੀ ਰਾਸ਼ੀ ਅਲਾਟ ਕੀਤੀ ਗਈ ਹੈ। ਸਰਕਾਰੀ ਸਰੋਤਾਂ ਦਾ ਕਹਿਣਾ ਹੈ ਕਿ ਇਸ ਮਰਦਮਸ਼ੁਮਾਰੀ ਵਿੱਚ ਇਕੱਤਰ ਕੀਤੇ ਗਏ ਅੰਕੜੇ ਨਸ਼ਾ ਪੀੜਤਾਂ ਲਈ ਬਿਹਤਰ ਪੁਨਰਵਾਸ ਨੀਤੀ ਤਿਆਰ ਕਰਨ ਵਿੱਚ ਮਦਦ ਕਰਨਗੇ। ਹੁਣ ਤੱਕ ਸਰਕਾਰ ਦਾ ਧਿਆਨ ਸਖਤੀ ਨਾਲ ਕਾਨੂੰਨ ਲਾਗੂ ਕਰਨ 'ਤੇ ਸੀ ਅਤੇ ਇਹ ਸਰਵੇਖਣ ਨਸ਼ਾ ਪੀੜਤਾਂ ਦੇ ਪੁਨਰਵਾਸ ਵੱਲ ਇੱਕ ਵੱਡੇ ਬਦਲਾਅ ਨੂੰ ਦਰਸਾਉਂਦਾ ਹੈ। ਰਾਜ ਸਰਕਾਰ ਨੂੰ ਉਮੀਦ ਹੈ ਕਿ ਇਸ ਨਾਲ ਨਾ ਸਿਰਫ ਸੂਬੇ ਵਿੱਚ ਨਸ਼ਿਆਂ ਦੀ ਵਰਤੋਂ ਦੇ ਪਸਾਰ ਦਾ ਪਤਾ ਲੱਗੇਗਾ, ਸਗੋਂ ਨਸ਼ਾ ਕਰਨ ਵਾਲਿਆਂ ਵੱਲੋਂ ਵਰਤੇ ਜਾਂਦੇ ਪਦਾਰਥਾਂ, ਉਨ੍ਹਾਂ ਦੀ ਉਮਰ, ਸਿੱਖਿਆ ਅਤੇ ਸਮਾਜਿਕ-ਆਰਥਿਕ ਸਥਿਤੀ ਬਾਰੇ ਵੀ ਜਾਣਕਾਰੀ ਮਿਲੇਗੀ। 11 ਪਿੰਡਾਂ ਵਿੱਚ ਪਹਿਲਾਂ ਹੀ ਇੱਕ ਪਾਇਲਟ ਅਧਿਐਨ ਕੀਤਾ ਜਾ ਚੁੱਕਾ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਲੋਕਾਂ ਨੇ ਇਸ ਉਮੀਦ ਵਿੱਚ ਜਾਣਕਾਰੀ ਦੇਣ ਲਈ ਕਾਫੀ ਉਤਸ਼ਾਹ ਦਿਖਾਇਆ ਹੈ ਕਿ ਇਸ ਨਾਲ ਨਸ਼ਿਆਂ ਦੀ ਲਾਹਨਤ ਵਿਰੁੱਧ ਬਿਹਤਰ ਤਰੀਕੇ ਨਾਲ ਲੜਨ ਵਿੱਚ ਮਦਦ ਮਿਲੇਗੀ। ਮੁੱਖ

• ਬਾਕੀ ਸਫਾ 2 'ਤੇ

## ਚੰਡੀਗੜ੍ਹ 'ਚ ਪੰਜਾਬ ਭਾਜਪਾ ਦੇ ਦਫਤਰ ਦੇ ਬਾਹਰ ਧਮਾਕਾ





**ਚੰਡੀਗੜ੍ਹ** : ਇੱਥੇ ਸੈਕਟਰ 37 ਵਿੱਚ ਸਥਿਤ ਪੰਜਾਬ ਭਾਜਪਾ ਦੇ ਦਫਤਰ ਦੇ ਬਾਹਰ ਬੁੱਧਵਾਰ ਸ਼ਾਮ ਕਰੀਬ ਸਾਢੇ ਪੰਜ ਵਜੇ ਜ਼ੋਰਦਾਰ ਧਮਾਕਾ ਹੋਇਆ। ਕਿਸੇ ਕਿਸਮ ਦੇ ਜਾਨੀ ਨੁਕਸਾਨ ਤੋਂ ਬਚਾ ਰਿਹਾ। ਸੂਤਰਾਂ ਮੁਤਾਬਕ ਧਮਾਕਾ ਰੇਤ ਦੇ ਢੇਰ 'ਚ ਹੋਇਆ। ਭਾਜਪਾ ਦਫਤਰ ਦੇ ਨਾਲ ਪੰਜਾਬ ਅਤੇ ਹਰਿਆਣਾ ਬਾਰ ਕੌਂਸਲ ਦਾ ਦਫਤਰ, ਪੈਟਰੋਲ ਪੰਪ ਅਤੇ ਹੋਰ ਕਈ ਵੱਡੇ ਦਫਤਰ ਸਥਿਤ ਹਨ।

ਸੂਬਾ ਭਾਜਪਾ ਆਗੂ ਵਿਨੀਤ ਜੋਸ਼ੀ ਨੇ ਦੱਸਿਆ ਕਿ ਘਟਨਾ ਸਮੇਂ ਕਈ ਪੰਜਾਬ ਭਾਜਪਾ ਆਗੂ ਦਫਤਰ ਦੇ ਅੰਦਰ ਮੌਜੂਦ ਸਨ। ਧਮਾਕੇ ਦੀ ਆਵਾਜ਼ ਸੁਣਨ ਤੋਂ ਬਾਅਦ ਆਗੂਆਂ ਨੇ ਪੁਲਸ ਨੂੰ ਸੂਚਨਾ ਦਿੱਤੀ। ਦਫਤਰ ਦੇ ਸੀਨੀਅਰ ਸਟਾਫਰ ਜਸਵਿੰਦਰ ਸਿੰਘ ਨੇ ਦੱਸਿਆ ਕਿ ਬਾਹਰ ਖੜ੍ਹੇ ਸਕੂਟਰ ਨੂੰ ਅੱਗ ਲੱਗ ਗਈ ਅਤੇ ਕੁਝ ਕਾਰਾਂ ਦੇ ਸ਼ੀਸ਼ੇ ਟੁੱਟ ਗਏ। ਸ਼ੁਰੂ ਵਿੱਚ ਲੱਗਿਆ ਕਿ ਸਕੂਟਰ ਦੀ ਬੈਟਰੀ ਫਟੀ ਪਰ ਸਕੂਟਰ ਪੈਟਰੋਲ ਵਾਲਾ ਸੀ। ਭਾਜਪਾ ਦੇ ਕੌਮੀ ਬੁਲਾਰੇ ਆਰ ਪੀ ਸਿੰਘ ਨੇ ਕਿਹਾ ਹੈ ਕਿ ਲੱਗਦਾ ਹੈ ਕਿ ਨਿਸ਼ਾਨਾ ਪੰਜਾਬ ਭਾਜਪਾ ਦੇ ਐਕਟਿੰਗ ਪ੍ਰਧਾਨ ਅਸ਼ਵਨੀ ਸ਼ਰਮਾ ਸਨ। ਉਹ ਦੋ ਦਿਨ ਦਫਤਰ ਵਿੱਚ ਰਹੇ ਤੇ ਸਵੇਰੇ ਹੀ ਦਿੱਲੀ ਪੁੱਜੇ ਸਨ। ਦੋ ਹਫਤੇ ਪਹਿਲਾਂ ਪਠਾਨਕੋਟ ਦੇ ਐੱਸ ਐੱਸ ਪੀ ਨੇ ਸ਼ਰਮਾ ਨੂੰ ਸਵੇਰ ਦੀ ਸੈਰ ਬੰਦ ਕਰਨ ਲਈ ਕਿਹਾ ਸੀ। ਆਰ ਪੀ ਸਿੰਘ ਨੇ ਕਿਹਾ ਹੈ ਕਿ ਇਹ ਘਟਨਾ ਸੁਰੱਖਿਆ, ਇੰਟੈਲੀਜੈਂਸ ਤਾਲਮੇਲ ਤੇ ਪੰਜਾਬ ਵਿੱਚ ਅਮਨ ਕਾਨੂੰਨ ਦੀ ਹਾਲਤ 'ਤੇ ਗੰਭੀਰ ਸਵਾਲ ਖੜ੍ਹੇ ਕਰਦੀ ਹੈ।

## ਹਲਵਾਰਾ-ਦਿੱਲੀ ਉਡਾਣ 15 ਮਈ ਤੋਂ

**ਲੁਧਿਆਣਾ** : ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਅਤੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਅਨੁਸਾਰ 15 ਮਈ ਨੂੰ ਸਵੇਰੇ 5:55 ਵਜੇ ਪਹਿਲੀ ਫਲਾਈਟ ਹਲਵਾਰਾ ਤੋਂ ਰਵਾਨਾ ਹੋਵੇਗੀ ਅਤੇ ਸਵੇਰੇ 7:05 ਵਜੇ ਦਿੱਲੀ ਪਹੁੰਚ ਜਾਵੇਗੀ। ਵਾਪਸੀ 'ਤੇ ਦਿੱਲੀ ਤੋਂ ਇਹ ਦੁਪਹਿਰ 12:55 ਵਜੇ ਚੱਲ ਕੇ 2:10 ਵਜੇ ਲੁਧਿਆਣਾ ਪਰਤੇਗੀ। ਮਹਿਜ਼ 1 ਘੰਟਾ 10 ਮਿੰਟ ਦਾ ਇਹ ਸਫਰ ਲੁਧਿਆਣਾ ਨੂੰ ਦੇਸ਼ ਦੀ ਰਾਜਧਾਨੀ ਨਾਲ ਸਿੱਧਾ ਹਵਾਈ ਮਾਰਗ ਰਾਹੀਂ ਜੋੜ ਦੇਵੇਗਾ।

## ਰਾਜੋਆਣਾ ਦੀ ਜਥੇਦਾਰ ਨੂੰ ਚਿੱਠੀ

**ਪਟਿਆਲਾ** : ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਕਤਲ ਕੇਸ ਵਿੱਚ ਦੋਸ਼ੀ ਬਲਵੰਤ ਸਿੰਘ ਰਾਜੋਆਣਾ ਨੇ ਬੁੱਧਵਾਰ ਅਕਾਲ ਤਖਤ ਸਾਹਿਬ ਦੇ ਜੱਥੇਦਾਰ ਨੂੰ ਚਿੱਠੀ ਭੇਜ ਕੇ ਅਪੀਲ ਕੀਤੀ ਹੈ ਕਿ ਉਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਰਾਸ਼ਟਰਪਤੀ ਕੋਲ ਦਾਖਲ ਕੀਤੀ ਗਈ ਉਸ ਦੀ ਰਹਿਮ ਦੀ ਅਪੀਲ ਦਸ ਦਿਨਾਂ ਦੇ ਅੰਦਰ ਵਾਪਸ ਲੈਣ ਦਾ ਨਿਰਦੇਸ਼ ਦੇਣ। ਉਸ ਨੇ ਕਿਹਾ ਹੈ ਕਿ ਉਸ ਨੂੰ ਇਨਸਾਫ ਦੀ ਉਡੀਕ ਕਰਦਿਆਂ ਲੱਗਭੱਗ 30 ਸਾਲ ਹੋ ਗਏ ਹਨ, ਪਰ ਇਸ ਦੇ ਬਾਵਜੂਦ ਕੋਈ ਵੀ ਚਿੰਤਤ ਨਹੀਂ ਜਾਪ ਰਿਹਾ।

## ਗੈਸ ਡੀਲਰਾਂ ਦੀ ਫਰਿਆਦ

**ਚੰਡੀਗੜ੍ਹ** : ਗੈਸ ਏਜੰਸੀ ਸੰਚਾਲਕਾਂ ਨੂੰ ਨਿਸ਼ਾਨਾ ਬਣਾਉਣ ਵਾਲੀਆਂ ਟਕਰਾਅ ਦੀਆਂ ਵਧਦੀਆਂ ਘਟਨਾਵਾਂ ਦੇ ਮੱਦੇਨਜ਼ਰ ਫੈਡਰੇਸ਼ਨ ਆਫ ਐੱਲ ਪੀ ਜੀ ਡਿਸਟ੍ਰੀਬਿਊਟਰਜ਼ ਆਫ ਪੰਜਾਬ ਨੇ ਸੂਬਾ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਉਹ ਪੂਰੇ ਸੂਬੇ ਵਿੱਚ ਐੱਲ ਪੀ ਜੀ ਡਿਸਟ੍ਰੀਬਿਊਟਰਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਇੱਕ ਨੋਡਲ ਅਫਸਰ ਨਿਯੁਕਤ ਕਰੇ। ਪੰਜਾਬ ਵਿੱਚ ਲੱਗਭੱਗ 980 ਗੈਸ ਏਜੰਸੀਆਂ ਹਨ, ਜੋ ਤਕਰੀਬਨ 96 ਲੱਖ ਖਪਤਕਾਰਾਂ ਦੀ ਸੇਵਾ ਕਰਦੀਆਂ ਹਨ। ਫੈਡਰੇਸ਼ਨ ਦੇ ਪ੍ਰਧਾਨ ਗੁਰਪਾਲ ਸਿੰਘ ਮਾਨ ਨੇ ਕਿਹਾ ਕਿ ਜਦੋਂ ਤੋਂ ਗੈਸ ਦੀ ਕਿੱਲਤ ਤੇਜ਼ ਹੋਈ ਹੈ, ਏਜੰਸੀ ਸਟਾਫ ਅਤੇ ਡਿਲੀਵਰੀ ਕਰਮਚਾਰੀਆਂ ਨੂੰ ਵਿਰੋਧ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

## ਕਮਰਸ਼ੀਅਲ ਸਿਲੰਡਰ ਮਹਿੰਗਾ

**ਨਵੀਂ ਦਿੱਲੀ** : ਕਮਰਸ਼ੀਅਲ ਐੱਲ ਪੀ ਜੀ ਸਿਲੰਡਰਾਂ ਦੀ ਕੀਮਤ ਬੁੱਧਵਾਰ 195.50 ਰੁਪਏ ਤੇ 5 ਕਿੱਲੋ ਵਾਲੇ ਐੱਫ ਟੀ ਐੱਲ ਸਿਲੰਡਰ ਦੀ 51 ਰੁਪਏ ਵਧ ਗਈ। ਹਾਲਾਂਕਿ ਘਰੇਲੂ ਰਸੋਈ ਗੈਸ (14.2 ਕਿੱਲੋ) ਦੀ ਕੀਮਤ ਸਥਿਰ ਰੱਖੀ ਗਈ ਹੈ। ਹਵਾਬਾਜ਼ੀ ਈਂਧਣ ਦੀ ਵੀ ਕੀਮਤ ਵਧਾ ਦਿੱਤੀ ਗਈ।

## ਅਸੀਂ ਜੰਗ 'ਚ ਸ਼ਾਮਲ ਨਹੀਂ ਹੋਣਾ : ਬਰਤਾਨੀਆ

### ਟਰੰਪ ਵੱਲੋਂ ਨਾਟੋ 'ਚੋਂ ਨਿਕਲਣ ਦਾ ਇਸ਼ਾਰਾ



**ਲੰਡਨ** : ਬਰਤਾਨੀਆ ਦੇ ਪ੍ਰਧਾਨ ਮੰਤਰੀ ਕੀਰ ਸਟਾਰਮਰ ਨੇ ਕਿਹਾ ਹੈ ਕਿ ਉਹ ਈਰਾਨ ਖਿਲਾਫ ਚੱਲ ਰਹੀ ਜੰਗ ਦਾ ਹਿੱਸਾ ਨਹੀਂ ਬਣਨਗੇ। ਹਾਲਾਂਕਿ ਬੁੱਧਵਾਰ ਕੌਮ ਨੂੰ ਸੰਬੋਧਨ ਕਰਦਿਆਂ ਉਨ੍ਹਾ ਕਿਹਾ ਕਿ ਉਹ ਇਸ ਹਫਤੇ ਲਗਭਗ 35 ਦੇਸ਼ਾਂ ਦਾ ਕੌਮਾਂਤਰੀ ਸਿਖਰ ਸੰਮੇਲਨ ਕਰਨਗੇ, ਜਿਸ ਵਿੱਚ ਹਾਰਮੁਜ਼ ਜਲਡਮਰੂ ਨੂੰ ਖੁੱਲ੍ਹਵਾਉਣ 'ਤੇ ਚਰਚਾ ਕੀਤੀ ਜਾਵੇਗੀ। ਸਟਾਰਮਰ ਨੇ ਕਿਹਾ, 'ਚਾਹੇ ਮੇਰੇ 'ਤੇ ਕਿੰਨਾ ਵੀ ਦਬਾਅ ਹੋਵੇ ਜਾਂ ਕਿੰਨੀਆਂ ਵੀ ਗੱਲਾਂ ਹੋਣ, ਮੈਂ ਹਰ ਫੈਸਲਾ ਬਰਤਾਨੀਆ ਦੇ ਕੌਮੀ ਹਿੱਤ ਵਿੱਚ ਹੀ ਲਵਾਂਗਾ। ਇਸ ਲਈ ਮੈਂ ਸਾਫ ਕਿਹਾ ਹੈ ਕਿ ਇਹ ਸਾਡੀ ਲੜਾਈ ਨਹੀਂ ਹੈ ਅਸੀਂ ਇਸ ਵਿੱਚ ਸ਼ਾਮਲ ਨਹੀਂ ਹੋਵਾਂਗੇ।'

ਉਨ੍ਹਾ ਖਬਰਦਾਰ ਕੀਤਾ ਕਿ ਜੰਗ ਦੂਜੇ ਮਹੀਨੇ ਵਿੱਚ ਦਾਖਲ ਹੋ ਚੁੱਕੀ ਹੈ ਤੇ ਇਸ ਦਾ ਬਰਤਾਨੀਆ ਦੀ ਅਰਥ ਵਿਵਸਥਾ 'ਤੇ ਅਸਰ ਪਵੇਗਾ। ਉਨ੍ਹਾ ਦੇਸ਼ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਬਰਤਾਨੀਆ ਇਸ ਸਥਿਤੀ ਨਾਲ ਨਿਬੜਨ ਲਈ ਤਿਆਰ ਹੈ ਤੇ ਸਰਕਾਰ ਜ਼ਰੂਰੀ ਕਦਮ ਚੁੱਕ ਰਹੀ ਹੈ। ਉਧਰ, ਟਰੰਪ ਨੇ ਕਿਹਾ ਹੈ ਕਿ ਉਹ ਨਾਟੋ 'ਚੋਂ ਬਾਹਰ ਨਿਕਲਣ 'ਤੇ ਗੰਭੀਰਤਾ ਨਾਲ ਵਿਚਾਰ ਕਰ ਰਹੇ ਹਨ। ਉਨ੍ਹਾ ਇੱਕ ਇੰਟਰਵਿਊ ਵਿੱਚ ਕਿਹਾ ਕਿ ਉਹ ਨਾਟੋ ਤੋਂ ਪਹਿਲਾਂ ਹੀ ਬਹੁਤੇ ਪ੍ਰਭਾਵਤ ਨਹੀਂ ਸਨ। ਉਨ੍ਹਾ ਨੂੰ ਲੱਗਦਾ ਹੈ ਕਿ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਸਹੀ ਕਹਿੰਦੇ ਹਨ ਕਿ ਨਾਟੋ ਵਾਲੇ ਕਾਗਜ਼ੀ ਸ਼ੇਰ ਹਨ। ਟਰੰਪ ਨੇ ਕਿਹਾ ਕਿ ਅਮਰੀਕਾ ਹਮੇਸ਼ਾ ਸਾਥੀਆਂ ਨਾਲ ਖੜ੍ਹਿਆ, ਪਰ ਉਨ੍ਹਾ ਅਮਰੀਕਾ ਦਾ ਸਾਥ ਨਹੀਂ ਦਿੱਤਾ। ਟਰੰਪ ਨੇ ਨਾਟੋ ਭਾਈਵਾਲਾਂ ਨੂੰ ਈਰਾਨ 'ਤੇ ਹਮਲਿਆਂ ਅਤੇ ਹਾਰਮੁਜ਼ ਜਲਡਮਰੂ ਖੁੱਲ੍ਹਵਾਉਣ ਲਈ ਜੰਗੀ ਜਹਾਜ਼ ਭੇਜਣ ਲਈ ਕਿਹਾ ਸੀ, ਪਰ ਉਨ੍ਹਾਂ ਇਹ ਕਹਿ ਕੇ ਨਾਂਹ ਕਰ ਦਿੱਤੀ ਕਿ ਇਹ ਜੰਗ ਕੌਮਾਂਤਰੀ ਕਾਨੂੰਨਾਂ ਮੁਤਾਬਕ ਨਹੀਂ ਲੜੀ ਜਾ ਰਹੀ।

### ਭੱਜਣ ਲੱਗਾ ਅਮਰੀਕਾ

**ਵਾਸ਼ਿੰਗਟਨ** : ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਿਹਾ ਹੈ ਕਿ ਅਮਰੀਕਾ ਅਗਲੇ ਦੋ ਤੋਂ ਤਿੰਨ ਹਫਤਿਆਂ ਵਿੱਚ ਈਰਾਨ 'ਤੇ ਫੌਜੀ ਹਮਲੇ ਬੰਦ ਕਰ ਸਕਦਾ ਹੈ। ਉਨ੍ਹਾ ਇਹ ਵੀ ਸਾਫ ਕੀਤਾ ਕਿ ਇਸ ਜੰਗ ਨੂੰ ਖਤਮ ਕਰਨ ਲਈ ਈਰਾਨ ਨਾਲ ਕੋਈ ਸਮਝੌਤਾ ਕਰਨਾ ਜ਼ਰੂਰੀ ਨਹੀਂ ਹੈ।

ਪੱਤਰਕਾਰਾਂ ਨਾਲ ਗੱਲ ਕਰਦਿਆਂ ਟਰੰਪ ਨੇ ਕਿਹਾ, "ਅਸੀਂ ਬਹੁਤ ਜਲਦੀ (ਈਰਾਨ ਤੋਂ) ਬਾਹਰ ਨਿਕਲ ਜਾਵਾਂਗੇ। ਇਹ ਪ੍ਰਕਿਰਿਆ ਦੋ ਜਾਂ ਤਿੰਨ ਹਫ਼ਤਿਆਂ ਦੇ ਅੰਦਰ ਪੂਰੀ ਹੋ ਸਕਦੀ ਹੈ।" ਜਦੋਂ ਉਨ੍ਹਾ ਨੂੰ ਪੁੱਛਿਆ ਗਿਆ ਕਿ ਕੀ ਆਪਰੇਸ਼ਨ ਐਪਿਕ ਫਿਊਰੀ ਨੂੰ ਖਤਮ ਕਰਨ ਲਈ ਈਰਾਨ ਨਾਲ ਗੱਲਬਾਤ ਸਫਲ ਹੋਣੀ ਜ਼ਰੂਰੀ ਹੈ, ਤਾਂ ਟਰੰਪ ਨੇ ਕਿਹਾ ਕਿ ਅਜਿਹੀ ਕੋਈ ਸ਼ਰਤ ਨਹੀਂ ਹੈ। ਟਰੰਪ ਨੇ ਬੁੱਧਵਾਰ ਰਾਤ 9 ਵਜੇ ਈਰਾਨ ਨਾਲ ਜੁੜੇ ਤਾਜ਼ਾ ਹਾਲਾਤ ਬਾਰੇ ਰਾਸ਼ਟਰ ਨੂੰ ਸੰਬੋਧਨ ਕਰਕੇ ਕੋਈ ਵੱਡਾ ਐਲਾਨ ਕਰਨਾ ਸੀ।

## ਬਿਜਲੀ ਕੱਟਣ ਦੇ ਦੋਸ਼ 'ਚ ਫੜੇ ਵਿਅਕਤੀ ਦੀ ਮੌਤ

**ਅੰਮ੍ਰਿਤਸਰ** : ਪਿਛਲੇ ਮਹੀਨੇ ਖੁਦਕੁਸ਼ੀ ਕਰਨ ਵਾਲੇ ਪੰਜਾਬ ਰਾਜ ਗੋਦਾਮ ਨਿਗਮ ਦੇ ਜ਼ਿਲ੍ਹਾ ਅਧਿਕਾਰੀ ਗਗਨਦੀਪ ਸਿੰਘ ਰੰਧਾਵਾ ਦੇ ਘਰ ਦੀ ਬਿਜਲੀ ਕੱਟਣ ਦੇ ਦੋਸ਼ ਹੇਠ ਗ੍ਰਿਫਤਾਰ ਕੀਤੇ ਗਏ ਗੁਰਬਖਸ਼ੀਸ਼ ਸਿੰਘ ਦੀ ਪੁਲਸ ਹਿਰਾਸਤ ਦੌਰਾਨ ਮੌਤ ਹੋ ਗਈ ਹੈ। ਪੁਲਸ ਨੇ ਇਸ ਮਾਮਲੇ ਵਿੱਚ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਸੀ। ਗੁਰਬਖਸ਼ੀਸ਼ ਸਿੰਘ ਪੰਜ ਦਿਨ ਦੇ ਪੁਲਸ ਰਿਮਾਂਡ 'ਤੇ ਸੀ। ਪੁਲਸ ਸੂਤਰਾਂ ਮੁਤਾਬਕ ਗੁਰਬਖਸ਼ੀਸ਼ ਸਿੰਘ ਵਾਸੀ ਫੈਜ਼ਪੁਰਾ ਐੱਚ ਆਈ ਵੀ ਨਾਲ ਪੀੜਤ ਸੀ ਅਤੇ ਉਸ ਦੇ ਪਰਵਾਰ ਵੱਲੋਂ ਉਸ ਦਾ ਇਲਾਜ ਵੀ ਕਰਵਾਇਆ ਜਾ ਰਿਹਾ ਸੀ। ਹਿਰਾਸਤ ਦੌਰਾਨ ਉਸ ਦੀ ਸਿਹਤ ਵਿਗੜ ਗਈ ਸੀ, ਜਿਸ ਤੋਂ ਬਾਅਦ ਉਸ ਨੂੰ ਸਿਵਲ ਹਸਪਤਾਲ ਦਾਖਲ ਕਰਵਾਇਆ ਗਿਆ ਪਰ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ। ਦੂਜੇ ਪਾਸੇ ਪਰਵਾਰ ਨੇ ਦੋਸ਼ ਲਗਾਇਆ ਹੈ ਕਿ ਗੁਰਬਖਸ਼ੀਸ਼ ਸਿੰਘ ਦੀ ਮੌਤ ਤਸ਼ੱਦਦ ਕਰਕੇ ਹੋਈ ਹੈ। ਫਿਲਹਾਲ ਪੋਸਟਮਾਰਟਮ ਤੋਂ ਬਾਅਦ ਹੀ ਮੌਤ ਦੇ ਕਾਰਨ ਸਾਹਮਣੇ ਆਉਣਗੇ। ਰਣਜੀਤ ਐਵੇਨਿਊ ਪੁਲਸ ਥਾਣੇ ਦੇ ਇੰਚਾਰਜ ਰੋਬਿਨ ਹੰਸ ਨੇ ਕਿਹਾ ਕਿ ਮਾਮਲਾ ਜਾਂਚ ਅਧੀਨ ਹੈ।

## ਵੋਟਾਂ ਦੀ ਚੁਗਾਈ



ਬੁੱਧਵਾਰ ਆਸਾਮ ਵਿੱਚ ਚੋਣ ਪ੍ਰਚਾਰ ਲਈ ਪੁੱਜੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਡਿਬਰੂਗੜ੍ਹ ਦੇ ਮਨੋਹਰੀ ਟੀ ਅਸਟੇਟ ਵਿੱਚ ਚਾਹ ਦੀਆਂ ਪੱਤੀਆਂ ਤੋੜੀਆਂ। ਮਹਿਲਾ ਵਰਕਰਾਂ ਨਾਲ ਉਨ੍ਹਾਂ ਦੇ ਕਲਚਰ ਬਾਰੇ ਗੱਲਬਾਤ ਕੀਤੀ ਤੇ ਸੈਲਫੀਆਂ ਵੀ ਲਈਆਂ।

## ਬਿਜਲੀ ਦੀਆਂ ਤਾਰਾਂ ਦੀ ਲਪੇਟ 'ਚ ਆਉਣ ਕਾਰਨ ਚਾਰ ਪਸ਼ੂ ਜ਼ਿੰਦਾ ਸੜੇ



**ਸੁਲਤਾਨਪੁਰ ਲੋਧੀ (ਧਾਲੀਵਾਲ, ਸੋਨੀਆ, ਪ੍ਰਦੀਪ ਸਿੰਘ)**-ਹਲਕਾ ਸੁਲਤਾਨਪੁਰ ਲੋਧੀ ਦੇ ਪਿੰਡ ਮੰਡ ਮਹੀਂਵਾਲ ਵਿੱਚ ਬਿਜਲੀ ਦੀਆਂ ਤਾਰਾਂ ਵਿੱਚ ਆਏ ਸੰਕਟ ਨੇ ਇੱਕ ਕਿਸਾਨ ਪਰਵਾਰ ਲਈ ਕਾਲ ਬਣ ਕੇ ਕਹਿਰ ਵਰਤਾਇਆ। ਅਚਾਨਕ ਲੱਗੀ ਅੱਗ ਨੇ ਕਿਸਾਨ ਅਮਰ ਸਿੰਘ ਮੰਡ ਦੀ ਰੋਜ਼ੀ-ਰੋਟੀ ਨੂੰ ਪਲਾਂ ਵਿੱਚ ਸੁਆਹ ਕਰ ਦਿੱਤਾ। ਇਸ ਹਾਦਸੇ ਵਿੱਚ ਉਸ ਦੇ ਚਾਰ ਪਸ਼ੂ ਮੌਕੇ 'ਤੇ ਹੀ ਜ਼ਿੰਦਾ ਸੜ ਕੇ ਮਰ ਗਏ, ਜਦਕਿ ਦੋ ਤੋਂ ਤਿੰਨ ਹੋਰ ਪਸ਼ੂ ਗੰਭੀਰ ਜ਼ਖਮੀ ਹੋ ਗਏ।ਅੱਗ ਇੰਨੀ ਭਿਆਨਕ ਸੀ ਕਿ ਪਰਵਾਰ ਅਤੇ ਪਿੰਡ ਵਾਸੀਆਂ ਵੱਲੋਂ ਕੀਤੀਆਂ ਗਈਆਂ ਲਗਾਤਾਰ ਕੋਸ਼ਿਸ਼ਾਂ ਵੀ ਬੇਅਸਰ ਸਾਬਤ ਹੋਈਆਂ। ਇਸ ਹਾਦਸੇ ਨਾਲ ਕਿਸਾਨ ਪਰਵਾਰ ਨੂੰ ਲੱਖਾਂ ਰੁਪਏ ਦਾ ਆਰਥਿਕ ਝਟਕਾ ਲੱਗਾ ਹੈ। ਪਿੰਡ ਵਾਸੀਆਂ ਅਨੁਸਾਰ ਅੱਗ ਕਾਰਨ ਕੁਝ ਗਾਵਾਂ ਅਤੇ ਉਨ੍ਹਾਂ ਦੇ ਬੱਚੇ ਵੀ ਜ਼ਖਮੀ ਹੋਏ ਹਨ, ਜਿਨ੍ਹਾਂ ਦਾ ਇਲਾਜ ਜਾਰੀ ਹੈ।ਘਟਨਾ ਦੀ ਜਾਣਕਾਰੀ ਮਿਲਦਿਆਂ ਹੀ ਸਾਬਕਾ ਵਿਧਾਇਕ ਨਵਤੇਜ ਸਿੰਘ ਚੀਮਾ ਮੌਕੇ 'ਤੇ ਪਹੁੰਚੇ ਅਤੇ ਪੀੜਤ ਪਰਵਾਰ ਨਾਲ ਦੁੱਖ ਸਾਂਝਾ ਕੀਤਾ। ਉਨ੍ਹਾਂ ਇਸ ਘਟਨਾ ਨੂੰ ਬਹੁਤ ਹੀ ਦੁਖਦਾਈ ਕਰਾਰ ਦਿੰਦਿਆਂ ਕਿਹਾ ਕਿ ਸਰਕਾਰ ਪੀੜਤ ਕਿਸਾਨ ਨੂੰ ਯੋਗ ਮੁਆਵਜ਼ਾ ਦੇਵੇ। ਇਸ ਦੌਰਾਨ ਪਟਵਾਰੀ ਸੁਖਬੀਰ ਸਿੰਘ ਤਲਵੰਡੀ ਚੌਧਰੀਆਂ ਨੇ ਵੀ ਮੌਕੇ 'ਤੇ ਪਹੁੰਚ ਕੇ ਨੁਕਸਾਨ ਦਾ ਜਾਇਜ਼ਾ ਲਿਆ। ਉਨ੍ਹਾਂ ਦੱਸਿਆ ਕਿ ਤਹਿਸੀਲਦਾਰ ਵੱਲੋਂ ਮਿਲੀਆਂ ਹਦਾਇਤਾਂ ਅਨੁਸਾਰ ਮੌਕੇ ਦੀ ਜਾਂਚ ਕਰਕੇ ਰਿਪੋਰਟ ਤਿਆਰ ਕੀਤੀ ਜਾ ਰਹੀ ਹੈ, ਜੋ ਉੱਚ

• ਬਾਕੀ ਸਫਾ 2 'ਤੇ

## ਇਜ਼ਰਾਈਲ ਵੱਲੋਂ ਦੋ ਹਜ਼ਾਰ ਲਾਈਟ ਮਸ਼ੀਨ ਗੰਨਾਂ ਸਪਲਾਈ

**ਨਵੀਂ ਦਿੱਲੀ** : ਲਾਈਟ ਮਸ਼ੀਨ ਗਨ (ਐੱਲ ਐੱਮ ਜੀ) ਦਾ ਨਿਰਮਾਣ ਕਰਨ ਵਾਲੀ ਇਜ਼ਰਾਈਲ ਦੀ ਇੱਕ ਪ੍ਰਮੁੱਖ ਕੰਪਨੀ ਨੇ 'ਮੇਕ ਇਨ ਇੰਡੀਆ' ਪਹਿਲ ਤਹਿਤ ਭਾਰਤ ਨੂੰ ਤਕਨਾਲੋਜੀ ਟਰਾਂਸਫਰ ਦੇ ਨਾਲ ਹਲਕੀਆਂ ਮਸ਼ੀਨ ਗੰਨਾਂ ਦੀ ਪਹਿਲੀ ਖੇਪ ਦੀ ਸਪਲਾਈ ਕੀਤੀ ਹੈ। 'ਇਜ਼ਰਾਈਲ ਵੈਪਨਜ਼ ਇੰਡਸਟਰੀਜ਼' ਨੇ ਇੱਕ ਬਿਆਨ ਵਿੱਚ ਕਿਹਾ ਕਿ 41 ਹਜ਼ਾਰ ਲਾਈਟ ਮਸ਼ੀਨ ਗੰਨਾਂ ਦੇ ਇੱਕ ਵੱਡੇ ਇਕਰਾਰਨਾਮੇ ਤਹਿਤ ਪਿਛਲੇ ਹਫਤੇ 2,000 ਨੇਗੇਵ ਐੱਲ ਐੱਮ ਜੀ ਦੀ ਪਹਿਲੀ ਖੇਪ ਸਪਲਾਈ ਕੀਤੀ ਗਈ ਸੀ ਅਤੇ ਇਸ ਸਾਲ ਦੇ ਅੰਤ ਵਿੱਚ 4,000 ਹੋਰ ਹਲਕੀਆਂ ਮਸ਼ੀਨ ਗੰਨਾਂ ਦੀ ਸਪਲਾਈ ਤੈਅ ਹੈ।

## ਅੱਜ-ਨਾਮਾ

ਧੰਦਾ ਗੰਦੇ ਤੋਂ ਗੰਦਾ ਕੋਈ ਕਰਨ ਨਿਕਲੇ,
ਸਕਿਆ ਭਾਰਤ ਨਾ ਕਦੀ ਵੀ ਰੋਕ ਮੀਆਂ।
ਠੱਗਾਂ-ਚੋਰਾਂ ਦੇ ਗੈਂਗ ਇਉਂ ਆਮ ਫਿਰਦੇ,
ਜਿੱਦਾਂ ਖੇਤਾਂ ਵਿੱਚ ਘੁੰਮਦੇ ਨੇ ਬੋਕ ਮੀਆਂ।
ਨਕਲੀ ਸੋਨੇ ਦੀ ਇੱਟ ਕੋਈ ਵਰਤ ਲੈਂਦਾ,
ਮਗਰੋਂ ਸੋਨੇ ਵਿੱਚ ਨਿਕਲਦਾ ਫੋਕ ਮੀਆਂ।
ਕਿਡਨੀਆਂ ਵੇਚ-ਖਰੀਦ ਵੀ ਕੋਈ ਕਰਦਾ,
ਵੇਚਦੇ ਗਰੀਬੀ ਦੇ ਮਾਰੇ ਹਨ ਲੋਕ ਮੀਆਂ।
ਆਈ ਖਬਰ ਅਖਬਾਰ ਵਿੱਚ ਜਦੋਂ ਛਪਦੀ,
ਹੁੰਦਾ ਬਹੁਤਾ ਨਹੀਂ ਚੌਕਸ ਕਾਨੂੰਨ ਮੀਆਂ।
ਨਿੱਤ ਦਿਨ ਮ੍ਰਿਤਕਾਂ ਦੇ ਏਥੇ ਅੰਗ ਵਿਕਦੇ,
ਮੂੰਹ ਨੂੰ ਲੱਗਾ ਬਘਿਆੜਾਂ ਦੇ ਖ਼ੂਨ ਮੀਆਂ।

-ਤੀਸ ਮਾਰ ਖਾਂ

## ਇਟਲੀ ਤੀਜੀ ਵਾਰ ਨਾਕਾਮ, ਇਰਾਕ ਦੀ ਵਾਪਸੀ



**ਨਵੀਂ ਦਿੱਲੀ** : ਵਿਸ਼ਵ ਫੁੱਟਬਾਲ ਟੂਰਨਾਮੈਂਟ ਲਈ ਸਾਰੀਆਂ 48 ਟੀਮਾਂ ਦੇ ਨਾਂਅ ਤੈਅ ਹੋ ਗਏ ਹਨ। ਚਾਰ ਵਾਰ ਦਾ ਚੈਂਪੀਅਨ ਇਟਲੀ ਲਗਾਤਾਰ ਤੀਜੀ ਵਾਰ ਨਾਕਾਮ ਰਿਹਾ, ਜਦਕਿ ਇਰਾਕ ਦੀ ਵਾਪਸੀ ਹੋਈ ਹੈ। 11 ਜੂਨ ਤੋਂ ਅਮਰੀਕਾ, ਕੈਨੇਡਾ ਤੇ ਮੈਕਸੀਕੋ ਵਿੱਚ ਖੇਡੇ ਜਾਣ ਵਾਲੇ ਟੂਰਨਾਮੈਂਟ ਵਿੱਚ ਪਹਿਲੀ ਵਾਰ 32 ਦੀ ਥਾਂ 48 ਟੀਮਾਂ ਹਿੱਸਾ ਲੈਣਗੀਆਂ। ਇਨ੍ਹਾਂ ਟੀਮਾਂ ਨੇ ਕੁਆਲੀਫਾਈ ਕਰਨ ਲਈ ਢਾਈ ਸਾਲ ਸੰਘਰਸ਼ ਕੀਤਾ।

ਟੂਰਨਾਮੈਂਟ ਦੀਆਂ ਟੀਮਾਂ ਦੇ 12 ਗਰੁੱਪ ਬਣਾਏ ਗਏ ਹਨ। ਗਰੁੱਪ ਸਟੇਜ ਵਿੱਚ ਹਰੇਕ ਟੀਮ ਤਿੰਨ-ਤਿੰਨ ਮੈਚ ਖੇਡੇਗੀ। ਹਰ ਗਰੁੱਪ ਦੀਆਂ ਟਾਪ ਦੋ ਟੀਮਾਂ ਤੇ ਤੀਜੇ ਨੰਬਰ 'ਤੇ ਰਹਿਣ ਵਾਲੀਆਂ 8 ਬੈੱਸਟ ਟੀਮਾਂ 32 ਟੀਮਾਂ ਦੇ ਨਾਕਆਊਟ ਸਟੇਜ ਵਿੱਚ ਪੁੱਜਣਗੀਆਂ। ਉੱਥੇ ਹਰ ਮੈਚ ਦਾ ਮਹੱਤਵ ਹੋਵੇਗਾ, ਕਿਉਂਕਿ ਜਿਹੜੀ ਟੀਮ ਹਾਰੀ, ਉਹ ਬਾਹਰ ਹੋ ਜਾਵੇਗੀ। ਇਸ ਤੋਂ ਬਾਅਦ ਪ੍ਰੀ-ਕੁਆਰਟਰ ਫਾਈਨਲ ਤੇ ਕੁਆਰਟਰ ਫਾਈਨਲ ਮੈਚ ਹੋਣਗੇ ਅਤੇ ਜਿੱਤਣ ਵਾਲੀਆਂ ਚਾਰ ਟੀਮਾਂ ਸੈਮੀਫਾਈਨਲ ਵਿੱਚ ਪੁੱਜਣਗੀਆਂ।

ਇਟਲੀ ਦਾ ਕੁਆਲੀਫਾਈ ਨਾ ਕਰਨਾ ਸਭ ਤੋਂ ਵੱਡਾ ਉਲਟਫੇਰ ਰਿਹਾ। ਉਸ ਨੂੰ ਮੰਗਲਵਾਰ ਆਖਰੀ ਤੇ ਫੈਸਲਾਕੁੰਨ ਮੈਚ ਵਿੱਚ ਬੋਸਨੀਆ ਹਰਜ਼ੇਗੋਵੀਨਾ ਨੇ ਪੈਨਲਟੀ ਸ਼ੂਟ ਵਿੱਚ 4-1 ਨਾਲ ਹਰਾ ਕੇ ਬਾਹਰ ਕਰ ਦਿੱਤਾ। ਇਰਾਕ ਨੇ 1986 ਤੋਂ ਬਾਅਦ ਵਾਪਸੀ ਕੀਤੀ ਹੈ। ਉਸ ਨੇ ਅੰਤਰ ਮਹਾਂਦੀਪੀ ਪਲੇਅ ਆਫ ਮੈਚ ਵਿੱਚ ਬੋਲੀਵੀਆ ਨੂੰ 2-1 ਨਾਲ ਹਰਾਇਆ।

ਕਈ ਸਾਲ ਜੰਗ ਨਾਲ ਝੰਬੇ ਇਰਾਕ ਦੇ ਖਿਡਾਰੀਆਂ ਨੇ ਦਿਖਾਇਆ ਕਿ ਫੁੱਟਬਾਲ ਸਿਰਫ ਇੱਕ ਖੇਡ ਨਹੀਂ, ਸਗੋਂ ਉਮੀਦ ਤੇ ਜਨੂੰਨ ਦਾ ਪ੍ਰਤੀਕ ਹੈ। ਇਸ ਵੇਲੇ ਜੰਗ ਵਿੱਚ ਉਲਝਿਆ ਈਰਾਨ ਵੀ ਕੁਆਲੀਫਾਈ ਕਰ ਚੁੱਕਾ ਹੈ। ਉਸ ਦੇ ਖੇਡਣ ਬਾਰੇ ਸੰਸਿਆਂ ਦਰਮਿਆਨ ਫੀਫਾ ਪ੍ਰਧਾਨ ਗਿਆਨੀ ਇਨਫੈਨਟੀਨੋ ਨੇ ਸਾਫ ਕੀਤਾ ਹੈ ਕਿ ਉਹ ਈਰਾਨ ਦੀ ਟੀਮ ਦੀ ਪੂਰੀ ਹਮਾਇਤ ਕਰਨਗੇ ਤੇ ਉਹ ਆਪਣੇ ਤੈਅ ਪ੍ਰੋਗਰਾਮ ਮੁਤਾਬਕ ਖੇਡੇਗੀ। ਪਿਛਲੀ ਵਾਰ ਅਰਜਨਟੀਨਾ ਨੇ ਤੀਜੀ ਵਾਰ ਟਰਾਫੀ ਜਿੱਤੀ ਸੀ।

## ਫੂਲਕਾ ਭਾਜਪਾ 'ਚ ਸ਼ਾਮਲ



**ਨਵੀਂ ਦਿੱਲੀ** : 1984 ਦੇ ਸਿੱਖ ਵਿਰੋਧੀ ਦੰਗਿਆਂ ਦੇ ਪੀੜਤਾਂ ਨੂੰ ਇਨਸਾਫ ਦਿਵਾਉਣ ਲਈ ਲੰਬੀ ਕਾਨੂੰਨੀ ਲੜਾਈ ਲੜਨ ਵਾਲੇ ਸੀਨੀਅਰ ਵਕੀਲ ਤੇ ਆਮ ਆਦਮੀ ਪਾਰਟੀ ਦੇ ਸਾਬਕਾ ਆਗੂ ਐੱਚ ਐੱਸ ਫੂਲਕਾ ਨੇ ਬੁੱਧਵਾਰ ਦਿੱਲੀ ਵਿਖੇ ਭਾਜਪਾ ਦਾ ਪੱਲਾ ਫੜ ਲਿਆ। ਇਸ ਮੌਕੇ ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ, ਤਰੁਣ ਚੁੱਘ ਅਤੇ ਹੋਰ ਕਈ ਸੀਨੀਅਰ ਭਾਜਪਾ ਆਗੂਆਂ ਨੇ ਫੂਲਕਾ ਦਾ ਪਾਰਟੀ ਵਿੱਚ ਸਵਾਗਤ ਕੀਤਾ। ਭਾਜਪਾ ਵਿੱਚ ਸ਼ਾਮਲ ਹੋਣ ਤੋਂ ਬਾਅਦ ਫੂਲਕਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਦੰਦ ਦਿਖਾਉਣ ਦੇ ਹੋਰ ਅਤੇ ਖਾਣ ਦੇ ਹੋਰ ਹਨ। ਉਹ ਅੰਨਾ ਹਜ਼ਾਰੇ ਅੰਦੋਲਨ ਦੌਰਾਨ ਪਾਰਟੀ ਨਾਲ ਜੁੜੇ ਸਨ, ਪਰ ਪਾਰਟੀ ਦੀਆਂ ਗਤੀਵਿਧੀਆਂ ਨੂੰ ਦੇਖਦੇ ਹੋਏ ਪਾਸੇ ਹੋ ਗਏ ਸਨ। ਫੂਲਕਾ ਨੇ ਕਿਹਾ ਕਿ ਪੰਜਾਬ ਵਿੱਚ ਅਮਨ ਤੇ ਕਾਨੂੰਨ ਦੀ ਸਥਿਤੀ ਲਗਾਤਾਰ ਵਿਗੜ ਰਹੀ ਹੈ, ਨਸ਼ਿਆਂ ਦਾ ਖਾਤਮਾ ਨਹੀਂ ਹੋ ਰਿਹਾ, ਕਿਸਾਨਾਂ ਦੀਆਂ ਮੁਸ਼ਕਿਲਾਂ ਹੱਲ ਨਹੀਂ ਹੋ ਰਹੀਆਂ ਅਤੇ ਹੋਰ ਕਈ ਮਸਲੇ ਵਿਚਕਾਰ ਹੀ ਲਟਕੇ ਹੋਏ ਹਨ। ਉਨ੍ਹਾ ਕਿਹਾ ਕਿ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਨ ਤੋਂ ਬਾਅਦ ਲੋਕ ਹਿੱਤ ਵਿੱਚ ਵੱਡੇ ਫੈਸਲੇ ਲਏ ਜਾਣਗੇ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਫੂਲਕਾ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਫੂਲਕਾ ਨੂੰ 2017 ਵਿੱਚ ਵਿਰੋਧੀ ਧਿਰ ਦਾ ਨੇਤਾ ਨਿਯੁਕਤ ਕੀਤਾ ਸੀ, ਪਰ ਫੂਲਕਾ ਨੇ ਉਸ ਤੋਂ ਅਸਤੀਫਾ ਦੇ ਦਿੱਤਾ ਸੀ ਅਤੇ ਬਾਅਦ ਵਿੱਚ ਅਸੈਂਬਲੀ ਮੈਂਬਰੀ ਛੱਡ ਦਿੱਤੀ ਸੀ। ਉਨ੍ਹਾਂ ਕਿਹਾ ਕਿ ਫੂਲਕਾ ਨੇ ਲੋਕਾਂ ਦਾ ਭਰੋਸਾ ਤੋੜਿਆ ਸੀ ਅਤੇ ਇਹੋ ਜਿਹੇ ਵਿਅਕਤੀ ਨੂੰ ਲੋਕ ਕਦੇ ਵੀ ਮੁਆਫ ਨਹੀਂ ਕਰਨਗੇ।

# ਸਹੁਰਾ ਪਰਵਾਰ ਨੇ ਪੇਕੇ ਪਰਵਾਰ ਦੇ ਆਉਣ ਤੋਂ ਪਹਿਲਾਂ ਹੀ ਮ੍ਰਿਤਕ ਵਿਆਹੁਤਾ ਦਾ ਕਰ ਦਿੱਤਾ ਅੰਤਿਮ ਸਸਕਾਰ

## ਪੁਲਸ ਵੱਲੋਂ ਸਹੁਰੇ ਪਰਵਾਰ ਦੇ 6 ਵਿਅਕਤੀਆਂ ਖਿਲਾਫ਼ ਮਾਮਲਾ ਦਰਜ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਕੂੰਮਕਲਾਂ ਪੁਲਸ ਵਲੋਂ ਪੇਕੇ ਪਰਵਾਰ ਦੇ ਆਉਣ ਤੋਂ ਪਹਿਲਾਂ ਹੀ ਸਹੁਰਾ ਪਰਿਵਾਰ ਨੇ ਮ੍ਰਿਤਕ ਵਿਆਹੁਤਾ ਦਾ ਅੰਤਿਮ ਸਸਕਾਰ ਕਰ ਦਿੱਤਾ ਅਤੇ ਲੜਕੀ ਦੇ ਮਾਪਿਆਂ ਦੇ ਬਿਆਨਾਂ ਦੇ ਅਧਾਰ 'ਤੇ ਸਹੁਰਾ ਪਰਿਵਾਰ ਦੇ 6 ਵਿਅਕਤੀਆਂ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ। ਮੁਲਜ਼ਮਾਂ ਦੀ ਪਹਿਚਾਣ ਸੱਸ ਅੱਕੀ ਕੌਰ, ਸਹੁਰਾ ਜੀਤੀ, ਧਰਮਾ ਸਿੰਘ, ਕਰਮਜੀਤ ਸਿੰਘ ਬਾਬਾ (ਦੋਵੇਂ ਦਿਓਰ) ਅਤੇ ਮਾਸੀ ਭੂੰਡੀ ਵਜੋਂ ਹੋਈ ਹੈ। ਪੁਲਸ ਕੋਲ ਦਲਜੀਤ ਸਿੰਘ ਵਾਸੀ ਪਿੰਡ ਬੂਟਾ, ਥਾਣਾ ਸੁਭਾਨਪੁਰ ਨੇ ਬਿਆਨ ਦਰਜ ਕਰਵਾਏ ਕਿ ਉਸਦੀ ਲੜਕੀ ਪੂਜਾ ਨੇ ਸੰਨ 2021 ਵਿਚ ਆਪਣੀ ਮਰਜ਼ੀ ਨਾਲ ਚਰਨਜੀਤ ਸਿੰਘ ਉਰਫ਼ ਚੰਨਾ ਵਾਸੀ ਚੌਂਤਾ ਨਾਲ ਲਵ-ਮੈਰਿਜ ਕਰਵਾਈ ਸੀ। ਮੇਰੇ ਲੜਕੀ ਦੇ ਇੱਕ ਧੀ ਪੈਦਾ ਹੋਈ ਅਤੇ ਉਸਦਾ ਜਵਾਈ ਚਰਨਜੀਤ ਸਿੰਘ ਚੰਨਾ ਇਸ ਸਮੇਂ ਜੇਲ੍ਹ ਵਿਚ ਬੰਦ ਹੈ। ਪਿਤਾ ਅਨੁਸਾਰ ਲੜਕੀ ਵਲੋਂ ਲਵ ਮੈਰਿਜ ਕਰਵਾਉਣ ਉਸਦੇ ਸਹੁਰਾ ਘਰ ਸਾਡਾ ਆਉਣਾ ਜਾਣਾ ਬਹੁਤ ਘੱਟ ਸੀ। ਲੰਘੀ 27 ਮਾਰਚ ਨੂੰ ਸਵੇਰੇ ਲੜਕੀ ਦੇ ਸਹੁਰਾ ਪਰਿਵਾਰ ਦਾ ਫੋਨ ਆਇਆ ਕਿ ਪੂਜਾ ਦੀ ਮੌਤ ਹੋ ਗਈ ਹੈ ਜਿਸ 'ਤੇ ਅਸੀਂ ਕੁਝ ਸਮੇਂ ਬਾਅਦ ਉਨ੍ਹਾਂ ਨੂੰ ਫੋਨ ਕੀਤਾ ਕਿ ਉਸਦਾ ਅੰਤਿਮ ਸਸਕਾਰ ਸਾਡੇ ਆਏ 'ਤੇ ਹੀ ਕਰਿਓ। ਅੱਗੋਂ ਪੂਜਾ ਦੀ ਸੱਸ ਨੇ ਕਿਹਾ ਕਿ ਅਸੀਂ ਅੰਤਿਮ ਸਸਕਾਰ ਕਰ ਦਿੱਤਾ ਹੈ। ਪਿਤਾ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਕਿ ਜਦੋਂ ਉਹ ਪਿੰਡ ਚੌਂਤਾ ਪੁੱਜੇ ਤਾਂ ਸਾਨੂੰ ਆਪਣੇ ਤੌਰ 'ਤੇ ਪੜਤਾਲ ਕਰਨ 'ਤੇ ਪਤਾ ਲੱਗਾ ਕਿ ਲੜਕੀ ਪੂਜਾ ਦੀ ਮੌਤ ਕੁਦਰਤੀ ਕਾਰਨਾਂ ਕਰਕੇ ਨਹੀਂ ਹੋਈ। ਬਿਆਨਕਰਤਾ ਅਨੁਸਾਰ ਉਨ੍ਹਾਂ ਨੂੰ ਸ਼ੱਕ ਹੈ ਕਿ ਸਹੁਰਾ ਪਰਿਵਾਰ ਦੀ ਵਧੀਕੀ ਕਾਰਨ ਪੂਜਾ ਦੀ ਮੌਤ ਹੋਈ ਹੈ, ਪੁਲਸ ਵਲੋਂ ਇਸ ਸਬੰਧੀ 6 ਵਿਅਕਤੀਆਂ ਖਿਲਾਫ਼ ਮਾਮਲਾ ਦਰਜ ਕਰ ਜਾਂਚ ਸ਼ੁਰੂ ਕਰ ਦਿੱਤੀ ਹੈ।

# ਨੌਜਵਾਨ 'ਬੇਗਮਪੁਰਾ' ਸੰਕਲਪ ਵਾਲਾ ਦੇਸ਼ ਬਣਾਉਣ ਲਈ ਅੱਗੇ ਆਉਣ : ਸਿਸੋਦੀਆ

## ਮਾਨ ਸਰਕਾਰ ਸ੍ਰੀ ਗੁਰੂ ਰਵਿਦਾਸ ਦੇ ਸਿਧਾਂਤਾਂ 'ਤੇ ਕੰਮ ਕਰ ਰਹੀ : ਚੀਮਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਸ੍ਰੀ ਗੁਰੂ ਰਵਿਦਾਸ ਜੀ ਦੇ 650 ਸਾਲਾ ਪ੍ਰਕਾਸ਼ ਪੁਰਬ ਨੂੰ ਵੱਡੀ ਪੱਧਰ 'ਤੇ ਮਨਾਉਣ ਲਈ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਉਲੀਕੇ ਪ੍ਰੋਗਰਾਮਾਂ ਦੀ ਲੜੀ ਤਹਿਤ ਬੁੱਧਵਾਰ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਅਤੇ ਸਮਾਜਿਕ ਸਮਾਨਤਾ ਦੇ ਦਿੱਤੇ ਸੰਕਲਪ ਉਪਰ ਸੰਤ ਸਮਾਜ ਦੀ ਅਗਵਾਈ ਹੇਠ ਵਿਚਾਰ ਚਰਚਾ ਕਰਨ ਦੀ ਸ਼ੁਰੂਆਤ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਕੀਤੀ ਗਈ।ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਤੇ ਆਮ ਆਦਮੀ ਪਾਰਟੀ ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਮਨੀਸ਼ ਸਿਸੋਦੀਆ ਨੇ ਨੌਜਵਾਨਾਂ ਨੂੰ ਸੱਦਾ ਦਿੱਤਾ ਕਿ ਉਹ ਭਾਰਤ ਨੂੰ ਸ੍ਰੀ ਗੁਰੂ ਰਵਿਦਾਸ ਜੀ ਵੱਲੋਂ ਬੇਗਮਪੁਰਾ ਦੇ ਦਿੱਤੇ ਸੰਕਲਪ ਦਾ ਦੇਸ਼ ਬਣਾਉਣ ਲਈ ਅੱਗੇ ਆਉਣ।ਸਿਸੋਦੀਆ ਨੇ ਕਿਹਾ ਕਿ ਇਹ ਵੱਡਾ ਸਵਾਲ ਹੈ ਕਿ ਅੱਜ ਵੀ ਸਾਡਾ ਦੇਸ਼ ਸ੍ਰੀ ਗੁਰੂ ਰਵਿਦਾਸ ਜੀ ਵੱਲੋਂ 650 ਸਾਲ ਪਹਿਲਾਂ ਦਿੱਤੇ ਸਮਾਨਤਾ ਤੇ ਸਭ ਨੂੰ ਬਰਾਬਰ ਅਵਸਰ ਪ੍ਰਦਾਨ ਕਰਨ ਦੇ ਸਿਧਾਂਤਾਂ ਵਾਲਾ ਦੇਸ਼ ਕਿਉਂ ਨਹੀਂ ਬਣ ਸਕਿਆ, ਭਾਵੇਂ ਕਿ ਡਾ. ਬੀ ਆਰ ਅੰਬੇਡਕਰ ਨੇ ਸੰਵਿਧਾਨ ਰਾਹੀਂ ਇਸ ਸੋਚ ਨੂੰ ਅੱਗੇ ਵਧਾਇਆ ਸੀ, ਪਰੰਤੂ ਅਜੇ ਵੀ ਅਜੇ ਬਹੁਤ ਤਲਖ਼ ਸਚਾਈਆਂ ਹਨ, ਜਿਨ੍ਹਾਂ ਕਰਕੇ ਅਸੀਂ ਗੁਰੂ ਮਹਾਰਾਜ ਦੇ ਸੰਕਲਪ ਤੋਂ ਕੋਹਾਂ ਦੂਰ ਹਾਂ। ਉਨ੍ਹਾ ਕਿਹਾ ਕਿ ਅੱਜ ਲੋੜ ਹੈ ਕਿ ਇਹ ਅਸਮਾਨਤਾ ਤੇ ਨਾਬਰਾਬਰੀ ਮਿਟਾਉਣ ਲਈ ਸਾਡੇ ਦੇਸ਼ ਦੇ ਸੰਵਿਧਾਨ ਨੂੰ ਠੀਕ ਤਰ੍ਹਾਂ ਲਾਗੂ ਕੀਤਾ ਜਾਵੇ।ਪੰਜਾਬ ਦੇ ਵਿੱਤ, ਯੋਜਨਾ, ਕਰ ਤੇ ਆਬਕਾਰੀ ਅਤੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਦੇ ਬਰਾਬਰਤਾ ਦੇ ਸਿਧਾਂਤਾਂ ਅਨੁਸਾਰ ਚੱਲ ਰਹੀ ਹੈ। ਉਨ੍ਹਾ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜਿੱਥੇ ਖੁਰਾਲਗੜ੍ਹ ਵਿਖੇ ਸ੍ਰੀ ਗੁਰੂ ਰਵਿਦਾਸ ਯਾਦਗਾਰ ਦਾ ਵਿਸਥਾਰ ਦਾ ਕਾਰਜ ਕੀਤਾ ਜਾ ਰਿਹਾ ਹੈ, ਉਥੇ ਫਰੀਦਪੁਰ ਵਿਖੇ ਸ੍ਰੀ ਗੁਰੂ ਰਵਿਦਾਸ ਬਾਣੀ ਅਧਿਐਨ ਕੇਂਦਰ ਦੀ ਸਥਾਪਨਾ ਕੀਤੀ ਜਾ ਰਹੀ ਹੈ, ਜਿਸ ਦਾ ਕਾਰਜ ਬਹੁਤ ਜਲਦ ਸ਼ੁਰੂ ਕੀਤਾ ਜਾ ਰਿਹਾ ਹੈ।ਚੀਮਾ ਨੇ ਕਿਹਾ ਕਿ ਸਾਡੇ ਲਈ ਮਾਣ ਵਾਲੀ ਗੱਲ ਹੈ ਕਿ ਅਸੀਂ ਆਪਣੇ ਗੁਰੂਆਂ ਦੀਆਂ ਸ਼ਤਾਬਦੀਆਂ ਮਨਾ ਰਹੇ ਹਾਂ। ਉਨ੍ਹਾ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ 649ਵੇਂ ਪ੍ਰਕਾਸ਼ ਪੁਰਬ ਮੌਕੇ ਖੁਰਾਲਗੜ੍ਹ ਤੋਂ ਮੁੱਖ ਮੰਤਰੀ ਨੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਵੱਡੇ ਪੱਧਰ 'ਤੇ ਮਨਾਉਣ ਅਤੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦਾ ਸੰਦੇਸ਼ ਕੁਲ ਦੁਨੀਆ ਤੱਕ ਪੁੱਜਦਾ ਕਰਨ ਲਈ ਅਜਿਹੇ ਵਿਆਪਕ ਸਮਾਗਮ ਸਾਲ ਭਰ ਕਰਵਾਏ ਜਾਣ ਦਾ ਐਲਾਨ ਕੀਤਾ ਸੀ।ਇਸ ਤੋਂ ਪਹਿਲਾਂ ਪੰਜਾਬੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਜਗਦੀਪ ਸਿੰਘ ਨੇ ਮਨੀਸ਼ ਸਿਸੋਦੀਆ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਤੇ ਹੋਰ ਮਹਿਮਾਨਾਂ ਦਾ ਸਵਾਗਤ ਕੀਤਾ। ਸੈਰ ਸਪਾਟੇ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਧੰਨਵਾਦ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਡੇ ਪੱਧਰ 'ਤੇ ਸ੍ਰੀ ਗੁਰੂ ਰਵਿਦਾਸ ਜੀ ਦਾ 650 ਸਾਲਾ ਪ੍ਰਕਾਸ਼ ਪੁਰਬ ਮਨਾ ਰਹੀ ਹੈ ਅਤੇ ਰਾਜ ਦੇ ਸਾਰੇ ਪਿੰਡਾਂ ਤੇ ਵਾਰਡਾਂ 'ਚ ਦਸਤਾਵੇਜ਼ੀ ਫ਼ਿਲਮ ਦਿਖਾਈ ਜਾਵੇਗੀ ਅਤੇ 4 ਸ਼ੋਭਾ ਯਾਤਰਾਵਾਂ ਕੱਢੀਆਂ ਜਾਣਗੀਆਂ। ਸਮਾਰੋਹ ਦੌਰਾਨ ਮੰਚ ਸੰਚਾਲਨ ਡੀਨ ਯੁਵਕ ਸੇਵਾਵਾਂ ਡਾ. ਭੀਮਇੰਦਰ ਸਿੰਘ ਨੇ ਕੀਤਾ।ਸਮਾਰੋਹ ਦੌਰਾਨ ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਚੇਤਨ ਸਿੰਘ ਜੌੜਾਮਾਜਰਾ, ਗੁਰਦੇਵ ਸਿੰਘ ਦੇਵ ਮਾਨ ਸਮੇਤ ਰਣਜੋਧ ਸਿੰਘ ਹਡਾਣਾ, ਜ਼ਿਲ੍ਹਾ ਯੋਜਨਾ ਕਮੇਟੀ ਚੇਅਰਮੈਨ ਤੇਜਿੰਦਰ ਮਹਿਤਾ, ਪੰਜਾਬ ਐਗਰੋ ਦੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ, ਡਿਪਟੀ ਮੇਅਰ ਜਗਦੀਪ ਜੱਗਾ, ਪ੍ਰਿੰਸੀਪਲ ਜੇ.ਪੀ. ਸਿੰਘ, ਡਿਪਟੀ ਕਮਿਸ਼ਨਰ ਵਰਜੀਤ ਵਾਲੀਆ, ਏ.ਡੀ.ਸੀ. ਨਵਰੀਤ ਕੌਰ ਸੇਖੋਂ, ਰਜਿਸਟਰਾਰ ਡਾ. ਦਵਿੰਦਰਪਾਲ ਸਿੰਘ ਸਿੱਧੂ, ਡੀਨ ਵਿਦਿਆਰਥੀ ਭਲਾਈ ਡਾ. ਮਮਤਾ ਸ਼ਰਮਾ, ਉਚੇਰੀ ਸਿੱਖਿਆ ਵਿਭਾਗ ਦੇ ਡਿਪਟੀ ਡਾਇਰੈਕਟਰ ਡਾ. ਹਰਜਿੰਦਰ ਸਿੰਘ, ਵੱਖ-ਵੱਖ ਕਾਲਜਾਂ ਦੇ ਪ੍ਰਿੰਸੀਪਲ ਤੇ ਫੈਕਲਟੀ ਸਮੇਤ ਵੱਡੀ ਗਿਣਤੀ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ।

# ਓਵਰਲੋਡ ਵਾਹਨ ਕਦੇ ਵੀ ਬਣ ਸਕਦੇ ਨੇ ਹਾਦਸਿਆਂ ਦਾ ਕਾਰਨ



**ਮਾਨਸਾ (ਗੀਤਵਾਲ)**-ਸੜਕਾਂ 'ਤੇ ਸ਼ਰੇਆਮ ਲੰਘਦੇ ਓਵਰਲੋਡ ਵਾਹਨ ਕਦੇ ਵੀ ਕਿਸੇ ਵੱਡੇ ਹਾਦਸੇ ਦਾ ਕਾਰਨ ਬਣ ਸਕਦੇ ਹਨ।ਇਹ ਓਵਰਲੋਡ ਵਾਹਨ ਵੱਧ ਆਵਾਜਾਈ ਵਾਲੀਆਂ ਸੜਕਾਂ 'ਤੇ ਲੰਘਦੇ ਆਮ ਦੇਖੇ ਜਾ ਸਕਦੇ ਹਨ, ਜਦੋਂ ਇਹ ਵਾਹਨ ਹੋਰਨਾਂ ਦੋਪਹੀਆ ਵਾਹਨਾਂ ਕੋਲੋਂ ਲੰਘਦੇ ਹਨ ਤਾਂ ਵਾਹਨ ਚਾਲਕਾਂ ਦੇ ਸਾਹ ਸੁੱਖ ਜਾਂਦੇ ਹਨ ਕਿ ਕਿਤੇ ਉਨ੍ਹਾਂ ਦੇ ਨਾਲ ਕੋਈ ਵੱਡਾ ਹਾਦਸਾ ਨਾ ਹੋ ਜਾਵੇ।ਇਨ੍ਹਾਂ ਓਵਰਲੋਡ ਵਾਹਨ ਚਲਾਉਣ ਵਾਲਿਆਂ ਵੱਲੋਂ ਵਾਹਨ ਤਾਂ ਲੋੜ ਤੋਂ ਵੱਧ ਲੱਦੇ ਹੀ ਹੁੰਦੇ ਹਨ, ਉੱਪਰੋਂ ਡੈੱਕ ਦੀ ਫੁੱਲ ਆਵਾਜ਼ ਛੱਡੀ ਹੁੰਦੀ ਹੈ, ਜਿਸ ਨਾਲ ਲੋਕਾਂ ਨੂੰ ਹੋਰ ਦਿੱਕਤ ਆਉਂਦੀ ਹੈ ਕਿਉਂਕਿ ਜਦੋਂ ਲੋਕ ਹਾਰਨ ਵਜਾ ਕੇ ਰਸਤਾ ਮੰਗਦੇ ਹਨ ਤਾਂ ਇਨ੍ਹਾਂ ਨੂੰ ਦੂਸਰੇ ਵਾਹਨਾਂ ਦੇ ਹਾਰਨ ਸੁਣਾਈ ਨਹੀਂ ਦਿੰਦੇ।ਇਨ੍ਹਾਂ ਵਾਹਨਾਂ ਦਾ ਆਉਣ-ਜਾਣ ਦਾ ਕੋਈ ਤੈਅ ਸਮਾਂ ਨਹੀਂ ਹੈ, ਜਿਸ ਨਾਲ ਇਹ ਕਿਸੇ ਵੀ ਸਮੇਂ ਬਾਜ਼ਾਰ ਵਿਚੋਂ ਲੰਘਦੇ ਆਮ ਦੇਖੇ ਜਾ ਸਕਦੇ ਹਨ।ਇਹ ਵਾਹਨ ਨਿਯਮਾਂ ਦੀ ਉਲੰਘਣਾ ਕਰਦੇ ਹੋਏ ਪਿੰਡਾਂ/ਸ਼ਹਿਰਾਂ ਦੀਆਂ ਭੀੜੀਆਂ ਸੜਕਾਂ ਤੋਂ ਲੰਘਦੇ ਵੇਖੇ ਜਾ ਸਕਦੇ ਹਨ, ਜਦੋਂ ਕਈ ਵਾਰ ਇਹ ਓਵਰਲੋਡ ਵਾਹਨ ਪਲਟ ਜਾਂਦੇ ਹਨ ਤਾਂ ਘੰਟਿਆਂ ਬੱਧੀ ਲੋਕਾਂ ਨੂੰ ਜਾਮ ਲੱਗਣ ਕਾਰਨ ਪ੍ਰੇਸ਼ਾਨੀਆਂ ਦਾ ਸਾਹਮਣਾ ਤਾਂ ਕਰਨਾ ਹੀ ਪੈਂਦਾ ਹੈ, ਉਥੇ ਹੀ ਇਨ੍ਹਾਂ ਦਾ ਆਪਣਾ ਆਰਥਿਕ ਤੇ ਸਰੀਰਕ ਨੁਕਸਾਨ ਹੁੰਦਾ ਹੈ। ਲੋਕਾਂ ਨੇ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਇਨ੍ਹਾਂ ਓਵਰਲੋਡ ਵਾਹਨਾਂ ਨੂੰ ਚਿਤਾਵਨੀ ਦਿੰਦੇ ਹੋਏ ਉੱਚੀ ਆਵਾਜ਼ ਵਿਚ ਛੱਡੇ ਜਾਣ ਵਾਲੇ ਗਾਣੇ ਬੰਦ ਕਰਵਾਉਣ ਦੇ ਨਾਲ-ਨਾਲ ਇਨ੍ਹਾਂ ਦਾ ਸ਼ਹਿਰ ਵਿਚੋਂ ਨਿਕਲਣ ਦਾ ਕੋਈ ਸਮਾਂ ਤੈਅ ਕੀਤਾ ਜਾਵੇ ਤਾਂ ਜੋ ਇਨ੍ਹਾਂ ਤੋਂ ਹੋਣ ਵਾਲੀ ਪ੍ਰੇਸ਼ਾਨੀ ਤੋਂ ਨਿਜਾਤ ਮਿਲ ਸਕੇ।

# ਵਿਵੇਕਾਨੰਦ ਜੂਨੀਅਰ ਸਕੂਲ 'ਚ ਨਵੇਂ ਸੈਸ਼ਨ ਦੀ ਸ਼ੁਰੂਆਤ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਿਵੇਕਾਨੰਦ ਜੂਨੀਅਰ ਸਕੂਲ ਵਿਚ ਸੈਸ਼ਨ 2026-27 ਦੇ ਸ਼ੁਰੂਆਤ ਮੌਕੇ ਸਕੂਲ ਵਿਚ ਹਵਨ ਅਤੇ ਮਾਂ ਸਰਸਵਤੀ ਦੀ ਸਥਾਪਨਾ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦਾ ਉਦੇਸ਼ ਨਵੇਂ ਅਕੈਡਮਿਕ ਸੈਸ਼ਨ ਦੀ ਮੰਗਲਮਈ ਸ਼ੁਰੂਆਤ ਕਰਨਾ ਅਤੇ ਵਿਦਿਆਰਥੀਆਂ ਦੇ ਚਮਕਦੇ ਭਵਿੱਖ ਅਤੇ ਉੱਤਮ ਸਿੱਖਿਆ ਲਈ ਅਸੀਸ ਪ੍ਰਾਪਤ ਕਰਨਾ ਸੀ। ਇਸ ਮੌਕੇ ਵਿਵੇਕਾਨੰਦ ਵਰਲਡ ਸਕੂਲ ਦੀ ਮੁੱਖ ਸਰਪ੍ਰਸਤ ਪ੍ਰਭਾ ਭਾਸਕਰ ਮੁੱਖ ਤੌਰ 'ਤੇ ਹਾਜ਼ਰ ਸਨ। ਉਨ੍ਹਾਂ ਦੇ ਨਾਲ ਡੌਲੀ ਭਾਸਕਰ ਸਕੱਤਰ, ਵਿਵੇਕਾਨੰਦ ਵਰਲਡ ਸਕੂਲ ਅਤੇ ਆਸ਼ੀਰ ਭਾਸਕਰ ਵੀ ਪ੍ਰੋਗਰਾਮ ਵਿਚ ਸ਼ਾਮਲ ਹੋਏ ਅਤੇ ਸਕੂਲ ਦੇ ਸਮੂਹ ਅਧਿਆਪਕਾਂ ਅਤੇ ਸਟਾਫ ਮੈਂਬਰਾਂ ਨਾਲ ਮਿਲ ਕੇ ਸ਼ਰਧਾ ਅਤੇ ਉਤਸ਼ਾਹ ਨਾਲ ਹਵਨ ਵਿਚ ਆਹੂਤੀਆਂ ਦਿੱਤੀਆਂ ਅਤੇ ਸਕੂਲ ਦੀ ਤਰੱਕੀ ਅਤੇ ਵਿਦਿਆਰਥੀਆਂ ਦੀ ਸਫਲਤਾ ਲਈ ਅਰਦਾਸ ਕੀਤੀ। ਪ੍ਰੋਗਰਾਮ ਦੌਰਾਨ ਮਾਂ ਸਰਸਵਤੀ ਦੀ ਸਥਾਪਨਾ ਵੀ ਕੀਤੀ ਗਈ ਤਾਂ ਜੋ ਵਿਦਿਆਰਥੀਆਂ ਨੂੰ ਗਿਆਨ, ਬੁੱਧੀ ਅਤੇ ਚੰਗੇ ਗੁਣਾਂ ਦਾ ਅਸੀਸ ਮਿਲ ਸਕੇ। ਹਵਨ ਰਾਹੀਂ ਸਭ ਨੇ ਏਕਤਾ, ਸਹਿਯੋਗ ਅਤੇ ਸਕਾਰਾਤਮਕ ਸੋਚ ਦਾ ਸੰਦੇਸ਼ ਦਿੱਤਾ। ਅਧਿਆਪਕਾਂ ਨੇ ਵਿਦਿਆਰਥੀਆਂ ਦੇ ਚਮਕਦੇ ਭਵਿੱਖ ਅਤੇ ਵਧੀਆ ਅਕੈਡਮਿਕ ਮਾਹੌਲ ਤਿਆਰ ਕਰਨ ਦਾ ਸੰਕਲਪ ਲਿਆ। ਪ੍ਰੋਗਰਾਮ ਦੇ ਅੰਤ ਵਿਚ ਪ੍ਰਸਾਦ ਵੰਡਿਆ ਗਿਆ ਅਤੇ ਸਾਰੇ ਹਾਜ਼ਰ ਮਹਿਮਾਨਾਂ ਦਾ ਸਕੂਲ ਵੱਲੋਂ ਧੰਨਵਾਦ ਕੀਤਾ ਗਿਆ। ਇਸ ਤਰ੍ਹਾਂ ਸ਼ਰਧਾ ਅਤੇ ਉਤਸ਼ਾਹ ਨਾਲ ਹਵਨ ਅਤੇ ਮਾਂ ਸਰਸਵਤੀ ਸਥਾਪਨਾ ਪ੍ਰੋਗਰਾਮ ਸਫਲਤਾਪੂਰਵਕ ਸੰਪੰਨ ਹੋਇਆ।

# ਹੋਲੀ ਹਾਰਟ ਸਕੂਲ ਅਜੀਤਵਾਲ ਦਾ ਨਤੀਜਾ ਸੌ ਫੀਸਦੀ ਰਿਹਾ



**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੇ ਪ੍ਰਸਿੱਧ ਅਤੇ ਮਾਣਯੋਗ ਸਿੱਖਿਆ ਸੰਸਥਾਨ ਹੋਲੀ ਹਾਰਟ ਸਕੂਲ ਨੇ ਇਸ ਸਾਲ ਦੇ ਸਾਲਾਨਾ ਨਤੀਜਿਆਂ ਵਿੱਚ ਬੇਮਿਸਾਲ ਸਫਲਤਾ ਹਾਸਲ ਕਰਦੇ ਹੋਏ 100 ਪ੍ਰਤੀਸ਼ਤ ਨਤੀਜਾ ਦਰਜ ਕੀਤਾ ਹੈ। ਇਹ ਪ੍ਰਾਪਤੀ ਨਾ ਸਿਰਫ ਸਕੂਲ ਲਈ ਗੌਰਵ ਦੀ ਗੱਲ ਹੈ, ਸਗੋਂ ਪੂਰੇ ਇਲਾਕੇ ਲਈ ਮਾਣ ਵਾਲਾ ਪਲ ਬਣ ਗਈ ਹੈ। ਇਸ ਸਾਲ ਦੇ ਨਤੀਜਿਆਂ ਵਿੱਚ ਵਿਦਿਆਰਥੀਆਂ ਨੇ ਸਿਰਫ ਪਾਸ ਹੋਣ ਤੱਕ ਹੀ ਸੀਮਿਤ ਨਹੀਂ ਰਹੇ, ਸਗੋਂ ਬਹੁਤ ਸਾਰੇ ਵਿਦਿਆਰਥੀਆਂ ਨੇ ਉੱਚ ਅੰਕ ਹਾਸਲ ਕਰਕੇ ਪਹਿਲੀ ਡਵੀਜ਼ਨ ਅਤੇ ਮੈਰਿਟ ਸਥਾਨਾਂ ਵਿੱਚ ਆਪਣਾ ਨਾਮ ਦਰਜ ਕਰਵਾਇਆ। ਕਈ ਵਿਦਿਆਰਥੀਆਂ ਨੇ 90% ਤੋਂ ਵੱਧ ਅੰਕ ਪ੍ਰਾਪਤ ਕਰਕੇ ਸਕੂਲ ਦਾ ਮਾਣ ਵਧਾਇਆ ਅਤੇ ਹੋਰ ਵਿਦਿਆਰਥੀਆਂ ਲਈ ਪ੍ਰੇਰਨਾ ਦਾ ਸਰੋਤ ਬਣੇ।ਸਕੂਲ ਦੇ ਪ੍ਰਿੰਸੀਪਲ ਮੈਡਮ ਨੇ ਇਸ ਸ਼ਾਨਦਾਰ ਸਫਲਤਾ 'ਤੇ ਖ਼ੁਸ਼ੀ ਜਤਾਉਂਦੇ ਹੋਏ ਕਿਹਾ ਕਿ ਇਹ ਨਤੀਜਾ ਵਿਦਿਆਰਥੀਆਂ ਦੀ ਦਿਨ-ਰਾਤ ਦੀ ਮਿਹਨਤ, ਅਧਿਆਪਕਾਂ ਦੀ ਨਿਰੰਤਰ ਲਗਨ ਅਤੇ ਮਾਪਿਆਂ ਦੇ ਪੂਰੇ ਸਹਿਯੋਗ ਦਾ ਪਰਿਣਾਮ ਹੈ।ਸਕੂਲ ਦੇ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ਼੍ਰੈਆ ਪਲਤਾ ਅਤੇ ਸਕੂਲ ਪ੍ਰਿੰਸੀਪਲ ਸ਼ਾਕਸੀ ਗੁਲੇਰੀਆ ਨੇ ਵੀ ਇਸ ਮੌਕੇ 'ਤੇ ਕਿਹਾ ਕਿ ਹੋਲੀ ਹਾਰਟ ਸਕੂਲ ਦੀ ਇਹ ਪ੍ਰਾਪਤੀ ਸਾਬਤ ਕਰਦੀ ਹੈ ਕਿ ਜੇਕਰ ਸਹੀ ਦਿਸ਼ਾ ਅਤੇ ਮਿਹਨਤ ਨਾਲ ਕੰਮ ਕੀਤਾ ਜਾਵੇ ਤਾਂ ਹਰ ਲਕਸ਼ ਹਾਸਲ ਕੀਤਾ ਜਾ ਸਕਦਾ ਹੈ।ਇਸ ਖ਼ੁਸ਼ੀ ਦੇ ਮੌਕੇ ਸਕੂਲ ਵਿੱਚ ਵਿਸ਼ੇਸ਼ ਪ੍ਰੋਗਰਾਮ ਕੀਤਾ ਗਿਆ, ਜਿੱਥੇ ਕਾਮਯਾਬ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਮੈਡਲ, ਸਰਟੀਫਿਕੇਟ ਅਤੇ ਟਰਾਫੀਆਂ ਦਿੱਤੀਆਂ ਗਈਆਂ। ਮਾਪਿਆਂ ਨੇ ਵੀਆਪਣੇ ਬੱਚਿਆਂ ਦੀ ਕਾਮਯਾਬੀ 'ਤੇ ਖ਼ੁਸ਼ੀ ਜਤਾਈ।ਇਸ ਤੋਂ ਇਲਾਵਾ, ਸਕੂਲ ਵਿੱਚ ਸਿੱਖਿਆ ਦੇ ਨਾਲ-ਨਾਲ ਖੇਡਾਂ, ਸਾਂਸਕ੍ਰਿਤਿਕ ਗਤੀਵਿਧੀਆਂ ਅਤੇ ਮੁਕਾਬਲਿਆਂ 'ਤੇ ਵੀ ਬਰਾਬਰ ਧਿਆਨ ਦਿੱਤਾ ਜਾਂਦਾ ਹੈ, ਇਹ 100% ਨਤੀਜਾ ਇਸ ਗੱਲ ਦਾ ਸਪਸ਼ਟ ਸਬੂਤ ਹੈ ਕਿ ਸਕੂਲ ਦੀ ਮਿਹਨਤ, ਵਿਜ਼ਨ ਅਤੇ ਸਮਰਪਣ ਕਿੰਨਾ ਮਜ਼ਬੂਤ ਹੈ।

# ਗੁਰੂ ਨਾਨਕ ਨੈਸ਼ਨਲ ਕਾਲਜ ਵੱਲੋਂ ਨਸ਼ਿਆਂ ਤੇ ਏਡਜ਼ ਵਿਰੁੱਧ ਨੁੱਕੜ ਨਾਟਕ ਰਾਹੀਂ ਜਾਗਰੂਕਤਾ

**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ, ਦੋਰਾਹਾ ਦੇ ਰੈੱਡ ਰਿਬਨ ਕਲੱਬ ਅਤੇ ਨੈਕੋ ਕਲੱਬ ਵੱਲੋਂ ਸਮਾਜਿਕ ਬੁਰਾਈਆਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਦਾਣਾ ਮੰਡੀ, ਦੋਰਾਹਾ ਵਿਖੇ ਨਸ਼ਿਆਂ ਅਤੇ ਏਡਜ਼ ਦੇ ਮਾਰੂ ਪ੍ਰਭਾਵਾਂ ਬਾਰੇ ਇੱਕ ਪ੍ਰਭਾਵਸ਼ਾਲੀ ਨੁੱਕੜ ਨਾਟਕ 'ਜ਼ਿੰਦਗੀ ਖ਼ੂਬਸੂਰਤ ਹੈ' ਦਾ ਮੰਚਨ ਕੀਤਾ ਗਿਆ।ਇਸ ਸੰਬੰਧੀ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਦੱਸਿਆ ਕਿ ਡਾ. ਸੋਮਪਾਲ ਹੀਰਾ ਦੇ ਨਿਰਦੇਸ਼ਨ ਹੇਠ ਕਰਵਾਈ ਗਈ ਇਸ ਕਲਾਤਮਕ ਪੇਸ਼ਕਾਰੀ ਦਾ ਮੁੱਖ ਮਨੋਰਥ ਨੌਜਵਾਨ ਪੀੜ੍ਹੀ ਅਤੇ ਇਲਾਕਾ ਨਿਵਾਸੀਆਂ ਨੂੰ ਏਡਜ਼ ਵਰਗੀ ਨਾਮੁਰਾਦ ਬਿਮਾਰੀ ਤੋਂ ਬਚਾਅ ਅਤੇ ਨਸ਼ਿਆਂ ਦੀ ਦਲਦਲ ਵਿੱਚੋਂ ਕੱਢਣ ਲਈ ਜਾਗਰੂਕ ਕਰਨਾ ਸੀ।ਇਸ ਮੌਕੇ ਪ੍ਰੋ. ਦੀਪਾਲੀ, ਪ੍ਰੋ. ਸੰਦੀਪ ਸਿੰਘ ਹੁੰਦਲ ਅਤੇ ਪ੍ਰੋ. ਸ਼ਵੇਤਾ ਥਾਪਾ ਹਾਜ਼ਰ ਸਨ।ਇਸ ਗਤੀਵਿਧੀ ਦੇ ਸਫ਼ਲਤਾਪੂਰਵਕ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ, ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ, ਐਗਜ਼ੀਕਿਊਟਿਵ ਮੈਂਬਰ ਰੁਪਿੰਦਰ ਕੌਰ ਬਰਾੜ, ਅਹੁਦੇਦਾਰਾਂ, ਮੈਂਬਰ ਸਾਹਿਬਾਨ ਅਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸੰਬੰਧਿਤ ਪ੍ਰਾਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ।



# ਮਿਊਂਸਪਲ ਚੋਣਾਂ ਤੋਂ ਪਹਿਲਾਂ ਕਾਂਗਰਸੀ ਆਗੂਆਂ ਦੀ ਮੀਟਿੰਗ, ਇਕਜੁੱਟਤਾ ਦਾ ਸੱਦਾ



**ਦੋਰਾਹਾ (ਹਰਮਿੰਦਰ ਸੇਠ)**-ਜ਼ਿਲ੍ਹਾ ਕਾਂਗਰਸ ਪ੍ਰਧਾਨ ਅਤੇ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾਂ ਵੱਲੋਂ ਹਲਕਾ ਪਾਇਲ ਦੇ ਕੋਆਰਡੀਨੇਟਰ ਬੰਤ ਸਿੰਘ ਦੋਬੁਰਜੀ ਦੇ ਨਿਵਾਸ ਸਥਾਨ 'ਤੇ ਆਉਣ ਵਾਲੀਆਂ ਮਿਊਂਸਪਲ ਚੋਣਾਂ ਦੇ ਮੱਦੇਨਜ਼ਰ ਇੱਕ ਮਹੱਤਵਪੂਰਨ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਦੋਰਾਹਾ ਸ਼ਹਿਰ ਦੇ ਕਾਂਗਰਸੀ ਆਗੂਆਂ ਅਤੇ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ।ਮੀਟਿੰਗ ਦੌਰਾਨ ਲੱਖਾ ਨੇ ਚੋਣੀ ਰਣਨੀਤੀਆਂ 'ਤੇ ਵਿਚਾਰ-ਵਟਾਂਦਰਾ ਕਰਦੇ ਹੋਏ ਜ਼ੋਰ ਦਿੱਤਾ ਕਿ ਪਾਰਟੀ ਨੂੰ ਮਜ਼ਬੂਤ ਕਰਨ ਲਈ ਸਾਰੇ ਆਗੂਆਂ ਅਤੇ ਵਰਕਰਾਂ ਨੂੰ ਇਕਜੁੱਟ ਹੋ ਕੇ ਕੰਮ ਕਰਨਾ ਚਾਹੀਦਾ ਹੈ।ਉਨ੍ਹਾਂ ਗਰਾਊਂਡ ਪੱਧਰ 'ਤੇ ਲੋਕਾਂ ਨਾਲ ਸੰਪਰਕ ਵਧਾਉਣ ਅਤੇ ਸਰਕਾਰ ਦੀਆਂ ਉਪਲਬਧੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਦੀ ਲੋੜ 'ਤੇ ਵੀ ਜ਼ੋਰ ਦਿੱਤਾ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਆਉਣ ਵਾਲੀਆਂ ਮਿਊਂਸਪਲ ਚੋਣਾਂ ਵਿੱਚ ਪੂਰੀ ਤਾਕਤ ਨਾਲ ਮੈਦਾਨ ਵਿੱਚ ਉਤਰੇਗੀ ਅਤੇ ਸ਼ਹਿਰ ਦੇ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਵਰਕਰਾਂ ਨੂੰ ਪ੍ਰੇਰਿਤ ਕੀਤਾ ਕਿ ਉਹ ਪਾਰਟੀ ਦੀਆਂ ਨੀਤੀਆਂ ਅਤੇ ਲੋਕ-ਹਿਤੈਸ਼ੀ ਯੋਜਨਾਵਾਂ ਬਾਰੇ ਲੋਕਾਂ ਵਿੱਚ ਜਾਗਰੂਕਤਾ ਫੈਲਾਉਣ।ਇਸ ਮੌਕੇ ਬੰਤ ਸਿੰਘ ਦੋਬੁਰਜੀ ਨੇ ਵੀ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਸਾਰੇ ਆਗੂਆਂ ਨੂੰ ਅਪੀਲ ਕੀਤੀ ਕਿ ਉਹ ਮਿਲਜੁਲ ਕੇ ਜ਼ਿੰਮੇਵਾਰੀ ਨਾਲ ਕੰਮ ਕਰਨ ਅਤੇ ਚੋਣਾਂ ਵਿੱਚ ਪਾਰਟੀ ਦੀ ਜਿੱਤ ਨੂੰ ਯਕੀਨੀ ਬਣਾਉਣ।ਸਾਬਕਾ ਪ੍ਰਧਾਨ ਐਡਵੋਕੇਟ ਸੁਰਿੰਦਰ ਪਾਲ ਸੂਦ, ਮੰਦੀਪ ਮਾਂਗਟ, ਕਾਂਗਰਸ ਪ੍ਰਧਾਨ ਵਿਨੀਤ ਆਸ਼ਟ, ਬੀ.ਸੀ. ਸੈੱਲ ਪ੍ਰਧਾਨ ਅਵਤਾਰ ਸਿੰਘ, ਰਾਮ ਪ੍ਰਕਾਸ਼ ਪੱਪੂ, ਡਾ. ਅਦਿਤੀ ਬੈਕਟਰ, ਐਸ.ਪੀ. ਸ਼ੁਕਲਾ, ਉਦੈ ਸ਼ਰਮਾ (ਨੰਨਾ) ਤੋਂ ਇਲਾਵਾ ਹੋਰ ਵੀ ਕਈ ਆਗੂ ਅਤੇ ਵਰਕਰ ਹਾਜ਼ਰ ਸਨ।ਮੀਟਿੰਗ ਦੌਰਾਨ ਦੋਰਾਹਾ ਦੇ ਵੱਖ-ਵੱਖ ਵਾਰਡਾਂ ਨਾਲ ਸੰਬੰਧਿਤ ਮੁੱਦਿਆਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਉਨ੍ਹਾਂ ਦੇ ਹੱਲ ਲਈ ਯੋਜਨਾਬੱਧ ਰਣਨੀਤੀ ਤਿਆਰ ਕੀਤੀ ਗਈ।ਅੰਤ ਵਿੱਚ ਸਾਰੇ ਆਗੂਆਂ ਅਤੇ ਵਰਕਰਾਂ ਨੇ ਇਕਜੁੱਟ ਹੋ ਕੇ ਆਉਣ ਵਾਲੀਆਂ ਚੋਣਾਂ ਵਿੱਚ ਕਾਂਗਰਸ ਪਾਰਟੀ ਨੂੰ ਮਜ਼ਬੂਤ ਕਰਨ ਦਾ ਸੰਕਲਪ ਲਿਆ।

# ਜਸਵਿੰਦਰ ਕੌਰ ਦਿਓਲ ਪਾਵਰਕਾਮ ਅੱਡਾ ਦਾਖਾ ਲੁਧਿਆਣਾ ਤੋਂ ਸੇਵਾ-ਮੁਕਤ



**ਚੌਕੀਮਾਨ (ਇੰਜੀ ਬਲਬੀਰ ਸਿੰਘ ਮਾਨ)**-ਸ੍ਰੀਮਤੀ ਜਸਵਿੰਦਰ ਕੌਰ ਦਿਓਲ ਸਪੁੱਤਰੀ ਸਵਰਗਵਾਸੀ ਸੁਖਰਾਜ ਸਿੰਘ ਸੇਖੋਂ ਦੇ ਪੰਜਾਬ ਰਾਜ ਬਿਜਲੀ ਬੋਰਡ (ਹੁਣ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ) ਸੰਚਾਲਣ ਮੰਡਲ ਅੱਡਾ ਦਾਖਾ ਤੋਂ 58 ਸਾਲ ਦੀ ਉਮਰ ਪੂਰੀ ਕਰਨ ਉਪਰੰਤ ਬਤੌਰ ਹਲਕਾ ਸਹਾਇਕ ਦੀਆਂ ਸੇਵਾਵਾਂ ਤੋਂ ਸੇਵਾ-ਮੁਕਤ ਹੋਏ।ਸਰਵਿਸ ਦੌਰਾਨ 16-07-2019 ਨੂੰ ਉੱਚ ਸ੍ਰੇਣੀ ਕਲਰਕ ਪਦ ਉੱਨਤ ਹੋਣ 'ਤੇ ਆਪ ਨੇ ਸਬ ਅਰਬਨ ਸਬ ਡਵੀਜ਼ਨ ਅੱਡਾ ਦਾਖਾ ਤੋਂ ਵੰਡ ਮੰਡਲ ਅੱਡਾ ਦਾਖਾ ਵਿੱਚ ਜੁਆਇੰਨ ਕੀਤਾ। 21.10.2025 ਨੂੰ ਉੱਚ ਸ਼੍ਰੇਣੀ ਕਲਰਕ ਤੋਂ ਹਲਕਾ ਸਹਾਇਕ ਪਦ ਉੱਨਤ ਹੋਏ।ਇਸ ਸਮੇਂ ਦੌਰਾਨ ਆਪ ਜੀ ਦੀਆਂ ਸੇਵਾਵਾਂ ਬੇਦਾਗ ਰਹੀਆਂ।58 ਸਾਲ ਦੀ ਉਮਰ ਮੁਕੰਮਲ ਹੋਣ ਉਪਰੰਤ ਮਹਿਕਮਾਨਾ ਨਿਯਮਾਂ ਅਨੁਸਾਰ ਪਾਵਰਕੌਮ ਦੀਆਂ ਸੇਵਾਵਾਂ ਤੋਂ ਬਤੌਰ ਹਲਕਾ ਸਹਾਇਕ ਸੇਵਾ ਮੁਕਤ ਹੋਏ ਹੋਏ ਹਨ।ਆਪ ਨੇ ਸਰਵਿਸ ਦੌਰਾਨ ਲੰਬਾ ਸਮਾਂ ਪੰਜਾਬ ਰਾਜ ਬਿਜਲੀ ਬੋਰਡ ਇੰਪਲਾਈਜ਼ ਫੈਡਰੇਸ਼ਨ ਸਬੰਧਤ ਏਟਕ ਪੰਜਾਬ ਵਿੱਚ ਜਥੇਬੰਦਕ ਕੰਮ ਕਰਦਿਆਂ ਸਬ ਯੂਨਿਟ ਮੀਤ ਪ੍ਰਧਾਨ, ਮੰਡਲ ਯੂਨਿਟ ਆਡੀਟਰ ਅਤੇ ਮੰਡਲ ਯੂਨਿਟ ਬਤੌਰ ਵਿੱਤ ਸਕੱਤਰ ਸੇਵਾਵਾਂ ਖੂਬੀ ਨਿਭਾਉਂਦਿਆਂ ਜਥੇਬੰਦੀ ਦੇ ਹਰ ਸੰਘਰਸ਼ ਵਿੱਚ ਤਨਦੇਹੀ ਨਾਲ ਸ਼ਮੂਲੀਅਤ ਕੀਤੀ।ਇਸ ਮੌਕੇ ਪਾਵਰਕੌਮ ਅਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਰਜਿ ਪੰਜਾਬ ਸਬੰਧਤ ਏਟਕ ਮੰਡਲ ਯੂਨਿਟ ਅੱਡਾ ਦਾਖਾ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਹਰਦਿਆਲ ਸਿੰਘ ਘੁਮਾਣ, ਸਕੱਤਰ ਦਰਸ਼ਨ ਸਿੰਘ ਦਾਖਾ, ਮੀਤ ਪ੍ਰਧਾਨ ਹੰਸ ਰਾਜ ਜੰਮੂ, ਬਲਵਿੰਦਰ ਸਿੰਘ ਇਯਾਲੀ, ਗੁਰਦੇਵ ਸਿੰਘ ਪੁੜੈਣ, ਸੁਖਦੇਵ ਸਿੰਘ ਅੱਬੂਵਾਲ, ਸੱਤਪਾਲ ਸਿੰਘ ਭਨੋਹੜ, ਰਵਿੰਦਰ ਸਿੰਘ ਭੱਠਲ, ਭਰਪੂਰ ਸਿੰਘ, ਅਮਰੀਕ ਸਿੰਘ ਤਲਵੰਡੀ।, ਆਦਿ ਨੇ ਮੈਡਮ ਜਸਵਿੰਦਰ ਕੌਰ ਦਿਓਲ ਨੂੰ ਮੁਬਾਰਕਬਾਦ ਦਿੱਤੀ।

# ਐੱਸ ਪੀ ਐੱਸ ਹਸਪਤਾਲ ਵੱਲੋਂ ਲਗਾਇਆ ਚੈੱਕਅੱਪ ਕੈਂਪ



**ਸਮਰਾਲਾ (ਸੁਰਜੀਤ ਸਿੰਘ)**-ਇਲਾਕੇ ਦੇ ਲੋਕਾਂ ਨੂੰ ਕਿਫਾਇਤੀ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਨਾਮਧਾਰੀ ਸੰਪ੍ਰਦਾਇ ਵੱਲੋਂ ਸੰਚਾਲਿਤ ਸਤਿਗੁਰ ਪਰਤਾਪ ਸਿੰਘ ਹਸਪਤਾਲ ਦੇ ਨਿਰਦੇਸ਼ਕ ਜੈ ਸਿੰਘ ਸੰਧੂ ਦੀਆਂ ਹਿਦਾਇਤਾਂ ਤੇ ਅੱਜ ਇਥੇ ਐਸ ਪੀ ਐੱਸ ਕਲੀਨਿਕ ਵਿਚ ਮੁਫਤ ਮਲਟੀਸਪੇਸ਼ਲਟੀ ਮੈਡੀਕਲ ਚੈੱਕਅੱਪ ਕੈਂਪ ਆਯੋਜਿਤ ਕੀਤਾ ਗਿਆ।ਜਿਸ ਵਿਚ ਜਰਨਲ ਰੋਗਾਂ ਦੇ ਮਾਹਿਰ ਡਾਕਟਰ ਗੁਰਵਿੰਦਰ ਸਿੰਘ ਵਿਰਕ, ਬੱਚਿਆਂ ਦੇ ਮਾਹਿਰ ਡਾਕਟਰ ਅੰਸ਼ੁਮਨ ਧਵਨ ਅਤੇ ਇਸਤਰੀ ਰੋਗਾਂ ਦੀ ਮਾਹਿਰ ਡਾਕਟਰ ਪੂਨਮ ਚੌਹਾਨ ਸੰਧੂ ਨੇ ਆਪੋ ਆਪਣੀ ਮਹਾਰਤ ਅਨੁਸਾਰ ਕਰੀਬ 90 ਮਰੀਜ਼ਾਂ ਨੂੰ ਚੈੱਕ ਕੀਤਾ ਅਤੇ ਉਹਨਾਂ ਨੂੰ ਦਵਾਈਆਂ ਦਿੱਤੀਆਂ। ਗੰਭੀਰ ਬਿਮਾਰੀਆਂ ਵਾਲੇ ਮਰੀਜ਼ਾਂ ਨੂੰ ਮੁਫ਼ਤ ਮਸ਼ਵਰੇ ਤੋਂ ਇਲਾਵਾ ਬਲੱਡ ਪਰੈਸ਼ਰ, ਸ਼ੂਗਰ ਅਤੇ ਈਸੀਜੀ ਦੀ ਮੁਫਤ ਸੇਵਾ ਕੀਤੀ।ਐਸ ਪੀ ਐੱਸ ਹਸਪਤਾਲ ਦੇ ਸੀਨੀਅਰ ਕੰਸਲਟੈਂਟ ਅਤੇ ਜਰਨਲ ਰੋਗਾਂ ਦੇ ਮਾਹਿਰ ਡਾਕਟਰ ਗੁਰਵਿੰਦਰ ਸਿੰਘ ਵਿਰਕ ਨੇ ਦੱਸਿਆ ਕਿ ਉਹ ਹਰ ਰੋਜ ਸੋਮਵਾਰ ਤੋਂ ਸ਼ਨੀਵਾਰ ਮਰੀਜ਼ਾਂ ਨੂੰ ਚੈੱਕ ਕਰਦੇ ਹਨ। ਇਸੇ ਤਰ੍ਹਾਂ ਬੱਚਿਆਂ ਦੇ ਮਾਹਿਰ ਡਾਕਟਰ ਅੰਸ਼ੁਮਨ ਧਵਨ ਦੋ ਦਿਨ ਮੰਗਲਵਾਰ ਅਤੇ ਸ਼ੁੱਕਰਵਾਰ ਅਤੇ ਇਸਤਰੀ ਰੋਗਾਂ ਦੀ ਮਾਹਿਰ ਡਾਕਟਰ ਪੂਨਮ ਚੌਹਾਨ ਸੰਧੂ ਸੋਮਵਾਰ, ਬੁੱਧਵਾਰ ਆਏ ਸ਼ਨੀਵਾਰ ਤਿੰਨ ਦਿਨ ਸਮਰਾਲਾ ਦੀ ਐਸ ਪੀ ਐੱਸ ਕਲੀਨਿਕ ਵਿਚ ਮਰੀਜ਼ਾਂ ਨੂੰ ਚੈੱਕ ਕਰਦੇ ਹਨ। ਡਾ ਗੁਰਵਿੰਦਰ ਸਿੰਘ ਵਿਰਕ ਨੇ ਅੱਗੇ ਦੱਸਿਆ ਕਿ ਇਸ ਸਪੈਸ਼ਲ ਕਲੀਨਿਕ ਦਾ ਮਕਸਦ ਪੇਂਡੂ ਇਲਾਕੇ ਦੇ ਲੋਕਾਂ ਨੂੰ ਆਪਣੀ ਸਿਹਤ ਪ੍ਰਤੀ ਜਾਗਰੂਕ ਕਰਨਾ ਹੈ। ਉਹਨਾਂ ਕਿਹਾ ਕਿ ਆਮ ਤੌਰ ਤੇ ਲੋਕ ਬਿਮਾਰੀ ਨੂੰ ਛੋਟੀ ਸਮਝ ਕੇ ਨਜ਼ਰਅੰਦਾਜ਼ ਕਰ ਦਿੰਦੇ ਹਨ। ਜੇਕਰ ਉਸਦਾ ਸਹੀ ਸਮੇਂ ਤੇ ਚੈੱਕ ਉਪ ਅਤੇ ਇਲਾਜ਼ ਨਾ ਕਰਵਾਇਆ ਜਾਵੇ ਤਾਂ ਉਹ ਗੰਭੀਰ ਰੂਪ ਵੀ ਅਖਤਿਆਰ ਕਰ ਸਕਦੀ ਹੈ। ਉਹਨਾਂ ਕਿਹਾ ਕਿ ਇਸ ਤੋਂ ਪਹਿਲਾਂ ਕਿ ਦੇਰ ਹੋ ਜਾਵੇ ਤਾਂ ਜਲਦੀ ਇਲਾਜ ਕਰਵਾ ਲੈਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਕਿਸੇ ਵੀ ਬਿਮਾਰੀ ਨੂੰ ਛੋਟਾ ਸਮਝ ਕੇ ਅਣਗੌਲਿਆਂ ਨਹੀਂ ਛੱਡਣਾ ਚਾਹੀਦਾ।

# ਚਾਰ ਲੇਬਰ ਕੋਡ ਲਾਗੂ ਨਹੀਂ ਹੋਣ ਦਿਆਂਗੇ : ਮਜ਼ਦੂਰ ਆਗੂ



**ਲੁਧਿਆਣਾ (ਐਮ ਐਸ ਭਾਟੀਆ)**

ਯੂਨਾਈਟਿਡ ਫ਼ਰੰਟ ਆਫ਼ ਟ੍ਰੇਡ ਯੂਨੀਅਨਜ਼ ਲੁਧਿਆਣਾ ਜਿਸ ਵਿੱਚ ਏਟਕ, ਸੀਟੂ ਸੀਟੀਯੂ ਪੰਜਾਬ, ਇੰਟਕ ਐਕਟੂ ਅਤੇ ਹੋਰ ਜਨਤਕ ਜਥੇਬੰਦੀਆਂ ਅਤੇ ਯੂਨੀਅਨਾਂ ਸ਼ਾਮਿਲ ਹਨ, ਵੱਲੋਂ ਕੇਂਦਰੀ ਟ੍ਰੇਡ ਯੂਨੀਅਨਾਂ ਦੇ ਸੱਦੇ ਤੇ ਪਹਿਲੀ ਅਪ੍ਰੈਲ ਨੂੰ ਕਾਲਾ ਦਿਵਸ ਮਨਾਉਣ ਦੇ ਹਿੱਸੇ ਵਜੋਂ ਅੱਜ ਨਗਰ ਨਿਗਮ ਦੇ ਜੋਨ ਸੀ ਦੇ ਦਫਤਰ ਸਾਹਮਣੇ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਰੈਲੀ ਤੋਂ ਬਾਅਦ ਅਸਿਸਟੈਂਟ ਲੇਬਰ ਕਮਿਸ਼ਨਰ ਗਿੱਲ ਰੋਡ ਦੇ ਦਫਤਰ ਤੱਕ ਮਾਰਚ ਕੀਤਾ ਗਿਆ। ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦੇ ਹੋਏ ਆਗੂਆਂ ਨੇ ਕਿਹਾ ਕਿ ਮੋਦੀ ਸਰਕਾਰ ਨੇ ਪਿਛਲੇ 150 ਸਾਲਾਂ ਵਿੱਚ ਪ੍ਰਾਪਤ ਕੀਤੇ ਹੋਏ ਕਾਨੂੰਨ ਰੱਦ ਕਰਕੇ ਚਾਰ ਲੇਬਰ ਕੋਡ ਬਣਾਏ ਹਨ, ਜਿਸ ਦਾ ਫਾਇਦਾ ਕਾਰਪੋਰੇਟ ਘਰਾਨਿਆਂ ਨੂੰ ਤੇ ਵੱਡੇ ਸਰਮਾਏਦਾਰਾਂ ਨੂੰ ਹੋਣਾ ਹੈ।ਮਜ਼ਦੂਰ ਜੋ ਪਹਿਲਾਂ ਹੀ ਇਸ ਵੱਧ ਰਹੀ ਮਹਿੰਗਾਈ ਅਤੇ ਬੇਰੋਜ਼ਗਾਰੀ ਕਰਕੇ ਹਾਸ਼ੀਏ ਤੇ ਆਏ ਹੋਏ ਹਨ, ਉਹਨਾਂ ਦੀ ਹਾਲਤ ਹੋਰ ਵੀ ਬਦਤਰ ਹੋ ਜਾਏਗੀ।ਰੈਲੀ ਵਿੱਚ ਸਾਥੀਆਂ ਨੇ ਪ੍ਰਣ ਕੀਤਾ ਕਿ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਨੂੰ ਤੇਜ਼ ਕੀਤਾ ਜਾਏਗਾ ਅਤੇ ਕਿਸੇ ਵੀ ਹਾਲਤ ਵਿੱਚ ਚਾਰ ਲੇਬਰ ਕੋਡ ਲਾਗੂ ਨਹੀਂ ਹੋਣ ਦਿੱਤੇ ਜਾਣਗੇ।ਆਗੂ ਸਾਥੀ ਜਿਨਾਂ ਨੇ ਰੈਲੀ ਤੇ ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕੀਤਾ ਵਿੱਚ ਵਿੱਚ ਕਾਮਰੇਡ ਐਮ ਐਸ ਭਾਟੀਆ, ਕਾਮਰੇਡ ਜਤਿੰਦਰ, ਜਗਦੀਸ਼ ਚੰਦ, ਜੈ ਪ੍ਰਕਾਸ਼ ਨਰਾਇਣ,ਵਿਜੇ ਕੁਮਾਰ, ਕਾਮਰੇਡ ਅਮਰਨਾਥ ਕੂੰਮਕਲਾਂ, ਸੁਖਵਿੰਦਰ ਸਿੰਘ ਲੋਟੇ, ਰਾਮ ਲਾਲ ਅਤੇ ਕਾਮਰੇਡ ਕੇਵਲ ਸਿੰਘ ਬਨਵੈਤ, ਕਾਮਰੇਡ ਨੀਰਜ, ਬਲਰਾਮ, ਗੁਰਜੀਤ ਸਿੰਘ ਜਗਪਾਲ, ਹਰਜਿੰਦਰ ਸਿੰਘ, ਅਜੀਤ ਕੁਮਾਰ, ਕਾਮੇਸ਼ਵਰ ਯਾਦਵ, ਮਹੀਪਾਲ, ਸ਼ਾਮਿਲ ਹਨ।ਸੰਯੁਕਤ ਕਿਸਾਨ ਮੋਰਚੇ ਦੇ ਆਗੂ ਕਾਮਰੇਡ ਰਘਵੀਰ ਸਿੰਘ ਬੈਨੀਪਾਲ ਨੇ ਉਚੇਚੇ ਤੌਰ 'ਤੇ ਪਹੁੰਚ ਕੇ ਮੰਗਾਂ ਦਾ ਸਮਰਥਨ ਕੀਤਾ।

# ਸ਼ਾਂਤੀ ਵਿੱਦਿਆ ਮੰਦਰ ਵਿਖੇ ਸਾਲਾਨਾ ਪ੍ਰੀਖਿਆ ਨਤੀਜਾ ਐਲਾਨਿਆ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸ਼ਾਂਤੀ ਵਿੱਦਿਆ ਮੰਦਰ ਵਿਖੇ ਸਾਲਾਨਾ ਪ੍ਰੀਖਿਆ ਦਾ ਨਤੀਜਾ ਬਹੁਤ ਹੀ ਉਤਸ਼ਾਹ ਨਾਲ ਘੋਸ਼ਿਤ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ ਭਗਵਾਨ ਗਣੇਸ਼ ਜੀ ਅਤੇ ਮਾਂ ਸਰਸਵਤੀ ਦੀ ਪੂਜਾ ਅਤੇ ਮੰਗਲਾਚਰਨ ਨਾਲ ਕੀਤੀ ਗਈ। ਸਕੂਲ ਪ੍ਰਸ਼ਾਸਨ ਵੱਲੋਂ ਪ੍ਰੀਖਿਆ ਨਤੀਜੇ ਬਹੁਤ ਹੀ ਸੁਚੱਜੇ ਅਤੇ ਪਾਰਦਰਸ਼ੀ ਤਰੀਕੇ ਨਾਲ ਤਿਆਰ ਕੀਤੇ ਗਏ ਸਨ। ਅਕਾਦਮਿਕ ਖੇਤਰ ਵਿਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਮੈਡਲ ਅਤੇ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਸਕੂਲ ਦੇ ਸਟਾਫ਼ ਵੱਲੋਂ ਬੱਚਿਆਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਇਸ ਮੌਕੇ ਪ੍ਰਿੰਸੀਪਲ ਰਜਨੀ ਮਡਾਹਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਜੀਵਨ ਵਿਚ ਨਿਰੰਤਰ ਮਿਹਨਤ, ਅਨੁਸ਼ਾਸਨ ਅਤੇ ਨੈਤਿਕ ਕਦਰਾਂ-ਕੀਮਤਾਂ ਨੂੰ ਅਪਣਾਉਣ ਦੀ ਪ੍ਰੇਰਨਾ ਦਿੱਤੀ। ਉਨ੍ਹਾਂ ਨੇ ਅਧਿਆਪਕਾਂ ਅਤੇ ਮਾਪਿਆਂ ਦੇ ਸਹਿਯੋਗ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਬੱਚਿਆਂ ਦੀ ਸਫਲਤਾ ਪਿੱਛੇ ਮਾਪਿਆਂ ਅਤੇ ਅਧਿਆਪਕਾਂ ਦੀ ਸਖ਼ਤ ਮਿਹਨਤ ਹੁੰਦੀ ਹੈ। ਪ੍ਰਿੰਸੀਪਲ ਵੱਲੋਂ ਇਹ ਵੀ ਐਲਾਨ ਕੀਤਾ ਗਿਆ ਕਿ ਨਵਾਂ ਵਿਦਿਅਕ ਸੈਸ਼ਨ 2 ਅਪ੍ਰੈਲ 2026 ਤੋਂ ਬੜੇ ਉਤਸ਼ਾਹ ਨਾਲ ਸ਼ੁਰੂ ਹੋਣ ਜਾ ਰਿਹਾ ਹੈ। ਸਮਾਗਮ ਦੌਰਾਨ ਵੱਡੀ ਗਿਣਤੀ ਵਿਚ ਮਾਪੇ ਹਾਜ਼ਰ ਸਨ, ਜਿਨ੍ਹਾਂ ਨੇ ਸਕੂਲ ਦੇ ਪ੍ਰਬੰਧਾਂ ਦੀ ਤਾਰੀਫ਼ ਕੀਤੀ।

# ਅਜ਼ਾਦ ਕਿਸਾਨ ਮੋਰਚੇ ਨੇ ਕੀਤੀ ਪੰਜਾਬ 'ਚ ਖਸਖਸ ਦੀ ਖੇਤੀ ਕਰਨ ਦੀ ਮੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਅਜ਼ਾਦ ਕਿਸਾਨ ਮੋਰਚੇ ਵੱਲੋਂ ਪੰਜਾਬ ਵਿੱਚ ਖਸਖਸ (ਪੋਪੀ) ਦੀ ਖੇਤੀ ਦੀ ਇਜਾਜ਼ਤ ਦੇਣ ਦੀ ਮੰਗ ਇੱਕ ਮਹੱਤਵਪੂਰਨ ਕਿਸਾਨੀ ਮਸਲਾ ਬਣਦੀ ਜਾ ਰਹੀ ਹੈ। ਇਸ ਸੰਬੰਧੀ 8 ਅਪ੍ਰੈਲ ਨੂੰ ਪੰਜਾਬ ਦੇ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਮੰਗ ਪੱਤਰ ਦੇਣ ਦਾ ਐਲਾਨ ਕੀਤਾ ਗਿਆ ਹੈ। ਆਗੂਆਂ ਦੱਸਿਆ ਕਿ ਪੰਜਾਬ ਵਿੱਚ ਖਸਖਸ ਦੀ ਕਾਨੂੰਨੀ ਖੇਤੀ ਦੀ ਆਗਿਆ ਦਿੱਤੀ ਜਾਵੇ। ਕਿਸਾਨਾਂ ਨੂੰ ਨਵੀਆਂ ਨਕਦੀ ਫਸਲਾਂ ਵੱਲ ਮੋੜਨ ਲਈ ਵਿਕਲਪ ਮੁਹੱਈਆ ਕਰਵਾਏ ਜਾਣ। ਖੇਤੀਬਾੜੀ ਦੀ ਘਟਦੀ ਆਮਦਨ ਨੂੰ ਧਿਆਨ ਵਿੱਚ ਰੱਖਦਿਆਂ ਨੀਤੀਆਂ ਬਣਾਈਆਂ ਜਾਣ ਬੰਦੀ ਸਿੰਘਾਂ ਦੀ ਰਿਹਾਈ ਅਤੇ ਚਾਰੋਂ ਗ੍ਰੰਥਾਂ ਦੀਆਂ ਬੇਅਦਬੀਆਂ ਤੇ ਸਖਤ ਕਾਨੂੰਨ ਬਣਾਉਣ ਲਈ13 ਅਪ੍ਰੈਲ ਨੂੰ ਪੰਜਾਬ ਸਰਕਾਰ ਵੱਲੋਂ ਬੈਂਕਾਂ ਨੂੰ ਕਿਸਾਨਾਂ ਦੀ ਕੁਰਕੀ ਕਰਨ ਦਾ ਨੋਟੀਫਿਕੇਸ਼ਨ ਵਾਪਸ ਲੈਣ ਦੀ ਮੰਗ, ਉਨ੍ਹਾਂ ਕਿਹਾ ਕਿ ਰਵਾਇਤੀ ਫਸਲਾਂ (ਗੰਹੂੰ-ਧਾਨ ਚੱਕਰ) ਨਾਲ ਕਿਸਾਨਾਂ ਦੀ ਆਮਦਨ ਘੱਟ ਰਹੀ ਹੈ। ਖਸ-ਖਸ ਇੱਕ ਉੱਚ ਮੁੱਲ ਵਾਲੀ ਫਸਲ ਹੈ, ਜਿਸ ਨਾਲ ਕਿਸਾਨਾਂ ਦੀ ਆਮਦਨ ਵਧ ਸਕਦੀ ਹੈ। ਕੁਝ ਰਾਜਾਂ ਵਿੱਚ ਪਹਿਲਾਂ ਹੀ ਇਸਦੀ ਸੀਮਿਤ ਅਤੇ ਨਿਯੰਤਰਿਤ ਖੇਤੀ ਹੁੰਦੀ ਹੈ 8 ਅਪ੍ਰੈਲ ਨੂੰ ਡੀਸੀ ਦਫ਼ਤਰਾਂ ਵਿੱਚ ਮੰਗ ਪੱਤਰ ਦੇ ਕੇ ਸਰਕਾਰ 'ਤੇ ਦਬਾਅ ਬਣਾਉਣ ਦੀ ਕੋਸ਼ਿਸ਼ ਕੀਤੀ ਜਾਵੇਗੀ, ਤਾਂ ਜੋ ਇਸ ਮਾਮਲੇ 'ਤੇ ਨੀਤੀਗਤ ਫੈਸਲਾ ਲਿਆ ਜਾ ਸਕੇ, ਕਿਸਾਨ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਕਿਸਾਨਾਂ ਦੀਆਂ ਮੰਗਾਂ ਵੱਲ ਜਲਦ ਧਿਆਨ ਨਾ ਦਿੱਤਾ ਗਿਆ ਤਾਂ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।ਇਸ ਮੌਕੇ ਮੀਟਿੰਗ ਦੀ ਪ੍ਰਧਾਨਗੀ ਸੁੱਖ ਗਿੱਲ ਮੋਗਾ, ਤਰਨਜੀਤ ਸਿੰਘ ਨਿਮਾਣਾ, ਹਰਿੰਦਰਜੀਤ ਸਿੰਘ ਜਲੰਧਰ ਨੇ ਕੀਤੀ,ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਤੋਤੇਵਾਲ ਦੇ ਸੂਬਾ ਪ੍ਰਧਾਨ ਸੁੱਖ ਗਿੱਲ ਮੋਗਾ,ਸ਼ੇਰੇ ਪੰਜਾਬ ਨੌਜਵਾਨ ਕਿਸਾਨ ਮਜ਼ਦੂਰ ਮੋਰਚਾ ਪੰਜਾਬ ਦੇ ਸਕੱਤਰ ਪੰਜਾਬ ਹਰਿੰਦਰਜੀਤ ਸਿੰਘ ਜਲੰਧਰ,ਅੰਨਦਾਤਾ ਕਿਸਾਨ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਨਜੀਤ ਸਿੰਘ ਨਿਮਾਣਾ, ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਮਝੈਲ ਦੇ ਸੂਬਾ ਪ੍ਰਧਾਨ ਸਤਨਾਮ ਸਿੰਘ ਸੰਧੂ ਹਰੀਕੇ,ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਦੀਪ ਸਿੱਧੂ ਦੇ ਸੂਬਾ ਪ੍ਰਧਾਨ ਸਵਰਨ ਸਿੰਘ ਬਾਠ,ਪੰਜਾਬ ਕਿਸਾਨ ਯੂਨੀਅਨ ਬਾਗੀ ਦੇ ਸੂਬਾ ਪ੍ਰਧਾਨ ਪਰਮਜੀਤ ਸਿੰਘ ਜੱਬੋਵਾਲ,ਸਰਬੱਤ ਦਾ ਭਲਾ ਸਾਂਝਾ ਮੰਚ ਜਥੇਬੰਦੀ ਦੇ ਸੂਬਾ ਪ੍ਰਧਾਨ ਸੁਖਦੀਪ ਸਿੰਘ ਸਿੰਘਾਂਵਾਲਾ, ਭਾਰਤੀ ਕਿਸਾਨ ਯੂਨੀਅਨ ਏਕਤਾ ਮਾਲਵਾ ਸੂਬਾ ਪ੍ਰਧਾਨ ਭੁਪਿੰਦਰ ਸਿੰਘ ਕੋਟ ਦੁੱਨਾਂ ਹਾਜਰ ਸਨ।

# ਕਿਸਾਨ ਯੂਨੀਅਨ ਦੀ ਮੀਟਿੰਗ 'ਚ ਨਵੀਆਂ ਨਿਯੁਕਤੀਆਂ



**ਰਾਜਪੁਰਾ (ਰਮੇਸ਼ ਕਟਾਰੀਆ)**-ਭਾਰਤੀ ਕਿਸਾਨ ਯੂਨੀਅਨ (ਸ਼ਾਦੀਪੁਰ) ਦੀ ਇਕ ਮੀਟਿੰਗ ਕਿਸਾਨ ਆਗੂ ਬਲਕਾਰ ਸਿੰਘ ਸਤਨਾਮ ਨਗਰ ਦੀ ਅਗਵਾਈ ਵਿੱਚ ਗੁਰਦੁਆਰਾ ਸ਼ਹੀਦ ਬਾਬਾ ਸੁੱਖਾ ਸਿੰਘ ਜੀ ਨੀਲਪੁਰ ਵਿਖੇ ਹੋਈ ਜਿਸ ਵਿੱਚ ਯੂਨੀਅਨ ਦੇ ਕੌਮੀ ਪ੍ਰਧਾਨ ਬੂਟਾ ਸਿੰਘ ਸ਼ਾਦੀਪੁਰ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਯੂਨੀਅਨ ਵਿੱਚ ਕੁਝ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ। ਨਵੀਆਂ ਨਿਯੁਕਤੀਆਂ ਵਿੱਚ ਬਲਕਾਰ ਸਿੰਘ ਨੂੰ ਸ਼ਹਿਰੀ ਪ੍ਰਧਾਨ, ਭਜਨ ਸਿੰਘ ਨੂੰ ਦਿਹਾਤੀ ਪ੍ਰਧਾਨ, ਹਰਭਜਨ ਸਿੰਘ ਨੂੰ ਸ਼ਹਿਰੀ ਮੀਤ ਪ੍ਰਧਾਨ, ਹਰਪ੍ਰੀਤ ਸਿੰਘ ਸੀਨੀਅਰ ਮੀਤ ਪ੍ਰਧਾਨ, ਸੁਖਵਿੰਦਰ ਸਿੰਘ ਬੱਬੀ ਮੀਤ ਪ੍ਰਧਾਨ, ਜੋਰਾ ਸਿੰਘ ਜਨਰਲ ਸਕੱਤਰ, ਹਰਵਿੰਦਰ ਸਿੰਘ ਸਕੱਤਰ, ਸੁੱਖਾ ਸਿੰਘ ਖਜ਼ਾਨਚੀ, ਗੁਰਜੰਟ ਸਿੰਘ ਸਟੇਜ ਸਕੱਤਰ, ਸੁਖਵਿੰਦਰ ਸਿੰਘ, ਰਣਜੀਤ ਸਿੰਘ ਮੈਂਬਰ ਪਰਵਿੰਦਰ ਸਿੰਘ , ਰਣਜੀਤ ਸਿੰਘ (ਸਾਰੇ ਕਾਰਜਕਾਰਣੀ ਮੈਂਬਰ) ਚੁਣੇ ਗਏ।ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਕੌਮੀ ਪ੍ਰਧਾਨ ਬੂਟਾ ਸਿੰਘ ਸ਼ਾਦੀਪੁਰ ਨੇ ਕਿਹਾ ਕਿ ਭਾਰਤ ਸਰਕਾਰ ਵੱਲੋਂ ਅਮਰੀਕਾ ਨਾਲ ਸਮਝੌਤਾ ਕਰਕੇ ਕਿਸਾਨਾਂ ਦੀ ਪਿੱਠ ਵਿੱਚ ਛੁਰਾ ਮਾਰਿਆ ਜਾ ਰਿਹਾ ਹੈ, ਇਸੇ ਪ੍ਰਕਾਰ ਮਜ਼ਦੂਰਾਂ ਨਾਲ ਸੰਬੰਧਤ ਕਿਰਤ ਕਾਨੂੰਨਾਂ ਨੂੰ ਖਤਮ ਕਰਕੇ ਚਾਰ ਲੇਬਰ ਕੋਡ ਬਣਾ ਕੇ ਧੱਕਾ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਪੰਜਾਬ ਸਰਕਾਰ ਉੱਤੇ ਨਿਸ਼ਾਨੇ ਲਾਉਂਦਿਆਂ ਕਿਹਾ ਕਿ ਸਰਕਾਰ ਵੱਲੋਂ ਅਜੇ ਤੱਕ ਪਿਛਲੇ ਸਾਲ ਆਏ ਹੜ੍ਹਾਂ ਦਾ ਮੁਆਵਜ਼ਾ ਪੀੜਤਾਂ ਨੂੰ ਨਹੀਂ ਦਿੱਤਾ ਗਿਆ ਪਰ ਸਰਕਾਰ ਵੱਲੋਂ ਦਾਅਵੇ ਵੱਡੇ ਵੱਡੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਯੂਨੀਅਨ ਵੱਲੋਂ ਕਿਸਾਨੀ ਮੰਗਾਂ ਦੇ ਹੱਕ ਵਿੱਚ ਸੰਘਰਸ਼ ਨੂੰ ਤੇਜ਼ ਕੀਤਾ ਜਾਵੇਗਾ।

# ਦਿਹਾਤੀ ਯੂਥ ਵਿੰਗ ਦੇ ਨਵ-ਨਿਯੁਕਤ ਪ੍ਰਧਾਨ ਜਸਵੀਰ ਸਿੰਘ ਸੰਘਾ ਦਾ ਸਨਮਾਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਹਲਕਾ ਇੰਚਾਰਜ ਮੋਗਾ ਸੰਜੀਤ ਸਿੰਘ ਸੰਨੀ ਗਿੱਲ ਦੀ ਅਗਵਾਈ ਵਿੱਚ ਯੂਥ ਵਿੰਗ ਦੇ ਸੂਬਾ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਵੱਲੋਂ ਜਸਵੀਰ ਸਿੰਘ ਸੰਘਾ ਡਰੋਲੀ ਭਾਈ ਨੂੰ ਹਲਕਾ ਮੋਗਾ ਦੇ ਦਿਹਾਤੀ ਯੂਥ ਵਿੰਗ ਦੇ ਪ੍ਰਧਾਨ ਨਿਯੁਕਤ ਕੀਤਾ ਹੈ। ਉਨ੍ਹਾਂ ਦੀ ਇਸ ਨਿਯੁਕਤੀ ਨਾਲ ਜਿੱਥੇ ਹਲਕਾ ਮੋਗਾ ਵਿੱਚ ਯੂਥ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਹੈ ਉਥੇ ਉਹ ਅੱਜ ਆਸ਼ੀਰਵਾਦ ਲੈਣ ਹਿਤ ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਦੇ ਦਫ਼ਤਰ ਸੰਨੀ ਟਾਵਰ ਪੁੱਜੇ ਜਿੱਥੇ ਸੰਜੀਤ ਸਿੰਘ ਸੰਨੀ ਗਿੱਲ ਨੇ ਉਨ੍ਹਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।ਇਸ ਮੌਕੇ ਨਵ ਨਿਯੁਕਤ ਪ੍ਰਧਾਨ ਜਸਵੀਰ ਸਿੰਘ ਸੰਘਾ ਨੇ ਸੰਜੀਤ ਸਿੰਘ ਸੰਨੀ ਗਿੱਲ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਆਪਣੀ ਜ਼ੁੰਮੇਵਾਰੀ ਤਨਦੇਹੀ ਨਾਲ ਨਿਭਾਉਣਗੇ ਅਤੇ ਹਲਕਾ ਮੋਗਾ ਦਿਹਾਤੀ ਵਿੱਚ ਉਹ ਵੱਧ ਤੋਂ ਵੱਧ ਨੌਜਵਾਨਾਂ ਨੂੰ ਪਾਰਟੀ ਨਾਲ ਜੋੜਕੇ ਪਾਰਟੀ ਦੀ ਮਜ਼ਬੂਤੀ ਲਈ ਕੋਈ ਕਸਰ ਬਾਕੀ ਨਹੀਂ ਛੱਡਣਗੇ। ਇਸ ਮੌਕੇ ਤੇ ਸੰਜੀਤ ਸਿੰਘ ਸੰਨੀ ਗਿੱਲ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਜਸਵੀਰ ਸਿੰਘ ਸੰਘਾ ਇੱਕ ਮੇਹਨਤੀ ਨੌਜਵਾਨ ਹਨ ਅਤੇ ਉਨ੍ਹਾਂ ਦੀ ਨਿਯੁਕਤੀ ਨਾਲ ਪਾਰਟੀ ਨੂੰ ਹੋਰ ਬਲ ਮਿਲੇਗਾ।ਉਨ੍ਹਾਂ ਕਿਹਾ ਕਿ ਹਲਕਾ ਮੋਗਾ ਤੋਂ ਸ਼੍ਰੋਮਣੀ ਅਕਾਲੀ ਦਲ ਪੂਰੀ ਤਰ੍ਹਾਂ ਮਜ਼ਬੂਤ ਹੈ ਅਤੇ ਸਾਲ 2027 ਦੀਆਂ ਚੋਣਾਂ ਵਿੱਚ ਹਲਕਾ ਮੋਗਾ ਤੋਂ ਸ਼੍ਰੋਮਣੀ ਅਕਾਲੀ ਦਲ ਜਿੱਤ ਪ੍ਰਾਪਤ ਕਰੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਇੰਦਰਪ੍ਰੀਤ ਸਿੰਘ ਭਾਈ ਸਾਬ, ਗੁਰਨਾਹਰ ਸਿੰਘ ਨੈਸਲੇ, ਗੁਰਮੁੱਖ ਸਿੰਘ ਸੰਘਾ, ਜਗਜੀਤ ਸਿੰਘ ਨੈਸਲੇ, ਜਗਦੀਸ਼ ਸਿੰਘ ਗਿੱਲ, ਯੁਵਰਾਜ ਸੰਘਾ, ਜਸਪਿੰਦਰ ਸੰਘਾ, ਜੱਸਾ ਸੰਘਾ, ਪ੍ਰਿਤਪਾਲ ਸਿੰਘ ਨੈਸਲੇ, ਦਿਲਬਾਗ ਸੰਘਾ, ਮਨਜਿੰਦਰ ਸੰਘਾ, ਲਵਲੀ ਦੁੱਨੇਕੇ ਆਦਿ ਹਾਜ਼ਰ ਸਨ।

# ਸਫਾ 1 ਦੇ ਬਾਕੀ...

## ਲੇਬਰ ਕੋਡਾਂ ਖਿਲਾਫ਼...

ਪ੍ਰਧਾਨਗੀ ਹੇਠ ਕਰਕੇ ਚਾਰ ਲੇਬਰ ਕੋਡ ਨੂੰ ਤੁਰੰਤ ਰੱਦ ਕਰਨ ਦੀ ਮੰਗ ਕੀਤੀ ਗਈ। ਇਸ ਮੌਕੇ ਸੰਯੁਕਤ ਕਿਸਾਨ ਮੋਰਚੇ ਦੇ ਆਗੂ ਸਤਨਾਮ ਸਿੰਘ ਅਜਨਾਲਾ ਤੇ ਲਖਬੀਰ ਸਿੰਘ ਨਿਜ਼ਾਮਪੁਰਾ ਸਾਥੀਆਂ ਸਮੇਤ ਸ਼ਾਮਲ ਹੋਏ। ਅਮਰਜੀਤ ਸਿੰਘ ਆਸਲ, ਸੁੱਚਾ ਸਿੰਘ ਅਜਨਾਲਾ ਤੇ ਜਗਤਾਰ ਸਿੰਘ ਕਰਮਪੁਰਾ ਨੇ ਸੰਬੋਧਨ ਕਰਦਿਆਂ ਅੱਜ ਦੇ ਦਿਨ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਦੱਸਿਆ। ਉਨ੍ਹਾਂ ਕਿਹਾ ਕਿ 31 ਜਨਵਰੀ ਨੂੰ ਮਾਲਕਾਂ ਨਾਲ ਰੇਟਾਂ ਸੰਬੰਧੀ ਕੀਤਾ ਫ਼ੈਸਲਾ ਖ਼ਤਮ ਹੋ ਗਿਆ ਹੈ। ਰੇਟਾਂ ਵਿਚ ਵਾਧਾ ਕਰਵਾਉਣ ਲਈ ਮਾਲਕਾਂ ਨੂੰ ਨੋਟਿਸ ਦਿੱਤਾ ਹੈ, ਪਰ ਮਾਲਕਾਂ ਵੱਲੋਂ ਕੋਈ ਵੀ ਸੁਨੇਹਾ ਨਹੀਂ ਆਇਆ। ਇਸ ਕਰਕੇ ਮਾਲਕਾਂ ਨੂੰ 10 ਅਪ੍ਰੈਲ ਤੱਕ ਦਾ ਸਮਾਂ ਦਿੱਤਾ ਗਿਆ ਹੈ ਕਿ ਉਹ ਜਥੇਬੰਦੀਆਂ ਨਾਲ ਗੱਲਬਾਤ ਕਰਕੇ ਰੇਟਾਂ ਵਿਚ ਵਾਧਾ ਕਰ ਦੇਣ। ਜੇਕਰ ਮਾਲਕਾਂ ਨੇ ਸਮਾਂ ਨਾ ਦਿੱਤਾ ਤਾਂ 10 ਅਪ੍ਰੈਲ ਨੂੰ ਟਰੇਡ ਯੂਨੀਅਨਾਂ ਵੱਲੋਂ ਮੀਟਿੰਗਾਂ ਕਰਕੇ ਹੜਤਾਲ ਦਾ ਐਲਾਨ ਕਰ ਦਿੱਤਾ ਜਾਇਗਾ। ਉਨ੍ਹਾਂ ਕਿਹਾ ਕਿ 6 ਅਪ੍ਰੈਲ ਨੂੰ ਡੀ ਸੀ ਦਫ਼ਤਰ ਵਿਖੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਧਰਨਾ ਦਿੱਤਾ ਜਾ ਰਿਹਾ ਹੈ, ਜਿਸ ਵਿਚ ਮਜ਼ਦੂਰ ਸਾਥੀ ਵੀ ਸ਼ਾਮਲ ਹੋਣਗੇ। ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਨੇ ਟਰੇਡ ਯੂਨੀਅਨਾਂ ਵੱਲੋਂ ਦਿੱਤੇ ਗਏ ਸੰਘਰਸ਼ ਨੂੰ ਪੂਰਨ ਹਮਾਇਤ ਦੇਣ ਦਾ ਐਲਾਨ ਕੀਤਾ। ਇਸ ਮੌਕੇ ਚਰਨਜੀਤ ਮਜੀਠਾ, ਵਿਜੇ ਕੁਮਾਰ, ਸ਼ਮਸ਼ੇਰ ਸਿੰਘ, ਧਰਮਪਾਲ, ਬਲਬੀਰ ਸਿੰਘ, ਮੰਗਲ ਸਿੰਘ, ਧਰਮ ਸਿੰਘ ਭੱਟੀ, ਭਗਵੰਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਅਹੁਦੇਦਾਰ ਤੇ ਵਰਕਰ ਸ਼ਾਮਿਲ ਹੋਏ।

## ਪੰਜਾਬ 'ਚ ਵਿਆਪਕ...

ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਰਿਆਣਾ ਨੂੰ ਇੱਕ ਬੂੰਦ ਪਾਣੀ ਵਾਧੂ ਨਹੀਂ ਦਿੱਤਾ ਜਾਵੇਗਾ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਰਿਆਣਾ ਨੂੰ ਮੁੜ ਚਿੱਠੀ ਲਿਖ ਦਿੱਤੀ ਗਈ ਹੈ ਕਿ ਇਸ ਵਾਰ ਪੰਜਾਬ ਵਾਧੂ ਪਾਣੀ ਦੀ ਵਰਤੋਂ ਨਹੀਂ ਕਰਨ ਦੇਵੇਗਾ। ਮਾਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਤੇ ਹਰਿਆਣਾ ਵਿਚਕਾਰ ਪਾਣੀਆਂ ਬਾਰੇ ਸਮਝੌਤਾ 21 ਮਈ ਨੂੰ ਹੁੰਦਾ ਹੈ ਅਤੇ ਇਸ ਵਾਰ 21 ਮਈ ਨੂੰ ਮੁੜ ਫੈਸਲਾ ਕੀਤਾ ਜਾਵੇਗਾ। ਉਨ੍ਹਾ ਕਿਹਾ ਕਿ ਹਰਿਆਣਾ ਨੇ ਇਸ ਵਾਰ ਹਾਲੇ ਤੱਕ ਆਪਣੇ ਹਿੱਸੇ ਦਾ 70-75 ਫੀਸਦੀ ਪਾਣੀ ਹੀ ਵਰਤਿਆ ਹੈ, ਉਨ੍ਹਾ ਨੂੰ ਆਸ ਹੈ ਕਿ ਹਰਿਆਣਾ ਆਪਣੇ ਹਿੱਸੇ ਦੇ ਪਾਣੀ ਨਾਲ ਸਮਾਂ ਕੱਢ ਲਵੇਗਾ। ਮਾਨ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਵਾਰ-ਵਾਰ ਪੰਜਾਬ ਨਾਲ ਵਿਤਕਰਾ ਕੀਤਾ ਜਾਂਦਾ ਹੈ। ਇਸੇ ਕਰਕੇ ਕੇਂਦਰ ਸਰਕਾਰ ਨੇ ਪੰਜਾਬ ਦੇ ਆਰ ਡੀ ਐੱਫ, ਜੀ ਐੱਸ ਟੀ ਅਤੇ ਐੱਨ ਐੱਚ ਐੱਮ ਦੇ ਪੈਸੇ ਰੋਕ ਰੱਖੇ ਹਨ। ਇਸ ਤੋਂ ਇਲਾਵਾ ਡਿਜ਼ਾਸਟਰ ਮੈਨੇਜਮੈਂਟ ਫੰਡ 'ਤੇ ਵੀ ਕੱਟ ਲਗਾ ਦਿੱਤਾ ਹੈ। ਉਨ੍ਹਾ ਕਿਹਾ ਕਿ ਭਾਜਪਾ ਨੂੰ ਪੰਜਾਬ ਵਿੱਚ ਲੋਕ ਵੋਟ ਨਹੀਂ ਪਾਉਂਦੇ ਅਤੇ ਨਾ ਹੀ ਪੰਜਾਬ ਦੇ ਲੋਕ ਭਾਜਪਾ ਨੂੰ ਪਸੰਦ ਕਰਦੇ ਹਨ ਇਸ ਲਈ ਭਾਜਪਾ ਵੱਲੋਂ ਬਦਲਾਖੋਰੀ ਦੀ ਨੀਤੀ ਤਹਿਤ ਪੰਜਾਬ ਨਾਲ ਮਤਰੇਆ ਸਲੂਕ ਵਰਤਿਆ ਜਾਂਦਾ ਹੈ। ਉਨ੍ਹਾ ਕਿਹਾ ਕਿ ਪੰਜਾਬ ਦੇ ਹੱਕਾਂ ਲਈ ਅਤੇ ਪੰਜਾਬ ਦੇ ਲੋਕਾਂ ਦੀ ਮਿਹਨਤ ਦੇ 1-1 ਰੁਪਏ ਲਈ ਲੋੜ ਪਈ ਤਾਂ ਸੁਪਰੀਮ ਕੋਰਟ ਤੱਕ ਪਹੁੰਚ ਕਰਾਂਗੇ, ਪਰ ਪੰਜਾਬ ਦੇ ਹੱਕਾਂ 'ਤੇ ਡਾਕਾ ਨਹੀਂ ਵੱਜਣ ਦੇਵਾਂਗੇ। ਮਾਨ ਨੇ ਕਿਹਾ ਕਿ ਹਿਮਾਚਲ ਵੱਲੋਂ ਲਗਾਏ ਗਏ ਐਂਟਰੀ ਟੈਕਸ ਦੇ ਫੈਸਲੇ ਨੂੰ ਵਾਪਸ ਲੈਣਾ ਚੰਗੀ ਗੱਲ ਹੈ। ਉਨ੍ਹਾ ਕਿਹਾ, "ਹਿਮਾਚਲ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਹੈ, ਪਰ ਹਿਮਾਚਲ ਸਰਕਾਰ ਦੇ ਲੋਕ ਵਿਰੋਧੀ ਫੈਸਲੇ ਵਿਰੁੱਧ ਪੰਜਾਬ ਕਾਂਗਰਸ ਕਦੇ ਕੁੱਝ ਨਹੀਂ ਬੋਲਦੀ। ਇਸੇ ਕਰਕੇ ਹਿਮਾਚਲ ਸਰਕਾਰ ਵੱਲੋਂ ਨਵੇਂ-ਨਵੇਂ ਟੈਕਸ ਲਗਾਏ ਜਾ ਰਹੇ ਹਨ, ਪਰ ਪੰਜਾਬ ਸਰਕਾਰ ਕਾਂਗਰਸ ਵੱਲੋਂ ਹੀ ਲਗਾਏ ਗਏ ਟੋਲ ਟੈਕਸਾਂ ਨੂੰ ਬੰਦ ਕਰਨ ਲੱਗੀ ਹੋਈ ਹੈ, ਜਿਸ ਦਾ ਫੈਸਲਾ ਕਿਸੇ ਇੱਕ ਖਿੱਤੇ ਦੇ ਲੋਕਾਂ ਨੂੰ ਨਹੀਂ, ਬਲਕਿ ਪੂਰੇ ਦੇਸ਼ ਦੇ ਲੋਕਾਂ ਨੂੰ ਮਿਲ ਰਿਹਾ ਹੈ।" ਉਨ੍ਹਾ ਕਿਹਾ ਕਿ ਜੇ ਹਿਮਾਚਲ ਸਰਕਾਰ ਨੇ ਮੁੜ ਤੋਂ ਟੈਕਸ ਲਗਾਉਣ ਦੀ ਕੋਈ ਗੱਲ ਕੀਤੀ ਤਾਂ ਪੰਜਾਬ ਸਰਕਾਰ ਵੀ ਟੈਕਸ ਲਗਾਉਣ ਬਾਰੇ ਵਿਚਾਰ ਕਰੇਗੀ।

## ਬਿਜਲੀ ਦੀਆਂ ਤਾਰਾਂ ...

ਅਧਿਕਾਰੀਆਂ ਨੂੰ ਭੇਜੀ ਜਾਵੇਗੀ।ਪ੍ਰਸ਼ਾਸਨ ਵੱਲੋਂ ਪੀੜਤ ਪਰਵਾਰ ਨੂੰ ਭਰੋਸਾ ਦਿਵਾਇਆ ਗਿਆ ਹੈ ਕਿ ਨੁਕਸਾਨ ਦੀ ਪੂਰੀ ਜਾਂਚ ਕਰਕੇ ਵੱਧ ਤੋਂ ਵੱਧ ਮੁਆਵਜ਼ਾ ਦਿੱਤਾ ਜਾਵੇਗਾ।ਪਿੰਡ ਵਾਸੀਆਂ ਨੇ ਮੰਗ ਕੀਤੀ ਹੈ ਕਿ ਇਲਾਕੇ ਵਿੱਚ ਬਿਜਲੀ ਪ੍ਰਣਾਲੀ ਨੂੰ ਤੁਰੰਤ ਠੀਕ ਕੀਤਾ ਜਾਵੇ, ਤਾਂ ਜੋ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਤੋਂ ਬਚਿਆ ਜਾ ਸਕੇ।

# ਬੀ ਕੇ ਯੂ ਕਾਦੀਆਂ ਬਲਾਕ ਮਹਿਲ ਕਲਾਂ ਦੀ ਮੀਟਿੰਗ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਭਾਰਤੀ ਕਿਸਾਨ ਯੂਨੀਅਨ ਕਾਦੀਆਂ ਬਲਾਕ ਮਹਿਲ ਕਲਾਂ ਦੀ ਮੀਟਿੰਗ ਇਤਿਹਾਸਕ ਗੁਰਦੁਆਰਾ ਸਾਹਿਬ ਛੇਵੀਂ ਪਾਤਸ਼ਾਹੀ ਮਹਿਲ ਕਲਾਂ ਵਿਖੇ ਹੋਈ।ਇਸ ਮੌਕੇ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਛੀਨੀਵਾਲ ਨੇ ਕਿਹਾ ਕਿ ਸੂਬਾ ਲੀਡਰਸ਼ਿਪ ਦੀ ਅਗਵਾਈ ਹੇਠ ਜਥੇਬੰਦੀ ਕੇਂਦਰ ਅਤੇ ਰਾਜ ਸਰਕਾਰਾਂ ਖਿਲਾਫ ਸੰਘਰਸ਼ ਲੜ ਕੇ ਕਿਸਾਨਾਂ ਨੂੰ ਉਨ੍ਹਾਂ ਦੇ ਬਣਦੇ ਹੱਕ ਦਵਾਉਣ ਲਈ ਲਗਾਤਾਰ ਯਤਨਸ਼ੀਲ ਹੈ।ਉਨ੍ਹਾਂ ਪੰਜਾਬ ਸਰਕਾਰ ਅਤੇ ਮੰਡੀਕਰਨ ਬੋਰਡ ਨੂੰ ਅਪੀਲ ਕੀਤੀ ਕਿ ਆਉਣ ਵਾਲੇ ਹਾੜ੍ਹੀ ਦੇ ਸੀਜ਼ਨ ਦੌਰਾਨ ਮੰਡੀਆਂ 'ਚ ਕਣਕ ਦੀ ਖਰੀਦ, ਸਫ਼ਾਈ ਲਈ ਢੁਕਵੇਂ ਪ੍ਰਬੰਧ ਕੀਤੇ ਜਾਣ।ਆਗੂਆਂ ਨੇ ਕਿਹਾ ਕਿ ਪੰਜਾਬ 'ਚ ਖਸਖਸ ਦੀ ਖੇਤੀ ਨੂੰ ਵੀ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਹੈ।ਜਿਸ ਨਾਲ ਕਿਸਾਨਾਂ ਦੀ ਆਮਦਨ 'ਚ ਭਾਰੀ ਵਾਧਾ ਹੋਵੇਗਾ।ਇਸ ਮੌਕੇ ਬਲਾਕ ਪ੍ਰਧਾਨ ਪਰਮਜੀਤ ਸਿੰਘ ਢੀਂਡਸਾ, ਖਜ਼ਾਨਚੀ ਜਸਵਿੰਦਰ ਸਿੰਘ ਛੀਨੀਵਾਲ, ਬਲਜਿੰਦਰ ਸਿੰਘ ਸਰਾਂ, ਸੁਖਦੀਪ ਸਿੰਘ ਗਿੱਲ ਨੇ ਕਿਹਾ ਕਿ ਜਥੇਬੰਦੀ ਨੂੰ ਬਲਾਕ ਅਤੇ ਪਿੰਡ ਪੱਧਰ 'ਤੇ ਹੋਰ ਮਜ਼ਬੂਤ ਬਣਾਉਣ ਲਈ ਨੌਜਵਾਨ ਕਿਸਾਨਾਂ ਨੂੰ ਲਾਮਬੰਦ ਕਰਨਾ ਸਮੇਂ ਦੀ ਮੁੱਖ ਲੋੜ ਹੈ।ਇਸ ਮੌਕੇ ਰਣਜੀਤ ਸਿੰਘ, ਨਾਜਰ ਸਿੰਘ ਛਾਪਾ, ਅਮਰਜੀਤ ਸਿੰਘ ਬੱਸੀਆਂ, ਕੁਲਦੀਪ ਸਿੰਘ, ਬੂਟਾ ਸਿੰਘ ਮਹਿਲ ਕਲਾਂ, ਸੁਰਿੰਦਰ ਸਿੰਘ ਵਜੀਦਕੇ, ਲਖਬੀਰ ਸਿੰਘ ਕਲਾਲਾ, ਗੁਰਪ੍ਰੀਤ ਸਿੰਘ ਮਹਿਲ ਕਲਾਂ, ਬਲਵਿੰਦਰ ਸਿੰਘ ਛਾਪਾ ਆਦਿ ਆਗੂ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਤੜਕੇ ਬਜਰੀ ਦਾ ਭਰਿਆ ਟਰਾਲਾ ਪਲਟਿਆ; ਡਰਾਈਵਰ ਗੰਭੀਰ ਜ਼ਖ਼ਮੀ



**ਗੁਰਦਾਸਪੁਰ, (ਜਨਕ ਮਹਾਜਨ)**

ਗੁਰਦਾਸਪੁਰ-ਮੁਕੇਰੀਆਂ ਮੁੱਖ ਮਾਰਗ 'ਤੇ ਪੈਂਦੀ ਭੁੱਲੇਚੱਕ ਕਾਲੋਨੀ ਸਥਿਤ ਸ੍ਰੀ ਮਾਤਾ ਵੈਸ਼ਨੋ ਮੰਦਰ ਦੇ ਨਜ਼ਦੀਕ ਮੁਕੇਰੀਆਂ ਵਲੋਂ ਆਉਂਦਾ ਬਜਰੀ ਦਾ ਭਰਿਆ ਟਰਾਲਾ ਸੰਤੁਲਨ ਵਿਗੜਨ ਨਾਲ ਪਲਟ ਗਿਆ। ਇਸੇ ਹਾਦਸੇ ਦੌਰਾਨ ਡਰਾਈਵਰ ਦੇ ਕਾਫ਼ੀ ਸੱਟਾਂ ਲਗੀਆਂ ਅਤੇ ਉਸ ਨੂੰ ਪਹਿਲਾਂ ਮੁਕੇਰੀਆਂ ਸਿਵਲ ਹਸਪਤਾਲ ਦਾਖਲ ਕਰਵਾਇਆ ਜਿਥੇ ਡਾਕਟਰਾਂ ਨੇ ਉਸ ਦੀ ਗੰਭੀਰ ਹਾਲਤ ਨੂੰ ਵੇਖਦੇ ਹੋਏ ਅੰਮ੍ਰਿਤਸਰ ਰੈਫਰ ਕੀਤੇ ਜਾਣ ਦੀ ਖ਼ਬਰ ਮਿਲੀ ਹੈ। ਪ੍ਰਾਪਤ ਕੀਤੀ ਜਾਣਕਾਰੀ ਅਨੁਸਾਰ ਡਰਾਈਵਰ ਨਰੇਸ਼ ਕੁਮਾਰ ਵਾਸੀ ਮੁਕੇਰੀਆਂ ਟਰਾਲਾ ਨੰਬਰ ਪੀ.ਬੀ.07 ਏ.5, 7862 ਨੂੰ ਮੁਕੇਰੀਆਂ ਤੋਂ ਬਜਰੀ ਲੱਦ ਕੇ ਅੰਮ੍ਰਿਤਸਰ ਦੇ ਕਸਬਾ ਝਬਾਲ ਜਾ ਰਿਹਾ ਸੀ ਅਤੇ ਭੁੱਲੇਚੱਕ ਨੇੜੇ ਟਰਾਲੇ ਦਾ ਸੰਤੁਲਨ ਵਿਗੜ ਗਿਆ ਤੇ ਬਜਰੀ ਸੜਕ 'ਤੇ ਖਿਲਰ ਗਈ। ਲੋਕਾਂ ਨੇ ਡਰਾਈਵਰ ਨੂੰ ਬਾਹਰ ਕੱਢ ਕੇ ਮੁਕੇਰੀਆਂ ਸਿਵਲ ਹਸਪਤਾਲ ਪਹੁੰਚਾ ਦਿੱਤਾ ਅਤੇ ਬਾਅਦ ਵਿਚ ਹਾਲਤ ਖ਼ਰਾਬ ਹੋਣ ਕਰਕੇ ਡਾਕਟਰਾਂ ਵੱਲੋਂ ਅੰਮ੍ਰਿਤਸਰ ਰੈਫਰ ਕਰ ਦਿੱਤਾ। ਪਿੰਡ ਦੇ ਲੋਕਾਂ ਨੇ ਦੱਸਿਆ ਕਿ ਸੜਕ ਦੀ ਚੌੜਾਈ ਘੱਟ ਹੋਣ ਕਰਕੇ ਕੋਈ ਨਾ ਕੋਈ ਨਿੱਤ ਹਾਦਸਾ ਵਾਪਰਨ ਨਾਲ ਲੋਕਾਂ ਦੇ ਜਾਨੀ ਮਾਲੀ ਨੁਕਸਾਨ ਹੋ ਰਹੇ ਹਨ ਅਤੇ ਪੰਜਾਬ ਸਰਕਾਰ ਦੇ ਸਬੰਧਿਤ ਵਿਭਾਗ ਬਿਲਕੁਲ ਗੰਭੀਰ ਨਹੀਂ ਹੈ। ਲੋਕਾਂ ਨੇ ਦੱਸਿਆ ਕਿ ਇਸ ਸੜਕ 'ਤੇ ਰਿਫਲੈਕਟਰ ਵੀ ਬਹੁਤ ਘੱਟ ਹਨ। ਉਨ੍ਹਾਂ ਨੇ ਪੰਜਾਬ ਸਰਕਾਰ ਅਤੇ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਗੁਰਦਾਸਪੁਰ-ਮੁਕੇਰੀਆਂ ਦੀ ਸੜਕ ਨੂੰ ਚੌੜਾ ਕਰਕੇ ਰਿਫਲੈਕਟਰ ਲਗਾਏ ਜਾਣ ਜਿਸ ਨਾਲ ਹਾਦਸਿਆਂ ਵਿਚ ਕਮੀ ਆ ਸਕੇ। ਇਥੇ ਜ਼ਿਕਰਯੋਗ ਹੈ ਕਿ ਇਕ ਹਫ਼ਤੇ ਅੰਦਰ ਨਿਰੰਤਰ 8 ਹਾਦਸੇ ਵਪਰ ਰਹੇ ਹਨ ਅਤੇ ਲੋਕਾਂ ਦਾ ਨੁਕਸਾਨ ਵੀ ਹੋਇਆ ਹੈ।

# ਈਟੀਓ ਨੇ ਕੋਹਾਟਵਿੰਡ ਹਿੰਦੂਆਂ ਵਿਖੇ ਗਲੀਆਂ ਤੇ ਸੜਕਾਂ ਦੇ ਕੰਮ ਦੀ ਕੀਤੀ ਸ਼ੁਰੂਆਤ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**



ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਵਿੱਚ ਵਿਕਾਸ ਕਾਰਜਾਂ ਦੀ ਲੜੀ ਨੂੰ ਅੱਗੇ ਵਧਾਉਂਦੇ ਹੋਏ ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈਟੀਓ ਵੱਲੋਂ 4 ਕਰੋੜ ਰੁਪਏ ਦੀ ਲਾਗਤ ਨਾਲ ਪਿੰਡ ਕੋਹਾਟ ਵਿੰਡ ਹਿੰਦੂਆਂ ਵਿਖੇ ਵੱਖ-ਵੱਖ ਇੰਟਰਲਾਕਿੰਗ ਗਲੀਆਂ ਅਤੇ ਨਵੀਆਂ ਸੜਕਾਂ ਦੇ ਕੰਮ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਇਲਾਕਾ ਨਿਵਾਸੀਆਂ ਨਾਲ ਗੱਲ ਕਰਦਿਆਂ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਸਪੈਸ਼ਲ ਅਸਿਸਟੈਂਸ ਸਕੀਮ ਫੇਸ-1 ਅਧੀਨ 5054 ਫੰਡਾਂ ਵਿਚੋਂ ਉਕਤ ਦਰਸਾਈਆਂ ਸੜਕਾਂ ਦੀ ਉਸਾਰੀ ਦਾ ਕੰਮ ਕੀਤਾ ਜਾਵੇਗਾ। ਇਹਨਾਂ ਸੜਕਾਂ ਦੀ ਕੁੱਲ ਲੰਬਾਈ 10.59 ਕਿਲੋਮੀਟਰ ਹੋਵੇਗੀ।ਉਨ੍ਹਾਂ ਦੱਸਿਆ ਕਿ ਇਹ ਕਾਰਜ ਸਬੰਧਤ ਠੇਕੇਦਾਰ ਨੂੰ ਅਲਾਟ ਹੋ ਚੁੱਕਾ ਅਤੇ ਇਸ ਕੰਮ ਨੂੰ 12 ਮਹੀਨੇ ਦੀ ਸਮਾਂ ਸੀਮਾਂ ਵਿੱਚ ਮੁਕੰਮਲ ਕਰਨ ਦਾ ਟੀਚਾ ਮਿੱਥਿਆ ਗਿਆ ਹੈ।ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਅੰਮ੍ਰਿਤਸਰ ਅਧੀਨ ਪੈਂਦੀਆਂ ਵੱਖ-ਵੱਖ ਸੜਕਾਂ ਨੂੰ 400.01 ਲੱਖ ਰੁਪਏ ਦੀ ਲਾਗਤ ਨਾਲ ਅਪਗਰੇਡ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਸ ਸਾਲ ਅੰਦਰ ਸਾਰੀਆਂ ਸੰਪਰਕ ਸੜਕਾਂ ਨੂੰ ਅਪਗਰੇਡ ਕਰ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਸੜਕਾਂ ਬਣਨ ਨਾਲ ਆਮ ਲੋਕਾਂ ਨੂੰ ਆਵਾਜਾਈ ਵਿਚ ਕਾਫੀ ਰਾਹਤ ਮਿਲੇਗੀ ਅਤੇ ਸੜਕੀ ਹਾਦਸਿਆਂ ਨੂੰ ਰੋਕ ਲੱਗੇਗੀ।ਉਨ੍ਹਾਂ ਦੱਸਿਆ ਕਿ ਇਸ ਕਾਰਜ ਨੂੰ ਸਮੇਂ-ਸਿਰ ਮੁਕੰਮਲ ਕਰਨ ਲਈ ਸਬੰਧਤ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ।ਉਨ੍ਹਾਂ ਕਿਹਾ ਕਿ ਇਸ ਸਾਲ ਨੂੰ ਮਾਨ ਸਰਕਾਰ ਵੱਲੋਂ ਵਿਕਾਸ ਵਰ੍ਹੇ ਵਜੋਂ ਮਨਾਇਆ ਜਾ ਰਿਹਾ ਹੈ।

# ਸੁਖਦੇਵ ਸਿੰਘ ਭਾਗੋਕਾਵਾਂ ਸੰਪੂਰਨ ਕਮਿਊਨਿਸਟ ਵਾਂਗ ਜੀਵਿਆ

ਸ਼ਰਧਾਂਜਲੀ ਸਮਾਗਮ 'ਤੇ ਵਿਸੇਸ਼



ਸੁਖਦੇਵ ਸਿੰਘ ਭਾਗੋਕਾਵਾਂ ਸਾਲ 1953 ਵਿੱਚ ਇੱਕ ਗੈਰ-ਸਿਆਸੀ ਅਤੇ ਇੱਕ ਬਹੁਤ ਹੀ ਸਧਾਰਣ ਕਿਸਾਨੀ ਪਰਿਵਾਰ ਵਿੱਚ ਤਹਿਸੀਲ ਗੁਰਦਾਸਪੁਰ ਦੇ ਪਿੰਡ ਭਾਗੋਕਾਵਾਂ ਵਿੱਚ ਜਨਮਿਆ ਸੀ।ਪੰਜ ਭਰਾਵਾਂ ਅਤੇ ਦੋ ਭੈਣਾਂ ਦਾ ਵੱਡਾ ਵੀਰ ਸੀ।ਮੁੱਢਲੀ ਵਿੱਦਿਆ ਆਪਣੇ ਪਿੰਡ ਦੇ ਗੁਰਦੁਆਰੇ ਵਿੱਚ ਚਲਦੇ ਪ੍ਰਾਇਮਰੀ ਸਕੂਲ ਤੋਂ ਹਾਸਲ ਕੀਤੀ ਅਤੇ ਦਸਵੀਂ ਕਸਬਾ ਬਹਿਰਾਮਪੁਰ ਦੇ ਸਰਕਾਰੀ ਹਾਈ ਸਕੂਲ ਤੋਂ ਪ੍ਰਾਪਤ ਕੀਤੀ। ਭਾਗੋਕਾਵਾਂ ਮੈਥੇਮੈਟਿਕਸ ਦਾ ਅਧਿਆਪਕ ਬਣਨਾ ਚਾਹੁੰਦਾ ਸੀ ਪਰ ਬੀਏ ਦੇ ਆਖਰੀ ਸਾਲ ਕਾਲਜ ਦੀ ਰਵਾਇਤੀ ਪੜ੍ਹਾਈ ਤੋਂ ਹਟਵੇਂ ਜਾ ਕੇ ਮਾਰਕਸਵਾਦੀ ਪੜ੍ਹਾਈ ਨਾਲ ਵਾਹ ਪੈ ਗਿਆ ਜੋ ਉਸ ਦੀ ਜ਼ਿੰਦਗੀ ਦਾ ਇਕ ਅਹਿਮ ਮੋੜ ਸਾਬਤ ਹੋਈ। ਇਸ ਮੋੜ ਨੇ ਉਸ ਦੇ ਨਿੱਜੀ ਸੁਪਨਿਆਂ ਨੂੰ ਹੀ ਉੱਥਲ ਪੁੱਥਲ ਕਰ ਦਿੱਤਾ ਅਤੇ ਸਮਾਜ ਨੂੰ ਸਮਰਪਿਤ ਜ਼ਿੰਦਗੀ ਜਿਊਣ ਦੇ ਰਸਤੇ ਪਾ ਦਿੱਤਾ। ਇਸ ਤਰ੍ਹਾਂ ਬਣਿਆ ਸੁਖਦੇਵ ਸਿੰਘ ਕਮਿਊਨਿਸਟ।ਉਸ ਦਾ ਨਾਤਾ ਉਸ ਸਮੇਂ ਦੀ ਦੇਸ਼ ਅਤੇ ਪੰਜਾਬ ਦੀ ਰਾਜਨੀਤੀ ਵਿੱਚ ਬੇਹੱਦ ਚਰਚਿਤ ਕ੍ਰਾਂਤੀਕਾਰੀ ਨਕਸਲਵਾਦੀ ਲਹਿਰ ਦੀ ਵਿਚਾਰਧਾਰਾ ਅਤੇ ਉਸ ਦੀ ਅਗਵਾਈ ਕਰ ਰਹੀ ਸੀਪੀਆਈਐੱਮਐੱਲ ਨਾਲ ਜੁੜ ਗਿਆ।ਉਸਨੇ ਮਾਰਕਸਵਾਦੀ ਵਿਚਾਰਧਾਰਾ ਦੇ ਨਜ਼ਰੀਏ ਤੋਂ ਸਿੱਖ ਲਿਆ ਸੀ ਕਿ ਭਾਰਤ ਦੇਸ਼ ਨੂੰ ਮਿਲੀ 1947 ਦੀ ਆਜ਼ਾਦੀ ਭਾਰਤ ਦੀ ਮਿਹਨਤਕਸ਼ ਜਮਾਤ ਲਈ ਮੁਕੰਮਲ ਆਜ਼ਾਦੀ ਨਹੀਂ ਹੈ ਤਾਂ ਉਸ ਨੂੰ ਉਸ ਦੀ ਪਾਰਟੀ ਦਾ ਲੋਕ ਇਨਕਲਾਬ ਕਰਨ ਦਾ ਰਸਤਾ ਸਹੀ ਲੱਗਿਆ। ਮਾਰਕਸਵਾਦੀ ਸਮਝ ਨੇ ਸੁਖਦੇਵ ਦੇ ਅੰਦਰਲਾ ਮੈਂ/ਮੇਰਾ ਸ਼ਬਦ ਹਮੇਸ਼ਾ ਲਈ ਖ਼ਤਮ ਕਰ ਦਿੱਤਾ ਹੋਇਆ ਸੀ।ਆਰਥਿਕ ਤੰਗੀਆਂ ਤੁਰਸ਼ੀਆਂ ਹੋਣ ਦੇ ਬਾਵਜੂਦ ਘਰ ਨੂੰ ਨਹੀਂ, ਪਾਰਟੀ ਕੰਮਾਂ ਨੂੰ ਤਰਜੀਹ ਦਿੱਤੀ। ਪਾਰਟੀ ਦਾ ਕੋਈ ਦਫਤਰ ਜਾਂ ਕੋਈ ਪੱਕਾ ਟਿਕਾਣਾ ਨਾ ਹੋਣ ਕਾਰਣ ਕਈ ਸਾਲ ਸੁਖਦੇਵ ਦਾ ਘਰ ਪਾਰਟੀ ਮੀਟਿੰਗਾਂ ਦਾ ਮੁੱਖ ਕੇਂਦਰ ਰਿਹਾ, ਕਿਉਂਕਿ ਉਸ ਦਾ ਸਾਰਾ ਪਰਿਵਾਰ ਹੀ ਕਮਿਊਨਿਸਟ ਲਹਿਰ ਦਾ ਆਪਣੇ ਆਪ ਨੂੰ ਹਿੱਸਾ ਸਮਝਦਾ ਸੀ।ਉਹ ਕਦੇ ਵੀ ਕਿਸੇ ਜਨਤਕ ਅਤੇ ਪਾਰਟੀ ਅਹੁਦਿਆਂ ਲਈ ਤਰਲੋਮੱਛੀ ਨਹੀਂ ਸੀ ਹੋਇਆ ਤੇ ਨਾ ਹੀ ਪਾਰਟੀ ਅੰਦਰਲੇ ਕਿਸੇ ਗਲਤ ਕੁਰਾਹੇ ਦਾ ਹਮਾਇਤੀ ਬਣਿਆ ਸੀ।ਉਸਨੇ ਵੱਖ-ਵੱਖ ਸਮੇਂ ਕਈ ਵਾਰ ਗੁਰਦਾਸਪੁਰ, ਪਟਿਆਲਾ ਅਤੇ ਚੰਡੀਗੜ੍ਹ ਦੀਆਂ ਜੇਲ੍ਹਾਂ ਵਿੱਚ ਜੇਲ੍ਹ ਕੱਟੀ।ਉਹ ਪਾਰਟੀ ਮੀਟਿੰਗਾਂ ਵਿੱਚ ਘੱਟ ਬੋਲਦਾ ਪਰ ਕਦੇ ਵੀ ਸੱਚਾਈ ਤੋਂ ਪਾਸਾ ਨਾ ਵੱਟਦਾ।ਉਹ ਨਿਡਰ ਅਤੇ ਕਹਿਣੀ ਕਰਨੀ ਦੇ ਸਮੇਲ ਦਾ ਪੂਰਕ ਸੀ।ਅੱਜ ਦੇ ਪਦਾਰਥਵਾਦੀ ਸਮੇਂ ਦੀ ਚਲ ਰਹੀ ਦੌੜ ਦੌਰਾਨ ਕਮਿਊਨਿਸਟ ਬਣਨ ਦੇ ਜਜ਼ਬਾਤ ਰੱਖਣਾ ਤਾਂ ਕੋਈ ਔਖਾ ਨਹੀਂ ਲੱਗਦਾ ਪਰ ਜੀਵਨ ਦੇ ਆਖਰੀ ਦਿਨ ਤੱਕ ਕਮਿਊਨਿਸਟ ਬਣੇ ਰਹਿਣਾ ਸੁਖਦੇਵ ਸਿੰਘ ਭਾਗੋਕਾਵਾਂ ਵਰਗੇ ਵਿਅਕਤੀਆਂ ਦੇ ਹਿੱਸੇ ਹੀ ਆਉਂਦਾ ਹੈ।ਸੁਖਦੇਵ ਸਿੰਘ ਦਾ ਸ਼ਰਧਾਂਜਲੀ ਸਮਾਗਮ 2 ਅਪ੍ਰੈਲ ਨੂੰ ਪਿੰਡ ਭਾਗੋਕਾਵਾਂ ਦੇ ਗੁਰਦੁਆਰਾ ਸਾਹਿਬ ਦੇ ਬਾਹਰ ਪੰਡਾਲ ਵਿੱਚ ਹੋਵੇਗਾ।

**- ਗੁਰਮੀਤ ਸਿੰਘ ਬਖਤਪੁਰਾ**

# ਭੱਠਾ ਮਜ਼ਦੂਰਾਂ ਨੇ ਅਸਿਸਟੈਂਟ ਲੇਬਰ ਕਮਿਸ਼ਨਰ ਨੂੰ ਦਿੱਤਾ ਮੰਗ ਪੱਤਰ




**ਪਠਾਨਕੋਟ (ਦਵਿੰਦਰ ਸਿੰਘ)**

ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਸਬੰਧਤ ਸੀਟੀਯੂ ਪੰਜਾਬ ਵੱਲੋਂ ਕਾਮਰੇਡ ਮਨਹਰਨ ਤੇ ਰਾਮਦਿਆਲ ਦੀ ਅਗਵਾਈ ਹੇਠ ਭੱਠਾ ਮਜ਼ਦੂਰਾਂ ਦੇ ਸਰਦੀ ਦੇ ਸੀਜ਼ਨ ਦੇ ਬਕਾਏ ਅਤੇ ਨਵੇਂ ਰੇਟਾਂ ਵਿੱਚ ਵਾਧਾ ਕਰਨ ਤੇ ਹੋਰ ਮੰਗਾਂ ਨੂੰ ਲੈ ਕੇ ਅਸਿਸਟੈਂਟ ਲੇਬਰ ਕਮਿਸ਼ਨਰ ਪਠਾਨਕੋਟ ਨੂੰ ਮੰਗ ਪੱਤਰ ਦਿੱਤਾ ਗਿਆ। ਭੱਠਾ ਮਜ਼ਦੂਰਾਂ ਨੂੰ ਸਰਦੀ ਦੇ ਸੀਜ਼ਨ ਵਿੱਚ ਪਹਿਲੀ ਸਤੰਬਰ 2025 ਤੋਂ ਮਜ਼ਦੂਰੀ ਵਿਚ ਵਧੇ ਹੋਏ 26 ਰੁਪਏ ਦੇ ਵਾਧੇ ਦਾ ਬਕਾਇਆ ਤੁਰੰਤ ਦਿੱਤਾ ਜਾਵੇ, ਭੱਠਿਆਂ ਉਪਰ ਕੰਮ ਕਰਦੇ ਸਾਰੀਆਂ ਕੈਟਾਗਿਰੀਆਂ ਦੇ ਮਜ਼ਦੂਰਾਂ ਪਥੇਰ, ਭਰਾਈ, ਜਲਾਈ, ਪੱਕੀਆਂ ਇੱਟਾਂ ਦੀ ਨਿਕਾਸੀ ਲੋਡ-ਅਨਲੋਡ ਅਤੇ ਤਨਖਾਹਦਾਰ ਕਾਮਿਆਂ ਦੀ ਮਜ਼ਦੂਰੀ ਵਿੱਚ ਮਹਿਂਗਾਈ ਅਨੁਸਾਰ ਵਾਧਾ ਕੀਤਾ ਜਾਏ, ਭੱਠਿਆਂ ਉਪਰ ਕੰਮ ਕਰਦੇ ਕਾਮਿਆਂ ਲਈ ਪੱਕੇ ਕਵਾਟਰਾਂ ਤੇ ਬਿਜਲੀ ਪਾਣੀ ਸਮੇਤ ਔਰਤਾਂ ਮਰਦਾਂ ਲਈ ਵੱਖਰੇ ਬਾਥਰੂਮ ਤੇ ਸ਼ੌਚਾਲਯ ਦੀ ਵਿਵਸਥਾ ਤਰੁੰਤ ਕੀਤੀ ਜਾਵੇ।ਪੰਜਾਬ ਸਰਕਾਰ ਤੋਂ ਮੰਗ ਹੈ ਕਿ ਮਿਨੀਮਮ ਵੇਜ ਵਿੱਚ ਸੋਧ ਕਰਕੇ ਘੱਟੋ-ਘੱਟ ਉਜਰਤ 26000 ਰੁਪਏ ਪ੍ਰਤੀ ਮਹੀਨਾ ਨਿਸਚਿਤ ਕੀਤੀ ਜਾਵੇ ਅਤੇ ਏਸੇ ਅਨੁਪਾਤ ਅਨੁਸਾਰ ਭੱਠਾ ਮਜ਼ਦੂਰਾਂ ਦੀ ਮਜ਼ਦੂਰੀ ਵਿੱਚ ਵਾਧਾ ਕੀਤਾ ਜਾਵੇ।, ਲੇਬਰ ਦਾ ਇੰਤਜ਼ਾਮ ਕਰਨ ਵਾਲੇ ਜਮਾਂਦਾਰਾਂ ਨੂੰ ਮਿਨੀਮਮ ਵੇਜ ਅਨੁਸਾਰ ਪੂਰੀ ਜਮਾਂਦਾਰੀ ਕਮਿਸ਼ਨ ਦਿੱਤੀ ਜਾਵੇ, ਭੱਠਿਆਂ ਉਪਰ ਸੀਜ਼ਨ ਦੀ ਸਮਾਪਤੀ ਤੋਂ ਬਾਅਦ ਇੱਕ ਹਫਤੇ ਦੇ ਅੰਦਰ ਅੰਦਰ ਹਿਸਾਬ ਕਰਨਾ ਯਕੀਨੀ ਬਣਾਇਆ ਜਾਵੇ।ਇਸ ਮੌਕੇ ਮਜ਼ਦੂਰਾਂ ਨੂੰ ਸੰਬੋਧਨ ਕਰਦਿਆਂ ਸੀਟੀਯੂ ਪੰਜਾਬ ਦੇ ਵਿੱਤ ਸਕੱਤਰ ਤੇ ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਦੇ ਜਨਰਲ ਸਕੱਤਰ ਕਾਮਰੇਡ ਸ਼ਿਵ ਕੁਮਾਰ ਨੇ ਕਿਹਾ ਇੱਕ ਪਾਸੇ ਦੀ ਮੋਦੀ ਸਰਕਾਰ ਨੇ ਮਜ਼ਦੂਰ ਪੱਖੀ ਕਿਰਤ ਕਾਨੂੰਨ ਖਤਮ ਕਰਕੇ ਲੇਬਰ ਕੋਡ ਲਾਗੂਕਰਨ ਦਾ ਫਰਮਾਨ ਜਾਰੀ ਕਰ ਦਿੱਤਾ ਉਥੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੀ ਇਹਨਾਂ ਮਜ਼ਦੂਰ ਵਿਰੋਧੀ ਫੈਸਲਿਆਂ ਨੂੰ ਬਿਨਾਂ ਕਿਸੇ ਵਿਰੋਧ ਦੇ ਲਾਗੂਕਰਨ ਲਈ ਬਹੁਤ ਉਤਾਵਲੀ ਹੈ।ਮਾਨ ਸਰਕਾਰ ਨੇ ਪਹਿਲੀ ਮਾਰਚ 2026 ਨੂੰ ਜਾਰੀ ਹੋਣ ਵਾਲੀ ਮਿਨੀਮਮ ਵੇਜ ਨੋਟੀਫਿਕੇਸ਼ਨ ਹਾਲੇ ਤੱਕ ਜਾਰੀ ਨਹੀਂ ਕੀਤੀ ਅਤੇ ਆਪਣੇ ਕਾਰਜਕਾਲ ਦੌਰਾਨ ਮਿਨੀਮਮ ਵੇਜ ਵਿੱਚ ਸੋਧ ਵੀ ਨਹੀਂ ਕੀਤੀ। ਪ੍ਰੈਸ ਬਿਆਨ ਵਿੱਚ ਆਗੂਆਂ ਨੇ ਕਿਹਾ ਕਿ ਜੇਕਰ ਮਜ਼ਦੂਰਾਂ ਦੀਆਂ ਮੰਗਾਂ ਦਾ ਨਿਪਟਾਰਾ ਪੰਦਰਾਂ ਦੇ ਅੰਦਰ ਅੰਦਰ ਨਾ ਕੀਤਾ ਤਾਂ ਪਠਾਨਕੋਟ ਜ਼ਿਲੇ ਅੰਦਰ ਪੈਂਦੇ ਭੱਠਿਆਂ ਉੱਪਰ ਹੜਤਾਲ ਕਰਕੇ ਸੰਘਰਸ਼ ਨੂੰ ਤਿੱਖਾ ਕੀਤਾ ਜਾਵੇਗਾ।

# ਅਸ਼ਟਾਮ ਫਰੋਸ਼ਾਂ ਦੇ ਲਾਇਸੈਂਸ ਰੀਨਿਊ ਨਾ ਹੋਣ ਕਾਰਨ ਤਹਿਸੀਲ ਕੰਪਲੈਕਸ 'ਚ ਕੰਮਾਂ 'ਤੇ ਲੱਗੀ ਬਰੇਕ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**

ਅਸ਼ਟਾਮ ਫਰੋਸ਼ਾਂ ਦੇ ਲਾਇਸੈਂਸ ਰੀਨਿਊ ਨਾ ਹੋਣ ਕਾਰਨ ਤਹਿਸੀਲ ਕੰਪਲੈਕਸ ਭਿੱਖੀਵਿੰਡ ਵਿੱਚ ਕੰਮਾਂ 'ਤੇ ਬਰੇਕ ਲੱਗ ਗਈ ਹੈ।ਸਟੈਂਪ ਪੇਪਰ ਨਾ ਮਿਲਣ ਕਾਰਨ ਲੋਕ ਖੱਜਲ-ਖੁਆਰ ਹੋ ਰਹੇ ਹਨ।ਪ੍ਰਾਪਤ ਜਾਣਕਾਰੀ ਅਨੁਸਾਰ ਲਾਇਸੈਂਸ ਰੀਨਿਊ ਨਾ ਹੋਣ ਅਸ਼ਟਾਮ ਫਰੋਸ਼ਾਂ ਦੀਆਂ ਆਈਡੀਜ਼ ਅਸਥਾਈ ਤੌਰ 'ਤੇ ਬੰਦ ਹੋ ਗਈਆਂ ਹਨ।ਸਟੈਂਪ ਪੇਪਰ ਉਪਲਬਧ ਨਾ ਹੋਣ ਕਾਰਨ ਤਹਿਸੀਲ ਵਿੱਚ ਕੰਮ-ਕਾਜ ਦੀ ਰਫ਼ਤਾਰ ਮੱਠੀ ਪੈ ਗਈ ਹੈ ਅਤੇ ਲੋਕਾਂ ਨੂੰ ਨਿਰਾਸ਼ ਹੋ ਕੇ ਘਰ ਪਰਤਣਾ ਪੈ ਰਿਹਾ ਹੈ।ਇਸ ਸੰਬੰਧੀ ਗੱਲਬਾਤ ਕਰਦਿਆਂ ਲੋਕਾਂ ਨੇ ਦੱਸਿਆ ਕਿ ਉਹ ਆਪਣੇ ਜ਼ਰੂਰੀ ਕੰਮਾਂ ਲਈ ਤਹਿਸੀਲ ਆਏ ਹਨ,ਪਰ ਸਟੈਂਪ ਪੇਪਰ ਉਪਲਬੱਧ ਨਾ ਹੋਣ ਕਾਰਨ ਉਨ੍ਹਾਂ ਨੂੰ ਖ਼ਾਲੀ ਹੱਥ ਘਰ ਪਰਤਣਾ ਪੈ ਰਿਹਾ ਹੈ।ਲੋਕਾਂ ਦਾ ਕਹਿਣਾ ਸੀ ਕਿ ਸਟੈਂਪ ਪੇਪਰ ਨਾ ਮਿਲਣ ਕਾਰਨ ਉਨ੍ਹਾਂ ਦਾ ਸਮਾਂ ਤੇ ਪੈਸਾ ਦੋਵੇਂ ਖ਼ਰਾਬ ਹੋ ਰਹੇ ਹਨ।ਇਸ ਸੰਬੰਧੀ ਗੱਲਬਾਤ ਕਰਦਿਆਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ੋਨ ਪੂਹਲਾ ਤੋਂ ਪ੍ਰਧਾਨ ਦਿਲਬਾਗ ਸਿੰਘ ਅਤੇ ਭਾਰਤੀ ਕਿਸਾਨ ਯੂਨੀਅਨ ਅੰਬਾਵਤਾ ਦੇ ਜ਼ਿਲ੍ਹਾ ਪ੍ਰਧਾਨ ਪੰਜਾਬ ਸਿੰਘ ਕੰਬੋਕੇ ਨੇ ਕਿਹਾ ਕਿ ਅਸ਼ਟਾਮ ਫਰੋਸ਼ਾਂ ਦੇ ਲਾਇਸੈਂਸ ਰੀਨਿਊ ਨਾ ਹੋਣ ਕਾਰਨ ਕਚਿਹਰੀਆਂ ਦੇ ਸਮੁੱਚੇ ਕੰਮ-ਕਾਜ ਰੁਕ ਗਏ ਹਨ।ਆਗੂਆਂ ਨੇ ਕਿਹਾ ਕਿ ਤਰਨ ਤਾਰਨ ਜ਼ਿਲ੍ਹੇ ਨੂੰ ਛੱਡ ਕੇ ਸਾਰੇ ਜ਼ਿਲ੍ਹਿਆਂ ਦੇ ਅਸ਼ਟਾਮ ਫਰੋਸ਼ਾਂ ਦੇ ਲਾਇਸੈਂਸ ਰੀਨਿਊ ਹੋ ਚੁੱਕੇ ਹਨ।ਉਨ੍ਹਾਂ ਡਿਪਟੀ ਕਮਿਸ਼ਨਰ ਤਰਨ ਤਾਰਨ ਨੂੰ ਭਿੱਖੀਵਿੰਡ ਤਹਿਸੀਲ ਦੇ ਅਸ਼ਟਾਮ ਫਰੋਸ਼ਾਂ ਦੇ ਲਾਇਸੈਂਸ ਜਲਦ ਤੋਂ ਜਲਦ ਰੀਨਿਊ ਕਰਨ ਦੀ ਅਪੀਲ ਕੀਤੀ।

# ਟੀਚਰਜ਼ ਯੂਨੀਅਨ ਵੱਲੋਂ ਚਾਰੇ ਲੇਬਰ ਕੋਡ ਵਾਪਸ ਲੈਣ ਦੀ ਮੰਗ

**ਤਰਨ ਤਾਰਨ, (ਪ੍ਰਿਤਪਾਲ ਸਿੰਘ)**

ਕੇਂਦਰੀ ਟ੍ਰੇਡ ਯੂਨੀਅਨਾਂ ਦੇ ਸੱਦੇ 'ਤੇ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਜ਼ਿਲ੍ਹਾ ਤਰਨ ਤਾਰਨ ਦੇ ਆਗੂਆਂ ਗੁਰਪ੍ਰੀਤ ਸਿੰਘ ਮਾੜੀਮੇਘਾ, ਕਾਰਜ ਸਿੰਘ ਕੈਰੋਂ, ਅੰਮ੍ਰਿਤ ਪਾਲ ਸਿੰਘ ਬਾਕੀਪੁਰ ਤੇ ਬਲਜੀਤ ਸਿੰਘ ਟੌਮ ਵੱਲੋਂ ਅਗਵਾਈ ਕਰਦਿਆਂ ਕਈ ਸਕੂਲਾਂ ਵਿੱਚ ਨਵੇਂ ਲਾਗੂ ਕੀਤੇ ਚਾਰਾਂ ਲੇਬਰ ਕੋਡਾਂ ਦਾ ਵਿਰੋਧ ਕੀਤਾ ਗਿਆ।ਇਸ ਮੌਕੇ ਰੋਸ ਪ੍ਰਦਰਸ਼ਨਾਂ ਨੂੰ ਸੰਬੋਧਨ ਕਰਦਿਆਂ ਯੂਨੀਅਨ ਆਗੂ ਅੰਮ੍ਰਿਤ ਪਾਲ ਸਿੰਘ ਬਾਕੀਪੁਰ ਤੇ ਬਲਜੀਤ ਸਿੰਘ ਟੌਮ ਨੇ ਕਿਹਾ ਕਿ ਕੇਂਦਰ ਦੀ ਕੇਂਦਰ ਦੀ ਭਾਜਪਾ ਸਰਕਾਰ ਨੇ ਜੋ ਚਾਰ ਲੇਬਰ ਕੋਡ ਲਾਗੂ ਕੀਤੇ ਹਨ, ਉਹ ਸਾਰੇ ਦੇ ਸਾਰੇ ਮਜ਼ਦੂਰ, ਮੁਲਾਜ਼ਮ ਅਤੇ ਮਿਹਨਤਕਸ਼ ਵਰਗ ਦੇ ਵਿਰੁੱਧ ਹਨ।ਇਨ੍ਹਾਂ ਕਾਨੂੰਨਾਂ ਦੇ ਲਾਗੂ ਹੋਣ ਨਾਲ ਮਜ਼ਦੂਰਾਂ ਮੁਲਾਜ਼ਮਾਂ ਦੀ ਕੋਈ ਸੇਵਾ ਸੁਰੱਖਿਆ ਨਹੀਂ ਰਹੇਗੀ।ਉਨ੍ਹਾਂ ਨੂੰ ਜਦੋਂ ਮਰਜ਼ੀ ਨੌਕਰੀ 'ਚੋਂ ਕੱਢ ਸਕਿਆ ਜਾਏਗਾ।ਉਹ ਕੁਝ ਨਹੀਂ ਕਰ ਸਕਣਗੇ।ਇਸੇ ਤਰ੍ਹਾਂ ਇਨ੍ਹਾਂ ਲੇਬਰ ਕੋਡਾਂ ਤਹਿਤ ਕੰਮ ਦਿਨ ਸਮਾਂ ਅੱਠ ਘੰਟੇ ਦੀ ਬਜਾਏ 12 ਘੰਟੇ ਕੀਤਾ ਜਾ ਸਕਦਾ ਹੈ ਜੋ ਕਿ ਮਿਹਨਤਕਸ਼ ਲੋਕਾਂ ਦੇ ਲਹੂ ਪੀਣ ਦੇ ਬਰਾਬਰ ਹੈ। ਇਨ੍ਹਾਂ ਲੇਬਰ ਕੋਡਾਂ ਦੇ ਲਾਗੂ ਹੋਣ ਨਾਲ ਸੇਵਾ ਮੁਕਤੀ ਤੋਂ ਬਾਅਦ ਮੁਲਾਜ਼ਮਾਂ, ਮਜ਼ਦੂਰਾਂ ਨੂੰ ਕੋਈ ਖਾਸ ਰਾਹਤ ਨਹੀਂ ਮਿਲੇਗੀ ਜਿਸ ਨਾਲ ਉਹ ਆਪਣਾ ਬੁਢਾਪਾ ਚੰਗਾ ਜੀਅ ਸਕਣ। ਇਹ ਲੇਬਰ ਕੋਡ ਸਮੁੱਚੇ ਤੌਰ 'ਤੇ ਕਾਰਪੋਰੇਟ ਜਗਤ ਨੂੰ ਖੁਸ਼ ਕਰਨ ਲਈ ਬਣਾਏ ਗਏ ਹਨ ਤਾਂ ਕਿ ਉਨ੍ਹਾਂ ਦੀ ਦੌਲਤ ਮਣਾਂ-ਮੂੰਹੀਂ ਵਧਦੀ ਜਾਵੇ।ਇਸ ਮੌਕੇ ਆਗੂਆਂ ਮੰਗ ਕੀਤੀ ਕਿ ਇਹ ਚਾਰੇ ਲੇਬਰ ਕੋਰਟ ਰੱਦ ਕੀਤੇ ਜਾਣ ਅਤੇ ਕੰਮ ਦਿਹਾੜੀ ਸਮਾਂ ਛੇ ਘੰਟੇ ਕੀਤਾ ਜਾਵੇ।ਘੱਟੋ ਘੱਟ ਉਜਰਤ 30 ਹਜ਼ਾਰ ਰੁਪਏ ਮਿੱਥੀ ਜਾਵੇ।ਘੱਟੋ-ਘੱਟ ਬੁਢਾਪਾ ਪੈਨਸ਼ਨ 10 ਹਜ਼ਾਰ ਰੁਪਏ ਕੀਤੀ ਜਾਵੇ।ਨੌਜਵਾਨਾਂ ਲਈ ਰੁਜ਼ਗਾਰ ਤੇ ਸਿੱਖਿਆ ਦੇ ਗਰੰਟੀ ਹੋਵੇ।ਹਰ ਇਕ ਲਈ ਸਿਹਤ ਸੇਵਾਵਾਂ ਮੁਫਤ ਹੋਣ। ਆਗੂਆਂ ਇਹ ਵੀ ਕਿਹਾ ਕਿ ਅੱਜ ਇਹ ਰੋਸ ਪ੍ਰਦਰਸ਼ਨ ਕੇਂਦਰੀ ਟਰੇਡ ਯੂਨੀਅਨ ਦੇ ਸਾਂਝੇ ਮੰਚ ਵੱਲੋਂ ਸਾਰੇ ਦੇਸ਼ ਵਿੱਚ ਕੀਤੇ ਜਾ ਰਹੇ ਹਨ।



# ਬਚਪਨ ਪਲੇਅ ਸਕੂਲ ਤੇ ਅਕੈਡਮਿਕ ਹਾਈਟਸ ਪਬਲਿਕ ਸਕੂਲ ਅਜਨਾਲਾ ਨੂੰ ਮਿਲਿਆ 'ਮੈਸਟਰੋ ਐਵਾਰਡ'

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**

ਬਚਪਨ ਪਲੇਅ ਸਕੂਲ ਅਜਨਾਲਾ ਅਤੇ ਅਕੈਡਮਿਕ ਹਾਈਟਸ ਪਬਲਿਕ ਸਕੂਲ ਅਜਨਾਲਾ ਨੇ ਲਗਾਤਾਰ ਤਿੰਨ ਸਾਲ 2023, 2024 ਅਤੇ 2025 ਵਿੱਚ ਮੈਸਟਰੋ ਐਵਾਰਡ ਪ੍ਰਾਪਤ ਕਰਕੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ।ਇਹ ਵੱਡੀ ਉਪਲਬਧੀ ਸਕੂਲ ਦੀ ਮਿਹਨਤੀ ਪ੍ਰਬੰਧਕੀ, ਸਮਰਪਿਤ ਅਧਿਆਪਕ ਵਰਗ ਅਤੇ ਮਾਪਿਆਂ ਦੇ ਭਰੋਸੇ ਦਾ ਨਤੀਜਾ ਹੈ।ਐਵਾਰਡ ਪ੍ਰਾਪਤ ਕਰਨ ਉਪਰੰਤ ਸਕੂਲ ਦੇ ਮੈਨੇਜਰ ਡਾਇਰੈਕਟਰ ਸੰਤੋਸ਼ ਬਜਾਜ ਨੇ ਸਾਰੇ ਮਾਪਿਆਂ ਅਤੇ ਵਿਦਿਆਰਥੀਆਂ ਦਾ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਤੁਹਾਡੇ ਸਹਿਯੋਗ ਅਤੇ ਵਿਸ਼ਵਾਸ ਤੋਂ ਬਿਨਾਂ ਇਹ ਸਫਲਤਾ ਸੰਭਵ ਨਹੀਂ ਸੀ।ਉਨ੍ਹਾਂ ਨੇ ਸਕੂਲ ਦੀ ਪੂਰੀ ਟੀਮ ਅਤੇ ਅਧਿਆਪਕ ਵਰਗ ਦੀ ਭਰਪੂਰ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਸਾਂਝੀ ਮਿਹਨਤ ਨੇ ਹੀ ਇਸ ਉਪਲਬਧੀ ਵਿੱਚ ਮੁੱਖ ਭੂਮਿਕਾ ਨਿਭਾਈ ਹੈ।ਇਸ ਮੌਕੇ ਪ੍ਰਿੰਸੀਪਲ ਮੋਨਿਕਾ ਖੋਖਰ ਅਤੇ ਪ੍ਰਿੰਸੀਪਲ ਅੰਸ਼ ਬਜਾਜ ਨੇ ਵੀ ਸਟਾਫ ਅਤੇ ਮਾਪਿਆਂ ਦਾ ਹਾਰਦਿਕ ਅਭਿਨੰਦਨ ਕੀਤਾ।ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਸਕੂਲ ਅੱਗੇ ਵੀ ਬੱਚਿਆਂ ਦੇ ਚਮਕਦੇ ਭਵਿੱਖ ਲਈ ਵੱਧ ਤੋਂ ਵੱਧ ਗਤੀਵਿਧੀਆਂ, ਖੇਡਾਂ ਅਤੇ ਆਧੁਨਿਕ ਸਿੱਖਿਆ ਦੇ ਮਾਧਿਅਮ ਨਾਲ ਸੇਵਾ ਕਰਦਾ ਰਹੇਗਾ।ਇਸ ਸਮਾਗਮ ਦੌਰਾਨ ਮੌਜੂਦ ਅਧਿਆਪਕਾ ਰਿੰਕੀ, ਰੀਨਾ, ਜੋਬਨ, ਨਵਜੀਤ, ਜਗਰੂਪ, ਪ੍ਰਭਦੀਪ, ਅਮਨਦੀਪ, ਸੁਖਪ੍ਰੀਤ, ਅੰਨਾ ਅਤੇ ਨਵਰਾਜ ਵੀ ਇਸ ਉਪਲਬਧੀ 'ਤੇ ਬਹੁਤ ਖੁਸ਼ ਨਜ਼ਰ ਆਏ।ਸਭ ਨੇ ਮਿਲ ਕੇ ਇਸ ਕਾਮਯਾਬੀ ਨੂੰ ਟੀਮ ਦੀ ਸਾਂਝੀ ਮਿਹਨਤ ਦਾ ਨਤੀਜਾ ਕਰਾਰ ਦਿੱਤਾ।ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਇੱਥੇ ਬੱਚਿਆਂ ਨੂੰ ਮਿਆਰੀ, ਸਸਤੀ ਅਤੇ ਉੱਤਮ ਸਿੱਖਿਆ ਪ੍ਰਦਾਨ ਕੀਤੀ ਜਾਂਦੀ ਹੈ।ਪੜ੍ਹਾਈ ਨੂੰ ਇਸ ਤਰੀਕੇ ਨਾਲ ਕਰਵਾਇਆ ਜਾਂਦਾ ਹੈ ਕਿ ਬੱਚਿਆਂ ਨੂੰ ਨਾ ਕੋਈ ਬੋਝ ਮਹਿਸੂਸ ਹੋਵੇ ਅਤੇ ਨਾ ਹੀ ਔਖਾ ਲੱਗੇ, ਸਗੋਂ ਸਿੱਖਿਆ ਉਨ੍ਹਾਂ ਲਈ ਸੌਖੀ, ਰੁਚਿਕਾਰ ਅਤੇ ਮਨੋਰੰਜਕ ਬਣੇ।ਲਗਾਤਾਰ ਤਿੰਨ ਸਾਲਾਂ ਦੀ ਇਹ ਸ਼ਾਨਦਾਰ ਸਫਲਤਾ ਇਸ ਗੱਲ ਦਾ ਸਬੂਤ ਹੈ ਕਿ ਇਹ ਸੰਸਥਾਵਾਂ ਬੱਚਿਆਂ ਦੇ ਸਰਬਪੱਖੀ ਵਿਕਾਸ ਅਤੇ ਉਜਵਲ ਭਵਿੱਖ ਲਈ ਪੂਰੀ ਤਰ੍ਹਾਂ ਵਚਨਬੱਧ ਹਨ।



# ਕਾਮਰੇਡ ਤੇਜਾ ਸਿੰਘ ਸੁਤੰਤਰ ਦੀ ਸਾਲਾਨਾ ਬਰਸੀ 12 ਨੂੰ

**ਧਾਰੀਵਾਲ, (ਮਨਦੀਪ ਵਿੱਕੀ)**

ਤੇਜਾ ਸਿੰਘ ਸੁਤੰਤਰ ਯਾਦਗਾਰੀ ਕਮੇਟੀ ਦੀ ਮੀਟਿੰਗ ਸਾਥੀ ਗੁਰਨਾਮ ਸਿੰਘ ਅਲੂਣਾ ਦੀ ਪ੍ਰਧਾਨਗੀ ਹੇਠ ਪਿੰਡ ਅਲੂਣਾ ਵਿਖੇ ਹੋਈ। ਮੀਟਿੰਗ ਦੀ ਸ਼ੁਰੂਆਤ ਵਿੱਚ ਹਾਜ਼ਰ ਸਾਥੀਆਂ ਵੱਲੋਂ ਪਿਛਲੇ ਸਮੇਂ ਦੌਰਾਨ ਵਿੱਛੜੇ ਜਨਤਕ ਆਗੂਆਂ ਸਾਥੀ ਸੁਖਦੇਵ ਸਿੰਘ ਭਾਗੋਕਾਵਾਂ, ਕਾਮਰੇਡ ਵਰਿੰਦਰ ਸਿੰਘ ਕੱਤੋਵਾਲ, ਸਤਨਾਮ ਸਿੰਘ ਮੂਲਿਆਂਵਾਲ ਤੇ ਉਸਦੀ ਪਤਨੀ ਪਰਮਜੀਤ ਕੌਰ ਅਤੇ ਵੇਅਰ ਹਾਊਸ ਦੇ ਐੱਮਡੀ ਗਗਨਦੀਪ ਸਿੰਘ ਰੰਧਾਵਾ ਨੂੰ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਦਿੱਤੀ ਗਈ। ਉਪਰੰਤ ਮੀਟਿੰਗ ਦੌਰਾਨ ਉੱਘੇ ਆਜ਼ਾਦੀ ਘੁਲਾਟੀਏ, ਗੁਰਦੁਆਰਾ ਸੁਧਾਰ ਲਹਿਰ ਦੇ ਮੋਢੀ, ਪੈਪਸੂ ਮੁਜ਼ਾਰਾ ਦੇ ਹੀਰੋ ਅਤੇ ਖੱਬੀ ਲਹਿਰ ਉਸਰੱਈਏ ਅਤੇ ਕਿਸਾਨ ਆਗੂ ਤੇਜਾ ਸਿੰਘ ਸੁਤੰਤਰ ਅਤੇ ਕਾਮਰੇਡ ਮੇਦਨ ਸਿੰਘ ਮੇਦਨ ਦੀ 12 ਅਪਰੈਲ 2026 ਨੂੰ ਪਿੰਡ ਅਲੂਣਾ (ਜ਼ਿਲ੍ਹਾ ਗੁਰਦਾਸਪੁਰ) ਵਿੱਚ ਮਨਾਈ ਜਾ ਰਹੀ ਬਰਸੀ ਦੀਆਂ ਤਿਆਰੀਆਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਬਰਸੀ ਮਨਾਉਣ ਲਈ ਸਮਾਗਮ ਦੇ ਸੱਚਾਰੂ ਪ੍ਰਬੰਧਾਂ ਲਈ 15 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ ਅਤੇ ਸਾਥੀ ਜਗਜੀਤ ਸਿੰਘ ਅਲੂਣਾ ਨੂੰ ਕਮੇਟੀ ਦਾ ਕਨਵੀਨਰ ਨਿਯੁਕਤ ਕੀਤਾ ਗਿਆ। ਮੀਟਿੰਗ ਵਿੱਚ ਸ਼ਾਮਲ ਵੱਖ-ਵੱਖ ਰਾਜਨੀਤਕ ਪਾਰਟੀਆਂ ਅਤੇ ਕਿਸਾਨ ਮਜ਼ਦੂਰ ਜਥੇਬੰਦੀਆਂ ਦੇ ਆਗੂਆਂ ਨੇ ਇਸ ਬਰਸੀ ਸਮਾਗਮ ਨੂੰ ਸਫਲ ਕਰਨ ਸਬੰਧੀ ਵਿਚਾਰ ਸਾਂਝੇ ਕੀਤੇ ਅਤੇ ਬਰਸੀ ਸਮਾਗਮ ਨੂੰ ਯਾਦਗਾਰੀ ਬਣਾਉਣ ਲਈ ਪੂਰਨ ਸਹਿਯੋਗ ਦੇਣ ਦਾ ਭਰੋਸ਼ਾ ਦਿੱਤਾ। ਮੀਟਿੰਗ ਵਿੱਚ ਕਾਮਰੇਡ ਗੁਲਜਾਰ ਸਿੰਘ ਬਸੰਤਕੋਟ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਮੀਟਿੰਗ ਵਿੱਚ ਕਾਮਰੇਡ ਅਸ਼ਵਨੀ ਕੁਮਾਰ ਲਖਨ ਕਲਾਂ, ਸਾਥੀ ਹਰਚਰਨ ਔਜਲਾ, ਸੁਖਦੇਵ ਸਿੰਘ ਗੋਸਲ ਰਣਬੀਰ ਸਿੰਘ ਡੁਗਰੀ, ਕਾਮਰੇਡ ਬਲਬੀਰ ਸਿੰਘ ਰੰਧਾਵਾ, ਕਾਮਰੇਡ ਲਖਵਿੰਦਰ ਔਜਲਾ, ਸੁੱਚਾ ਸਿੰਘ ਬਲੱਗਣ ਜਗਜੀਤ ਸਿੰਘ ਅਲੂਣਾ, ਬਲਵੀਰ ਸਿੰਘ ਬਾਜਵਾ, ਕਾਮਰੇਡ ਰਤਨ ਸਿੰਘ ਕਿਲਾ ਨੱਥੂ ਸਿੰਘ, ਜਰਨੈਲ ਸਿੰਘ ਸਪਰਾਕੋਠੀ, ਕੁਲਦੀਪ ਸਿੰਘ, ਗੁਰਮੀਤ ਸਿੰਘ, ਬਲਵਿੰਦਰ ਸਿੰਘ, ਕਸਮੀਰ ਸਿੰਘ, ਗੁਰਪਿੰਦਰ ਸਿੰਘ, ਅਮਨਦੀਪ ਸਿੰਘ ਚੌਹਾਨ, ਮਾ: ਸੁਖਵਿੰਦਰ ਪਾਲ, ਪ੍ਰਭਜੋਤ ਸਿੰਘ, ਕੁਲਜੀਤ ਸਿੰਘ, ਸੁਖਵਿੰਦਰ ਸਿੰਘ ਅੱਲੜਪਿੰਡੀ, ਗੁਰਦੀਪ ਸਿੰਘ, ਅਵਤਾਰ ਸਿੰਘ, ਬਲਵੀਰ ਸਿੰਘ, ਅਰਜਿੰਦਰ ਸਿੰਘ ਕਾਹਲੋਂ ਆਦਿ ਆਗੂਆਂ ਤੋਂ ਇਲਾਵਾ ਵੀ ਹਾਜ਼ਰ ਸਨ।



# ਵਿਕਾਸ ਦੇ ਮੁੱਦੇ 'ਤੇ ਆਮ ਆਦਮੀ ਪਾਰਟੀ ਮੁੜ ਸੱਤਾ 'ਚ ਆਏਗੀ : ਸੁੱਖ ਨਿੱਜਰ



**ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)**

ਪੰਜਾਬ ਦੀ ਆਮ ਆਦਮੀ ਪਾਰਟੀ ਜਦੋਂ ਦੀ ਸੱਤਾ ਵਿੱਚ ਆਈ ਹੈ ਪੰਜਾਬ ਅਤੇ ਅਜਨਾਲਾ ਸ਼ਹਿਰ ਦੀ ਨੁਹਾਰ ਬਦਲ ਗਈ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਅਜਨਾਲਾ ਦੀ ਵਾਰਡ ਨੰਬਰ ਚਾਰ ਦੇ ਇੰਚਾਰਜ ਸੁੱਖ ਨਿੱਜਰ ਨੇ ਕੀਤਾ। ਨਵੀਂ ਬਣ ਰਹੀ ਗਲੀ ਦੇ ਉਦਘਾਟਨ ਮੌਕੇ ਸੁੱਖ ਨਿੱਜਰ ਨੇ ਕਿਹਾ ਕਿ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਅਤੇ ਮੌਜੂਦਾ ਅਜਨਾਲੇ ਦੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਦੀ ਯੋਗ ਅਗਵਾਈ ਹੇਠ ਅਜਨਾਲੇ ਸ਼ਹਿਰ ਦਾ ਉਹ ਵਿਕਾਸ ਹੋਇਆ ਹੈ ਜੋ ਪੁਰਾਣੀਆਂ ਪਾਰਟੀਆਂ ਵੱਲੋਂ ਨਹੀਂ ਕਰਵਾਇਆ ਗਿਆ। ਇਹ ਵਿਕਾਸ ਸਰਦਾਰ ਕੁਲਦੀਪ ਸਿੰਘ ਧਾਲੀਵਾਲ ਦੀ ਯੋਗ ਅਗਵਾਈ ਹੇਠ ਅਤੇ ਅਜਨਾਲਾ ਸ਼ਹਿਰੀ ਦੇ ਪ੍ਰਧਾਨ ਅੰਮ੍ਰਿਤ ਔਲ੍ਹ ਦੀ ਸਰਪਰਸਤੀ ਹੇਠ ਹੋਇਆ ਹੈ।ਉਨ੍ਹਾਂ ਨੇ ਕਿਹਾ ਕਿ 2027 ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਵਿਕਾਸ ਨੂੰ ਮੁੱਖ ਰੱਖਦਿਆਂ ਜਨਤਾ ਕੋਲੋਂ ਵੋਟਾਂ ਦੀ ਮੰਗ ਕਰੇਗੀ ਅਤੇ ਦੁਬਾਰਾ ਸੱਤਾ ਵਿੱਚ ਆਵੇਗੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਅਜਨਾਲਾ ਸ਼ਹਿਰੀ ਆਮ ਆਦਮੀ ਪਾਰਟੀ ਦੇ ਪ੍ਰਧਾਨ ਅਮਿਤ ਔਲ, ਸ਼ਿਵਦੀਪ ਸਿੰਘ ਚਾਹਲ, ਬਾਬਾ ਰਿੰਕੂ, ਗੁਰਦੇਵ ਸਿੰਘ, ਗੁਲਾਬ ਸਿੰਘ, ਕੌਂਸਲਰ ਅਵਿਨਾਸ਼ ਆਦਿ ਹਾਜ਼ਰ ਸਨ।

# ਨਹਿਰ 'ਚੋਂ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲੀ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਦੇਰ ਸ਼ਾਮ ਨੂੰ ਪਿੰਡ ਤਤਲਾ ਨਹਿਰ ਦੇ ਵਿੱਚੋਂ ਇੱਕ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲਣ ਦਾ ਸਮਾਚਾਰ ਮਿਲਿਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਥਾਣਾ ਸੇਖਵਾਂ ਦੇ ਏਐੱਸਆਈ ਸਵਿੰਦਰ ਸਿੰਘ ਨੇ ਮੌਕੇ ਤੇ ਪਹੁੰਚ ਕੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਥਾਨਕ ਲੋਕਾਂ ਨੇ ਪੁਲਸ ਨੂੰ ਸੂਚਿਤ ਕੀਤਾ ਕਿ ਨਹਿਰ ਦੇ ਵਿੱਚ ਇੱਕ ਵਿਅਕਤੀ ਦੀ ਲਾਸ਼ ਤੈਰ ਰਹੀ ਹੈ। ਜਦੋਂ ਉਨ੍ਹਾਂ ਨੇ ਮੌਕੇ 'ਤੇ ਆ ਕੇ ਦੇਖਿਆ ਤਾਂ ਲਾਸ਼ ਬਹੁਤ ਹੀ ਬੁਰੀ ਹਾਲਤ ਵਿੱਚ ਸੀ ਜਿਸ ਨੂੰ ਪਹਿਚਾਨਣਾ ਬਹੁਤ ਹੀ ਮੁਸ਼ਕਿਲ ਸੀ।ਪੁਲਸ ਅਧਿਕਾਰੀ ਨੇ ਅੱਗੇ ਦੱਸਿਆ ਕਿ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਉਨ੍ਹਾਂ ਨੇ ਪਹਿਚਾਣ ਦੇ ਲਈ ਬਟਾਲਾ ਸਿਵਲ ਹਸਪਤਾਲ ਵਿੱਚ 72 ਘੰਟਿਆਂ ਲਈ ਮੋਰਚਰੀ ਵਿੱਚ ਰਖਵਾ ਦਿੱਤਾ। ਉਨ੍ਹਾਂ ਅੱਗੇ ਦੱਸਿਆ ਕਿ ਪਹਿਚਾਣ ਹੋਣ ਤੇ ਪੁਲਸ ਵੱਲੋਂ ਅਗਲੀ ਕਾਰਵਾਈ ਨੂੰ ਅਮਲ ਵਿੱਚ ਲਿਆਂਦਾ ਜਾਵੇਗਾ।

# ਜੀਵਨ ਭਰ ਗਾਰੰਟੀਸ਼ੁਦਾ ਆਮਦਨ ਦੀ ਪੇਸ਼ਕਸ਼

**ਅੰਮ੍ਰਿਤਸਰ:**ਆਈਸੀਆਈਸੀਆਈ ਪਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਨੇ ਆਈਸੀਆਈਸੀਆਈ ਗਾਰੰਟੀਸ਼ੁਦਾ ਪੈਨਸ਼ਨ ਪਲਾਨ ਫਲੈਕਸੀ ਪੇਸ਼ ਕੀਤਾ ਹੈ, ਜਿਸਦਾ ਉਦੇਸ਼ ਵਿਅਕਤੀਆਂ ਨੂੰ ਯਕੀਨੀ ਜੀਵਨ ਭਰ ਆਮਦਨ ਦੇ ਨਾਲ ਚਿੰਤਾ-ਮੁਕਤ ਰਿਟਾਇਰਮੈਂਟ ਦੀ ਯੋਜਨਾ ਬਣਾਉਣ ਵਿੱਚ ਮਦਦ ਕਰਨਾ ਹੈ।ਭਾਰਤ ਵਿੱਚ ਜੀਵਨ ਦੀ ਸੰਭਾਵਨਾ ਵਧਣ ਦੇ ਨਾਲ-1990 ਵਿੱਚ 58.6 ਸਾਲ ਤੋਂ 2023 ਵਿੱਚ 72 ਸਾਲ ਤੱਕ, ਸੰਯੁਕਤ ਰਾਸ਼ਟਰ ਵਿਕਾਸ ਪ੍ਰੋਗਰਾਮ ਦੇ ਅਨੁਸਾਰ ਅਤੇ ਅਨੁਮਾਨਾਂ ਤੋਂ ਪਤਾ ਲੱਗਦਾ ਹੈ ਕਿ ਸੱਤ ਵਿੱਚੋਂ ਇੱਕ ਭਾਰਤੀ 2036 ਤੱਕ 60 ਸਾਲ ਤੋਂ ਵੱਧ ਹੋ ਜਾਵੇਗਾ ਤਾਂ ਮਜ਼ਬੂਤ ਰਿਟਾਇਰਮੈਂਟ ਯੋਜਨਾਬੰਦੀ ਦੀ ਜ਼ਰੂਰਤ ਬਹੁਤ ਮਹੱਤਵਪੂਰਨ ਹੋ ਗਈ ਹੈ।ਯੋਜਨਾ 'ਤੇ ਟਿੱਪਣੀ ਕਰਦੇ ਹੋਏ ਆਈਸੀਆਈਸੀਆਈ ਪਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਦੇ ਮੁੱਖ ਉਤਪਾਦ ਅਧਿਕਾਰੀ ਵਿਕਾਸ ਗੁਪਤਾ ਨੇ ਕਿਹਾ ਕਿ ਉਤਪਾਦ ਨੂੰ ਇੱਕ ਸਧਾਰਨ ਅਤੇ ਲਚਕਦਾਰ ਢਾਂਚੇ ਦੁਆਰਾ ਗਾਰੰਟੀਸ਼ੁਦਾ ਜੀਵਨ ਭਰ ਆਮਦਨ ਪ੍ਰਦਾਨ ਕਰਨ ਲਈ ਤਿਆਰ ਕੀਤਾ ਗਿਆ ਹੈ।

# ਐੱਚਡੀਐੱਫਸੀ ਬੈਂਕ ਨੂੰ ਯੂਰੋਮਨੀ ਪ੍ਰਾਈਵੇਟ ਬੈਂਕਿੰਗ ਐਵਾਰਡ-2026 'ਚ ਮਾਨਤਾ ਮਿਲੀ

**ਜਲੰਧਰ**-ਐੱਚਡੀਐੱਫਸੀ ਬੈਂਕ ਨੂੰ ਯੂਰੋਮਨੀ ਮੈਗਜ਼ੀਨ ਦੁਆਰਾ ਆਯੋਜਿਤ ਯੂਰੋਮਨੀ ਪ੍ਰਾਈਵੇਟ ਬੈਂਕਿੰਗ ਅਵਾਰਡ 2026 ਵਿੱਚ ਭਾਰਤ ਦਾ ਸਭ ਤੋਂ ਸੁਰੱਖਿਅਤ ਪ੍ਰਾਈਵੇਟ ਬੈਂਕ ਅਤੇ ਭਾਰਤ ਦਾ ਸਭ ਤੋਂ ਵਧੀਆ ਪ੍ਰੀਮੀਅਰ ਬੈਂਕਿੰਗ ਵਜੋਂ ਮਾਨਤਾ ਦਿੱਤੀ ਗਈ।ਆਪਣੀ ਵੈੱਬਸਾਈਟ ਤੇ, ਯੂਰੋਮਨੀ ਨੇ ਲਿਖਿਆ ਕਿ ਸਭ ਤੋਂ ਸੁਰੱਖਿਅਤ ਪ੍ਰਾਈਵੇਟ ਬੈਂਕ ਐੱਚਡੀਐੱਫਸੀ ਬੈਂਕ ਹੈ। ਸਿੰਘ ਨੇ ਕਿਹਾ ਕਿ ਅਸੀਂ ਭਾਰਤ ਦਾ ਸਭ ਤੋਂ ਸੁਰੱਖਿਅਤ ਪ੍ਰਾਈਵੇਟ ਬੈਂਕ ਅਤੇ ਪ੍ਰੀਮੀਅਰ ਬੈਂਕਿੰਗ ਲਈ ਭਾਰਤ ਦਾ ਸਭ ਤੋਂ ਵਧੀਆ ਬੈਂਕ ਵਜੋਂ ਮਾਨਤਾ ਪ੍ਰਾਪਤ ਕਰਕੇ ਖੁਸ਼ ਹਾਂ।

# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ 'ਚ ਨਵਾਂ ਵਿੱਦਿਅਕ ਸੈਸ਼ਨ ਆਰੰਭ



**ਝਬਾਲ (ਹਰਜਿੰਦਰ ਸਿੰਘ ਸੋਨੀ)**

ਚੀਫ਼ ਖਾਲਸਾ ਦੀਵਾਨ ਦੇ ਪ੍ਰਧਾਨ ਇੰਦਰਬੀਰ ਸਿੰਘ ਨਿੱਜਰ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਝਬਾਲ ਵਿਖੇ 1 ਅਪ੍ਰੈਲ ਨੂੰ ਨਵੇਂ ਸ਼ੈਸ਼ਨ ਦੀ ਅਰੰਭਤਾ ਗੁਰੂ ਸਾਹਿਬ ਦਾ ਓਟ ਆਸਰਾ ਲੈਂਦਿਆਂ ਹੋਇਆਂ ਕੀਤੀ ਗਈ।ਸਕੂਲ ਦੇ ਸਮੂਹ ਸਟਾਫ਼ ਵੱਲੋਂ ਸੰਗਤੀ ਰੂਪ ਵਿੱਚ ਜਪੁਜੀ ਸਾਹਿਬ, ਚੌਪਈ ਸਾਹਿਬ ਦਾ ਪਾਠ ਅਤੇ ਸ਼ਬਦ ਕੀਰਤਨ ਕੀਤਾ ਗਿਆ, ਅਨੰਦ ਸਾਹਿਬ ਦੀਆਂ ਪੰਜ ਪੌੜੀਆਂ ਦਾ ਪਾਠ ਕਰਨ ਉਪਰੰਤ ਸਕੂਲ ਦੀ ਚੜ੍ਹਦੀ ਕਲਾ ਅਤੇ ਬੱਚਿਆਂ ਦੇ ਸਿਰ ਤੇ ਮਿਹਰ ਭਰਿਆ ਹੱਥ ਰੱਖਣ, ਉਚੀਆਂ ਪਲਾਂਘਾਂ ਪੁੱਟਣ ਅਤੇ ਉਨ੍ਹਾਂ ਨੂੰ ਬਲ ਬੁੱਧੀ ਬਖਸ਼ਣ ਲਈ ਅਰਦਾਸ ਕੀਤੀ ਗਈ।ਇਸ ਸਮੇਂ ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ ਝਬਾਲ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ ਅਤੇ ਸਕੂਲ ਦੇ ਪ੍ਰਿੰਸੀਪਲ ਅਨੁਰੀਤ ਬਾਵਾ ਵੱਲੋਂ ਬੱਚਿਆਂ ਨੂੰ ਨਵੇਂ ਸੈਸ਼ਨ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ ਗਈਆਂ ਅਤੇ ਉੱਚੀਆਂ ਪੁਲਾਂਘਾਂ ਪੁੱਟ ਕੇ ਮਾਪਿਆਂ ਅਤੇ ਸਕੂਲ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ।ਇਸ ਸਮੇਂ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਸੀ।

# ਰਵਾਇਤੀ ਫ਼ਸਲਾਂ ਨੂੰ ਛੱਡ ਕੇ ਕਿਸਾਨ ਅੱਜਕਲ ਸਹਾਇਕ ਧੰਦਿਆਂ ਨੂੰ ਦੇ ਰਹੇ ਹਨ ਤਰਜੀਹ : ਕਿਸਾਨ ਪ੍ਰੀਤਮ ਸਿੰਘ

**ਗੁਰਦਾਸਪੁਰ, (ਜਨਕ ਮਹਾਜਨ)**

ਪੰਜਾਬ ਅੰਦਰ ਕਿਸਾਨ ਰਿਵਾਇਤੀ ਫਸਲਾਂ ਨੂੰ ਘਟਾ ਕੇ ਸਹਾਇਕ ਧੰਦੇ ਅਪਣਾ ਰਹੇ ਹਨ ਜਿਵੇਂ ਕਿ ਮੱਛੀ ਪਾਲਣਾ, ਸੂਰ ਪਾਨਲਾ, ਡੇਅਰੀ ਫਾਰਮ, ਪੋਲਟਰੀ ਫਾਰਮ, ਸ਼ਹਿਰ ਦੀ ਮੱਖੀ ਪਾਲਣ ਅਤੇ ਪੌਦੇ ਲਗਾਉਣ 'ਤੇ ਜ਼ੋਰ ਦੇ ਰਹੇ ਹਨ ਜਿਸ ਵਿੱਚ ਪਾਪੂਲਰ, ਸਫੈਦਾ ਅਤੇ ਫਲਾਂ ਦੇ ਬਾਗ ਸ਼ਾਮਿਲ ਹਨ। ਇਸ ਸੰਬੰਧੀ ਕਿਸਾਨ ਪ੍ਰੀਤਮ ਸਿੰਘ ਵਾਸੀ ਚਾਵਾ, ਕਿਸਾਨ ਨਸੀਬ ਸਿੰਘ, ਸ਼ੇਰ ਸਿੰਘ, ਸੋਹਣ ਸਿੰਘ ਨੇ ਦੱਸਿਆ ਕਿ ਛੰਭ ਕਾਹਨੂੰਵਾਨ ਦੀ ਧਰਤੀ 'ਤੇ ਸੇਮ ਸਮੱਸਿਆ ਜ਼ਿਆਦਾ ਹੋਣ ਕਰਕੇ ਹਰ ਸਾਲ ਫਸਲ ਬੇਮੌਸਮੀ ਬਰਸਾਤ ਤੇ ਮੀਂਹ ਨਾਲ ਖਰਾਬ ਹੋ ਜਾਂਦੀ ਹੈ ਅਤੇ ਕਿਸਾਨਾਂ ਦਾ ਕਾਫੀ ਨੁਕਸਾਨ ਹੁੰਦਾ ਹੈ। ਉਨ੍ਹਾਂ ਕਿਹਾ ਸਰਕਾਰ ਵੱਲੋਂ ਵੀ ਉਨ੍ਹਾਂ ਨੂੰ ਖ਼ਰਾਬ ਹੋਈਆਂ ਫ਼ਸਲਾਂ ਦਾ ਮੁਆਵਜ਼ਾ ਨਾ ਮਿਲਣ ਕਰਕੇ ਉਹ ਆਰਥਿਕ ਤੌਰ 'ਤੇ ਕਮਜ਼ੋਰ ਹੋ ਜਾਂਦੇ ਹਨ ਜਿਸ ਕਰਕੇ ਹੁਣ ਬਹੁਤ ਸਾਰੇ ਕਿਸਾਨ ਰਵਾਇਤੀ ਫਸਲਾਂ ਨੂੰ ਅਲਵਿਦਾ ਕਹਿ ਕੇ ਜੰਗੀ ਪੱਧਰ 'ਤੇ ਪੌਦੇ ਅਤੇ ਹੋਰ ਸਹਾਇਕ ਧੰਦੇ ਅਪਣਾ ਰਹੇ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪੌਦੇ ਲਗਵਾਉਣ ਅਤੇ ਸਹਾਇਕ ਧੰਦਿਆਂ ਲਈ ਅਨੇਕਾਂ ਸਕੀਮਾਂ ਜਿਵੇਂ ਲੱਖਾਂ ਰੁਪਏ ਦਾ ਕਰਜ਼ਾ ਅਤੇ ਸਬਸਿਡੀ ਮਿਲਦੀ ਹੈ। ਉਨ੍ਹਾਂ ਕਿਹਾ ਕਿ ਇਕ ਪਾਸੇ ਪੜ੍ਹੇ ਲਿਖੇ ਨੌਜਵਾਨ ਮੱਛੀ ਪਾਲਣ, ਬੱਕਰੀ ਪਾਲਣ ਅਤੇ ਪੋਲਟਰੀ ਫਾਰਮ ਅਪਣਾ ਰਹੇ ਹਨ। ਇਨ੍ਹਾਂ ਸਹਾਇਕ ਧੰਦਿਆਂ ਦੇ ਅਪਣਾਉਣ ਨਾਲ ਕਿਸਾਨਾਂ ਨੂੰ ਰਿਵਾਇਤੀ ਫਸਲਾਂ ਨਾਲੋਂ ਵਧੇਰੇ ਲਾਭ ਮਿਲਦਾ ਹੈ ਅਤੇ ਕਿਸਾਨ ਖੁਸ਼ਹਾਲੀ ਵੱਲ ਵਧ ਰਹੇ ਹਨ।

ਕੁਝ ਕਿਸਾਨਾਂ ਨੇ ਦੱਸਿਆ ਕਿ ਪਾਪੂਲਰ ਅਤੇ ਸਫ਼ੈਦੇ ਆਦਿ ਦੇ ਬੂਟੇ 5 ਤੋਂ 7 ਸਾਲਾਂ ਵਿਚ ਤਿਆਰ ਹੋ ਜਾਂਦੇ ਹਨ ਜਿਸ ਨਾਲ ਇਨ੍ਹਾਂ ਦੀ ਔਸਤਨ ਆਮਦਨ ਪ੍ਰਤੀ ਏਕੜ ਰਿਵਾਇਤੀ ਫ਼ਸਲਾਂ ਨਾਲੋਂ ਜ਼ਿਆਦਾ ਨਿਕਲਦੀ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਪਾਪੂਲਰ ਅਤੇ ਸਫ਼ੈਦੇ ਆਦਿ ਦੇ ਬੂਟੇ ਲਗਾਉਣ ਦੇ ਨਾਲ ਇਨ੍ਹਾਂ ਖੇਤਾਂ ਵਿਚ ਕਮਾਦ, ਸਰ੍ਹੋਂ ਤੇ ਹੋਰ ਵੀ ਫ਼ਸਲ ਲਗਾਈ ਜਾਂਦੀ ਹੈ ਜਿਸ ਨਾਲ ਦੋਹਰੀ ਕਮਾਈ ਹੁੰਦੀ ਹੈ।

# ਪਲਾਸਟਿਕ ਦੇ ਲਿਫਾਫਿਆਂ ਦੀ ਵਿਕਰੀ ਜ਼ੋਰਾਂ 'ਤੇ, ਸਬੰਧਿਤ ਮਹਿਕਮਾ ਸੁੱਤਾ ਕੁੰਭਕਰਨੀ ਨੀਂਦ

**ਗੁਰਦਾਸਪੁਰ, (ਜਨਕ ਮਹਾਜਨ)**

ਮਾਨਯੋਗ ਸੁਪਰੀਮ ਕੋਰਟ ਵੱਲੋਂ ਪਲਾਸਟਿਕ ਲਿਫਾਫਿਆਂ ਉਪਰ ਲਗਾਈ ਗਈ ਪਾਬੰਦੀ ਦੇ ਬਾਵਜੂਦ ਵੀ ਸ਼ਹਿਰ ਅਤੇ ਦਿਹਾਤੀ ਖੇਤਰ ਦੀਆਂ ਦੁਕਾਨਾਂ ਅੰਦਰ ਇਨ੍ਹਾਂ ਪਲਾਸਟਿਕ ਲਿਫਾਫਿਆਂ ਦੀ ਵਿਕਰੀ ਜ਼ੋਰਾਂ ਸ਼ੋਰਾਂ ਨਾਲ ਚੱਲ ਰਹੀ ਹੈ। ਇਨ੍ਹਾਂ ਪਲਾਸਟਿਕ ਦੇ ਲਿਫਾਫਿਆਂ ਦੀ ਵਰਤੋਂ ਨੂੰ ਰੋਕਣ ਵਾਸਤੇ ਸੰਬਧਿਤ ਵਿਭਾਗ ਵਲੋਂ ਕੁਝ ਦਿਨ ਰੌਲਾ ਰੱਪਾ ਕੇ ਪਾ ਕੇ ਖ਼ਾਨਾਪੂਰਤੀ ਕਰ ਦਿੱਤੀ ਜਾਂਦੀ ਹੈ ਪਰ ਫ਼ਿਰ ਪਰਨਾਲਾ ਉਥੇ ਦਾ ਉਥੇ ਹੀ ਰਹਿ ਜਾਂਦਾ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਕੁਝ ਵਾਤਾਵਰਣ ਪ੍ਰੇਮੀਆਂ ਨੇ ਆਪਣਾ ਨਾਂਅ ਗੁਪਤ ਰੱਖਣ ਦੀ ਸ਼ਰਤ ਵਿਚ ਦੱਸਿਆ ਕਿ ਵਾਤਾਵਰਣ ਨੂੰ ਪ੍ਰਦੂਸ਼ਿਤ ਕਰਨ ਵਿਚ ਪਲਾਸਟਿਕ ਦੇ ਲਿਫਾਫਿਆਂ ਦਾ ਇਕ ਅਹਿਮ ਰੋਲ ਹੈ। ਉਨ੍ਹਾਂ ਕਿਹਾ ਪਲਾਸਟਿਕ ਦਾ ਲਿਫਾਫਾ ਇਕ ਨਾਗਲਣ ਯੋਗ ਵਸਤੂ ਹੈ ਜੋ ਕਾਫ਼ੀ ਸਮਾਂ ਮਿੱਟੀ ਵਿਚ ਦੱਬੇ ਰਹਿਣ ਦੇ ਬਾਵਜੂਦ ਵੀ ਗਲਦਾ ਨਹੀਂ। ਉਨ੍ਹਾਂ ਇਨ੍ਹਾਂ ਲਿਫਾਫਿਆਂ ਕਾਰਨ ਇਕ ਖ਼ਾਸ ਸਮੱਸਿਆ ਸ਼ਹਿਰ ਅੰਦਰ ਉਸ ਸਮੇਂ ਪੈਦਾ ਹੁੰਦੀ ਹੈ ਜਦੋਂ ਪਲਾਸਟਿਕ ਦੇ ਲਿਫਾਫੇ ਅਕਸਰ ਨਾਲੇ ਅਤੇ ਸੀਵਰੇਜਾਂ ਅੰਦਰ ਫਸ ਜਾਂਦੇ ਹਨ ਤਾਂ ਬਰਸਾਤਾਂ ਦੇ ਦਿਨਾਂ ਵਿਚ ਪਾਣੀ ਦਾ ਨਿਕਾਸ ਸਹੀ ਢੰਗ ਨਾਲ ਨਹੀਂ ਹੁੰਦਾ ਅਤੇ ਪਾਣੀ ਓਵਰਫਲੋ ਹੋ ਕੇ ਸੜਕਾਂ ਉਪਰ ਆ ਜਾਂਦਾ ਹੈ। ਉਨ੍ਹਾਂ ਕਿਹਾ ਸ਼ਹਿਰ ਅੰਦਰ ਤੇ ਦਿਹਾਤੀ ਖੇਤਰ ਵਿਚ ਇਨ੍ਹਾਂ ਪਲਾਸਟਿਕ ਦੇ ਲਿਫਾਫਿਆਂ ਦੀ ਵਿਕਰੀ ਆਮ ਹੀ ਦੇਖੀ ਜਾਂਦੀ ਹੈ। ਉਨ੍ਹਾਂ ਕਿਹਾ ਦੁਕਾਨਦਾਰਾਂ ਅਤੇ ਸਬਜ਼ੀ, ਫਲ ਦੀਆਂ ਰੇਹੜੀਆਂ ਵਾਲਿਆ ਵੱਲੋਂ ਇਨ੍ਹਾਂ ਪਲਾਸਟਿਕ ਦੇ ਲਿਫਾਫਿਆਂ ਵਿਚ ਸ਼ਰੇਆਮ ਗਾਹਕਾਂ ਨੂੰ ਸਮਾਨ ਪਾ ਕੇ ਦਿੱਤਾ ਜਾਂਦਾ ਹੈ, ਜਿਨ੍ਹਾਂ ਨੂੰ ਰੋਕਣ ਵਾਲਾ ਕੋਈ ਨਹੀਂ। ਉਨ੍ਹਾਂ ਕਿਹਾ ਪਹਿਲਾਂ ਹੀ ਧਰਤੀ ਉਪਰ ਲਗਾਤਾਰ ਵਧ ਰਹੇ ਪ੍ਰਦੂਸ਼ਣ ਕਾਰਨ ਕਈ ਬਿਮਾਰੀਆਂ ਜਨਮ ਲੈ ਰਹੀਆਂ ਹਨ ਅਤੇ ਜੇਕਰ ਸਰਕਾਰਾਂ ਵੱਲੋਂ ਸਮਾਂ ਰਹਿੰਦੀਆਂ ਵਾਤਾਵਰਣ ਨੂੰ ਪ੍ਰਦੂਸ਼ਿਤ ਹੋਣ ਤੋਂ ਨਾ ਰੋਕਿਆ ਗਿਆ ਤਾਂ ਆਉਣ ਵਾਲੇ ਸਮੇਂ ਵਿਚ ਵਾਤਾਵਰਣ ਪ੍ਰਦੂਸ਼ਣ ਹੋਰ ਵੀ ਵਧਦਾ ਜਾਵੇਗਾ। ਉਨ੍ਹਾਂ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਸਬੰਧਿਤ ਵਿਭਾਗ ਨੂੰ ਹਦਾਇਤਾਂ ਜਾਰੀ ਕਰਕੇ ਪਲਾਸਟਿਕ ਦੇ ਲਿਫਾਫਿਆਂ ਦੀ ਵਰਤੋਂ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ ਤਾਂ ਵਾਤਾਵਰਣ ਪ੍ਰਦੂਸ਼ਣ ਹੋਣ ਤੋਂ ਬਚ ਸਕੇ।

# ਪੰਜਾਬ ਸਰਕਾਰ ਨੇ ਚਾਰ ਸਾਲਾਂ 'ਚ ਹਰ ਵਰਗ ਦੀ ਭਲਾਈ ਲਈ ਕੀਤੇ ਰਿਕਾਰਡ ਵਿਕਾਸ ਕਾਰਜ : ਸ਼ੈਰੀ ਕਲਸੀ

**ਬਟਾਲਾ, (ਡਾ. ਮਲਵਿੰਦਰ ਸਿੰਘ)**

ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਿਛਲੇ ਚਾਰ ਸਾਲਾਂ ਦੌਰਾਨ ਸੂਬੇ ਦੇ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕੀਤਾ ਹੈ, ਮਾਨ ਸਰਕਾਰ ਲੋਕ ਦੀਆਂ ਉਮੀਦਾਂ ਤੇ ਖਰਾ ਉਤਰੀ ਹੈ।ਵਿਧਾਇਕ ਸ਼ੈਰੀ ਕਲਸੀ ਵੱਲੋਂ ਪਿੰਡ ਦੋਲਾ ਨੰਗਲ ਵਿਖੇ ਸਰਕਾਰ ਦੇ ਸ਼ਾਨਦਾਰ 4 ਸਾਲ: 'ਭਗਵੰਤ ਸਿੰਘ ਮਾਨ ਦੇ ਨਾਲ' ਸਬੰਧਤ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਪਿੰਡ ਵਾਸੀਆਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।ਉਨ੍ਹਾਂ ਦੱਸਿਆ ਕਿ ਆਮ ਆਦਮੀ ਪਾਰਟੀ ਵੱਲੋਂ ਔਰਤਾਂ ਨੂੰ 1,000 ਰੁਪਏ ਦੇਣ ਦਾ ਕੀਤਾ ਗਿਆ ਵਾਅਦਾ ਮੌਜੂਦਾ ਬਜਟ ਵਿੱਚ ਪੂਰਾ ਹੋ ਗਿਆ ਹੈ। ਉਨ੍ਹਾਂ ਦੱਸਿਆ ਕਿ ਅਪ੍ਰੈਲ ਤੋਂ, ਅਨੁਸੂਚਿਤ ਜਾਤੀਆਂ ਦੀਆਂ ਔਰਤਾਂ ਲਈ 1,500 ਰੁਪਏ ਅਤੇ ਜਨਰਲ ਸ਼੍ਰੇਣੀ ਦੀਆਂ ਔਰਤਾਂ ਲਈ 1,000 ਰੁਪਏ ਦੀ ਵਾਧੂ ਪੈਨਸ਼ਨ ਪ੍ਰਦਾਨ ਕਰਨ ਲਈ ਰਜਿਸਟ੍ਰੇਸ਼ਨ ਪ੍ਰਕਿਰਿਆ ਸ਼ੁਰੂ ਹੋ ਜਾਵੇਗੀ ਅਤੇ ਇਹ ਰਕਮਾਂ ਜਲਦੀ ਹੀ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਸਿੱਧੀਆਂ ਜਮ੍ਹਾਂ ਹੋ ਜਾਣਗੀਆਂ। ਉਨ੍ਹਾਂ ਦੱਸਿਆ ਕਿ ਪਹਿਲਾਂ ਹੀ ਔਰਤਾਂ ਨੂੰ ਮੁਫ਼ਤ ਬੱਸ ਸਹੂਲਤ ਮੁਹੱਈਆ ਕਰਵਾਈ ਗਈ ਹੈ।ਪੰਜਾਬ ਦੇ 90 ਫੀਸਦ ਘਰਾਂ ਦੇ ਬਿਜਲੀ ਦੇ ਬਿੱਲ ਜ਼ੀਰੋ ਆ ਰਹੇ ਹਨ।ਕਿਸਾਨਾਂ ਦੇ ਟਿਊਬਵੈੱਲਾਂ ਲਈ ਦਿਨ ਵੇਲੇ ਬਿਜਲੀ ਸਪਲਾਈ ਯਕੀਨੀ ਬਣਾਈ ਗਈ ਹੈ।ਉਨ੍ਹਾਂ ਦੱਸਿਆ ਕਿ ਬਿਮਾਰੀ ਦੇ ਸਮੇਂ ਪੰਜਾਬ ਦੇ ਲੋਕਾਂ ਲਈ ਡਾਕਟਰੀ ਇਲਾਜ ਦੇ ਖਰਚਿਆਂ ਨੂੰ ਪੂਰਾ ਕਰਨ ਲਈ 10 ਲੱਖ ਰੁਪਏ ਦੀ ਮੁਫ਼ਤ ਸਿਹਤ ਬੀਮਾ ਯੋਜਨਾ ਵੀ ਲਾਗੂ ਕੀਤੀ ਗਈ ਹੈ, ਜਿਸਦਾ ਲਾਭ ਨਾਗਰਿਕ ਪ੍ਰਾਪਤ ਕਰ ਰਹੇ ਹਨ।985 ਆਮ ਆਦਮੀ ਕਲੀਨਿਕਾਂ ਰਾਹੀਂ ਮੁਫ਼ਤ ਇਲਾਜ, ਦਵਾਈਆਂ ਅਤੇ ਜਾਂਚ ਟੈਸਟ ਮੁਫ਼ਤ ਮੁਹੱਈਆ ਕਰਵਾਏ ਜਾ ਰਹੇ ਹਨ।ਸਰਕਾਰੀ ਸਕੂਲਾਂ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਗਈ ਹੈ।2000 ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੇ ਨੀਟ ਅਤੇ ਜੇ.ਈ.ਈ ਪਰੀਖਿਆ ਪਾਸ ਕੀਤੀ ਹੈ।ਅਧਿਆਪਕਾਂ ਨੂੰ ਫਿਨਲੈਂਡ ਤੇ ਸਿੰਗਾਪੁਰ ਵਿਖੇ ਵਿਸ਼ਵ ਪੱਧਰੀ ਸਿਖਲਾਈ ਲਈ ਲਗਾਤਾਰ ਭੇਜਿਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ 9000 ਤੋਂ ਜ਼ਿਆਦਾ ਆਧੁਨਿਕ ਪੇਂਡੂ ਖੇਡ ਸਟੇਡੀਅਮ ਬਣਾਏ ਜਾ ਰਹੇ ਹਨ। 40,000 ਕਿਲੋਮੀਟਰ ਪੇਂਡੂ ਲਿੰਕ ਸੜਕਾਂ ਦਾ ਮੁੜ ਨਿਰਮਾਣ ਕਰਵਾਇਆ ਗਿਆ ਹੈ।ਚਾਰ ਸਾਲਾਂ ਵਿੱਚ ਪੰਜਾਬ ਵਿੱਚ ਰਿਕਾਰਡ 1.55 ਲੱਖ ਕਰੋੜ ਰੁਪਏ ਦਾ ਨਿਵੇਸ਼ ਹੋਇਆ ਹੈ। 65000 ਤੋਂ ਜ਼ਿਆਦਾ ਸਰਕਾਰੀ ਨੌਕਰੀਆਂ ਮੁਹੱਈਆ ਕਰਵਾਈਆਂ ਗਈਆਂ ਹਨ ਅਤੇ 5.5 ਲੱਖ ਪ੍ਰਾਈਵੇਟ ਨੌਕਰੀਆਂ ਮੁਹੱਈਆ ਕਰਵਾਈਆਂ ਗਈਆਂ ਹਨ।ਭਾਰਤ ਦੀ ਪਹਿਲੀ ਸੜਕ ਸੁਰੱਖਿਆ ਫੋਰਸ ਦਾ ਗਠਨ ਪੰਜਾਬ ਵਿੱਚ ਕੀਤਾ ਗਿਆ ਹੈ, ਜਿਸ ਨਾਲ 50.12 ਫੀਸਦ ਮੌਤ ਦੀ ਦਰ ਘਟੀ ਹੈ।ਪਹਿਲੀ ਵਾਰ ਸ਼ਹੀਦ ਸੈਨਿਕਾਂ ਦੇ ਪਰਿਵਾਰਾਂ ਲਈ 1 ਕਰੋੜ ਰੁਪਏ ਦੀ ਰਾਸ਼ੀ ਮੁਹੱਈਆ ਕਰਵਾਈ ਗਈ ਹੈ।50 ਸਾਲ ਤੋਂ ਵੱਧ ਉਮਰ ਦੇ ਸਾਰੇ ਨਾਗਰਿਕਾਂ ਲਈ ਮੁਫ਼ਤ ਤੀਰਥ ਯਾਤਰਾ ਸ਼ੁਰੂ ਕੀਤੀ ਗਈ ਹੈ।92000 ਨਸ਼ਾ ਤਸਕਰ ਗਿਰਫਤਾਰ ਕੀਤੇ ਗਏ ਹਨ ਅਤੇ 14,700 ਗੈਂਗਸਟਰ ਗ੍ਰਿਫ਼ਤਾਰ ਕੀਤੇ ਗਏ ਹਨ।



# 'ਯਾਦਾਂ ਦੀਆਂ ਉੱਡਣ ਤਸ਼ਤਰੀਆਂ' ਲੋਕ ਅਰਪਣ

**ਬਿਆਸ (ਪਰਮਜੀਤ ਸਿੰਘ ਰੱਖੜਾ)**

ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਇਕ ਸਾਹਿਤਕ ਸਮਾਗਮ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸਕੂਲ, ਛੂੰਗ ਵਿਖੇ ਕਰਵਾਇਆ ਗਿਆ। ਸਮਾਗਮ ਵਿੱਚ ਮੁੱਖ ਮਹਿਮਾਨ ਡਾ. ਆਸਾ ਸਿੰਘ ਘੁੰਮਣ, ਜਦਕਿ ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਦੀਪ ਦਵਿੰਦਰ ਸਿੰਘ, ਗੁਰਮੀਤ ਸਿੰਘ ਬਾਜਵਾ, ਮਨਜੀਤ ਸਿੰਘ ਵੱਸੀ, ਡਾ. ਰਾਮ ਲਾਲ ਭਗਤ, ਡਾ. ਗਿਆਨ ਸਿੰਘ ਘਈ, ਸ਼ਾਇਰਾ ਕੁਲਵਿੰਦਰ ਕੰਵਲ, ਕੁਲਵਿੰਦਰ ਸਿੰਘ ਗਾਖਲ, ਪ੍ਰਿੰਸੀਪਲ ਰਘਬੀਰ ਸਿੰਘ ਸੋਹਲ, ਪ੍ਰਿੰ. ਤੇਜਬੀਰ ਸਿੰਘ ਸੋਹਲ, ਪ੍ਰਿੰ. ਜਸਪ੍ਰੀਤ ਕੌਰ, ਅਸ਼ੋਕ ਸ਼ਰਮਾ ਜਲੰਧਰ, ਵਜ਼ੀਰ ਸਿੰਘ ਰੰਧਾਵਾ ਤੇ ਮਨਦੀਪ ਕੌਰ ਸੁਸ਼ੋਭਿਤ ਹੋਏ। ਇਸ ਮੌਕੇ ਸਭਾ ਦੇ ਸਰਪ੍ਰਸਤ ਪ੍ਰਿੰ. ਰਘਬੀਰ ਸਿੰਘ ਸੋਹਲ ਦਾ ਕਹਾਣੀ ਸੰਗ੍ਰਹਿ 'ਯਾਦਾਂ ਦੀਆਂ ਉਡਣ ਤਸ਼ਤਰੀਆਂ' ਸਮੁੱਚੇ ਪ੍ਰਧਾਨਗੀ ਮੰਡਲ ਨੇ ਲੋਕ ਅਰਪਿਤ ਕੀਤਾ। ਕਵੀ ਦਰਬਾਰ ਵਿੱਚ ਪੰਜਾਬੀ ਸਾਹਿਤ ਸਭਾ ਮਹਿਲਾ ਵਿੰਗ ਦੀ ਪ੍ਰਧਾਨ ਸੁਖਵੰਤ ਕੌਰ ਵੱਸੀ, ਰਾਜਵਿੰਦਰ ਕੌਰ ਰਾਜ, ਜੈਸਮੀਨ ਮਾਹੀ, ਹਰਪ੍ਰੀਤ ਕੌਰ, ਮੱਖਣ ਸਿੰਘ ਭੈਣੀ ਵਾਲਾ, ਜਗਨ ਨਾਥ ਨਿਮਾਣਾ, ਲਾਲੀ ਕਰਤਾਰਪੁਰੀ, ਰਮੇਸ਼ ਜਾਨੂੰ, ਅਵਤਾਰ ਸਿੰਘ ਗੋਇੰਦਵਾਲ, ਗੁਲਜ਼ਾਰ ਸਿੰਘ ਖੈੜਾ, ਮੁਖਤਾਰ ਸਿੰਘ ਗਿੱਲ, ਜਤਿਨਦੀਪ ਸਿੰਘ, ਸੁਖਦੇਵ ਸਿੰਘ ਗੰਡਵਾਂ, ਮੁਖਤਿਆਰ ਸਿੰਘ ਸ਼ਿਵਾਨ, ਅਵਤਾਰ ਸਿੰਘ ਬੈਂਸ, ਜਗਦੀਸ਼ ਸਿੰਘ ਬਮਰਾਹ, ਬਲਵਿੰਦਰ ਸਿੰਘ ਅਠੌਲਾ, ਅਜੀਤ ਸਠਿਆਲਵੀ, ਸੁਖਦੇਵ ਸਿੰਘ ਢਿੱਲੋਂ, ਡਾ. ਸੰਤੋਖ ਸਿੰਘ ਭੋਮਾ, ਸੁਰਿੰਦਰ ਸਿੰਘ ਸੋਹਲ, ਅੰਜੂ ਸ਼ਰਮਾ, ਨਵਦੀਪ ਕੌਰ, ਕੁਲਬੀਰ ਕੌਰ ਆਦਿ ਨੇ ਕਾਵਿ ਰਚਨਾਵਾਂ ਰਾਹੀਂ ਚੰਗਾ ਰੰਗ ਬੰਨ੍ਹਿਆ। ਪ੍ਰਿੰ. ਤੇਜਬੀਰ ਸਿੰਘ ਸੋਹਲ ਤੇ ਪ੍ਰਿੰਸੀਪਲ ਜਸਪ੍ਰੀਤ ਕੌਰ ਨੇ ਸਭ ਆਇਆਂ ਦਾ ਧੰਨਵਾਦ ਕੀਤਾ।



# ਭਾਜਪਾ ਦਾ ਆਦਿਵਾਸੀ ਪ੍ਰੇਮ

*ਓਡੀਸ਼ਾ ਵਿੱਚ ਭਾਜਪਾ ਦੀ ਡਬਲ ਇੰਜਣ ਸਰਕਾਰ ਦਾ ਆਦਿਵਾਸੀ ਪ੍ਰੇਮ ਭਾਰਤ ਦੇ ਕੰਪਟਰੋਲਰ ਐਂਡ ਆਡੀਟਰ ਜਨਰਲ (ਕੈਗ) ਦੀ ਰਿਪੋਰਟ ਵਿੱਚ ਸਾਹਮਣੇ ਆਇਆ ਹੈ। ਕੈਗ ਨੇ ਉਨ੍ਹਾਂ ਲਈ ਬਣੀਆਂ ਯੋਜਨਾਵਾਂ 'ਤੇ ਅਮਲ ਨੂੰ ਆਡਿਟ ਕਰਕੇ ਦੱਸਿਆ ਹੈ ਕਿ ਖਾਸ ਤੌਰ 'ਤੇ ਕਮਜ਼ੋਰ ਆਦਿਵਾਸੀ ਸਮੂਹਾਂ (ਪੀ ਵੀ ਟੀ ਜੀ—ਪਰਟੀਕੁਲਰਲੀ ਵਲਨਰੇਬਲ ਟਰਾਈਬਲ ਗਰੁੱਪ) ਵਿੱਚੋਂ ਅੱਧੇ ਤੋਂ ਵੱਧ ਪ੍ਰਮੁੱਖ ਯੋਜਨਾਵਾਂ ਤੋਂ ਵਿਰਵੇ ਰਹਿ ਗਏ, ਜਦਕਿ ਮਨਰੇਗਾ 90 ਫੀਸਦੀ ਪਰਵਾਰਾਂ ਨੂੰ ਲਾਜ਼ਮੀ 100 ਦਿਨ ਕੰਮ ਦੇਣ 'ਚ ਨਾਕਾਮ ਰਹੀ। ਸੂਬਾਈ ਅਸੈਂਬਲੀ ਵਿੱਚ ਪੇਸ਼ ਕੀਤੀ ਗਈ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਪੀ ਵੀ ਟੀ ਜੀ ਦੀ 54 ਫੀਸਦੀ ਆਬਾਦੀ (ਲੱਗਭੱਗ ਇੱਕ ਲੱਖ 60 ਹਜ਼ਾਰ ਲੋਕ) ਕਲਿਆਣਕਾਰੀ ਯੋਜਨਾਵਾਂ ਤੋਂ ਵਿਰਵੇ ਰਹਿ ਗਏ।*

*2018-19 ਵਿੱਚ ਸਰਵੇਖਣ ਦੌਰਾਨ ਪੀ ਵੀ ਟੀ ਜੀ ਵਸੋਂ ਵਾਲੇ 1138 ਪਿੰਡਾਂ ਦੀ ਪਛਾਣ ਕੀਤੀ ਗਈ ਸੀ। ਇਨ੍ਹਾਂ ਪਿੰਡਾਂ ਵਿੱਚ 18 ਫੀਸਦੀ ਲੋਕਾਂ ਨੂੰ ਹੀ ਸਵੱਛ ਪਾਣੀ ਨਸੀਬ ਹੋਇਆ ਹੈ, ਜਦਕਿ ਗੈਸ ਸਿਰਫ 34 ਫੀਸਦੀ ਤੱਕ ਪੁੱਜੀ ਹੈ। ਪੀਣ ਵਾਲੇ ਪਾਣੀ ਦੇ 69 ਪ੍ਰੋਜੈਕਟਾਂ ਵਿੱਚੋਂ 55 ਫੀਸਦੀ ਠੱਪ ਸਨ। ਸਿੰਜਾਈ ਯੋਜਨਾਵਾਂ ਵਿੱਚੋਂ 58 ਫੀਸਦੀ ਰੱਖ-ਰਖਾਅ ਤੇ ਮੁਰੰਮਤ ਲਈ ਧਨ ਦੀ ਕਮੀ ਕਾਰਨ ਬੰਦ ਪਈਆਂ ਸਨ। ਇੱਕ ਪਿੰਡ ਵਿੱਚ ਸੂਰਜੀ ਊਰਜਾ ਸਿੰਜਾਈ ਪ੍ਰੋਜੈਕਟ 2022 ਵਿੱਚ ਚੱਲਣਾ ਸ਼ੁਰੂ ਹੋਇਆ ਤੇ 2024 ਤੱਕ ਬੰਦ ਹੋ ਗਿਆ। ਕੁਪੋਸ਼ਣ ਨਾਲ ਨਿੱਬੜਨ ਲਈ 3 ਕਰੋੜ 59 ਲੱਖ ਰੁਪਏ ਲਾ ਕੇ 116 ਪੋਸ਼ਣ ਵਸੀਲਾ ਕੇਂਦਰ ਕਾਇਮ ਕੀਤੇ ਗਏ, ਪਰ ਇਨ੍ਹਾਂ ਵਿੱਚੋਂ 55 ਬੰਦ ਹਨ। ਆਦਿਵਾਸੀਆਂ ਦੀ ਆਮਦਨ ਵਧਾਉਣ ਲਈ 229 ਤੇਲ ਤੇ ਦਾਲ ਮਿੱਲਾਂ ਸਥਾਪਤ ਕਰਨ ਲਈ 48 ਕਰੋੜ 29 ਲੱਖ ਰੁਪਏ ਖਰਚੇ ਗਏ, ਪਰ ਬਿਜਲੀ ਦੀ ਕਮੀ ਤੇ ਹੋਰ ਕਾਰਨਾਂ ਕਰਕੇ 46 ਫੀਸਦੀ ਬੰਦ ਸਨ। 2019-24 ਤੱਕ ਮਨਰੇਗਾ ਤਹਿਤ ਕੰਮ ਮੰਗਣ ਵਾਲੇ ਪਰਵਾਰਾਂ ਵਿੱਚੋਂ ਮਸੀਂ 10 ਫੀਸਦੀ ਨੂੰ 100 ਦਿਨ ਦਾ ਕੰਮ ਮਿਲਿਆ। ਕੁਝ ਜ਼ਿਲ੍ਹਿਆਂ ਵਿੱਚ ਇਹ ਅੰਕੜਾ 0.20 ਫੀਸਦੀ ਰਿਹਾ। ਲੱਗਭੱਗ ਇੱਕ ਲੱਖ 22 ਹਜ਼ਾਰ ਪਰਵਾਰਾਂ ਨੂੰ ਕੰਮ ਨਹੀਂ ਮਿਲਿਆ ਤੇ ਕਾਨੂੰਨ ਮੁਤਾਬਕ ਇਨ੍ਹਾਂ ਨੂੰ ਲਾਜ਼ਮੀ ਤੌਰ 'ਤੇ ਦਿੱਤਾ ਜਾਣ ਵਾਲਾ ਬੇਰੁਜ਼ਗਾਰੀ ਭੱਤਾ ਵੀ ਨਹੀਂ ਦਿੱਤਾ ਗਿਆ। ਆਡਿਟ ਰਿਪੋਰਟ ਇਹ ਵੀ ਦੱਸਦੀ ਹੈ ਕਿ ਗਰਾਮ ਰੁਜ਼ਗਾਰ ਸਹਾਇਕਾਂ ਦੀਆਂ 54 ਫੀਸਦੀ ਪੋਸਟਾਂ ਖਾਲੀ ਪਈਆਂ ਸਨ, ਜਿਹੜੇ ਕਿ ਮਨਰੇਗਾ ਤਹਿਤ ਜਾਬ ਰਿਕਾਰਡ ਤੇ ਜਾਬ ਕਾਰਡ ਬਣਾਉਣ ਦਾ ਕੰਮ ਕਰਦੇ ਹਨ।*

# ਆਰਟੀਫੀਸ਼ੀਅਲ ਇੰਟੈਲੀਜੈਂਸ : ਹਕੀਕਤ, ਭਰਮ ਤੇ ਭਵਿੱਖੀ ਰਸਤੇ

**ਗੁਰਪ੍ਰੀਤ ਸਿੰਘ ਬਿਲਿੰਗ**

ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) ਅੱਜ ਦੇ ਦੌਰ ਦੀ ਸਭ ਤੋਂ ਚਰਚਿਤ ਅਤੇ ਕ੍ਰਾਂਤੀਕਾਰੀ ਤਕਨੀਕ ਬਣ ਚੁੱਕੀ ਹੈ, ਜਿਸ ਨੇ ਮਨੁੱਖੀ ਜੀਵਨ ਦੇ ਹਰ ਪਹਿਲੂ ਨੂੰ ਪ੍ਰਭਾਵਿਤ ਕੀਤਾ ਹੈ। ਇਸ ਨੂੰ ਸੌਖੀ ਭਾਸ਼ਾ ਵਿੱਚ ਬਣਾਵਟੀ ਬੁੱਧੀ ਕਿਹਾ ਜਾਂਦਾ ਹੈ, ਜਿਸ ਦਾ ਮਤਲਬ ਹੈ ਮਸ਼ੀਨਾਂ ਦੇ ਅੰਦਰ ਸੋਚਣ, ਸਮਝਣ ਅਤੇ ਫੈਸਲੇ ਲੈਣ ਦੀ ਸਮਰੱਥਾ ਪੈਦਾ ਕਰਨਾ। ਇਹ ਤਕਨੀਕ ਸਿਰਫ ਕੰਪਿਊਟਰ ਵਿਗਿਆਨ ਦਾ ਇੱਕ ਹਿੱਸਾ ਨਹੀਂ ਰਹੀ, ਸਗੋਂ ਇਹ ਮਨੁੱਖੀ ਸੱਭਿਅਤਾ ਦੇ ਵਿਕਾਸ ਦਾ ਇੱਕ ਨਵਾਂ ਪਾਠ ਹੈ। ਜਦੋਂ ਅਸੀਂ ਇਤਿਹਾਸ ਵੱਲ ਝਾਤ ਮਾਰਦੇ ਹਾਂ, ਤਾਂ ਮਨੁੱਖ ਨੇ ਹਮੇਸ਼ਾ ਅਜਿਹੇ ਸੰਦ ਬਣਾਉਣ ਦੀ ਕੋਸ਼ਿਸ਼ ਕੀਤੀ ਹੈ, ਜੋ ਉਸ ਦੇ ਕੰਮ ਨੂੰ ਸੌਖਾ ਬਣਾ ਸਕਣ, ਪਰ ਏ ਆਈ ਇਨ੍ਹਾਂ ਸਾਰੇ ਸੰਦਾਂ ਤੋਂ ਵੱਖਰੀ ਹੈ, ਕਿਉਂਕਿ ਇਹ ਸਿਰਫ਼ ਹੁਕਮਾਂ ਦਾ ਪਾਲਣ ਨਹੀਂ ਕਰਦੀ, ਸਗੋਂ ਅੰਕੜਿਆਂ ਤੋਂ ਸਿੱਖਦੀ ਹੈ ਅਤੇ ਸਮੇਂ ਦੇ ਨਾਲ ਆਪਣੇ ਆਪ ਨੂੰ ਬਿਹਤਰ ਬਣਾਉਂਦੀ ਹੈ। ਇਸ ਦੀ ਸ਼ੁਰੂਆਤ ਵੀਹਵੀਂ ਸਦੀ ਦੇ ਅੱਧ ਵਿੱਚ ਹੋਈ ਸੀ, ਪਰ ਅੱਜ ਦੇ ਸਮੇਂ ਵਿੱਚ ਉਪਲੱਬਧ ਵਿਸ਼ਾਲ ਡੇਟਾ ਅਤੇ ਸ਼ਕਤੀਸ਼ਾਲੀ ਪ੍ਰੋਸੈਸਰਾਂ ਨੇ ਇਸ ਨੂੰ ਇੱਕ ਅਜਿਹੀ ਤਾਕਤ ਬਣਾ ਦਿੱਤਾ ਹੈ, ਜੋ ਆਉਣ ਵਾਲੇ ਸਮੇਂ ਵਿੱਚ ਦੁਨੀਆ ਦਾ ਨਕਸ਼ਾ ਬਦਲ ਕੇ ਰੱਖ ਦੇਵੇਗੀ।

ਇਸ ਤਕਨੀਕ ਦੀ ਕਾਰਜਪ੍ਰਣਾਲੀ ਬਹੁਤ ਗੁੰਝਲਦਾਰ ਹੈ, ਪਰ ਇਸ ਦਾ ਪ੍ਰਭਾਵ ਬੜਾ ਸਰਲ ਅਤੇ ਡੂੰਘਾ ਹੈ। ਏ ਆਈ ਮੁੱਖ ਤੌਰ ਤੇ ਅਲਗੋਰਿਦਮ ਅਤੇ ਮਸ਼ੀਨ ਲਰਨਿੰਗ 'ਤੇ ਅਧਾਰਤ ਹੁੰਦੀ ਹੈ, ਜਿੱਥੇ ਕੰਪਿਊਟਰ ਪ੍ਰਣਾਲੀਆਂ ਨੂੰ ਲੱਖਾਂ-ਕਰੋੜਾਂ ਸੂਚਨਾਵਾਂ ਪ੍ਰਦਾਨ ਕੀਤੀਆਂ ਜਾਂਦੀਆਂ ਹਨ। ਇਹ ਪ੍ਰਣਾਲੀਆਂ ਉਨ੍ਹਾਂ ਸੂਚਨਾਵਾਂ ਵਿੱਚੋਂ ਪੈਟਰਨ ਲੱਭਦੀਆਂ ਹਨ ਅਤੇ ਫਿਰ ਉਨ੍ਹਾਂ ਦੇ ਅਧਾਰ 'ਤੇ ਨਤੀਜੇ ਕੱਢਦੀਆਂ ਹਨ। ਉਦਾਹਰਣ ਵਜੋਂ, ਜਦੋਂ ਅਸੀਂ ਆਪਣੇ ਸਮਾਰਟ ਫੋਨ 'ਤੇ ਚਿਹਰੇ ਦੀ ਪਛਾਣ ਦੀ ਵਰਤੋਂ ਕਰਦੇ ਹਾਂ ਜਾਂ ਇੰਟਰਨੈੱਟ 'ਤੇ ਕੁਝ ਖੋਜਦੇ ਹਾਂ, ਤਾਂ ਪਰਦੇ ਦੇ ਪਿੱਛੇ ਏ ਆਈ ਹੀ ਕੰਮ ਕਰ ਰਹੀ ਹੁੰਦੀ ਹੈ। ਇਹ ਤਕਨੀਕ ਹੁਣ ਸਿਰਫ਼ ਗਣਿਤ ਦੇ ਸਵਾਲ ਹੱਲ ਕਰਨ ਤੱਕ ਸੀਮਤ ਨਹੀਂ ਰਹੀ, ਸਗੋਂ ਇਹ ਕਵਿਤਾਵਾਂ ਲਿਖ ਰਹੀ ਹੈ, ਚਿੱਤਰਕਾਰੀ ਕਰ ਰਹੀ ਹੈ ਅਤੇ ਇੱਥੋਂ ਤੱਕ ਕਿ ਡਾਕਟਰੀ ਇਲਾਜ ਵਿੱਚ ਮਾਹਰ ਡਾਕਟਰਾਂ ਦੀ ਮਦਦ ਵੀ ਕਰ ਰਹੀ ਹੈ। ਇਹ ਮਨੁੱਖੀ ਦਿਮਾਗ ਦੀ ਨਕਲ ਕਰਨ ਦੀ ਇੱਕ ਕੋਸ਼ਿਸ਼ ਹੈ, ਜਿੱਥੇ ਨਿਊਰਲ ਨੈੱਟਵਰਕ ਰਾਹੀਂ ਮਸ਼ੀਨਾਂ ਨੂੰ ਅਹਿਸਾਸ ਅਤੇ ਤਰਕ ਦੀ ਦੁਨੀਆ ਨਾਲ ਜੋੜਿਆ ਜਾ ਰਿਹਾ ਹੈ। ਇਹ ਬੌਧਿਕ ਸਮਰੱਥਾ ਜਦੋਂ ਸੰਚਾਰ ਦੇ ਮਾਧਿਅਮਾਂ ਵਿੱਚ ਪ੍ਰਵੇਸ਼ ਕਰਦੀ ਹੈ, ਤਾਂ ਇਹ ਜਾਣਕਾਰੀ ਦੇ ਪ੍ਰਵਾਹ ਨੂੰ ਇੱਕ ਨਵੀਂ ਗਤੀ ਪ੍ਰਦਾਨ ਕਰਦੀ ਹੈ।

ਸੰਚਾਰ ਅਤੇ ਮੀਡੀਆ ਦਾ ਖੇਤਰ, ਜਿਸ ਵਿੱਚ ਰੇਡੀਓ, ਟੀ ਵੀ, ਅਖਬਾਰ ਅਤੇ ਪੱਤਰਕਾਰੀ ਸ਼ਾਮਲ ਹਨ, ਏ ਆਈ ਦੁਆਰਾ ਪੂਰੀ ਤਰ੍ਹਾਂ ਬਦਲ ਦਿੱਤਾ ਗਿਆ ਹੈ। ਅੱਜ ਏ ਆਈ ਐਂਕਰ ਟੀ ਵੀ ਤੇ ਖ਼ਬਰਾਂ ਪੜ੍ਹ ਰਹੇ ਹਨ ਅਤੇ ਅਖਬਾਰਾਂ ਵਿੱਚ ਖ਼ਬਰਾਂ ਲਿਖਣ ਲਈ ਏ ਆਈ ਟੂਲਸ ਦੀ ਵਰਤੋਂ ਕੀਤੀ ਜਾ ਰਹੀ ਹੈ। ਇਸ ਦੇ ਫਾਇਦੇ ਇਹ ਹਨ ਕਿ ਜਾਣਕਾਰੀ ਬਹੁਤ ਤੇਜ਼ੀ ਨਾਲ ਲੋਕਾਂ ਤੱਕ ਪਹੁੰਚਦੀ ਹੈ ਅਤੇ ਡੇਟਾ ਦਾ ਵਿਸ਼ਲੇਸ਼ਣ ਕਰਨਾ ਸੌਖਾ ਹੋ ਗਿਆ ਹੈ, ਪਰ ਪੱਤਰਕਾਰੀ ਦੇ ਖੇਤਰ ਵਿੱਚ ਇਹ ਇੱਕ ਵੱਡਾ ਨੈਤਿਕ ਸੰਕਟ ਵੀ ਹੈ। ਜੇਕਰ ਖ਼ਬਰਾਂ ਲਿਖਣ ਵਾਲੀ ਮਸ਼ੀਨ ਕੋਲ ਮਨੁੱਖੀ ਸੰਵੇਦਨਸ਼ੀਲਤਾ ਨਹੀਂ ਹੋਵੇਗੀ, ਤਾਂ ਉਹ ਸੱਚਾਈ ਅਤੇ ਨਿਰਪੱਖਤਾ ਦੀ ਰੱਖਿਆ ਕਿਵੇਂ ਕਰੇਗੀ?

ਭਾਰਤੀ ਰਾਜਨੀਤੀ ਦੇ ਪ੍ਰਸੰਗ ਵਿੱਚ ਏ ਆਈ ਦੀ ਗਲਤ ਵਰਤੋਂ ਇੱਕ ਬਹੁਤ ਹੀ ਚਿੰਤਾਜਨਕ ਵਿਸ਼ਾ ਹੈ। ਅਜੋਕੀ ਰਾਜਨੀਤੀ ਵਿੱਚ ਵੋਟਾਂ ਦੇ ਧਰੁਵੀਕਰਨ ਲਈ ਸੋਸ਼ਲ ਮੀਡੀਆ ਅਤੇ ਏ ਆਈ ਅਲਗੋਰਿਦਮ ਦੀ ਵਰਤੋਂ ਲੋਕਾਂ ਦੀ ਮਾਨਸਿਕਤਾ ਨਾਲ ਖੇਡਣ ਲਈ ਕੀਤੀ ਜਾ ਰਹੀ ਹੈ। ਇੱਥੇ ਡੀਪ ਫੇਕ ਤਕਨੀਕ ਦਾ ਜ਼ਿਕਰ ਕਰਨਾ ਬਹੁਤ ਜ਼ਰੂਰੀ ਹੈ, ਜੋ ਕਿਸੇ ਵਿਅਕਤੀ ਦੇ ਚਿਹਰੇ ਅਤੇ ਆਵਾਜ਼ ਦੀ ਏਨੀ ਸਟੀਕ ਨਕਲ ਕਰਦੀ ਹੈ ਕਿ ਅਸਲੀ ਅਤੇ ਨਕਲੀ ਵਿੱਚ ਫਰਕ ਕਰਨਾ ਅਸੰਭਵ ਹੋ ਜਾਂਦਾ ਹੈ। ਜਦੋਂ ਕਿਸੇ ਰਾਜਨੀਤਕ ਨੇਤਾ ਦੀ ਨਕਲੀ ਵੀਡੀਓ ਬਣਾ ਕੇ ਕਿਸੇ ਧਰਮ ਜਾਂ ਜਾਤ ਵਿਰੁੱਧ ਭੜਕਾਊ ਗੱਲਾਂ ਕਹਾਈਆਂ ਜਾਂਦੀਆਂ ਹਨ, ਤਾਂ ਆਮ ਜਨਤਾ ਉਸ ਨੂੰ ਸੱਚ ਮੰਨ ਲੈਂਦੀ ਹੈ। ਇਹ ਸਿਰਫ਼ ਵੋਟਾਂ ਲੈਣ ਤੱਕ ਸੀਮਤ ਨਹੀਂ ਹੈ, ਸਗੋਂ ਇਹ ਲੋਕਤੰਤਰ ਦੀ ਬੁਨਿਆਦ 'ਤੇ ਹਮਲਾ ਹੈ। ਰਾਜਨੀਤਕ ਪ੍ਰਚਾਰ ਹੁਣ ਤਰਕ ਅਤੇ ਵਿਕਾਸ ਦੇ ਮੁੱਦਿਆਂ ਤੋਂ ਹਟ ਕੇ ਧਾਰਨਾ ਬਣਾਉਣ ਦੀ ਖੇਡ ਬਣ ਗਿਆ ਹੈ, ਜੋ ਸਮਾਜਿਕ ਤਾਣੇ-ਬਾਣੇ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕਰਦਾ ਹੈ।

ਜੇਕਰ ਅਸੀਂ ਸਮਾਜ ਸ਼ਾਸਤਰ ਦੇ ਨਜ਼ਰੀਏ ਤੋਂ ਦੇਖੀਏ, ਤਾਂ ਭਾਰਤੀ ਸਮਾਜ ਦੀ ਬਣਤਰ ਬਹੁਤ ਗੁੰਝਲਦਾਰ ਹੈ। ਜਾਤ-ਪਾਤ ਦੀ ਜਕੜ, ਲਿੰਗ ਅਸਮਾਨਤਾ ਅਤੇ ਆਰਥਿਕ ਪਾੜਾ ਸਾਡੇ ਸਮਾਜ ਦੇ ਪੁਰਾਣੇ ਜ਼ਖਮ ਹਨ। ਏ ਆਈ ਵਰਗੀ ਆਧੁਨਿਕ ਤਕਨੀਕ ਜਦੋਂ ਅਜਿਹੇ ਸਮਾਜ ਵਿੱਚ ਪ੍ਰਵੇਸ਼ ਕਰਦੀ ਹੈ, ਤਾਂ ਇਹ ਸਮਾਜਿਕ ਵੰਡੀਆਂ ਨੂੰ ਹੋਰ ਡੂੰਘਾ ਕਰਨ ਦਾ ਜ਼ਰੀਆ ਵੀ ਬਣ ਸਕਦੀ ਹੈ। ਮਨੁੱਖੀ ਰਿਸ਼ਤਿਆਂ 'ਤੇ ਵੀ ਇਸ ਦਾ ਪ੍ਰਭਾਵ ਪੈ ਰਿਹਾ ਹੈ, ਜਿੱਥੇ ਲੋਕ ਅਸਲੀ ਸੰਪਰਕ ਨਾਲੋਂ ਡਿਜੀਟਲ ਸੰਪਰਕ ਨੂੰ ਤਰਜੀਹ ਦੇ ਰਹੇ ਹਨ। ਏ ਆਈ ਚੈਟਬੋਟਸ ਲੋਕਾਂ ਦੇ ਮਾਨਸਿਕ ਸਲਾਹਕਾਰ ਬਣ ਰਹੇ ਹਨ, ਜਿਸ ਨਾਲ ਮਨੁੱਖੀ ਹਮਦਰਦੀ ਦੀ ਸਮਰੱਥਾ ਘਟ ਰਹੀ ਹੈ।

ਸੱਭਿਆਚਾਰ ਅਤੇ ਸਾਹਿਤ ਦੇ ਖੇਤਰ ਵਿੱਚ ਏ ਆਈ ਦੀ ਦਖਲਅੰਦਾਜ਼ੀ ਇੱਕ ਗੰਭੀਰ ਬਹਿਸ ਦਾ ਵਿਸ਼ਾ ਹੈ। ਸਾਹਿਤ ਹਮੇਸ਼ਾ ਮਨੁੱਖੀ ਅਨੁਭਵਾਂ, ਪੀੜਾਂ ਅਤੇ ਵਲਵਲਿਆਂ ਦੀ ਉਪਜ ਰਿਹਾ ਹੈ। ਜਦੋਂ ਏ ਆਈ ਕੋਈ ਕਵਿਤਾ ਜਾਂ ਕਹਾਣੀ ਲਿਖਦੀ ਹੈ, ਤਾਂ ਉਹ ਕਰੋੜਾਂ ਸ਼ਬਦਾਂ ਦੇ ਡੇਟਾ ਦਾ ਵਿਸ਼ਲੇਸ਼ਣ ਕਰਕੇ ਇੱਕ ਸੁੰਦਰ ਰਚਨਾ ਤਾਂ ਤਿਆਰ ਕਰ ਸਕਦੀ ਹੈ, ਪਰ ਕੀ ਉਸ ਵਿੱਚ ਉਹ ਰੂਹ ਹੁੰਦੀ ਹੈ, ਜੋ ਇੱਕ ਲੇਖਕ ਆਪਣੀ ਕਲਮ ਨਾਲ ਫੂੰਦਾ ਹੈ? ਅੱਜ ਸੰਗੀਤ ਦੀਆਂ ਧੁਨਾਂ ਅਤੇ ਚਿੱਤਰਕਾਰੀ ਏ ਆਈ ਰਾਹੀਂ ਹੋ ਰਹੀ ਹੈ। ਇਸ ਨਾਲ ਸਿਰਜਣਾਤਮਕਤਾ ਦਾ ਲੋਕਤੰਤਰੀਕਰਨ ਤਾਂ ਹੋਇਆ ਹੈ, ਪਰ ਅਸਲੀ ਕਲਾਕਾਰ ਦੀ ਮੌਲਿਕਤਾ ਅਤੇ ਉਸ ਦੇ ਰੁਜ਼ਗਾਰ 'ਤੇ ਖ਼ਤਰਾ ਮੰਡਰਾ ਰਿਹਾ ਹੈ। ਮਸ਼ੀਨੀ ਅਨੁਵਾਦ ਨੇ ਦੁਨੀਆ ਭਰ ਦੇ ਸਾਹਿਤ ਨੂੰ ਨੇੜੇ ਤਾਂ ਲਿਆਂਦਾ ਹੈ, ਪਰ ਕਈ ਵਾਰ ਸਥਾਨਕ ਭਾਸ਼ਾ ਦੇ ਮੁਹਾਵਰੇ ਅਤੇ ਮਿਠਾਸ ਇਸ ਪ੍ਰਕਿਰਿਆ ਵਿੱਚ ਗੁਆਚ ਜਾਂਦੇ ਹਨ। ਇਹ ਬੌਧਿਕ ਤਬਦੀਲੀ ਸਿੱਖਿਆ ਦੇ ਖੇਤਰ ਵਿੱਚ ਵੀ ਨਵੀਆਂ ਸੰਭਾਵਨਾਵਾਂ ਪੈਦਾ ਕਰਦੀ ਹੈ।

ਖੋਜ ਕਾਰਜਾਂ ਵਿੱਚ ਇਹ ਤਕਨੀਕ ਮਹੀਨਿਆਂ ਦਾ ਕੰਮ ਮਿੰਟਾਂ ਵਿੱਚ ਕਰ ਸਕਦੀ ਹੈ। ਦੁਨੀਆ ਭਰ ਦੇ ਡੇਟਾਬੇਸ ਨੂੰ ਸਕਿੰਟਾਂ ਵਿੱਚ ਖੰਗਾਲ ਕੇ ਸਹੀ ਜਾਣਕਾਰੀ ਮੁਹੱਈਆ ਕਰਵਾਉਣਾ ਏ ਆਈ ਕਾਰਨ ਹੀ ਸੰਭਵ ਹੋਇਆ ਹੈ। ਹਾਲਾਂਕਿ, ਇਸ ਨਾਲ ਨਕਲ ਅਤੇ ਮੌਲਿਕਤਾ ਵਰਗੇ ਸਵਾਲ ਵੀ ਖੜ੍ਹੇ ਹੋ ਰਹੇ ਹਨ। ਜਿੱਥੇ ਸਿੱਖਿਆ ਮਾਨਸਿਕ ਵਿਕਾਸ ਕਰਦੀ ਹੈ, ਉੱਥੇ ਸਿਹਤ ਸੇਵਾਵਾਂ ਮਨੁੱਖੀ ਜੀਵਨ ਦੀ ਰੱਖਿਆ ਕਰਦੀਆਂ ਹਨ।

ਸਿਹਤ ਸੇਵਾਵਾਂ ਦੇ ਖੇਤਰ ਵਿੱਚ ਏ ਆਈ ਕਿਸੇ ਵਰਦਾਨ ਤੋਂ ਘੱਟ ਨਹੀਂ ਹੈ। ਬਿਮਾਰੀਆਂ ਦੀ ਜਲਦੀ ਪਛਾਣ ਕਰਨ ਵਿੱਚ ਇਸ ਦੀ ਸ਼ੁੱਧਤਾ ਹੈਰਾਨੀਜਨਕ ਹੈ। ਕੈਂਸਰ ਵਰਗੀਆਂ ਬਿਮਾਰੀਆਂ ਦਾ ਪਤਾ ਸ਼ੁਰੂਆਤੀ ਪੜਾਅ 'ਤੇ ਲਗਾਉਣ ਲਈ ਏ ਆਈ ਮਸ਼ੀਨਾਂ ਰਿਪੋਰਟਾਂ ਦਾ ਏਨੀ ਬਾਰੀਕੀ ਨਾਲ ਵਿਸ਼ਲੇਸ਼ਣ ਕਰਦੀਆਂ ਹਨ ਕਿ ਮਨੁੱਖੀ ਅੱਖ ਤੋਂ ਉਹ ਨੁਕਤੇ ਰਹਿ ਸਕਦੇ ਹਨ। ਨਵੀਆਂ ਦਵਾਈਆਂ ਦੀ ਖੋਜ ਅਤੇ ਜੀਨੋਮ ਸੀਕੁਐਂਸਿੰਗ ਵਿੱਚ ਇਸ ਨੇ ਸਮਾਂ ਅਤੇ ਖਰਚਾ ਬਹੁਤ ਘਟਾ ਦਿੱਤਾ ਹੈ।

ਬੈਂਕਿੰਗ ਅਤੇ ਵਿੱਤੀ ਖੇਤਰ ਵਿੱਚ ਏ ਆਈ ਨੇ ਲੈਣ-ਦੇਣ ਨੂੰ ਬਹੁਤ ਸੁਰੱਖਿਅਤ ਅਤੇ ਤੇਜ਼ ਬਣਾਇਆ ਹੈ। ਧੋਖਾਧੜੀ ਦੀ ਪਛਾਣ ਕਰਨ ਵਾਲੇ ਸਿਸਟਮ ਸਕਿੰਟਾਂ ਵਿੱਚ ਸ਼ੱਕੀ ਕਾਰਵਾਈਆਂ ਨੂੰ ਰੋਕ ਦਿੰਦੇ ਹਨ, ਪਰ ਦੂਜੇ ਪਾਸੇ ਏ ਆਈ ਅਧਾਰਤ ਸਾਈਬਰ ਅਪਰਾਧ ਵੀ ਵਧ ਗਏ ਹਨ। ਅੱਜ ਵਾਇਸ ਕਲੋਨਿੰਗ ਰਾਹੀਂ ਕਿਸੇ ਰਿਸ਼ਤੇਦਾਰ ਦੀ ਆਵਾਜ਼ ਕੱਢ ਕੇ ਪੈਸੇ ਠੱਗਣ ਦੀਆਂ ਘਟਨਾਵਾਂ ਆਮ ਹੋ ਰਹੀਆਂ ਹਨ। ਇਸੇ ਤਰ੍ਹਾਂ ਖਪਤਕਾਰ ਸੱਭਿਆਚਾਰ ਵਿੱਚ ਏ ਆਈ ਅਲਗੋਰਿਦਮ ਸਾਨੂੰ ਉਹੀ ਚੀਜ਼ਾਂ ਦਿਖਾਉਂਦੇ ਹਨ, ਜੋ ਅਸੀਂ ਖਰੀਦਣਾ ਚਾਹੁੰਦੇ ਹਾਂ, ਜਿਸ ਨਾਲ ਸਾਡੀ ਚੋਣ ਦੀ ਆਜ਼ਾਦੀ ਹੌਲੀ-ਹੌਲੀ ਖਤਮ ਹੋ ਰਹੀ ਹੈ। ਅਸੀਂ ਅਣਜਾਣੇ ਵਿੱਚ ਉਹੀ ਖਰੀਦ ਰਹੇ ਹਾਂ, ਜੋ ਮਸ਼ੀਨ ਸਾਨੂੰ ਖਰੀਦਣ ਲਈ ਪ੍ਰੇਰਿਤ ਕਰ ਰਹੀ ਹੈ। ਇਹ ਆਰਥਿਕ ਪ੍ਰਭਾਵ ਸਿੱਧੇ ਤੌਰ 'ਤੇ ਰੁਜ਼ਗਾਰ ਨਾਲ ਜੁੜਿਆ ਹੋਇਆ ਹੈ।

ਆਰਥਿਕਤਾ ਅਤੇ ਰੁਜ਼ਗਾਰ ਦੇ ਪੱਖੋਂ ਏ ਆਈ ਇੱਕ ਦੋਧਾਰੀ ਤਲਵਾਰ ਹੈ। ਇੱਕ ਪਾਸੇ ਇਹ ਉਦਯੋਗਾਂ ਵਿੱਚ ਉਤਪਾਦਨ ਵਧਾ ਰਹੀ ਹੈ, ਪਰ ਦੂਜੇ ਪਾਸੇ ਇਹ ਡਰ ਹੈ ਕਿ ਮਸ਼ੀਨਾਂ ਮਨੁੱਖਾਂ ਦੀ ਥਾਂ ਲੈ ਲੈਣਗੀਆਂ। ਡੇਟਾ ਐਂਟਰੀ ਅਤੇ ਕਸਟਮਰ ਸਰਵਿਸ ਵਰਗੇ ਖੇਤਰਾਂ ਵਿੱਚ ਵੱਡੀ ਪੱਧਰ 'ਤੇ ਆਟੋਮੇਸ਼ਨ ਹੋ ਰਹੀ ਹੈ। ਅਸਲ ਚੁਣੌਤੀ ਇਹ ਹੈ ਕਿ ਸਾਨੂੰ ਆਪਣੀ ਕਿਰਤ ਸ਼ਕਤੀ ਨੂੰ ਨਵੇਂ ਹੁਨਰ ਸਿਖਾਉਣੇ ਪੈਣਗੇ। ਰੁਜ਼ਗਾਰ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੀ ਏ ਆਈ ਨੇ ਅੰਕੜਿਆਂ ਦੀ ਇੱਕ ਨਵੀਂ ਜੰਗ ਸ਼ੁਰੂ ਕਰ ਦਿੱਤੀ ਹੈ। ਖੇਤੀਬਾੜੀ ਵਰਗੇ ਰਵਾਇਤੀ ਖੇਤਰ ਵਿੱਚ ਏ ਆਈ ਕਿਸਾਨਾਂ ਲਈ ਇੱਕ ਵਿਗਿਆਨਕ ਸਹਾਰਾ ਬਣ ਕੇ ਉੱਭਰੀ ਹੈ। ਪ੍ਰੀਸੀਜ਼ਨ ਫਾਰਮਿੰਗ ਰਾਹੀਂ ਮਿੱਟੀ ਦੀ ਸਿਹਤ ਅਤੇ ਫਸਲਾਂ ਦੀਆਂ ਬਿਮਾਰੀਆਂ ਦਾ ਪਹਿਲਾਂ ਹੀ ਪਤਾ ਲਗਾਇਆ ਜਾ ਸਕਦਾ ਹੈ। ਸਮਾਰਟ ਸਿੰਚਾਈ ਪ੍ਰਣਾਲੀਆਂ ਅਤੇ ਸੈਂਸਰ ਇਹ ਦੱਸਦੇ ਹਨ ਕਿ ਪੌਦੇ ਨੂੰ ਕਿੰਨੇ ਪਾਣੀ ਦੀ ਲੋੜ ਹੈ, ਜੋ ਪੰਜਾਬ ਵਰਗੇ ਸੂਬਿਆਂ ਵਿੱਚ ਡਿੱਗ ਰਹੇ ਪਾਣੀ ਦੇ ਪੱਧਰ ਨੂੰ ਬਚਾਉਣ ਵਿੱਚ ਮਦਦਗਾਰ ਹੋ ਸਕਦਾ ਹੈ। ਡਰੋਨਾਂ ਰਾਹੀਂ ਕੀਟਨਾਸ਼ਕਾਂ ਦਾ ਸਹੀ ਛਿੜਕਾਅ ਵਾਤਾਵਰਣ ਨੂੰ ਵੀ ਬਚਾਉਂਦਾ ਹੈ। ਵਾਤਾਵਰਣ ਦੇ ਸੰਦਰਭ ਵਿੱਚ ਏ ਆਈ ਜਲਵਾਯੂ ਤਬਦੀਲੀ ਨੂੰ ਸਮਝਣ ਅਤੇ ਪ੍ਰਦੂਸ਼ਣ ਘਟਾਉਣ ਵਿੱਚ ਸਹਾਈ ਹੈ, ਪਰ ਇਸ ਦੇ ਡੇਟਾ ਸੈਂਟਰਾਂ ਦੁਆਰਾ ਕੀਤੀ ਜਾਂਦੀ ਬਿਜਲੀ ਦੀ ਖਪਤ ਇੱਕ ਨਵੀਂ ਚੁਣੌਤੀ ਹੈ।

ਅਪਰਾਧ ਵਿਗਿਆਨ ਅਤੇ ਸੁਰੱਖਿਆ ਵਿੱਚ ਏ ਆਈ ਦੀ ਵਰਤੋਂ ਪੁਲਿਸਿੰਗ ਨੂੰ ਆਧੁਨਿਕ ਬਣਾ ਰਹੀ ਹੈ। ਪ੍ਰੀਡਿਕਟਿਵ ਪੁਲਿਸਿੰਗ ਰਾਹੀਂ ਅਪਰਾਧ ਹੋਣ ਦੀ ਸੰਭਾਵਨਾ ਵਾਲੇ ਇਲਾਕਿਆਂ ਦੀ ਨਿਸ਼ਾਨਦੇਹੀ ਕੀਤੀ ਜਾ ਸਕਦੀ ਹੈ, ਪਰ ਅੰਤਰਰਾਸ਼ਟਰੀ ਪੱਧਰ 'ਤੇ ਆਟੋਨੋਮਸ ਹਥਿਆਰ ਦੁਨੀਆ ਲਈ ਸਭ ਤੋਂ ਵੱਡਾ ਖ਼ਤਰਾ ਹਨ। ਜੇਕਰ ਜੰਗ ਦੇ ਮੈਦਾਨ ਵਿੱਚ ਫੈਸਲੇ ਮਸ਼ੀਨਾਂ ਲੈਣਗੀਆਂ, ਤਾਂ ਮਨੁੱਖੀ ਹੋਂਦ ਨੂੰ ਖ਼ਤਰਾ ਹੋ ਸਕਦਾ ਹੈ। ਦੂਜੇ ਪਾਸੇ ਪੁਲਾੜ ਵਿਗਿਆਨ ਵਿੱਚ ਏ ਆਈ ਬ੍ਰਹਿਮੰਡ ਦੀਆਂ ਉਨ੍ਹਾਂ ਗੁੰਝਲਾਂ ਨੂੰ ਸੁਲਝਾ ਰਹੀ ਹੈ, ਜਿੱਥੇ ਮਨੁੱਖੀ ਪਹੁੰਚ ਅਸੰਭਵ ਹੈ। ਦੂਰ-ਦੁਰਾਡੇ ਗ੍ਰਹਿਆਂ 'ਤੇ ਭੇਜੇ ਗਏ ਰੋਵਰ ਏ ਆਈ ਰਾਹੀਂ ਹੀ ਆਪਣੇ ਫੈਸਲੇ ਲੈਂਦੇ ਹਨ।

ਇਸ ਸਾਰੀ ਤਕਨੀਕੀ ਚਮਕ-ਧਮਕ ਦੇ ਪਿੱਛੇ ਇੱਕ ਬਹੁਤ ਹੀ ਗੰਭੀਰ ਵਿਸ਼ਾ ਨਿੱਜਤਾ ਅਤੇ ਡਿਜੀਟਲ ਪੈੜਾਂ ਦਾ ਹੈ। ਅੱਜ ਸਾਡੀ ਹਰ ਪਸੰਦ, ਨਫ਼ਰਤ, ਖਰੀਦਦਾਰੀ ਅਤੇ ਇੱਥੋਂ ਤੱਕ ਕਿ ਸਾਡੇ ਨਿੱਜੀ ਸੁਪਨੇ ਏ ਆਈ ਦੇ ਡੇਟਾਬੇਸ ਵਿੱਚ ਦਰਜ ਹੋ ਰਹੇ ਹਨ। ਅਸੀਂ ਅਣਜਾਣੇ ਵਿੱਚ ਆਪਣੀ ਆਜ਼ਾਦੀ ਇੱਕ ਅਜਿਹੇ ਅਦਿੱਖ ਸਿਸਟਮ ਨੂੰ ਸੌਂਪ ਰਹੇ ਹਾਂ, ਜੋ ਸਾਡੀ ਸੋਚ ਨੂੰ ਕੰਟਰੋਲ ਕਰਨ ਦੀ ਸਮਰੱਥਾ ਰੱਖਦਾ ਹੈ। ਜੇਕਰ ਇਹ ਡੇਟਾ ਗਲਤ ਹੱਥਾਂ ਵਿੱਚ ਚਲਾ ਜਾਂਦਾ ਹੈ, ਤਾਂ ਇਹ ਸਿਰਫ਼ ਆਰਥਿਕ ਨੁਕਸਾਨ ਹੀ ਨਹੀਂ ਕਰੇਗਾ, ਸਗੋਂ ਮਨੁੱਖੀ ਸੁਭਾਅ ਨੂੰ ਹੀ ਬਦਲ ਕੇ ਰੱਖ ਦੇਵੇਗਾ।

ਇਹ ਕਹਿਣਾ ਗਲਤ ਨਹੀਂ ਹੋਵੇਗਾ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ ਮਨੁੱਖੀ ਇਤਿਹਾਸ ਦਾ ਸਭ ਤੋਂ ਸ਼ਕਤੀਸ਼ਾਲੀ ਸੰਦ ਹੈ। ਇਹ ਕੋਈ ਜਾਦੂ ਨਹੀਂ, ਸਗੋਂ ਮਨੁੱਖੀ ਬੁੱਧੀ ਦਾ ਹੀ ਇੱਕ ਵਿਸਤਾਰ ਹੈ। ਇਸ ਦੀ ਸਫਲਤਾ ਇਸ ਗੱਲ 'ਤੇ ਨਿਰਭਰ ਨਹੀਂ ਕਰਦੀ ਕਿ ਇਹ ਤਕਨੀਕ ਕਿੰਨੀ ਪ੍ਰਬਲ ਹੈ, ਸਗੋਂ ਇਸ ਗੱਲ 'ਤੇ ਨਿਰਭਰ ਕਰਦੀ ਹੈ ਕਿ ਇਸ ਨੂੰ ਚਲਾਉਣ ਵਾਲੀ ਮਨੁੱਖੀ ਚੇਤਨਾ ਕਿੰਨੀ ਸੰਵੇਦਨਸ਼ੀਲ ਹੈ। ਜੇਕਰ ਅਸੀਂ ਇਸ ਨੂੰ ਸਿਰਫ ਮੁਨਾਫੇ, ਰਾਜਨੀਤਕ ਸੱਤਾ ਜਾਂ ਜੰਗੀ ਹਵਸ ਲਈ ਵਰਤਾਂਗੇ, ਤਾਂ ਇਹ ਮਨੁੱਖੀ ਹੋਂਦ ਲਈ ਖ਼ਤਰਾ ਬਣ ਸਕਦੀ ਹੈ, ਪਰ ਜੇਕਰ ਅਸੀਂ ਇਸ ਨੂੰ ਮਨੁੱਖਤਾ ਦੀਆਂ ਵੱਡੀਆਂ ਸਮੱਸਿਆਵਾਂ ਜਿਵੇਂ ਕਿ ਗਰੀਬੀ, ਲਾਇਲਾਜ ਬਿਮਾਰੀਆਂ ਅਤੇ ਵਾਤਾਵਰਣਕ ਸੰਕਟ ਨੂੰ ਹੱਲ ਕਰਨ ਲਈ ਵਰਤਾਂਗੇ, ਤਾਂ ਇਹ ਧਰਤੀ 'ਤੇ ਇੱਕ ਨਵਾਂ ਸਵਰਗ ਸਿਰਜ ਸਕਦੀ ਹੈ। ਮਨੁੱਖ ਨੂੰ ਮਸ਼ੀਨ ਤੋਂ ਡਰਨ ਦੀ ਲੋੜ ਨਹੀਂ, ਸਗੋਂ ਆਪਣੀ ਮਨੁੱਖਤਾ ਨੂੰ ਬਚਾਉਣ ਦੀ ਲੋੜ ਹੈ।

# ਸੰਪਰਕ : 75086-98066

# ਵਾਪਸ ਤੇ ਮੁੜਨਾ ਹੀ ਹੋਵੇਗਾ



ਗੁਰਜਿੰਦਰ ਸਿੰਘ ਸਾਹਦੜਾ

ਪੰਛੀ ਅੰਬਰ 'ਤੇ ਜਿੰਨਾ ਮਰਜ਼ੀ ਉੱਚਾ ਉੱਡ ਲਵੇ, ਅਸਮਾਨ ਵਿੱਚ ਜਿੰਨੀ ਮਰਜ਼ੀ ਲੰਮੀ ਪਰਵਾਜ਼ ਭਰ ਲਵੇ, ਪਰ ਆਖਰ ਨੂੰ ਉਸ ਨੂੰ ਧਰਤੀ 'ਤੇ ਮੁੜਨਾ ਹੀ ਪੈਂਦਾ ਹੈ। ਜਾਨਵਰ ਜਿੰਨਾ ਮਰਜ਼ੀ ਦੌੜ ਲਵੇ, ਆਖਰ ਨੂੰ ਇੱਕ ਥਾਂ ਰੁਕਣਾ ਹੀ ਪੈਂਦਾ ਹੈ। ਡੱਡੂ, ਮੱਛੀ ਜਾਂ ਹੋਰ ਜਲ ਜੀਵ ਵੀ ਪਾਣੀ ਵਿੱਚ ਆਪਣੇ ਦਾਇਰੇ ਮੁਤਾਬਕ ਤੈਰਦੇ ਜਾਂ ਡੂੰਘੇ ਜਾਂਦੇ ਨੇ ਅਤੇ ਸਾਹ ਲੈਣ ਲਈ ਉਪਰ ਆਉਂਦੇ ਨੇ। ਇਵੇਂ ਹੀ ਮਨੁੱਖ ਧਰਤੀ ਦੇ ਜਿਸ ਵੀ ਕੋਨੇ ਵਿੱਚ ਮਰਜ਼ੀ ਚਲਾ ਜਾਵੇ, ਜਿੰਨੀਆਂ ਮਰਜ਼ੀ ਬੁਲੰਦੀਆਂ ਛੋਹ ਲਵੇ, ਪਰ ਅੰਤ ਨੂੰ ਆਪਣੀ ਜੰਮਣ ਭੋਇੰ 'ਤੇ ਮੁੜ ਵਾਪਸ ਆਉਣਾ ਲੋਚਦਾ ਹੈ। ਕਹਿਣ ਦਾ ਮਤਲਬ ਹਰ ਜੀਵ ਆਪਣੇ ਮੂਲ ਸਥਾਨ ਨੂੰ ਪਿਆਰ ਕਰਦਾ ਹੈ, ਉਸ ਨਾਲ ਲਗਾਅ ਰੱਖਦਾ ਹੈ ਅਤੇ ਉਸ ਵੱਲ ਮੁੜਦਾ ਹੈ। ਇਹੀ ਜਿਉਂਦੀ ਜ਼ਿੰਦਗਾਨੀ ਦਾ ਸੁਭਾਅ ਹੈ, ਫ਼ਿਤਰਤ ਹੈ ਤੇ ਇਹੀ ਜ਼ਿੰਦਗੀ ਦਾ ਫ਼ਲਸਫ਼ਾ ਹੈ, ਪਰ ਅਫਸੋਸ ਦੁਨੀਆਦਾਰੀ ਦੇ ਝਮੇਲਿਆਂ ਵਿੱਚ ਪੈ ਕੇ ਅਸੀਂ ਇਹ ਕਾਇਦਾ ਤੇ ਗਣਿਤ ਭੁੱਲ ਚੁੱਕੇ ਹਾਂ। ਵਧਦੀਆਂ ਇੱਛਾਵਾਂ ਦੀ ਪੂਰਤੀ ਕਰਦਿਆਂ-ਕਰਦਿਆਂ ਆਪਣਾ ਮੂਲ ਗੁਆ ਚੁੱਕੇ ਹਾਂ। ਸਾਡੀਆਂ ਲੋੜਾਂ ਏਨੀਆਂ ਵਧ ਗਈਆਂ ਨੇ ਕਿ ਅਸੀਂ ਅੱਗੇ ਹੀ ਵਧਦੇ ਗਏ। ਏਨਾ ਅੱਗੇ ਕਿ ਜੇਕਰ ਪਿੱਛੇ ਮੁੜ ਕੇ ਪਹਿਲੇ ਵਾਲਾ ਜੀਵਨ ਗੁਜ਼ਾਰਨਾ ਪਵੇ ਤਾਂ ਸਾਨੂੰ ਆਪਣੇ ਮੂਲ ਦੀ ਜਾਚ ਜਾਂ ਪਛਾਣ ਹੀ ਸਮਝ ਵਿੱਚ ਨਾ ਆਵੇ।

ਕਿੰਨਾ ਚੰਗਾ ਸੀ ਉਹ ਸਮਾਂ ਜਿਹੜਾ ਅੱਜ ਦੇ 'ਜ਼ਿਆਦਾ ਪੜ੍ਹੇ-ਲਿਖੇ ਤੇ ਸੱਭਿਅਕ ਲੋਕਾਂ' ਦੀ ਭਾਸ਼ਾ ਵਿੱਚ ਜੰਗਲੀ ਜੀਵਨ ਸੀ। ਮਰਜ਼ੀ ਨਾਲ ਸੌਣਾ, ਉੱਠਣਾ, ਖਾਣਾ-ਪੀਣਾ ਤੇ ਆਰਾਮ ਕਰਨਾ। ਕੋਈ ਕੰਮ ਨ੍ਹੀਂ, ਕੋਈ ਕਾਰ ਨਹੀਂ। ਕੋਈ ਸਕੂਲ ਨਹੀਂ, ਕੋਈ ਪੜ੍ਹਾਈ ਨਹੀਂ। ਕੋਈ ਪੈਸਾ ਨੀ ਕੋਈ ਬੈਂਕ ਨਹੀਂ। ਕੋਈ ਚਿੰਤਾ ਜਾਂ ਫ਼ਿਕਰ ਨਹੀਂ, ਕੋਈ ਰੋਗ ਨਹੀਂ। ਬਿਲਕੁਲ ਪੰਛੀਆਂ ਤੇ ਜਾਨਵਰਾਂ ਜਿਹਾ ਜੀਵਨ। ਜਿੰਨੀ ਲੋੜ ਓਨਾ ਚੁਗਣਾ ਜਾਂ ਚਰਨਾ ਤੇ ਮੁੜ ਸਾਰਾ ਸਮਾਂ ਆਰਾਮ ਕਰਨਾ। ਕੋਈ ਕਲਾਵੇ ਜਾਂ ਜੱਫੇ ਨਹੀਂ, ਕੋਈ ਜਮ੍ਹਾਂਖੋਰੀ ਨਹੀਂ। ਸਿਰਫ ਅੱਜ ਦਾ ਖਿਆਲ, ਕੱਲ੍ਹ ਆਊ ਤਾਂ ਜੋ ਹੋਣਾ ਕੱਲ੍ਹ ਵੇਖਿਆ ਜਾਊ।

ਸੋਚਣਾ ਤੇ ਬਣਦਾ ਹੈ ਕਿ ਅਖੌਤੀ ਤਰੱਕੀ ਦੇ ਨਾਂਅ 'ਤੇ ਸਾਨੂੰ ਮਿਲਿਆ ਕੀ? ਅਣਗਿਣਤ ਬਿਮਾਰੀਆਂ, ਮਾਨਸਿਕ ਰੋਗ, ਫਿਕਰ, ਚਿੰਤਾਵਾਂ ਤੇ ਇੱਕ-ਦੂਜੇ ਪ੍ਰਤੀ ਸਾੜਾ। ਬੇਸ਼ੱਕ ਜੰਗਲ ਰਾਜ ਸੀ, ਪਰ ਖਾਣ ਨੂੰ ਸ਼ੁੱਧ ਤੇ ਤਾਜ਼ਾ ਮਿਲਦਾ ਸੀ। ਉਹ ਵੀ ਕੁਦਰਤੀ ਅਤੇ ਮੂਲ ਰੂਪ ਵਿੱਚ, ਜਿਸ ਕਾਰਨ ਕੋਈ ਬਿਮਾਰੀ ਨੇੜੇ ਨਹੀਂ ਸੀ ਫਟਕਦੀ। ਕੈਂਸਰ, ਸ਼ੂਗਰ, ਬੀ ਪੀ, ਕੋਲੈਸਟਰੋਲ, ਯੂਰਿਕ ਐਸਿਡ, ਗਠੀਆ, ਦੰਦ-ਦਾੜ੍ਹਾਂ ਦੇ ਰੋਗ, ਜੋੜਾਂ ਦੇ ਦਰਦ ਅਤੇ ਹੋਰ ਕਿਹੜੀਆਂ-ਕਿਹੜੀਆਂ ਬਲਾਵਾਂ ਚਿੰਬੜ ਗਈਆਂ ਸਾਨੂੰ? ਜਿਵੇਂ ਕਿ ਕਹਾਵਤ ਹੈ- 'ਆਪ ਤਾਂ ਡੁੱਬਿਆ ਬਾਹਮਣ, ਜਜਮਾਨ ਵੀ ਨਾਲੇ।' ਰਸਾਇਣਿਕ ਖਾਦਾਂ, ਰੇਹਾਂ, ਸਪਰੇਆਂ ਨੇ ਸਾਨੂੰ ਤਾਂ ਅਲਾਮਤਾਂ ਦਿੱਤੀਆਂ ਹੀ; ਨਾਲ ਲਗਦਿਆਂ ਕੁਦਰਤ ਦੀ ਸਿਰਜਣਾ ਵਿੱਚ ਮਹੱਤਵਪੂਰਨ ਯੋਗਦਾਨ ਦਿੰਦੇ ਜੀਵ-ਜੰਤੂ, ਜਿਨ੍ਹਾਂ ਨੂੰ ਸਾਡੇ ਸਿਆਣੇ ਲੋਕ ਮਿੱਤਰ ਕੀੜੇ ਕਹਿੰਦੇ ਸਨ, ਖ਼ਤਮ ਕਰ ਕੇ ਰੱਖ ਦਿੱਤੇ। ਕਈ ਦੁਰਲੱਭ ਪ੍ਰਜਾਤੀਆਂ ਦੀ ਤਾਂ ਹੋਂਦ ਹੀ ਖ਼ਤਮ ਹੋ ਗਈ।

ਪਹਾੜ ਅਸੀਂ ਢਾਹ ਕੇ ਪੱਧਰੇ ਕਰ ਲਏ। ਟੋਏ ਅਸੀਂ ਪੂਰ ਦਿੱਤੇ। ਦਰਿਆਵਾਂ ਨੂੰ ਬੰਨ੍ਹ ਮਾਰ ਕੇ ਪਾਣੀ ਦਾ ਵੇਗ ਤੇ ਦਿਸ਼ਾ ਬਦਲ ਦਿੱਤੀ। ਧਰਤੀ ਦੇ ਅੰਦਰਲਾ ਪਾਣੀ ਬਾਹਰ ਕੱਢ ਮਾਰਿਆ। ਜ਼ਮੀਨ ਵਿੱਚੋਂ ਖਣਿਜ ਪਦਾਰਥ, ਤੇਲ ਹੋਰ ਪਤਾ ਨਹੀਂ ਕੀ-ਕੀ ਕੱਢ ਮਾਰਿਆ। ਇੰਝ ਜਾਪਦਾ ਹੈ, ਧਰਤੀ ਉਸ ਨਾਰੀਅਲ ਜਾਂ ਤਰਬੂਜ਼ ਦੀ ਤਰਾਂ ਖੋਖਲੀ ਹੋ ਗਈ ਹੈ, ਜਿਸ ਦਾ ਅਰਕ ਤੇ ਰਸ ਕੱਢਿਆ ਜਾ ਚੁੱਕਾ ਹੈ। ਜਾਪਦਾ ਹੈ ਵਿੱਚੋਂ ਖਾਲੀ ਹੋਣ ਕਾਰਨ ਇੱਕ ਦਿਨ ਇਹ ਜ਼ਮੀਨ ਸਾਡੇ ਭਾਰ ਦੇ ਨਾਲ ਦਬ ਜਾਵੇਗੀ ਤੇ ਅਸੀਂ ਇਸ ਵਿੱਚ ਸਮਾ ਜਾਵਾਂਗੇ।

ਬਹੁਤੇ ਦੂਰ ਨਾ ਜਾਈਏ ਇੱਕ ਸਦੀ ਪਹਿਲਾਂ ਹੀ ਕਿੰਨਾ ਕੁਝ ਕੁਦਰਤੀ ਸੀ। ਹਰ ਕੰਮ ਆਪਣੇ ਹੱਥੀਂ ਕਰਨਾ। ਚਾਹੇ ਖੇਤੀ ਦਾ ਕੰਮ ਹੋਵੇ ਤੇ ਚਾਹੇ ਚੁੱਲ੍ਹਾ-ਚੌਂਕੇ, ਰਸੋਈ ਆਦਿ ਦਾ। ਇਕੱਲਾ-ਇਕੱਲਾ ਗਿਣਨ ਜਾਂ ਲਿਖਣ ਲੱਗਾ ਤਾਂ ਪੂਰਾ ਗ੍ਰੰਥ ਬਣ ਜਾਵੇਗਾ। ਸਿੱਧਾ ਮੁੱਦੇ ਦੀ ਗੱਲ ਕਰੀਏ ਤਾਂ ਸ੍ਰਿਸ਼ਟੀ ਵਿੱਚ ਜ਼ਿਆਦਾ ਵਿਗਾੜ ਓਦੋਂ ਪੈਦਾ ਹੋਇਆ, ਜਦੋਂ ਤੇਲ (ਈਂਧਨ) ਦੀ ਖੋਜ ਹੋਈ। ਇਸ ਤੋਂ ਬਾਅਦ ਰਹਿੰਦੀ-ਖੂੰਹਦੀ ਕਸਰ ਬਿਜਲੀ ਨੇ ਪੂਰੀ ਕਰ ਦਿੱਤੀ। ਹੈਂਡਲ ਨਾਲ ਗੇੜਾ ਦੇਣ ਦੀ ਲੋੜ ਵੀ ਜਾਂਦੀ ਰਹੀ। ਸੁੱਚ ਦੱਬੋ ਤੇ ਕੰਮ ਖਤਮ। ਸਾਰੇ ਕੰਮਾਂ ਵਿੱਚ ਸੌਖ ਹੀ ਸੌਖ ਹੋ ਗਈ। ਹੋਰ ਵੇਖੋ, ਪਹਿਲਾਂ ਲੋਕ ਘਰ ਖਾਂਦੇ ਸਨ ਤੇ ਜੰਗਲ ਪਾਣੀ ਬਾਹਰ ਜਾਂਦੇ ਸਨ ਪਰ ਹੁਣ ਉਲਟਾ ਹੋਇਆ ਹੈ। ਬਾਹਰ ਖਾਂਦੇ ਨੇ ਤੇ ਟੁਆਇਲਟ ਘਰੇ ਆ ਕੇ ਵਰਤਦੇ ਨੇ। ਕਈ ਸਿਹਤ ਪ੍ਰਤੀ ਜਾਗਰੂਕ ਲੋਕ ਖਾਣ ਤੋਂ ਬਾਅਦ ਸੈਰ ਵੀ ਕਰਦੇ ਹਨ, ਪਰ ਓਦੋਂ ਰਾਤ ਦਾ ਖਾਣਾ ਖਾਣ ਤੋਂ ਬਾਅਦ ਵੀ ਏਨੇ ਕੰਮ ਹੁੰਦੇ ਸਨ ਕਿ ਸੈਰ ਦੀ ਲੋੜ ਹੀ ਨਹੀਂ ਸੀ ਪੈਂਦੀ, ਜਿਵੇਂ ਕਿ ਹਵੇਲੀ ਜਾ ਕੇ ਪਸ਼ੂਆਂ ਨੂੰ ਪਾਣੀ ਪਿਲਾ ਕੇ ਪੱਧਰੇ ਬੰਨ੍ਹਣਾ। ਇਵੇਂ ਹੀ ਔਰਤਾਂ ਨੇ ਭਾਂਡੇ ਮਾਂਜਣੇ ਤੇ ਮੰਜੇ ਬਿਸਤਰੇ ਵਿਛਾਉਣੇ, ਪਰ ਹੁਣ ਤਾਂ ਵੱਡੇ ਘਰਾਂ ਵਿੱਚ ਇਹ ਕੰਮ ਵੀ ਨੌਕਰ ਹੀ ਕਰਦੇ ਨੇ।

ਇਹ ਗੱਲ ਨਹੀਂ ਕਿ ਵਿਗਿਆਨ ਦੀਆਂ ਉਪਲੱਬਧੀਆਂ ਸਾਡੇ ਲਈ ਗ਼ੈਰ-ਜ਼ਰੂਰੀ, ਮਾੜੀਆਂ ਜਾਂ ਨੁਕਸਾਨਦੇਹ ਨੇ। ਕਸੂਰ ਖੋਜਾਂ ਜਾਂ ਉਹਨਾਂ ਦੀ ਖੋਜ ਕਰਨ ਵਾਲਿਆਂ ਦਾ ਨਹੀਂ, ਦੋਸ਼ ਵਰਤੋਂ ਕਰਨ ਦੇ ਢੰਗ ਤੋਂ ਹੈ। ਸਮੇਂ ਤੇ ਹਾਲਤਾਂ ਨੇ ਇਹ ਸੋਚਣ ਲਈ ਮਜਬੂਰ ਕਰ ਦਿੱਤਾ ਹੈ ਕਿ ਜਿਵੇਂ ਸਾਡੀਆਂ ਲੋੜਾਂ ਤੇ ਇੱਛਾਵਾਂ ਵਧ ਗਈਆਂ ਨੇ ਜਾਂ ਕਹਿ ਲਓ ਅਸੀਂ ਵਧਾ ਲਈਆਂ ਨੇ ਕਿ ਜੇ ਕੱਲ-ਕਲੋਤਰ ਕਿਤੇ ਵਾਪਸ ਜੰਗਲ ਵੱਲ ਮੁੜਨਾ ਪੈ ਜਾਵੇ ਤਾਂ ਕੀ ਹਾਲ ਤੇ ਹੱਲ ਹੋਵੇਗਾ?

ਇੱਕ ਛੋਟੀ ਜਿਹੀ ਉਦਾਹਰਨ ਨਾਲ ਲੇਖ ਖਤਮ ਕਰਾਂਗਾ, ਬਾਕੀ ਹਿਸਾਬ-ਕਿਤਾਬ ਖੁਦ ਲਗਾ ਲੈਣਾ। ਇੱਕ ਪਾਸੇ ਜੰਗਲ ਸਮਾਂ, ਦੂਜੇ ਪਾਸੇ ਮਹਾਂਨਗਰ ਤੇ ਵਿਚਕਾਰ ਇਹਨਾਂ ਦੇ ਪਿੰਡ। ਪਿਛਲੇ ਦਹਾਕੇ ਦੇ ਤਿੰਨ ਮਾੜੇ ਹਾਲਾਤ ਚਾਹੇ ਨੋਟਬੰਦੀ ਵੇਖ ਲਓ, ਚਾਹੇ ਕੋਰੋਨਾ ਸਮਾਂ ਤੇ ਚਾਹੇ ਹੁਣ ਵਾਲਾ ਊਰਜਾ ਸੰਕਟ ਸਮਾਂ ਵੇਖਣਾ ਪਵੇ; ਸ਼ਹਿਰਾਂ ਦੇ ਮੁਕਾਬਲੇ ਪਿੰਡਾਂ ਵਾਲੇ ਕਿਤੇ ਸੌਖੇ ਰਹੇ। ਕਾਰਨ ਕੁਦਰਤ ਦੇ ਅਤੇ ਸੱਭਿਅਕਾਂ ਦੇ ਕਥਿਤ 'ਜੰਗਲੀ ਜੀਵਨ' ਦੇ ਨੇੜੇ ਹੋਣਾ। ਖੈਰ, ਹੁਣ ਤੇ ਪਿੰਡ ਵੀ ਉੱਜੜ ਰਹੇ ਨੇ। ਨਾਂਅ ਦੇ ਹੀ ਰਹਿ ਗਏ ਨੇ। ਘਰਾਂ ਨੂੰ ਜਿੰਦੇ ਵੱਜੇ ਨੇ ਤੇ ਪਰਵਾਰ ਵਾਲੇ ਵਿਦੇਸ਼ਾਂ ਵਿੱਚ ਬੈਠੇ ਨੇ, ਪਰ ਫਿਰ ਵੀ ਜਿੰਨੇ ਕੁ ਬਚਦੇ ਹਨ, ਵਿਰਸਾ, ਸੰਸਕ੍ਰਿਤੀ ਤੇ ਜੀਵਨ ਜਾਚ, ਜੀਵਨ ਚੱਕਰ ਨੂੰ ਸਾਂਭੀ ਬੈਠੇ ਨੇ। ਹਾਲੇ ਵੀ ਅਤੀਤ ਤੋਂ ਬਹੁਤੀ ਦੂਰ ਨਹੀਂ ਗਏ ਅਤੇ ਇਹ ਵੀ ਸੱਚ ਹੈ, ਸਨਦ ਰਹੇਗੀ, ਇੱਕ ਨਾ ਇੱਕ ਦਿਨ 'ਜੰਗਲ' ਵੱਲ ਵਾਪਸ ਮੁੜਨਾ ਹੀ ਪਵੇਗਾ, ਪਰ ਗੌਰ ਤਲਬ ਹੈ ਕਿ ਕਿਧਰੇ ਇਹ ਨਾ ਹੋਵੇ, ਜਦੋਂ ਤੱਕ ਮੱਛੀਆਂ ਪੱਥਰ ਚੱਟ ਕੇ ਮੁੜਨ, ਦਰਿਆ ਓਦੋਂ ਤੱਕ ਸੁੱਕ ਚੁੱਕੇ ਹੋਣ।

# ਸੰਪਰਕ: 98153-02341

**ਜਨਮ ਦਿਨ 'ਤੇ ਵਿਸ਼ੇਸ਼**

# ਸੰਘਰਸ਼ ਭਰੀ ਸਦੀ ਦਾ ਮਹਾਂ-ਨਾਇਕ ਬਾਬਾ ਭਗਤ ਸਿੰਘ ਬਿਲਗਾ

**ਪ੍ਰੋ. ਗੋਪਾਲ ਸਿੰਘ ਬੁੱਟਰ**

ਗ਼ਦਰ ਲਹਿਰ ਦੇ ਆਖ਼ਰੀ ਜਰਨੈਲ ਅਤੇ ਉੱਘੇ ਚਿੰਤਕ ਬਾਬਾ ਭਗਤ ਸਿੰਘ ਬਿਲਗਾ ਦੁਆਬੇ ਦੇ ਪ੍ਰਸਿੱਧ ਪਿੰਡ ਬਿਲਗਾ, ਜ਼ਿਲ੍ਹਾ ਜਲੰਧਰ ਦੇ ਜੰਮਪਲ ਸਨ। ਉਹਨਾ ਦਾ ਜਨਮ ਇਸੇ ਪਿੰਡ ਵਿੱਚ 2 ਅਪ੍ਰੈਲ 1907 ਨੂੰ ਨੰਬਰਦਾਰ ਹੀਰਾ ਸਿੰਘ ਸੰਘੇੜਾ ਪੱਤੀ ਭਲਾਈ ਦੇ ਘਰ ਮਾਤਾ ਮਾਲਣ ਦੀ ਕੁੱਖੋਂ ਹੋਇਆ। ਆਪ ਆਪਣੇ ਭੈਣਾਂ-ਭਰਾਵਾਂ ਵਿੱਚੋਂ ਸਭ ਤੋਂ ਛੋਟੇ ਸਨ। ਇਹਨਾ ਤੋਂ ਵੱਡੇ ਇਹਨਾਂ ਦੇ ਇੱਕ ਭਰਾ ਚੌਧਰੀ ਰਾਮ ਬਖ਼ਸ਼ ਤੇ ਇਹਨਾਂ ਦੇ ਬਾਪ ਦੇ ਪਹਿਲੇ ਵਿਆਹ ਤੋਂ ਦੋ ਭੈਣਾਂ ਸਨ। ਇਹ ਅਜੇ ਦੋ ਸਾਲਾਂ ਦੇ ਵੀ ਨਹੀਂ ਸਨ ਹੋਏ ਕਿ ਇਹਨਾ ਦੇ ਬਾਪ ਦੀ ਅਕਾਲ ਮ੍ਰਿਤੂ ਦਾ ਕਹਿਰ ਪਰਵਾਰ 'ਤੇ ਟੁੱਟ ਪਿਆ। ਘਰ ਦਾ ਕਮਾਊ ਅੱਧਵਾਟੇ ਛੱਡ ਕੇ ਤੁਰ ਗਿਆ ਤਾਂ ਇਹਨਾਂ ਦੀ ਮਾਤਾ ਨੂੰ ਪਰਵਾਰ ਦੀ ਪਰਵਰਿਸ਼ ਲਈ ਸਖ਼ਤ ਮਿਹਨਤ ਕਰਨੀ ਪਈ, ਪਰ ਫੇਰ ਵੀ ਪੂਰੀ ਨਾ ਪਈ ਅਤੇ ਅਖੀਰ ਘਰ-ਘਾਟ ਤੱਕ ਵੀ ਗਿਰਵੀ ਰੱਖਣਾ ਪਿਆ। ਭਗਤ ਸਿੰਘ ਬਿਲਗਾ ਬਚਪਨ ਵਿੱਚ ਮਾਲਵੇ ਦੇ ਪਿੰਡ ਅਜੀਤਵਾਲ ਆਪਣੀ ਮਾਸੀ ਕੋਲ ਰਹਿ ਕੇ ਨੇੜਲੇ ਪਿੰਡ ਚੂਹੜ ਚੱਕ ਪੜ੍ਹਦੇ ਰਹੇ। ਉੱਥੋਂ ਮਿਡਲ ਪਾਸ ਕਰਕੇ ਉਹਨਾਂ ਲੁਧਿਆਣੇ ਦੇ ਮਾਲਵਾ ਖਾਲਸਾ ਹਾਈ ਸਕੂਲ ਤੋਂ ਮੈਟ੍ਰਿਕ ਕੀਤੀ। ਘਰ ਦੀ ਗ਼ਰੀਬੀ ਕੱਟਣ ਖਾਤਿਰ ਵਿਦੇਸ਼ ਕਮਾਈ ਕਰਨ ਲਈ ਉਹ ਪਹਿਲਾਂ ਜਪਾਨ ਤੇ ਫਿਰ ਅਰਜਨਟਾਈਨਾ ਪਹੁੰਚੇ, ਪਰ ਉੱਥੇ ਵੱਸਦੇ ਪੰਜਾਬੀ ਦੇਸ਼ ਭਗਤਾਂ ਦੇ ਅਸਰ ਨੇ ਘਰ ਦੀ ਗ਼ਰੀਬੀ ਦੀ ਥਾਂ ਦੇਸ਼ ਦੀ ਗੁਲਾਮੀ ਦੀਆਂ ਜ਼ੰਜੀਰਾਂ ਕੱਟਣ ਵਾਲੇ ਪਾਸੇ ਤੋਰ ਲਿਆ।



ਬਾਬਾ ਭਗਤ ਸਿੰਘ ਬਿਲਗਾ 2 ਅਪ੍ਰੈਲ 1907 ਤੋਂ 22 ਮਈ 2009 ਤੱਕ ਦੀ ਲੰਮੀ ਸਰਗਰਮ ਜ਼ਿੰਦਗੀ ਜਿਉ ਕੇ ਗੁਜ਼ਰੇ ਹਨ। ਬਾਬਾ ਜੀ ਦੇ ਬਰਤਾਨਵੀ ਸਾਮਰਾਜ ਖਿਲਾਫ਼ ਵਿਦਰੋਹੀ ਜੀਵਨ ਦਾ ਆਗਾਜ਼ ਉਹਨਾ ਦੇ ਵਿਦਿਆਰਥੀ ਜੀਵਨ ਵਿੱਚ ਭਾਵ ਲੁਧਿਆਣੇ ਪੜ੍ਹਦੇ ਸਮੇਂ ਹੀ ਹੋ ਗਿਆ ਸੀ, ਜਦ ਵਾਇਸਰਾਏ ਦੀ ਸਕੂਲ ਫੇਰੀ 'ਤੇ ਇਹਨਾਂ ਨੇ ਹਿੱਪ-ਹਿੱਪ ਹੁਰੇ ਕਹਿਣ ਦੀ ਥਾਂ ਵਾਇਸਰਾਏ ਹਾਏ-ਹਾਏ ਕਹਿ ਕੇ ਸਕੂਲ ਹੈੱਡਮਾਸਟਰ ਦੀ ਬੈਂਤਾਂ ਦੀ ਸਜ਼ਾ ਕਬੂਲ ਕੀਤੀ। ਘਰ ਦੀ ਗ਼ਰੀਬੀ ਧੋਣ ਲਈ ਕਮਾਈ ਕਰਨ ਲਈ ਉਹ ਵਿਦੇਸ਼ ਗਏ ਤੇ 21 ਸਾਲ ਦੀ ਉਮਰ ਵਿੱਚ 1928 ਨੂੰ ਸ੍ਰੀ ਅਜੀਤ ਸਿੰਘ (ਚਾਚਾ ਸ਼ਹੀਦ ਭਗਤ ਸਿੰਘ) ਦੀ ਪ੍ਰਧਾਨਗੀ ਵਾਲੀ ਅਰਜਨਟਾਈਨਾ ਦੀ ਗ਼ਦਰ ਪਾਰਟੀ ਦੇ ਜਨਰਲ ਸਕੱਤਰ ਬਣ ਕੇ ਭਾਰਤੀਆਂ ਨੂੰ ਦੇਸ਼ ਦੀ ਗ਼ੁਲਾਮੀ ਦਾ ਜੂਲਾ ਗਲੋਂ ਲਾਹੁਣ ਲਈ ਜਥੇਬੰਦ ਕਰਨ ਲੱਗ ਪਏ। ਅਰਜਨਟਾਈਨਾ ਤੋਂ ਪਾਰਟੀ ਦੇ ਆਦੇਸ਼ ਮੁਤਾਬਕ ਬਿਲਗਾ ਜੀ ਮਾਰਕਸਵਾਦ ਅਤੇ ਫੌਜੀ ਵਿਦਿਆ ਦੀ ਉਚੇਰੀ ਟਰੇਨਿੰਗ ਲੈਣ ਲਈ ਰੂਸ ਦੀ ਟੋਆਇਲਰ ਯੂਨੀਵਰਸਿਟੀ ਮਾਸਕੋ ਗਏ, ਉੱਥੋਂ ਉਹ 60 ਕ੍ਰਾਂਤੀਕਾਰੀਆਂ ਦਾ ਗਰੁੱਪ ਤਿਆਰ ਕਰਕੇ ਆਜ਼ਾਦੀ ਦੀ ਲੜਾਈ ਵਿੱਚ ਸ਼ਾਮਿਲ ਹੋਣ ਲਈ ਭਾਰਤ ਪਰਤੇ। ਉਹਨਾ 1934 ਤੋਂ 1936 ਤਕ ਕਲਕੱਤੇ, ਕਾਨਪੁਰ ਅਤੇ ਪੰਜਾਬ ਦੀਆਂ ਕ੍ਰਾਂਤੀਕਾਰੀ ਸੰਸਥਾਵਾਂ ਵਿੱਚ ਤਨਦੇਹੀ ਨਾਲ ਕੰਮ ਕੀਤਾ। ਬਾਬਾ ਜੀ ਨੂੰ ਗ੍ਰਿਫਤਾਰੀ ਤੋਂ ਬਾਅਦ ਲਾਹੌਰ ਦੇ ਕਿਲ੍ਹੇ ਵਿੱਚ ਦੋ ਮਹੀਨੇ ਅਣ-ਮਨੁੱਖੀ ਤਸੀਹੇ ਦਿੱਤੇ ਗਏ ਅਤੇ ਰਿਹਾਈ ਉਪਰੰਤ ਇੱਕ ਸਾਲ ਲਈ ਪਿੰਡ ਬਿਲਗਾ ਵਿੱਚ ਨਜ਼ਰਬੰਦ ਕਰ ਦਿੱਤਾ ਗਿਆ। ਬਾਬਾ ਬਿਲਗਾ ਜੀ ਨੂੰ 1938 ਵਿੱਚ ਜ਼ਿਲ੍ਹਾ ਕਾਂਗਰਸ ਕਮੇਟੀ ਦਾ ਸਕੱਤਰ, ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਲਾਹੌਰ ਦਾ ਮੈਂਬਰ, ਆਲ ਇੰਡੀਆ ਕਾਂਗਰਸ ਕਮੇਟੀ ਦਾ ਮੈਂਬਰ ਚੁਣਿਆ ਗਿਆ। ਉਹਨਾ ਕਾਂਗਰਸ ਦੇ ਗੁਜਰਾਤ ਸੈਸ਼ਨ ਵਿੱਚ ਸ਼ਮੂਲੀਅਤ ਕੀਤੀ। ਉਹਨਾ ਨੂੰ 1939 ਵਿੱਚ ਕੈਂਬਲਪੁਰ ਜੇਲ੍ਹ ਵਿੱਚ ਤਿੰਨ ਸਾਲ ਬਤੌਰ ਜੰਗੀ ਕੈਦੀ ਰੱਖਿਆ ਗਿਆ। 1942 ਵਿੱਚ ਰਿਹਾਅ ਹੋਣ 'ਤੇ ਲੁਧਿਆਣੇ ਸਰਕਾਰ ਵਿਰੁੱਧ ਭੜਕਾਊ ਭਾਸ਼ਣ ਦੇਣ ਦੇ ਦੋਸ਼ ਵਿੱਚ ਉਹਨਾ ਨੂੰ ਇੱਕ ਸਾਲ ਲਈ ਮੁੜ ਜੇਲ੍ਹ ਵਿੱਚ ਬੰਦ ਕਰ ਦਿੱਤਾ। 1947-48 ਵਿੱਚ ਫਿਰਕੂ ਵੰਡ ਦਾ ਵਿਰੋਧ ਕਰਨ 'ਤੇ ਆਜ਼ਾਦ ਭਾਰਤ ਦੀ ਸਰਕਾਰ ਨੇ ਬਾਬਾ ਭਗਤ ਸਿੰਘ ਬਿਲਗਾ ਨੂੰ ਇੱਕ ਸਾਲ ਲਈ ਧਰਮਸ਼ਾਲਾ ਦੀ ਯੋਲ ਕੈਂਪ ਜੇਲ੍ਹ ਵਿੱਚ ਡੱਕ ਦਿੱਤਾ। 1959 ਵਿਚ ਖੁਸ਼ ਹੈਸੀਅਤੀ ਟੈਕਸ ਦੇ ਵਿਰੋਧ ਵਿੱਚ ਸੰਘਰਸ਼ ਕਰਨ 'ਤੇ ਪੰਜਾਬ ਦੀ ਕੈਰੋਂ ਸਰਕਾਰ ਨੇ ਫਿਰ ਬਾਬਾ ਬਿਲਗਾ ਨੂੰ ਗ੍ਰਿਫਤਾਰ ਕਰਕੇ ਜੇਲ੍ਹ ਅੰਦਰ ਬੰਦ ਕਰ ਦਿੱਤਾ। ਉਹਨਾ ਨੂੰ 1971 ਵਿੱਚ ਨਕਸਲੀ ਨੌਜਵਾਨਾਂ ਦੇ ਝੂਠੇ ਪੁਲਸ ਮੁਕਾਬਲਿਆਂ ਦਾ ਵਿਰੋਧ ਕਰਨ 'ਤੇ 4 ਮਹੀਨੇ ਪਟਿਆਲੇ ਜੇਲ੍ਹ ਵਿੱਚ ਕੈਦ ਰੱਖਿਆ ਗਿਆ। ਉਹਨਾ ਦੇ ਆਖਰੀ ਵਾਰੰਟ ਐਮਰਜੈਂਸੀ ਦਾ ਵਿਰੋਧ ਕਰਨ 'ਤੇ ਨਿਕਲੇ ਅਤੇ 6 ਅਕਤੂਬਰ 2008 ਵਿੱਚ ਜਲ੍ਹਿਆਂ ਵਾਲੇ ਬਾਗ ਦੇ ਅਸਲੀ ਸਰੂਪ ਨੂੰ ਬਚਾਉਣ, ਕਾਮਾਗਾਟਾਮਾਰੂ ਦੇ ਮੁਸਾਫਰਾਂ ਤੇ ਨਾਮਧਾਰੀ ਦੇਸ਼ ਭਗਤਾਂ ਨੂੰ ਮਾਨਤਾ ਦਿਵਾਉਣ ਸੰਬੰਧੀ ਕੀਤੇ ਰੋਸ ਮਾਰਚ ਨੂੰ ਉਹਨਾ ਦੇ ਵਿਦਰੋਹੀ ਜੀਵਨ ਦਾ ਆਖਰੀ ਅੰਦੋਲਨ ਮੰਨਿਆ ਜਾ ਸਕਦਾ ਹੈ, ਜਿਸ ਮਾਰਚ ਦੀ ਅਗਵਾਈ ਇਸ 101 ਸਾਲਾ ਬਜ਼ੁਰਗ ਇਨਕਲਾਬੀ ਨੇ ਵੀਲ੍ਹ ਚੇਅਰ 'ਤੇ ਬੈਠ ਕੇ ਕੀਤੀ। ਬਾਬਾ ਜੀ ਨੇ ਹਰ ਪ੍ਰਕਾਰ ਦੀ ਗੁਲਾਮੀ, ਨਾਬਰਾਬਰੀ, ਬੇਗਾਨਗੀ ਤੇ ਸ਼ੋਸ਼ਣ ਦੇ ਖਿਲਾਫ਼ ਸੰਘਰਸ਼ ਕਰਨ ਦੇ ਨਾਲ-ਨਾਲ ਉਮਰ ਭਰ ਰੰਗ, ਨਸਲ, ਧਰਮ ਤੇ ਜਾਤੀ ਵਿਤਰਕੇ ਦੇ ਖਿਲਾਫ਼ ਵੀ ਨਿਰੰਤਰ ਅਤੇ ਪੂਰੀ ਤਨਦੇਹੀ ਨਾਲ ਜੱਦੋ-ਜਹਿਦ ਕੀਤੀ। ਬਾਬਾ ਜੀ ਨੇ ਦੇਸ਼ ਦੀ ਆਜ਼ਾਦੀ ਖਾਤਰ ਕੀਤੀਆਂ ਮਹਾਨ ਕੁਰਬਾਨੀਆਂ ਅਤੇ ਸਮੁੱਚੇ ਮਾਨਵੀ ਸਮਾਜ ਪ੍ਰਤੀ ਦਿੱਤੀਆਂ ਵੱਡਮੁਲੀਆਂ ਸੇਵਾਵਾਂ ਦੇ ਇਵਜ਼ ਵਿੱਚ ਕੋਈ ਵੀ ਸਰਕਾਰੀ ਪੈਨਸ਼ਨ ਜਾਂ ਕੋਈ ਹੋਰ ਸੁਵਿਧਾ ਪ੍ਰਵਾਨ ਨਹੀਂ ਕੀਤੀ। ਉਹਨਾ ਇੱਕ ਰਾਸ਼ਟਰੀ ਅਵਾਰਡ 'ਸਦੀ ਦਾ ਹੌਸਲਾ ਅਤੇ ਬਹਾਦੁਰੀ ਦਾ ਸਨਮਾਨ' ਸਿਰਫ਼ ਆਪਣੇ ਪਿਆਰਿਆਂ ਦੇ ਜ਼ੋਰ ਦੇਣ ਤੇ ਇਸ ਕਰਕੇ ਪ੍ਰਵਾਨ ਕੀਤਾ ਕਿ ਇਸ ਨਾਲ ਕੋਈ ਵਿੱਤੀ ਲਾਭ ਨਹੀਂ ਸੀ ਜੁੜਿਆ। ਇਸੇ ਤਰ੍ਹਾਂ ਪੰਜਾਬ ਸਰਕਾਰ ਨੇ ਉਹਨਾ ਨੂੰ ਮਰਨ ਉਪਰੰਤ 'ਪੰਜਾਬ ਰਤਨ' ਦਾ ਖਿਤਾਬ ਦੇ ਕੇ ਸਨਮਾਨਤ ਕੀਤਾ। ਇਸ ਵਿੱਚ ਵੀ ਕੋਈ ਨਕਦ ਰਾਸ਼ੀ ਨਾ ਸ਼ਾਮਲ ਹੋਣ ਕਰਕੇ ਹੀ ਉਹਨਾ ਦੇ ਪਰਵਾਰ ਨੇ ਇਸ ਨੂੰ ਸਵੀਕਾਰ ਕੀਤਾ।

ਬਾਬਾ ਭਗਤ ਸਿੰਘ ਬਿਲਗਾ ਜੀ ਨੇ ਆਜ਼ਾਦੀ ਉਪਰੰਤ ਆਜ਼ਾਦੀ ਸੰਗਰਾਮੀਏ ਗ਼ਦਰੀ ਯੋਧਿਆਂ ਦੀ ਯਾਦਗਾਰ 'ਦੇਸ਼ ਭਗਤ ਯਾਦਗਾਰ ਹਾਲ ਜਲੰਧਰ' ਦੀ ਉਸਾਰੀ ਲਈ ਦਿਨ-ਰਾਤ ਇੱਕ ਕਰ ਦਿੱਤਾ। ਦੇਸ਼ਾਂ-ਵਿਦੇਸ਼ਾਂ ਤੋਂ ਉਗਰਾਹੀਆਂ ਕੀਤੀਆਂ ਤੇ ਆਪਣੀ ਨਿਗਰਾਨੀ ਹੇਠ ਇਸ ਵਿਸ਼ਾਲ ਯਾਦਗਾਰ ਦਾ ਨਿਰਮਾਣ ਕਰਵਾਇਆ। ਉਹਨਾ ਆਪਣੀ ਜਵਾਨੀ ਵਿੱਚ ਹੀ ਭਾਵ 1935-36 ਵਿੱਚ ਬਿਲਗੇ ਦੇ ਬੱਚਿਆਂ ਲਈ ਆਪਣੇ ਸਾਥੀਆਂ ਦੇ ਸਹਿਯੋਗ ਨਾਲ ਲੜਕੀਆਂ ਦਾ ਸਕੂਲ ਖੁੱਲ੍ਹਵਾਇਆ ਅਤੇ ਖੁਦ ਉਸ ਦੀ ਨਿਗਰਾਨੀ ਕੀਤੀ। ਉਹਨਾ 1953 ਵਿੱਚ ਬਿਲਗੇ ਵਿਖੇ ਲੜਕਿਆਂ ਦਾ ਹਾਈ ਸਕੂਲ ਖੁੱਲ੍ਹਵਾਇਆ। ਉਹ ਲੜਕੀਆਂ ਦੇ ਕਾਲਜ ਦੀ ਲੋੜ ਨੂੰ ਬੜੀ ਸ਼ਿੱਦਤ ਨਾਲ ਮਹਿਸੂਸ ਕਰਦੇ ਰਹੇ ਉਹਨਾਂ ਨੇ ਇਲਾਕੇ ਵਿੱਚ 1969 ਈ. ਵਿੱਚ ਗੁਰੂ ਨਾਨਕ ਦੇਵ ਜੀ ਦੀ ਪੰਜਵੀਂ ਜਨਮ ਸ਼ਤਾਬਦੀ ਦੇ ਅਵਸਰ 'ਤੇ ਖੁੱਲ੍ਹੇ 'ਗੁਰੂ ਨਾਨਕ ਗਰਲਜ਼ ਕਾਲਜ ਬਾਬਾ ਸੰਗ ਢੇਸੀਆਂ' ਤੇ ਗੁਰੂ ਗੋਬਿੰਦ ਸਿੰਘ ਕਾਲਜ, ਜੰਡਿਆਲਾ ਮੰਜਕੀ ਦੇ ਨਿਰਮਾਣ ਤੇ ਸੰਚਾਲਨ ਵਿੱਚ ਯੋਗਦਾਨ ਪਾਇਆ। ਉਹਨਾ ਆਪਣੀ ਉਮਰ ਦੇ ਆਖਰੀ ਪੜਾਅ ਵਿੱਚ ਕਾਮਰੇਡ ਕਰਤਾਰ ਸਿੰਘ ਦੀ ਬਹੁ-ਕੀਮਤੀ ਜ਼ਮੀਨ ਤੋਂ ਨਾਜਾਇਜ਼ ਕਬਜ਼ਾ ਛੁਡਵਾ ਕੇ ਵਿਦੇਸ਼ੀ ਵੀਰਾਂ ਦੀ ਸਹਾਇਤਾ ਨਾਲ ਕਰੋੜਾਂ ਰੁਪਇਆਂ ਦੀ ਲਾਗਤ ਵਾਲਾ ਵੱਡ-ਆਕਾਰੀ 'ਜਨਰਲ ਹਸਪਤਾਲ ਬਿਲਗਾ' ਬਿਲਗਾ-ਨੂਰਮਹਿਲ ਰੋਡ 'ਤੇ ਬਾਬਾ ਰਹਿਮਤ ਸ਼ਾਹ ਦੀ ਦਰਗਾਹ ਦੇ ਨਜ਼ਦੀਕ ਬਣਵਾਉਣ ਵਿੱਚ ਯੋਗਦਾਨ ਪਾਇਆ, ਜਿਸ ਦਾ ਨੀਂਹ ਪੱਥਰ 13 ਅਪ੍ਰੈਲ 2000 ਈ. ਨੂੰ ਵਿਸਾਖੀ ਵਾਲੇ ਦਿਨ ਰੱਖਿਆ ਗਿਆ।

ਬਾਬਾ ਬਿਲਗਾ ਜੀ ਨੇ ਜਿੱਥੇ ਆਜ਼ਾਦੀ ਦੀ ਲੜਾਈ ਅਤੇ ਲੋਕ ਹਿਤੈਸ਼ੀ ਲਹਿਰ ਵਿੱਚ ਵੱਡਮੁੱਲਾ ਯੋਗਦਾਨ ਪਾਇਆ, ਉੱਥੇ ਉਹਨਾ ਲੋਕ ਹਿਤੈਸ਼ੀ ਲਹਿਰ ਅਤੇ ਇਸ ਦੇ ਨਾਇਕਾਂ ਨਾਲ ਸੰਬੰਧਤ ਇਤਿਹਾਸਿਕ ਮਹੱਤਵ ਵਾਲੀਆਂ ਪੁਸਤਕਾਂ ਦੀ ਰਚਨਾ ਵੀ ਕੀਤੀ। ਉਹਨਾ ਦੀਆਂ ਪੁਸਤਕਾਂ 'ਗਦਰ ਲਹਿਰ ਦੇ ਅਣਫੋਲੇ ਵਰਕੇ', 'ਮੇਰਾ ਵਤਨ, ਮੇਰੀ ਸਮਝ ਮੇਰੀ ਸੋਚ, ਅਤੇ 'ਜੀਵਨੀ ਨਿਰਭੈ-ਯੋਧਾ: ਬਾਬਾ ਗੁਰਮੁਖ ਸਿੰਘ ਲਲਤੋਂ' ਅਤੇ ਅਖ਼ਬਾਰਾਂ, ਰਸਾਲਿਆਂ ਵਿੱਚ ਛੱਪਣ ਵਾਲੇ ਉਹਨਾ ਦੇ ਲੇਖ ਆਜ਼ਾਦੀ ਸੰਗਰਾਮ ਦੇ ਇਤਿਹਾਸ ਦੇ ਨਾਲ ਸੰਬੰਧਤ ਮਹੱਤਵਪੂਰਨ ਦਸਤਾਵੇਜ਼ ਹਨ।

# ਸੰਪਰਕ : 99150-05814

# ਮਜ਼ਦੂਰ, ਮੁਲਾਜ਼ਮ ਵਿਰੋਧੀ ਚਾਰ ਲੇਬਰ ਕੋਡਾਂ ਵਿਰੁੱਧ 1 ਅਪ੍ਰੈਲ ਨੂੰ ਕਾਲਾ ਦਿਵਸ ਵਜੋਂ ਮਨਾਇਆ






**ਲੁਧਿਆਣਾ (ਰੈਕਟਰ ਕਥੂਰੀਆ)**
ਟਰੇਡ ਜਥੇਬੰਦੀਆਂ ਦੇ ਸੱਦੇ 'ਤੇ ਕਾਲਾ ਦਿਵਸ ਮਨਾਉਣ ਦਾ ਸੱਦਾ ਦਿੱਤਾ ਗਿਆ ਜਿਸ 'ਤੇ ਪੰਜਾਬ ਰੋਡਵੇਜ਼ ਪਨਬੱਸ ਲੁਧਿਆਣਾ ਡਿਪੂ ਦੇ ਗੇਟ 'ਤੇ ਪੰਜਾਬ ਰੋਡਵੇਜ਼ ਪਨਬਸ/ਪੀ ਆਰ ਟੀ ਸੀ ਜਥੇਬੰਦੀ ਨੁਮਾਇੰਦਿਆਂ ਵੱਲੋਂ ਕੇਂਦਰ ਅਤੇ ਸੂਬਾ ਸਰਕਾਰ ਵਿਰੁੱਧ ਰੋਸ ਜ਼ਾਹਰ ਕਰਦਿਆ ਕਾਲੇ ਝੰਡਿਆਂ ਨਾਲ ਰੋਸ ਜ਼ਾਹਰ ਕੀਤਾ ਗਿਆ। ਇਸ ਮੌਕੇ ਨਾਅਰੇਬਾਜ਼ੀ ਕਰਦਿਆਂ ਸਰਕਾਰ ਦੀਆਂ ਮਾਰੂ ਨੀਤੀਆਂ ਦਾ ਵਿਰੋਧ ਕਰਦਿਆਂ ਵਰਕਰਾਂ ਨੂੰ ਜਾਗਰੂਕ ਕੀਤਾ ਗਿਆ। ਮਜ਼ਦੂਰ ਆਗੂਆਂ ਦੱਸਿਆ ਕਿ 12 ਫਰਵਰੀ ਨੂੰ ਦੇਸ਼ ਪੱਧਰੀ ਸਫਲ ਹੜਤਾਲ ਕਰਕੇ ਚਾਰ ਲੇਬਰ ਕੋਡਾਂ ਦਾ ਵਿਰੋਧ ਕਰ ਚੁੱਕੇ ਹਾਂ ਪ੍ਰੰਤੂ ਮੋਦੀ ਸਰਕਾਰ ਸਰਕਾਰ ਲਗਾਤਾਰ ਤਾਨਾਸ਼ਾਹੀ ਫਰਮਾਨ ਨਾਲ ਮੁਲਾਜ਼ਮ, ਮਜ਼ਦੂਰ ਮਾਰੂ ਨੀਤੀਆਂ ਲਾਗੂ ਕਰ ਰਹੀ ਹੈ। ਸਰਕਾਰੀ ਅਦਾਰਿਆਂ ਵਿੱਚ ਠੇਕੇਦਾਰੀ ਪ੍ਰਥਾ ਰਾਹੀਂ ਘੱਟ ਤਨਖਾਹਾਂ 'ਤੇ ਸ਼ੋਸ਼ਣ ਕੀਤਾ ਜਾ ਰਿਹਾ ਹੈ। ਭਵਿੱਖ ਲਈ ਰੈਗੂਲਰ ਭਰਤੀਆਂ 'ਤੇ ਰੋਕ ਲਗਾ ਕੇ ਸਰਕਾਰੀ ਅਦਾਰਿਆਂ ਨੂੰ ਖਤਮ ਕਰਨ ਦੀ ਮਨਸ਼ਾ ਨਾਲ ਸਰਮਾਏਦਾਰਾਂ ਨਾਲ ਸਾਂਝਾਂ ਗੂੜ੍ਹੀਆਂ ਕੀਤੀਆਂ ਜਾ ਰਹੀਆਂ ਹਨ। ਹੁਣ ਸਿੱਧੇ ਤੌਰ 'ਤੇ ਟਰਾਂਸਪੋਰਟ ਦਾ ਕਿਲੋਮੀਟਰ ਸਕੀਮ ਪ੍ਰਾਈਵੇਟ ਬੱਸਾਂ ਰਾਹੀਂ ਵਿਭਾਗਾਂ ਦਾ ਨਿੱਜੀਕਰਨ ਕਰਕੇ ਰੋਜ਼ਗਾਰ ਖਤਮ ਕੀਤੇ ਜਾ ਰਹੇ ਅਤੇ ਕੁਰੱਪਸ਼ਨ ਦੀਆਂ ਚੋਰ ਮੋਰੀਆਂ ਨੂੰ ਬੜ੍ਹਾਵਾ ਦਿੱਤਾ ਜਾ ਰਿਹਾ ਹੈ। ਜਿਸ ਤੋਂ ਸਪੱਸ਼ਟ ਹੁੰਦਾ ਹੈ ਕਿ ਮਜ਼ਦੂਰ, ਮੁਲਾਜ਼ਮਾਂ ਦੀ ਅਵਾਜ਼ ਨੂੰ ਦਬਾ ਕੇ ਚਾਰ ਮਾਰੂ ਲੇਬਰ ਕੋਡ ਵੀ ਲਾਗੂ ਕਰ ਸਕਦੀ ਹੈ ਜਿਸ ਦਾ ਅੱਜ ਕਾਲਾ ਦਿਵਸ ਮਨਾ ਕੇ ਸਖਤ ਵਿਰੋਧ ਜ਼ਾਹਰ ਕੀਤਾ। ਜਥੇਬੰਦੀ ਆਗੂਆਂ ਵੱਲੋਂ ਗੇਟ 'ਤੇ ਸਰਕਾਰ ਨੂੰ ਚਿਤਾਵਨੀ ਦਿੱਤੀ ਗਈ ਕਿ ਜੇਕਰ ਮਜ਼ਦੂਰ, ਮੁਲਾਜ਼ਮ ਮਾਰੂ ਫਰਮਾਨ ਰੱਦ ਨਾ ਕੀਤੇ ਜਾਂ ਲਾਗੂ ਕਰਨ ਦੀ ਕੋਸ਼ਿਸ਼ ਕੀਤੀ ਤਾਂ ਟਰੇਡ ਜਥੇਬੰਦੀਆਂ ਦੇ ਸੱਦੇ 'ਤੇ ਵੱਡੇ ਸੰਘਰਸ਼ ਕਰਨ ਲਈ ਮਜਬੂਰ ਹੋਵਾਂਗੇ। ਇਸ ਮੌਕੇ ਸ਼ਮਸ਼ੇਰ ਸਿੰਘ ਢਿੱਲੋਂ ਸੂਬਾ ਜਥਬਲ ਸਕੱਤਰ ਅਤੇ ਜਗਤਾਰ ਸਿੰਘ ਜੁਆਇੰਟ ਸਕੱਤਰ ਪੰਜਾਬ ਰੋਡਵੇਜ਼ ਪਨਬਸ/ਪੀ ਆਰ ਟੀ ਸੀ ਕੰਟਰੈਕਟ ਵਰਕਰਜ ਯੂਨੀਅਨ ਪੰਜਾਬ, ਹਰਬੰਸ ਸਿੰਘ ਪੰਧੇਰ ਪ੍ਰਧਾਨ ਟਰਾਂਸਪੋਰਟ ਵਰਕਰਜ਼ ਯੂਨੀਅਨ ਏਟਕ ਇਸ ਤੋਂ ਇਲਾਵਾ ਸਤੀਸ਼ ਕੁਮਾਰ, ਗੁਰਕੀਰਤ ਸਿੰਘ, ਅਮਰਜੀਤ ਸਿੰਘ ਵਰਕਸ਼ਾਪ, ਬੀਰਾ ਸਿੰਘ, ਨਵਜੋਤ ਸਿੰਘ, ਹੈਪੀ, ਸੰਦੀਪ ਸਿੰਘ ਸਮੇਤ ਆਦਿ ਆਗੂਆਂ ਨੇ ਹਾਜ਼ਰ ਹੋ ਕੇ ਸਰਕਾਰ ਦੀਆਂ ਨੀਤੀਆਂ ਦਾ ਵਿਰੋਧ ਕੀਤਾ ਅਤੇ ਸੰਘਰਸ਼ ਦਾ ਬਿਗਲ ਵਜਾਇਆ।

**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ) :** ਕੇਂਦਰੀ ਹੁਕਮਰਾਨ ਮੋਦੀ ਸਰਕਾਰ ਵੱਲੋਂ 1 ਅਪ੍ਰੈਲ ਤੋਂ ਦੇਸ਼ ਭਰ ਵਿੱਚ ਚਾਰ ਨਵੇਂ ਲੇਬਰ ਕੋਡ ਲਾਗੂ ਕਰਨ ਦੇ ਵਿਰੋਧ ਵਿੱਚ ਏਟਕ ਨਾਲ ਸੰਬੰਧਤ ਵੱਖ-ਵੱਖ ਜਥੇਬੰਦੀਆਂ ਵੱਲੋਂ ਸਥਾਨਕ ਸ਼ਹੀਦ ਕਾਮਰੇਡ ਅਮੋਲਕ ਸਿੰਘ ਭਵਨ ਵਿਖੇ ਰੋਸ ਪ੍ਰਦਰਸ਼ਨ ਕਰਦਿਆਂ ਬਲੈਕ ਡੇਅ ਮਨਾਇਆ ਗਿਆ। ਇਸ ਮੌਕੇ ਮਿਹਨਤਕਸ਼ ਜਮਾਤ ਨੇ ਕੇਂਦਰ ਸਰਕਾਰ ਦੀਆਂ ਨੀਤੀਆਂ ਖ਼ਿਲਾਫ਼ ਜੰਮ ਕੇ ਭੜਾਸ ਕੱਢੀ।ਇਸ ਰੋਸ ਇਕੱਠ ਨੂੰ ਸੰਬੋਧਨ ਕਰਦਿਆਂ ਪੰਜਾਬ ਪੈਨਸ਼ਨਰਜ਼ ਯੂਨੀਅਨ ਦੇ ਸੂਬਾਈ ਜਨਰਲ ਸਕੱਤਰ ਪ੍ਰੇਮ ਚਾਵਲਾ, ਜ਼ਿਲ੍ਹਾ ਪ੍ਰਧਾਨ ਕੁਲਵੰਤ ਸਿੰਘ ਚਾਨੀ ਅਤੇ ਕਿਸਾਨ ਸਭਾ ਦੇ ਆਗੂ ਸੁਖਜਿੰਦਰ ਸਿੰਘ ਤੂੰਬੜਭੰਨ ਨੇ ਕਿਹਾ ਕਿ ਮੋਦੀ ਸਰਕਾਰ ਨੇ ਕਾਰਪੋਰੇਟ ਘਰਾਣਿਆਂ ਨੂੰ ਲਾਭ ਪਹੁੰਚਾਉਣ ਲਈ ਮਜ਼ਦੂਰਾਂ ਵੱਲੋਂ ਲੰਬੇ ਸੰਘਰਸ਼ਾਂ ਬਾਅਦ ਹਾਸਲ ਕੀਤੇ 29 ਕਿਰਤ ਕਾਨੂੰਨਾਂ ਨੂੰ ਖ਼ਤਮ ਕਰ ਦਿੱਤਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਇਹ ਚਾਰ ਲੇਬਰ ਕੋਡ ਲਾਗੂ ਹੋਣ ਨਾਲ ਕੰਮ ਦੀ ਦਿਹਾੜੀ ਦਾ ਸਮਾਂ ਵਧੇਗਾ, ਮਜ਼ਦੂਰਾਂ ਦਾ ਆਰਥਿਕ ਸ਼ੋਸ਼ਣ ਤੇਜ਼ ਹੋਵੇਗਾ, ਜਥੇਬੰਦ ਹੋਣ ਅਤੇ ਹੜਤਾਲ ਕਰਨ ਦੇ ਜਮਹੂਰੀ ਹੱਕਾਂ 'ਤੇ ਪਾਬੰਦੀਆਂ ਲੱਗਣਗੀਆਂ।ਪ੍ਰਦਰਸ਼ਨ ਵਿੱਚ ਪਾਵਰਕੌਮ ਪੈਨਸ਼ਨਰ ਆਗੂ ਚੰਦ ਸਿੰਘ ਡੋਡ, ਹਰਪਾਲ ਸਿੰਘ ਮਚਾਕੀ, ਨਰੇਗਾ ਯੂਨੀਅਨ ਦੇ ਵੀਰ ਸਿੰਘ ਕੰਮੇਆਣਾ, ਗੋਰਾ ਪਿਪਲੀ, ਕਲਾਸ ਫੋਰ ਯੂਨੀਅਨ ਦੇ ਬਲਕਾਰ ਸਿੰਘ ਸਹੋਤਾ, ਪੀ ਆਰ ਟੀ ਸੀ ਵਰਕਰਜ਼ ਯੂਨੀਅਨ ਦੇ ਹਰਮੀਤ ਸਿੰਘ ਤੇ ਬਾਬਾ ਫਰੀਦ ਯੂਨੀਵਰਸਿਟੀ ਦੇ ਸੁਰੱਖਿਆ ਕਰਮਚਾਰੀਆਂ ਦੇ ਆਗੂ ਸ਼ਿਵ ਨਾਥ ਦਰਦੀ ਨੇ ਵੀ ਸੰਬੋਧਨ ਕੀਤਾ। ਆਗੂਆਂ ਨੇ ਮੰਗ ਕੀਤੀ ਕਿ ਇਨ੍ਹਾਂ ਕਾਲੇ ਕਾਨੂੰਨਾਂ ਨੂੰ ਤੁਰੰਤ ਵਾਪਸ ਲਿਆ ਜਾਵੇ ਅਤੇ ਪੁਰਾਣੇ 29 ਕਿਰਤ ਕਾਨੂੰਨ ਬਹਾਲ ਕੀਤੇ ਜਾਣ।ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਚਰਨ ਸਿੰਘ ਮਾਨ, ਪ੍ਰਿੰਸੀਪਲ ਗੁਰਦੀਪ ਕੌਰ ਬਰਾੜ, ਸੋਮ ਨਾਥ ਅਰੋੜਾ, ਇੰਦਰਜੀਤ ਸਿੰਘ ਗਿੱਲ, ਰਮੇਸ਼ ਕੌਸ਼ਲ, ਮੁਖਤਿਆਰ ਸਿੰਘ ਭਾਣਾ, ਸੁਰਿੰਦਰ ਪਾਲ ਸਿੰਘ, ਰੁਲਦਾ ਸਿੰਘ, ਸੁਖਮੰਦਰ ਸਿੰਘ ਨਵਾਂ ਕਿਲ੍ਹਾ, ਜਤਿੰਦਰ ਸਿੰਘ ਜੰਡਵਾਲਾ, ਨਿਰਮਲ ਸਿੰਘ ਨਿੰਮਾ, ਵੀਰਪਾਲ ਕੌਰ ਮੇਟ ਅਤੇ ਕਰਮਜੀਤ ਕੌਰ ਗੋਲੇਵਾਲਾ ਸਮੇਤ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

## 'ਆਪ' ਦੇ ਕੋਟਕਪੂਰਾ 'ਚ ਨਵੇਂ ਦਫ਼ਤਰ ਦਾ ਉਦਘਾਟਨ ਅੱਜ

ਕੋਟਕਪੂਰਾ (ਐਲਿਗਜ਼ੈਂਡਰ ਡਿਸੂਜ਼ਾ) ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਆਮ ਆਦਮੀ ਪਾਰਟੀ ਕੋਟਕਪੂਰਾ ਦੇ ਨਵੇਂ ਦਫ਼ਤਰ ਦਾ ਉਦਘਾਟਨ 2 ਅਪ੍ਰੈਲ, ਵੀਰਵਾਰ ਨੂੰ ਬੀ ਡੀ ਪੀਓ ਦਫ਼ਤਰ ਕੋਟਕਪੂਰਾ ਦੇ ਨਜ਼ਦੀਕ ਕੀਤਾ ਜਾਵੇਗਾ।ਇਸ ਮੌਕੇ ਸਵੇਰੇ 9 ਵਜੇ ਤੋਂ 11 ਵਜੇ ਤੱਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਦੇ ਓਟ-ਆਸਰੇ ਨਾਲ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਜਾਵੇਗਾ। ਪਾਰਟੀ ਦਫ਼ਤਰ ਵੱਲੋਂ ਕੋਟਕਪੂਰਾ ਦੇ ਸਾਰੇ ਵਰਕਰਾਂ, ਅਹੁਦੇਦਾਰਾਂ, ਪੰਚ-ਸਰਪੰਚਾਂ, ਚੇਅਰਮੈਨਾਂ ਅਤੇ ਹੋਰ ਸਤਿਕਾਰਯੋਗ ਸ਼ਖ਼ਸੀਅਤਾਂ ਨੂੰ ਇਸ ਸਮਾਗਮ ਵਿੱਚ ਸ਼ਿਰਕਤ ਕਰਨ ਲਈ ਨਿਮਰ ਬੇਨਤੀ ਕੀਤੀ ਗਈ ਹੈ।

## ਖ਼ੂਨ ਦਾਨ ਕੈਂਪ 5 ਨੂੰ

**ਜਲਾਲਾਬਾਦ (ਬਲਵਿੰਦਰ ਸਿੰਘ)**-ਜਲਾਲਾਬਾਦ ਵਿੱਚ ਵੱਖ ਵੱਖ ਸਮਾਜਿਕ ਤੇ ਧਾਰਮਿਕ ਸੰਸਥਾਵਾਂ ਵੱਲੋਂ ਸਮੇਂ ਸਮੇਂ 'ਤੇ ਖ਼ੂਨ ਦਾਨ ਕੈਂਪ ਲਗਾਏ ਜਾਂਦੇ ਹਨ।ਇਸ ਦੇ ਤਹਿਤ ਗੁਰੂ ਕਾ ਲੰਗਰ ਸੇਵਾ ਸੁਸਾਇਟੀ ਤੇ ਸੇਵਾ ਭਾਰਤੀ ਵੱਲੋਂ ਕਰਿਆਨਾ ਯੂਨੀਅਨ ਦੇ ਸਹਿਯੋਗ ਨਾਲ ਜਲਾਲਾਬਾਦ ਵਿੱਚ 5 ਅਪ੍ਰੈਲ ਦਿਨ ਐਤਵਾਰ ਖ਼ੂਨ ਦਾਨ ਕੈਂਪ ਗੁਰੂ ਦੁਆਰਾ ਸਿੰਘ ਸਭਾ ਵਿਖੇ ਲਗਾਇਆ ਜਾ ਰਿਹਾ ਹੈ ਐਡਵੋਕੇਟ ਅਮਿਤ ਕੱਕੜ ਨੇ ਅਪੀਲ ਕਰਦਿਆਂ ਕਿਹਾ ਹੈ ਕਿ ਹਰ ਇੱਕ ਖ਼ੂਨ ਦਾਨ ਕਰਨ ਵਾਲੇ ਨੂੰ ਇੱਸ ਖ਼ੂਨ ਦਾਨ ਕੈਂਪ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ ਕਿਉਂਕਿ ਖ਼ੂਨ ਦਾਨ ਇੱਕ ਬਹੁਤ ਵੱਡਾ ਦਾਨ ਹੈ ਤੁਹਾਡਾ ਦਾਨ ਕੀਤਾ ਖ਼ੂਨ ਕਿੱਸੇ ਦੀ ਜਾਣ ਬਚਾਉਂਦਾ ਹੈ।ਐਡਵੋਕੇਟ ਕੱਕੜ ਨੇ ਕਿਹਾ ਕਿ ਜੋਂ ਲੋਕ ਪਹਿਲਾ ਤੋਂ ਖ਼ੂਨ ਦਾਨ ਕਰ ਰਹੇ ਹਨ ਉਹਨਾਂ ਨੂੰ ਇਸ ਖ਼ੂਨ ਦਾਨ ਕੈਂਪ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ ਤੇ ਨਵੇਂ ਖ਼ੂਨ ਦਾਨ ਕਰਨ ਵਾਲਿਆ ਨੂੰ ਵੀ ਖ਼ੂਨ ਦਾਨ ਕਰਕੇ ਇੱਸ ਮਹਾਨ ਕੰਮ ਦਾ ਤੇ ਖ਼ੂਨ ਦਾਨ ਕੈਂਪ ਦਾ ਹਿੱਸਾ ਬਣਨਾ ਚਾਹੀਦਾ ਹੈ।

# ਬਲਾਕ ਪ੍ਰਧਾਨ ਕਤਲ ਮਾਮਲੇ 'ਚ ਮੁਲਜ਼ਮ ਗ੍ਰਿਫ਼ਤਾਰ ਨਾ ਹੋਣ 'ਤੇ ਕਾਂਗਰਸ ਨੇ ਲਗਾਇਆ ਧਰਨਾ



ਧਰਨੇ 'ਚ ਸ਼ਾਮਲ ਕਾਂਗਰਸੀ ਆਗੂ ਅਤੇ ਹੋਰ।

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਬਲਾਕ ਕਾਂਗਰਸ ਪ੍ਰਧਾਨ ਪਰਮਿੰਦਰ ਤਿਵਾੜੀ ਦੇ ਕਤਲ ਹੋਏ ਨੂੰ 3 ਦਿਨ ਬੀਤ ਜਾਣ ਦੇ ਬਾਵਜੂਦ ਵੀ ਕੂੰਮਕਲਾਂ ਪੁਲਸ ਮੁੱਖ ਮੁਲਜ਼ਮ ਵਿਜੈ ਕੁਮਾਰ ਨੂੰ ਫੜਨ ਵਿਚ ਅਸਫ਼ਲ ਰਹੀ ਜਿਸ ਕਾਰਨ ਅੱਜ ਪਾਰਟੀ, ਪਰਿਵਾਰ ਅਤੇ ਹੋਰ ਸਿਆਸੀ ਪਾਰਟੀਆਂ ਵਲੋਂ ਮਾਛੀਵਾੜਾ-ਕੁਹਾੜਾ ਰੋਡ 'ਤੇ ਚੱਕਾ ਜਾਮ ਕਰ ਧਰਨਾ ਲਗਾਇਆ ਗਿਆ। ਮਾਲਵਾ ਚੌਂਕ 'ਚ ਲਗਾਏ ਧਰਨੇ ਦੌਰਾਨ ਕਾਂਗਰਸ ਪਾਰਟੀ ਦੇ ਆਗੂਆਂ ਤੋਂ ਇਲਾਵਾ ਕਿਸਾਨ ਯੂਨੀਅਨ, ਪਰਿਵਾਰ, ਆਮ ਲੋਕ ਅਤੇ ਹੋਰਨਾਂ ਸਿਆਸੀ ਆਗੂਆਂ ਨੇ ਵੀ ਵੱਡੀ ਗਿਣਤੀ 'ਚ ਸ਼ਮੂਲੀਅਤ ਕੀਤੀ। ਲੋਕਾਂ ਵਲੋਂ ਉੱਥੇ ਪੰਜਾਬ ਸਰਕਾਰ ਤੇ ਪੁਲਸ ਪ੍ਰਸ਼ਾਸਨ ਮੁਰਦਾਬਾਦ ਦੇ ਨਾਅਰੇ ਲਗਾਏ ਗਏ ਅਤੇ ਮੰਗ ਕੀਤੀ ਕਿ ਜਦੋਂ ਤੱਕ ਕਤਲ ਦਾ ਮੁੱਖ ਮੁਲਜ਼ਮ ਤੇ ਇਸਦੇ ਪਿੱਛੇ ਜੋ ਸਾਜਿਸ਼ਕਰਤਾ ਹਨ, ਉਹ ਗ੍ਰਿਫ਼ਤਾਰ ਨਹੀਂ ਹੁੰਦੇ ਉਦੋਂ ਤੱਕ ਮ੍ਰਿਤਕ ਪਰਮਿੰਦਰ ਤਿਵਾੜੀ ਦਾ ਅੰਤਿਮ ਸਸਕਾਰ ਨਹੀਂ ਕੀਤਾ ਜਾਵੇਗਾ। ਅੱਜ ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਕਾਂਗਰਸ ਪਾਰਟੀ ਇੰਚਾਰਜ ਰਾਜਾ ਗਿੱਲ ਨੇ ਕਿਹਾ ਕਿ 3 ਦਿਨ ਬੀਤ ਗਏ ਪਰ ਅਜੇ ਤੱਕ ਪੁਲਸ ਤੋਂ ਮੁੱਖ ਮੁਲਜ਼ਮ ਗ੍ਰਿਫ਼ਤਾਰ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਕੂੰਮਕਲਾਂ ਪੁਲਸ ਦੀ ਢਿੱਲੀ ਕਾਰਗੁਜ਼ਾਰੀ ਇੱਥੋਂ ਸਾਬਿਤ ਹੁੰਦੀ ਹੈ ਕਿ ਕਤਲ ਦੇ ਕਈ ਘੰਟੇ ਬਾਅਦ ਵੀ ਪੁਲਸ ਨਹੀਂ ਪੁੱਜੀ ਅਤੇ ਕਾਤਲ ਨੂੰ ਭੱਜਣ ਦਾ ਮੌਕਾ ਮਿਲ ਗਿਆ। ਰਾਜਾ ਗਿੱਲ ਨੇ ਕਿਹਾ ਕਿ ਜਦੋਂ ਤੱਕ ਮੁੱਖ ਮੁਲਜ਼ਮ ਨਹੀਂ ਫੜਿਆ ਜਾਂਦਾ ਉਦੋਂ ਤੱਕ ਪਰਿਵਾਰ ਦੀ ਸਹਿਮਤੀ ਹੈ ਕਿ ਪਰਮਿੰਦਰ ਤਿਵਾੜੀ ਦਾ ਅੰਤਿਮ ਸਸਕਾਰ ਨਹੀਂ ਕੀਤਾ ਜਾਵੇਗਾ। ਰਾਜਾ ਗਿੱਲ ਨੇ ਨਾਲ ਇਹ ਵੀ ਚਿਤਾਵਨੀ ਦਿੱਤੀ ਕਿ ਕਾਂਗਰਸ ਹਾਈਕਮਾਂਡ ਦੇ ਇਹ ਵੀ ਨਿਰਦੇਸ਼ ਹਨ ਕਿ ਪੁਲਸ ਕਾਤਲਾਂ ਤੇ ਸਾਜਿਸ਼ਕਰਤਾਵਾਂ ਨੂੰ ਫੜਨ ਵਿਚ ਨਾਕਾਮਯਾਬ ਰਹਿੰਦੀ ਹੈ ਤਾਂ ਫਿਰ ਸੰਘਰਸ਼ ਨੂੰ ਤੇਜ਼ ਕਰਦਿਆਂ ਪੁਲਸ ਕਮਿਸ਼ਨਰ ਲੁਧਿਆਣਾ ਦੇ ਦਫ਼ਤਰ ਦਾ ਘਿਰਾਓ ਕੀਤਾ ਜਾਵੇਗਾ ਅਤੇ ਸ਼ਹਿਰ ਦੀਆਂ ਸੜਕਾਂ 'ਤੇ ਚੱਕਾ ਜਾਮ ਕੀਤਾ ਜਾਵੇਗਾ। ਇਸ ਮੌਕੇ ਕਾਂਗਰਸ ਦੇ ਜ਼ਿਲਾ ਪ੍ਰਧਾਨ ਲਖਵੀਰ ਸਿੰਘ ਲੱਖਾ ਅਤੇ ਹਲਕਾ ਸਾਹਨੇਵਾਲ ਤੋਂ ਕਾਂਗਰਸ ਪਾਰਟੀ ਇੰਚਾਰਜ ਵਿਕਰਮ ਸਿੰਘ ਬਾਜਵਾ ਨੇ ਕਿਹਾ ਕਿ ਪੁਲਸ ਪ੍ਰਸ਼ਾਸਨ ਕਤਲ ਦੀਆਂ ਘਟਨਾਵਾਂ ਰੋਕਣ ਵਿਚ ਪੂਰੀ ਤਰ੍ਹਾਂ ਅਸਫ਼ਲ ਹੋ ਚੁੱਕਾ ਹੈ। ਇਸ ਮੌਕੇ ਹਲਕਾ ਕੋਆਰਡੀਨੇਟਰ ਕਸਤੂਰੀ ਲਾਲ ਮਿੰਟੂ, ਜ਼ਿਲਾ ਉਪ ਪ੍ਰਧਾਨ ਜੇ.ਪੀ. ਮੱਕੜ, ਸਾਬਕਾ ਚੇਅਰਮੈਨ ਦਰਸ਼ਨ ਕੁੰਦਰਾ, ਅਜਮੇਰ ਸਿੰਘ ਪੁਰਬਾ, ਸ਼ਹਿਰੀ ਪ੍ਰਧਾਨ ਕਾਂਗਰਸ ਕਪਿਲ ਆਨੰਦ, ਜਸਪ੍ਰੀਤ ਸਿੰਘ ਸਹਿਜੋ ਮਾਜਰਾ, ਅੰਮ੍ਰਿਤਪਾਲ ਸਿੰਘ, ਸੁਖਦੀਪ ਸਿੰਘ ਸੋਨੀ, ਨੰਦ ਕਿਸ਼ੋਰ, ਸ਼ੰਮੀ ਪਹਿਲਵਾਨ, ਜਗਜੀਤ ਪ੍ਰਿਥੀਪੁਰ, ਅਸ਼ੋਕ ਸੂਦ, ਸੁਰਿੰਦਰ ਛਿੰਦੀ (ਦੋਵੇਂ ਕੌਂਸਲਰ), ਮਹਿਲਾ ਵਿੰਗ ਪ੍ਰਧਾਨ ਮਨਜੀਤ ਕੁਮਾਰੀ, ਸੁਭਾਸ਼ ਬੀਟਨ, ਚੇਤਨ ਕੁਮਾਰ, ਵਿਨੀਤ ਕੁਮਾਰ ਝੜੌਦੀ, ਯੁਵਰਾਜਜੀਤ ਰਾਏ, ਗੁਰਮੁਖ ਸਿੰਘ, ਹਰਚੰਦ ਸਿੰਘ, ਸਰਪੰਚ ਜਗਦੀਸ਼ ਸਿੰਘ ਵੀ ਮੌਜੂਦ ਸਨ।

## ਕਾਤਰਾਂ

### ਕਿਸਾਨਾਂ ਮਜ਼ਦੂਰਾਂ ਦੀਆਂ ਮੰਗਾਂ, ਮੁਸ਼ਕਲਾਂ ਦੇ ਹੱਲ ਲਈ ਧਰਨਾ 6 ਨੂੰ

**ਲੁਧਿਆਣਾ/ਦੋਰਾਹਾ (ਰੈਕਟਰ ਕਥੂਰੀਆ/ਹਰਮਿੰਦਰ ਸੇਠ)**-ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਲੁਧਿਆਣਾ ਦੀ ਮੀਟਿੰਗ ਡਾ. ਗੁਰਵਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਲੁਧਿਆਣਾ ਵਿਖੇ ਹੋਈ।ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉੱਪਰ ਕਿਸਾਨਾਂ ਮਜ਼ਦੂਰਾਂ ਦੀਆਂ ਭਖਦੀਆਂ ਮੰਗਾਂ ਜਿਵੇਂ ਬਿਜਲੀ ਸੋਧ ਬਿੱਲ ਤੇ ਬੀਜ ਬਿੱਲ ਰੱਦ ਕਰਨ, ਮੁਕਤ ਵਪਾਰ ਸਮਝੌਤਾ ਰੱਦ ਕਰਨ, ਚਾਰ ਲੇਬਰ ਕੋਡ ਵਾਪਸ ਲੈਣ, ਮਨਰੇਗਾ ਕਾਨੂੰਨ ਬਹਾਲ ਕਰਨ, ਮਜ਼ਦੂਰਾਂ ਕਿਸਾਨਾਂ ਦੇ ਸਮੁਚੇ ਕਰਜ਼ੇ ਮੁਆਫ਼ ਕਰਨ, ਪੰਜਾਬ ਦੇ ਪਾਣੀਆਂ ਦੇ ਮਸਲੇ ਦਾ ਨਿਆਂ ਪੂਰਨ ਹੱਲ ਕਰਨ ਦੀ ਮੰਗ ਲੈਕੇ 6 ਅਪ੍ਰੈਲ ਨੂੰ ਲੁਧਿਆਣਾ ਦੇ ਡਿਪਟੀ ਕਮਿਸ਼ਨਰ ਦੇ ਦਫਤਰ ਅੱਗੇ ਧਰਨਾ ਮਾਰਿਆ ਜਾਵੇਗਾ।ਇਸ ਸਬੰਧੀ ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਜਥੇਬੰਦੀਆਂ ਸਮੇਤ ਭਰਾਤਰੀ ਜਥੇਬੰਦੀਆਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੀਆਂ। ਮੀਟਿੰਗ ਵਿੱਚ ਜਮਹੂਰੀ ਕਿਸਾਨ ਸਭਾ ਪੰਜਾਬ, ਆਲ ਇੰਡੀਆ ਕਿਸਾਨ ਸਭਾ (1936), ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ), ਆਲ ਇੰਡੀਆ ਕਿਸਾਨ ਸਭਾ (ਹੰਨਨ ਮੁੱਲਾ), ਕਿਰਤੀ ਕਿਸਾਨ ਯੂਨੀਅਨ, ਭਾਰਤੀ ਕਿਸਾਨ ਯੂਨੀਅਨ ਡਕੌਦਾ (ਧਨੇਰ), ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ), ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਆਗੂਆਂ ਰਘਵੀਰ ਸਿੰਘ ਬੈਨੀਪਾਲ, ਚਮਕੌਰ ਸਿੰਘ ਬਰਮੀ, ਬਲਦੇਵ ਸਿੰਘ ਲਤਾਲਾ, ਸੁਦਾਗਰ ਸਿੰਘ ਘੁਡਾਣੀ, ਸਾਧੂ ਸਿੰਘ ਅੱਚਰਵਾਲ, ਰਜਿੰਦਰ ਸਿੰਘ, ਕਰਮਜੀਤ ਸਿੰਘ ਜਸਪਾਲ ਬਾਂਗਰ, ਪਵਨਦੀਪ ਸਿੰਘ ਮੇਹਲੋਂ ਆਦਿ ਨੇ ਸ਼ਮੂਲੀਅਤ ਕੀਤੀ।

### ਹੈਰੋਇਨ ਸਮੇਤ ਔਰਤ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਗਸ਼ਤ ਅਤੇ ਚੈਕਿੰਗ ਦੌਰਾਨ ਇਕ ਔਰਤ ਨੂੰ 3 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਉਸ ਖਿਲਾਫ ਐਨਡੀਪੀਐਸ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਸੁਖਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਗਸ਼ਤ ਲਈ ਰਵਾਨਾ ਸੀ ਤਾਂ ਇਸ ਦੌਰਾਨ ਇਤਲਾਹ ਮਿਲੀ ਕਿ ਸੁਨੈਨਾ ਪਤਨੀ ਮਲੀ ਵਾਸੀ ਬਸਤੀ ਸ਼ੇਖਾਂ ਵਾਲੀ ਫਿਰੋਜ਼ਪੁਰ ਸ਼ਹਿਰ ਹੈਰੋਇਨ ਵੇਚਣ ਅਤੇ ਪੀਣ ਦੀ ਆਦੀ ਹੈ, ਜੋ ਹੁਣ ਵੀ ਦਾਣਾ ਮੰਡੀ ਫਿਰੋਜ਼ਪੁਰ ਸ਼ਹਿਰ ਵਿਚ ਹੈਰੋਇਨ ਲੈ ਕੇ ਆ ਰਹੀ ਹੈ। ਪੁਲਿਸ ਨੇ ਦੱਸਿਆ ਕਿ ਉਕਤ ਦੋਸ਼ਣ ਸੁਨੈਨਾ ਨੂੰ ਕਾਬੂ ਕਰਕੇ ਉਸ ਕੋਲੋਂ 3 ਗ੍ਰਾਮ ਹੈਰੋਇਨ ਬਰਾਮਦ ਕੀਤੀ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ਣ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

### ਧੂਰੀ ਆਨਾਜ ਮੰਡੀ 'ਚ ਸਫ਼ਾਈ ਦੀ ਘਾਟ

**ਧੂਰੀ (ਮਨੋਹਰ ਸਿੰਘ ਸੱਗੂ)**-ਪੰਜਾਬ ਸਰਕਾਰ ਵੱਲੋਂ 1 ਅਪ੍ਰੈਲ ਤੋਂ ਕਣਕ ਦੀ ਖਰੀਦ ਸ਼ੁਰੂ ਕਰਨ ਦੇ ਕੀਤੇ ਗਏ ਐਲਾਨ ਦੇ ਬਾਵਜੂਦ ਮੰਡੀ ਦੇ ਫੜ੍ਹਾਂ 'ਚ ਖੜ੍ਹਾ ਘਾਹ ਫੂਸ ਤੇ ਗੰਦਗੀ ਸਾਫ਼ ਦਿਖਾਈ ਦੇ ਰਹੀ ਹੈ।ਅੱਜ ਜਦੋਂ ਇਸ ਪੱਤਰਕਾਰ ਵੱਲੋਂ ਇੱਕ ਅਪ੍ਰੈਲ ਤੋਂ ਕਣਕ ਦੀ ਖਰੀਦ ਸ਼ੁਰੂ ਹੋਣ ਦੇ ਐਲਾਨ ਦੇ ਮੱਦੇਨਜ਼ਰ ਸਥਾਨਕ ਨਵੀਂ ਆਨਾਜ ਮੰਡੀ ਦਾ ਚੱਕਰ ਲਾਇਆ ਗਿਆ ਤਾਂ ਜਿੱਥੇ ਸੰਗਰੂਰ ਰੇਲਵੇ ਲਾਈਨ ਦੇ ਨਾਲ ਲਗਦੇ ਖੜਵੰਜੇ ਵਾਲਾ ਵੱਡਾ ਫੜ੍ਹ ਘਾਹ ਫੂਸ ਨਾਲ ਭਰਿਆ ਨਜ਼ਰ ਆਇਆ ਉਥੇ ਸਬਜ਼ੀ ਮੰਡੀ ਦੇ ਸ਼ੈੱਡ ਨੇੜਲੇ ਇੱਟਾਂ ਵਾਲੇ ਫੜ੍ਹ 'ਚ ਵੱਡੇ ਪੱਧਰ 'ਤੇ ਗੰਦਗੀ ਪਈ ਸਾਫ਼ ਨਜ਼ਰ ਆਈ, ਪਰ ਸਰਕਾਰੀ ਐਲਾਨ ਦੇ ਬਾਵਜੂਦ ਕਥਿਤ ਤੌਰ 'ਤੇ ਆਨਾਜ਼ ਮੰਡੀ ਅੰਦਰ ਸਫ਼ਾਈ ਦੀ ਘਾਟ ਰੜਕਦੀ ਸਾਫ਼ ਨਜ਼ਰ ਆਈ।ਜਦੋਂ ਮਾਰਕੀਟ ਕਮੇਟੀ ਧੂਰੀ ਦੇ ਸਕੱਤਰ ਡੀਨ ਪਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਦਾ ਕਹਿਣਾ ਸੀ ਕਿ ਅੱਜ ਕੱਲ੍ਹ 'ਚ ਫੜ੍ਹਾਂ 'ਚ ਖੜ੍ਹੇ ਘਾਹ ਫੂਸ 'ਤੇ ਦਵਾਈ ਦੀ ਸਪਰੇਅ ਕਰਵਾਈ ਜਾਵੇਗੀ ਅਤੇ ਗੰਦਗੀ ਵਾਲੇ ਫੜ੍ਹ ਨੂੰ ਵੀ ਸਾਫ਼ ਕਰਵਾਇਆ ਜਾਵੇਗਾ।

## ਆੜ੍ਹਤੀਆਂ ਵੱਲੋਂ ਸਟ੍ਰਾਈਕ ਕਰਕੇ ਸੂਬੇ ਤੇ ਜ਼ਿਮੀਦਾਰਾਂ ਦੀ ਮਾਲੀ ਹਾਲਤ ਨੂੰ ਕਮਜ਼ੋਰ ਨਹੀਂ ਕਰਨਾ ਚਾਹੀਦਾ : ਮਾਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਕਿਉਂਕਿ ਪੰਜਾਬ ਸੂਬੇ ਦੀ ਮਾਲੀ ਅਤੇ ਵਪਾਰਕ ਹਾਲਤ ਜਿੰਮੀਦਾਰਾਂ, ਆੜ੍ਹਤੀਆ ਤੇ ਵਪਾਰੀਆਂ ਦੇ ਆਪਸੀ ਪਰਵਾਰਕ ਸੰਬੰਧਾਂ ਤੇ ਇਕ-ਦੂਸਰੇ ਨੂੰ ਸਹਿਯੋਗ ਦੇਣ ਉਤੇ ਹੀ ਨਿਰੰਤਰ ਨਿਰਭਰ ਰਹਿੰਦੀ ਹੈ।ਹੁਣ ਜਦੋਂ ਕਣਕ ਦੀ ਫ਼ਸਲ ਮੰਡੀਆਂ ਵਿਚ ਆਉਣੀ ਸ਼ੁਰੂ ਹੋ ਗਈ ਹੈ, ਤਾਂ ਆੜ੍ਹਤੀਏ ਵਰਗ ਵੱਲੋਂ ਇਸ ਸਮੇਂ ਕਿਸੇ ਤਰ੍ਹਾਂ ਦੀ ਸਟ੍ਰਾਈਕ ਕਰਨ ਦੇ ਅਮਲ ਤਾਂ ਜਿੰਮੀਦਾਰਾਂ, ਆੜ੍ਹਤੀਆ, ਵਪਾਰੀਆਂ, ਟਰਾਂਸਪੋਰਟਰਾਂ ਦੇ ਆਪਸੀ ਲੰਮੇ ਸਮੇਂ ਤੋਂ ਚੱਲਦੇ ਆ ਰਹੇ ਮਜ਼ਬੂਤ ਰਿਸ਼ਤੇ ਨੂੰ ਸੱਟ ਮਾਰਨ ਵਾਲੇ ਅਤੇ ਪੰਜਾਬ ਸੂਬੇ ਦੀ ਮਾਲੀ ਹਾਲਤ ਨੂੰ ਨੁਕਸਾਨ ਕਰਨ ਵਾਲੇ ਹੋਣਗੇ।ਇਸ ਲਈ ਅਜਿਹੇ ਸਮੇਂ ਆੜ੍ਹਤੀਆਂ ਨੂੰ ਆਪਣੀ ਸਟ੍ਰਾਈਕ ਖਤਮ ਕਰਕੇ ਜਿੰਮੀਦਾਰਾਂ ਦੀ ਫਸਲ ਨੂੰ ਸਾਂਭਣ, ਤੋਲਣ ਅਤੇ ਗੋਦਾਮਾਂ ਵਿਚ ਸਹੀ ਸਮੇਂ 'ਤੇ ਪਹੁੰਚਾਉਣ ਦੀ ਜਿੰਮੇਵਾਰੀ ਬਣਦੀ ਹੈ।ਅਜਿਹਾ ਅਮਲ ਕਰਕੇ ਹੀ ਉਹ ਆਪਣੇ ਪਰਿਵਾਰਾਂ, ਜਿੰਮੀਦਾਰ, ਮਜ਼ਦੂਰਾਂ ਅਤੇ ਟਰਾਂਸਪੋਰਟਰਾਂ ਦੇ ਪਰਿਵਾਰਾਂ ਦੀ ਮਾਲੀ ਹਾਲਤ ਨੂੰ ਹੋਰ ਬਿਹਤਰ ਬਣਾ ਸਕਦੇ ਹਨ।ਇਹ ਵਿਚਾਰ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪੰਜਾਬ ਦੇ ਆੜ੍ਹਤੀਆ ਵੱਲੋਂ ਕੀਤੀ ਗਈ ਸਟ੍ਰਾਈਕ ਉਤੇ ਆਪਣਾ ਪ੍ਰਤੀਕਰਮ ਜ਼ਾਹਰ ਕਰਦੇ ਹੋਏ ਅਤੇ ਆੜ੍ਹਤੀ ਵਰਗ ਨੂੰ ਇਹ ਸਟ੍ਰਾਈਕ ਤੁਰੰਤ ਖਤਮ ਕਰਕੇ ਫਸਲਾਂ ਸਾਂਭਣ ਅਤੇ ਆਪਣੇ ਕਿਸਾਨ ਵਰਗ ਨਾਲ ਨਿਰੰਤਰ ਸਦੀਆਂ ਤੋਂ ਚੱਲਦੇ ਆ ਰਹੇ ਸੰਬੰਧਾਂ ਅਤੇ ਉਨ੍ਹਾਂ ਦੇ ਮਾਲੀ ਹਾਲਤ ਨੂੰ ਬਿਹਤਰ ਬਣਾਉਣ ਵਿਚ ਯੋਗਦਾਨ ਪਾਉਣ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ।ਕਿਸਾਨ ਤੇ ਆੜ੍ਹਤੀਆ ਵਰਗ ਇਕ ਦੂਸਰੇ ਦੇ ਪੂਰਕ ਵੀ ਹਨ ਅਤੇ ਭਰਾਵਾਂ ਦੀ ਤਰ੍ਹਾਂ ਵਿਚਰਦੇ ਆ ਰਹੇ ਹਨ।ਇਸ ਲਈ ਜਦੋਂ ਦੋਵਾਂ ਵਰਗਾਂ ਦੀ ਮਾਲੀ ਹਾਲਤ ਅਤੇ ਪਰਵਾਰਕ ਹਾਲਤ ਇਕ-ਦੂਸਰੇ 'ਤੇ ਨਿਰਭਰ ਹੈ ਤਾਂ ਮਹੀਨੇ ਡੇਢ ਮਹੀਨੇ ਦੇ ਕਣਕ ਦੇ ਸੀਜਨ ਵਿਚ ਆੜ੍ਹਤੀਏ ਵਰਗ ਨੂੰ ਅਜਿਹੀ ਸਟ੍ਰਾਈਕ ਨਾ ਕਰਕੇ ਫਸਲਾਂ ਸੰਬੰਧੀ ਆਪਣੀਆ ਜਿੰਮੇਵਾਰੀਆਂ ਪੂਰਨ ਕਰਨੀਆਂ ਬਣਦੀਆਂ ਹਨ।

# ਸੂਬਾ ਪੱਧਰੀ ਰੋਸ ਪ੍ਰਦਰਸ਼ਨ ਤੇ ਮੁੱਖ ਮੰਤਰੀ ਦੀ ਸੰਗਰੂਰ ਰਿਹਾਇਸ਼ ਦਾ ਘੇਰਾਓ 11 ਨੂੰ



**ਮੋਗਾ (ਇਕਬਾਲ ਸਿੰਘ ਖਹਿਰਾ)**
ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਦੀ ਅਹਿਮ ਮੀਟਿੰਗ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ ਦੀ ਪ੍ਰਧਾਨਗੀ ਹੇਠ ਕਾਮਰੇਡ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਮੋਗਾ ਵਿਖੇ ਹੋਈ, ਜਿਸ ਵਿੱਚ ਪੰਜਾਬ ਭਰ ਤੋਂ ਸੂਬਾ ਸ੍ਰਪਰਸਤ ਸੁਰਜੀਤ ਸਿੰਘ, ਸਕੱਤਰ ਗੁਰਮੇਲ ਸਿੰਘ ਮਾਛੀਕੇ, ਕੈਸ਼ੀਅਰ ਰਾਕੇਸ਼ ਕੁਮਾਰ ਮਹਿਤਾ, ਚੇਅਰਮੈਨ ਐੱਚ ਐੱਸ ਰਾਣੂ, ਸੀਨੀਅਰ ਵਾਇਸ ਪ੍ਰਧਾਨ ਸੀ ਆਰ ਸ਼ੰਕਰ ਅਤੇ ਅਵਤਾਰ ਸਿੰਘ , ਪ੍ਰੈਸ ਸਕੱਤਰ ਚਮਕੌਰ ਸਿੰਘ ਲੁਧਿਆਣਾ ਅਤੇ ਵਾਇਸ ਪ੍ਰਧਾਨ ਦਿਲਦਾਰ ਸਿੰਘ ਚਾਹਲ ਨਵਾਂ ਸ਼ਹਿਰ ਆਦਿ ਆਗੂਆਂ ਸਮੇਤ ਸੂਬਾ ਅਤੇ ਜ਼ਿਲ੍ਹਾ ਆਗੂਆਂ ਨੇ ਨੇ ਹਿੱਸਾ ਲਿਆ। ਪਿਛਲੇ ਦਿਨੀਂ ਸਾਮਰਾਜੀਆਂ ਵੱਲੋਂ ਇਰਾਨ ਉਪਰ ਥੋਪੀ ਨਿਹੱਕੀ ਜੰਗ ਦੀ ਭੇਟਾ ਚੜੇ ਬੇਕਸੂਰ ਲੋਕਾਂ ਅਤੇ ਜਥੇਬੰਦਕ ਪਰਿਵਾਰਾਂ ਵਿੱਚ ਹੋਈਆਂ ਅਣਹੋਣੀਆਂ ਘਟਨਾਵਾਂ ਵਿੱਚ ਵਿਛੜੇ ਪਰਿਵਾਰਕ ਮੈਂਬਰਾਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਅਰਪਿਤ ਕੀਤੀ ਗਈ ਅਤੇ ਸਾਮਰਾਜੀ ਤਾਕਤਾਂ ਵੱਲੋਂ ਕੁਦਰਤੀ ਸਾਧਨਾਂ ਤੇ ਕਾਬਜ਼ ਹੋਣ ਲਈ ਥੋਪੀ ਨਿਹੱਕੀ ਜੰਗ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਉਨ੍ਹਾਂ ਮੰਗ ਕੀਤੀ ਕਿ ਜੰਗ ਤੁਰੰਤ ਬੰਦ ਕੀਤੀ ਜਾਵੇ। ਮੀਟਿੰਗ ਵਿੱਚ ਪਹੁੰਚੇ ਸਾਥੀਆਂ ਦਾ ਸਵਾਗਤ ਕਰਦਿਆਂ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ ਵੱਲੋਂ ਸੂਬਾ ਪੱਧਰੀ ਸਰਗਰਮੀਆਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ ਅਤੇ ਸ਼ਾਮਿਲ ਆਗੂਆਂ ਵੱਲੋਂ ਆਪਣੇ ਆਪਣੇ ਜ਼ਿਲਿਆਂ ਦੀ ਸਰਗਰਮੀ ਰਿਪੋਰਟ ਪੇਸ਼ ਕੀਤੀ ਗਈ। ਮੌਜੂਦਾ ਹਾਲਤਾਂ ਤੇ ਵਿਚਾਰ ਸਾਂਝੇ ਕਰਦਿਆਂ ਜਥੇਬੰਦਕ ਤਾਣੇ ਬਾਣੇ ਦੀ ਮਜ਼ਬੂਤੀ ਅਤੇ ਲਾਮਬੰਦੀ ਸਬੰਧੀ ਵਿਉਂਤਬੰਦੀ ਵੀ ਕੀਤੀ ਗਈ।

ਸੂਬਾ ਪ੍ਰਧਾਨ ਗੋਇਲ ਵੱਲੋਂ ਪੰਜਾਬ ਸਰਕਾਰ ਬਾਰੇ ਤਿੱਖੇ ਪ੍ਰੀਕਰਮ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਪੈਨਲ ਮੀਟਿੰਗ ਅਤੇ ਚੋਣਾਂ ਸਮੇਂ ਕੀਤੇ ਵਾਅਦੇ ਤੋਂ ਮੁਕਰ ਰਹੀ ਹੈ ਜਿਸ ਕਾਰਨ ਸੂਬੇ ਭਰ ਦੇ ਪ੍ਰੈਕਟੀਸ਼ਨਰਾਂ ਵਿੱਚ ਭਾਰੀ ਰੋਹ ਪਾਇਆ ਜਾ ਰਿਹਾ ਹੈ ਅਤੇ ਸਿਖਲਾਈ ਅਤੇ ਮਾਨਤਾ ਦੀ ਮੰਗ ਨੂੰ ਮਨਵਾਉਣ ਲਈ ਅਤੇ ਲੋਕ ਮੁੱਦਿਆਂ ਤੋਂ ਘੇਸਲ ਵੱਟ ਬੈਠੀ ਪੰਜਾਬ ਸਰਕਾਰ ਨੂੰ ਜਗਾਉਣ ਲਈ 'ਜਾਗੋ ਸਰਕਾਰ ਜਾਗੋ' ਦੇ ਸੁਲੋਗਨ ਹੇਠ ਰੋਸ ਪ੍ਰਦਰਸ਼ਨ ਅਤੇ ਮੁੱਖ ਮੰਤਰੀ ਦੀ ਸੰਗਰੂਰ ਵਿਖੇ ਰਹਾਇਸ ਦਾ ਘੇਰਾਓ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪਿਛਲੇ ਦਿਨੀ ਆਲ ਇੰਡੀਆ ਹੈਲਥ ਪ੍ਰੋਵਾਈਡਰ ਐਸੋਸੀਏਸ਼ਨ ਦੇ ਨਾਮ ਤੇ ਜੁਆਇੰਟ ਐਕਸ਼ਨ ਕਮੇਟੀ ਵੱਲੋਂ ਕੇਂਦਰੀ ਸਿਹਤ ਮੰਤਰੀ ਜੇ ਪੀ ਨੱਡਾ ਨਾਲ ਅਨੁਭਵੀ ਮੈਡੀਕਲ ਪ੍ਰੈਕਟੀਸਨਰਾਂ ਦੀਆਂ ਮੰਗਾ ਸਬੰਧੀ ਮੀਟਿੰਗ ਪਾਰਲੀਮੈਂਟ ਹਾਊਸ ਨਵੀਂ ਦਿੱਲੀ ਵਿੱਚ ਹੋਈ ਸੀ। ਜਿਸ ਵਿੱਚ ਹਾਜ਼ਰ ਨੁਮਾਇੰਦਿਆਂ ਵੱਲੋਂ ਮੰਗ ਕੀਤੀ ਕਿ ਨੈਸ਼ਨਲ ਮੈਡੀਕਲ ਕਮਿਸ਼ਨ ਵਿੱਚ ਸੋਧ ਕਰਕੇ ਭਾਰਤ ਪੱਧਰ ਤੇ ਲੱਖਾਂ ਇਸ ਕਿੱਤੇ ਨਾਲ ਜੁੜੇ ਲੋਕਾਂ ਨੂੰ ਸਿਖਿਆ ਦੇ ਕੇ ਹੈਲਥ ਪਰੋਵਾਈਡ ਕਰਾਉਣ ਦੀ ਮਾਨਤਾ ਦਿੱਤੀ ਜਾਵੇ।ਮਾਨਯੋਗ ਕੇਂਦਰੀ ਸਿਹਤ ਮੰਤਰੀ ਜੇ ਪੀ ਨੱਡਾ ਵੱਲੋਂ ਹਾਜ਼ਰ ਆਗੂਆਂ ਨੂੰ ਜਲਦੀ ਹੀ ਮੰਗਾ ਨੂੰ ਪੂਰੀਆਂ ਕਰਨ ਦਾ ਵਿਸ਼ਵਾਸ ਦਿਵਾਇਆ। ਪਰ ਪੰਜਾਬ ਸਰਕਾਰ ਵੱਲੋਂ ਚੋਣ ਵਾਅਦੇ ਮੁਤਾਬਕ ਅਤੇ ਪੈਨਲ ਮੀਟਿੰਗ ਦੇ ਫੈਸਲੇ ਨੂੰ ਲਾਗੂ ਕਰਨ ਵਿੱਚ ਅਣਦੇਖੀ ਖਿਲਾਫ਼ ਪੰਜਾਬ ਦੇ ਲੱਖਾਂ ਮੈਡੀਕਲ ਪ੍ਰੈਕਟੀਸ਼ਨਰਾਂ ਅਤੇ ਲੋਕਾਂ ਵਿੱਚ ਬਹੁਤ ਰੋਸ ਹੈ। ਇਸ ਮੌਕੇ ਲੀਗਲ ਅਡਵਾਈਜ਼ਰ ਜਸਵਿੰਦਰ ਸਿੰਘ ਭੋਗਲ, ਸਹਾਇਕ ਵਿੱਤ ਸਕੱਤਰ ਤਾਰਾ ਚੰਦ ਭਾਵਾ, ਸਹਾਇਕ ਸਕੱਤਰ ਰਣਜੀਤ ਸਿੰਘ ਸੋਹੀ, ਸੂਬਾ ਕਮੇਟੀ ਮੈਂਬਰ ਜਰਨੈਲ ਸਿੰਘ ਡੋਡ ਫ਼ਰੀਦਕੋਟ, ਸਵਰਨ ਮੋਗਾ, ਪ੍ਰਤਾਪ ਸਿੰਘ ਸੋਢੀ ਜਲੰਧਰ, ਮਨਜੀਤ ਸਿੰਘ ਫਤਿਹਗੜ੍ਹ ਸਾਹਿਬ, ਹਰਪ੍ਰੀਤ ਸਿੰਘ ਫਤਿਹਗੜ੍ਹ ਸਾਹਿਬ, ਰਜਿੰਦਰ ਸਿੰਘ ਅੱਲੇਖ ਮੁਕਤਸਰ, ਸੁਖਪਾਲ ਸਿੰਘ ਢਿਲਵਾਂ, ਰਾਕੇਸ਼ ਬਸੀ ਹੁਸ਼ਿਆਰਪੁਰ, ਅਸ਼ੋਕ ਸਿੰਘ ਪਟਿਆਲਾ, ਟਹਿਲ ਸਿੰਘ ਮੋਹਾਲੀ, ਸਤਨਾਮ ਸਿੰਘ ਕੰਡੀਲਾ, ਕੇਸਰ ਖਾਨ ਮਹਿਲ ਕਲਾਂ, ਜ਼ਿਲ੍ਹਾ ਪ੍ਰਧਾਨ ਸੱਤ ਪਾਲ ਰਿਸ਼ੀ ਮਾਨਸਾ, ਟੋਨੀ ਗੌਤਮ ਫਤਿਹਗੜ੍ਹ ਸਾਹਿਬ, ਜਤਿੰਦਰ ਕੁਮਾਰ ਅਤੇ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਅਗਾਮੀ 2027 ਦੀਆ ਵਿਧਾਨ ਸਭਾ ਚੋਣਾਂ ਵਿੱਚ ਖਮਿਆਜ਼ਾ ਭੁਗਤਣ ਲਈ ਤਿਆਰ ਰਹੇ ।

## ਦਾਣਾ ਮੰਡੀ ਦੇ ਆੜ੍ਹਤੀਆਂ ਵੱਲੋਂ ਅਣਮਿੱਥੇ ਦੀ ਹੜਤਾਲ ਸ਼ੁਰੂ



**ਮੱਖੂ (ਰਛਪਾਲ ਸਿੰਘ ਸੰਧੂ)**-ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਆੜ੍ਹਤੀਆਂ ਦੇ ਮਸਲਿਆਂ ਦਾ ਹੱਲ ਨਾ ਕਰਨ ਕਾਰਨ ਪੰਜਾਬ ਦੇ ਆੜ੍ਹਤੀਆਂ ਵੱਲੋਂ ਅੱਜ ਤੋਂ ਅਣਮਿੱਥੇ ਸਮੇਂ ਲਈ ਮੰਡੀਆਂ ਬੰਦ ਰੱਖਣ ਨਾਲ ਕਣਕ ਦੇ ਸੀਜ਼ਨ ਦੌਰਾਨ ਪੰਜਾਬ ਸਰਕਾਰ ਲਈ ਵੱਡੀ ਸਿਰਦਰਦੀ ਬਣ ਸਕਦੀ ਹੈ, ਕਿਉਂਕਿ ਕਣਕ ਦੀ ਫ਼ਸਲ ਪੱਕ ਕੇ ਤਿਆਰ ਹੈ ਅਤੇ ਕਈ ਮੰਡੀਆਂ ਵਿੱਚ ਕਣਕ ਦੀ ਆਮਦ ਵੀ ਸ਼ੁਰੂ ਹੋ ਚੁੱਕੀ ਹੈ।ਅਗਰ ਪੰਜਾਬ ਦੇ ਆੜ੍ਹਤੀਆਂ ਦੀ ਹੜਤਾਲ ਜਲਦ ਖਤਮ ਨਹੀਂ ਹੁੰਦੀ ਤਾਂ ਕਿਸਾਨਾਂ ਅਤੇ ਪੰਜਾਬ ਸਰਕਾਰ ਨੂੰ ਵੱਡੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ।ਫੈਡਰੇਸ਼ਨ ਆਫ ਆੜ੍ਹਤੀਆ ਐਸੋਸੀਏਸ਼ਨ ਪੰਜਾਬ ਵੱਲੋਂ 1 ਅਪ੍ਰੈਲ ਤੋਂ ਪੰਜਾਬ ਦੀਆਂ ਮੰਡੀਆਂ ਬੰਦ ਰੱਖਣ ਦੇ ਦਿੱਤੇ ਸੱਦੇ 'ਤੇ ਦਾਣਾ ਮੰਡੀ ਮੱਖੂ ਦੇ ਆੜ੍ਹਤੀਆਂ ਵੱਲੋਂ ਆਪਣੀਆਂ ਆੜ੍ਹਤ ਦੀਆਂ ਦੁਕਾਨਾਂ ਬੰਦ ਰੱਖ ਕੇ ਹੜਤਾਲ ਕੀਤੀ ਗਈ।ਇਸ ਮੌਕੇ ਦਾਣਾ ਮੰਡੀ ਮੱਖੂ ਦੇ ਆੜ੍ਹਤੀਆਂ ਨੇ ਕਿਹਾ ਕਿ ਏ ਪੀ ਐੱਮ ਸੀ ਐਕਟ ਤਹਿਤ ਪੰਜਾਬ ਭਰ ਦੇ ਆੜ੍ਹਤੀਆਂ ਨੂੰ 1997 ਤੋਂ ਮੰਡੀ ਵਿੱਚ ਵਿਕਣ ਵਾਲੀ ਹਰੇਕ ਫ਼ਸਲ 'ਤੇ 2.5 ਪ੍ਰਤੀਸ਼ਤ ਕਮਿਸ਼ਨ ਮਿਲਦਾ ਸੀ।ਪਰ ਕੇਂਦਰ ਸਰਕਾਰ ਨੇ ਪੰਜਾਬ ਦੇ ਆੜ੍ਹਤੀਆਂ ਦਾ ਕਮਿਸ਼ਨ ਫਰੀਜ ਕਰਕੇ 46 ਰੁਪਏ ਪ੍ਰਤੀ ਕੁਇੰਟਲ ਕਰ ਦਿੱਤਾ ਜਿਸ ਨਾਲ ਆੜ੍ਹਤੀਆਂ ਦਾ ਭਾਰੀ ਨੁਕਸਾਨ ਹੋਇਆ।ਕੇਂਦਰ ਸਰਕਾਰ ਵੱਲੋਂ ਆੜ੍ਹਤੀਆਂ ਦਾ 55 ਕਰੋੜ ਰੁਪਏ ਦਾ ਈ. ਪੀ. ਐੱਫ. ਕੱਟਿਆ ਹੋਇਆ ਹੈ ਜਦ ਕਿ ਆੜ੍ਹਤੀਆ ਵਰਗ ਦਾ ਈ. ਪੀ. ਐੱਫ. ਦਾ ਕੋਈ ਸਬੰਧ ਨਹੀਂ ਹੈ।ਇਸ ਲਈ ਆੜ੍ਹਤੀਆਂ ਦਾ ਈ. ਪੀ. ਐੱਫ. ਦੀ ਰਾਸ਼ੀ ਤੁਰੰਤ ਜਾਰੀ ਕੀਤੀ ਜਾਵੇ।ਆੜ੍ਹਤੀਆਂ ਨੇ ਕਿਹਾ ਕਿ ਉਨ੍ਹਾਂ ਦੀਆਂ ਮੰਗਾਂ ਜਲਦ ਪੂਰੀਆਂ ਕੀਤੀਆਂ ਜਾਣ।ਇਸ ਮੌਕੇ ਆੜ੍ਹਤੀਆਂ ਐਸੋਸੀਏਸ਼ਨ ਮੱਖੂ ਦੇ ਪ੍ਰਧਾਨ ਰਿਸ਼ੂ ਖੁਰਾਣਾ, ਮਹਿੰਦਰ ਸਿੰਘ ਸੰਘੇੜਾ, ਬਲਵਿੰਦਰ ਠੁਕਰਾਲ, ਪ੍ਰਦੀਪ ਕੱਕੜ, ਮਨਮੋਹਨ ਗਰੋਵਰ, ਸ਼ਮਸ਼ੇਰ ਸਿੰਘ, ਰਾਜੇਸ਼ ਗਾਂਧੀ ਮਿੰਟਾ, ਦਲਜੀਤ ਸਿੰਘ, ਸੰਜੀਵ ਠੁਕਰਾਲ ਲੱਕੀ, ਵਿੱਕੀ ਗਰੋਵਰ, ਗਗਨ ਮੋਗਾ, ਵਿੱਕੀ ਆਹੂਜਾ ਆਦਿ ਹਾਜ਼ਰ ਸਨ।

# ਮੁਹੱਲਾ ਨਿਵਾਸੀਆਂ ਨੇ ਸ਼ਰਾਰਤੀ ਅਨਸਰਾਂ ਤੇ ਗੰਦਗੀ ਤੋਂ ਨਿਜਾਤ ਦਿਵਾਉਣ ਲਈ ਮੁੱਖ ਮੰਤਰੀ ਤੋਂ ਲਗਾਈ ਗੁਹਾਰ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**
ਸਥਾਨਕ ਨਗਰ ਕੌਂਸਲ ਦਫ਼ਤਰ ਦੇ ਬਿਲਕੁਲ ਨਜ਼ਦੀਕ ਸਥਿਤ ਗਰਾਊਂਡ ਦੇ ਆਲੇ-ਦੁਆਲੇ ਰਹਿਣ ਵਾਲੇ ਮੁਹੱਲਾ ਨਿਵਾਸੀਆਂ ਨੇ ਇਲਾਕੇ ਦੀਆਂ ਭਖਦੀਆਂ ਸਮੱਸਿਆਵਾਂ ਨੂੰ ਲੈ ਕੇ ਸੂਬੇ ਦੇ ਮੁੱਖ ਮੰਤਰੀ ਨੂੰ ਗੁਹਾਰ ਲਗਾਉਂਦਿਆਂ ਪ੍ਰਸ਼ਾਸਨ ਖ਼ਿਲਾਫ਼ ਆਪਣੀ ਆਵਾਜ਼ ਬੁਲੰਦ ਕੀਤੀ ਹੈ।ਮੁਹੱਲਾ ਨਿਵਾਸੀਆਂ ਨੇ ਇੱਕ ਸਾਂਝੇ ਮੰਗ-ਪੱਤਰ ਰਾਹੀਂ ਮੁੱਖ ਮੰਤਰੀ ਕੈਂਪਸ ਦਫ਼ਤਰ, ਧੂਰੀ ਨੂੰ ਜਾਣੂ ਕਰਵਾਇਆ ਕਿ ਇਹ ਜਨਤਕ ਮੈਦਾਨ ਹੁਣ ਆਮ ਲੋਕਾਂ ਦੀ ਸਹੂਲਤ ਦੀ ਬਜਾਏ ਸਮਾਜ ਵਿਰੋਧੀ ਅਨਸਰਾਂ ਦੀ ਪਨਾਹਗਾਹ ਬਣ ਕੇ ਰਹਿ ਗਿਆ ਹੈ।ਮੁਹੱਲਾ ਨਿਵਾਸੀਆਂ ਨੇ ਦੋਸ਼ ਲਗਾਇਆ ਕਿ ਇਸ ਮੈਦਾਨ ਵਿੱਚ ਦੇਰ ਰਾਤ ਤੱਕ ਸ਼ੱਕੀ ਲੋਕਾਂ ਦਾ ਜਮਾਵੜਾ ਲੱਗਿਆ ਰਹਿੰਦਾ ਹੈ, ਜਿੱਥੇ ਸ਼ਰੇਆਮ ਸ਼ਰਾਬ ਪੀਤੀ ਜਾਂਦੀ ਹੈ ਅਤੇ ਜੂਆ ਖੇਡਿਆ ਜਾਂਦਾ ਹੈ।ਰਾਤ ਦੇ ਸਮੇਂ ਪੁਲਸ ਗਸ਼ਤ ਨਾ ਹੋਣ ਕਾਰਨ ਮਾਹੌਲ ਬੇਹੱਦ ਤਣਾਅਪੂਰਨ ਰਹਿੰਦਾ ਹੈ, ਜਿਸ ਕਾਰਨ ਬੱਚਿਆਂ, ਔਰਤਾਂ ਅਤੇ ਬਜ਼ੁਰਗਾਂ ਦਾ ਘਰਾਂ ਤੋਂ ਬਾਹਰ ਨਿਕਲਣਾ ਦੁਭਰ ਹੋ ਗਿਆ ਹੈ। ਲੋਕਾਂ ਅਨੁਸਾਰ, ਉਹ ਆਪਣੇ ਹੀ ਘਰਾਂ ਵਿੱਚ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ।ਨਿਵਾਸੀਆਂ ਨੇ ਪ੍ਰਸ਼ਾਸਨਿਕ ਅਣਗਹਿਲੀ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਗਰਾਊਂਡ ਵਿੱਚ ਵਾਟਰ ਵਰਕਸ ਦੀ ਸਹੂਲਤ ਲਈ ਬਣਾਇਆ ਗਿਆ ਸਰਕਾਰੀ ਕਮਰਾ ਹੁਣ ਖੰਡਰ ਬਣ ਚੁੱਕਾ ਹੈ, ਜਿਸ ਦੀ ਵਰਤੋਂ ਗ਼ਲਤ ਕੰਮਾਂ ਲਈ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ, ਇਸ ਮੈਦਾਨ ਨੂੰ ਅਣਅਧਿਕਾਰਤ ਤੌਰ 'ਤੇ ਕੂੜੇ ਦੇ 'ਡੰਪ' ਵਿੱਚ ਤਬਦੀਲ ਕਰ ਦਿੱਤਾ ਗਿਆ ਹੈ।ਸ਼ਹਿਰ ਦੀ ਗੰਦਗੀ ਇੱਥੇ ਸੁੱਟੇ ਜਾਣ ਕਾਰਨ ਫੈਲ ਰਹੀ ਭਿਆਨਕ ਬਦਬੂ ਅਤੇ ਮੱਖੀ-ਮੱਛਰਾਂ ਕਾਰਨ ਇਲਾਕੇ ਵਿੱਚ ਮਹਾਮਾਰੀ ਫੈਲਣ ਦਾ ਖ਼ਤਰਾ ਬਣਿਆ ਹੋਇਆ ਹੈ।ਸਮੂਹ ਮੁਹੱਲਾ ਨਿਵਾਸੀਆਂ ਨੇ ਪੁਰਜ਼ੋਰ ਮੰਗ ਕੀਤੀ ਹੈ ਕਿ ਕੂੜੇ ਦੇ ਡੰਪ ਨੂੰ ਇੱਥੋਂ ਹਟਾਇਆ ਜਾਵੇ ਅਤੇ ਰਾਤ ਸਮੇਂ ਪੁਲਿਸ ਦੀ ਗਸ਼ਤ ਯਕੀਨੀ ਬਣਾਈ ਜਾਵੇ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਇਨ੍ਹਾਂ ਜਾਇਜ਼ ਮੰਗਾਂ ਵੱਲ ਤੁਰੰਤ ਧਿਆਨ ਨਾ ਦਿੱਤਾ ਗਿਆ ਤਾਂ ਇਲਾਕਾ ਨਿਵਾਸੀ ਸੰਘਰਸ਼ ਤੇਜ਼ ਕਰਨ ਲਈ ਮਜ਼ਬੂਰ ਹੋਣਗੇ।ਉਧਰ ਮੁਹੱਲਾ ਨਿਵਾਸੀਆਂ ਵੱਲੋਂ ਸ਼ਿਕਾਇਤ ਮਿਲਣ 'ਤੇ ਪੰਜਾਬ ਵਕਫ਼ ਬੋਰਡ ਦੇ ਮੈਂਬਰ ਅਤੇ ਮੁੱਖ ਮੰਤਰੀ ਕੈਂਪਸ ਦਫ਼ਤਰ ਦੇ ਇੰਚਾਰਜ ਡਾ. ਅਨਵਰ ਭਸੌੜ ਨੇ ਦੌਰਾ ਕੀਤਾ ਅਤੇ ਮੁਹੱਲਾ ਨਿਵਾਸੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਇਸ ਸਬੰਧੀ ਨਗਰ ਕੌਂਸਲ ਨੂੰ ਤਾਕੀਦ ਕਰ ਦਿੱਤੀ ਗਈ ਹੈ ਅਤੇ ਮੁਹੱਲਾ ਨਿਵਾਸੀਆਂ ਨੂੰ ਕੋਈ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

## ਸਾਬਕਾ ਮੰਤਰੀ ਲਾਲ ਸਿੰਘ ਦੇ ਦੇਹਾਂਤ 'ਤੇ ਵੱਖ-ਵੱਖ ਆਗੂਆਂ ਵੱਲੋਂ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸੀਨੀਅਰ ਸਾਬਕਾ ਕੈਬਨਿਟ ਮੰਤਰੀ ਲਾਲ ਸਿੰਘ ਜਿਨ੍ਹਾਂ ਦਾ ਬੀਤੇ ਦਿਨੀਂ ਦੇਹਾਂਤ ਹੋ ਗਿਆ ਸੀ, ਰਾਜਸੀ ਪਾਰਟੀਆਂ ਦੇ ਆਗੂਆਂ, ਸਮਾਜ ਸੇਵੀ ਸੰਸਥਾਵਾਂ ਦੇ ਮੁਖੀਆਂ ਵਲੋਂ ਉਹਨ੍ਹਾਂ ਦੇ ਸਪੁੱਤਰ ਰਾਜਿੰਦਰ ਸਿੰਘ ਸਾਬਕਾ ਵਿਧਾਇਕ ਅਤੇ ਪਰਵਾਰ ਨਾਲ ਆਪਣਾ ਦੁੱਖ ਸਾਂਝਾ ਕੀਤਾ ਗਿਆ। ਨਿਸ਼ਾਨ ਸਿੰਘ ਕੰਬੋਜ ਹਰਿਆਣਾ, ਹਰਿੰਦਰ ਪਾਲ ਸਿੰਘ ਚੰਦੂ ਮਾਜਰਾ ਸਾਬਕਾ ਵਿਧਾਇਕ ਜਥੇਦਾਰ ਕਰਤਾਰਪੁਰ ਮੈਂਬਰ ਐਸ ਜੀ ਪੀ ਸੀ ਬਲਦੇਵ ਸਿੰਘ ਮੈਂਬਰ ਐਸ ਜੀ ਪੀ ਸੀ ਹਰਿਆਣਾ, ਲਕਸ਼ਮੀ ਗਰੁੱਪ ਖਮਾਣੋਂ ਦੇ ਐਮ ਡੀ ਬਲਬੀਰ ਸਿੰਘ, ਜਨਕ ਸਿੰਘ ਖਮਾਣੋਂ ਸੀਨੀਅਰ ਪੱਤਰਕਾਰ ਰਾਜੇਸ਼ ਪੰਜੋਲਾ, ਲਾਲ ਸਿੰਘ ਦੇ ਕਰੀਬੀ ਦੋਸਤ ਪੰਡਤ ਪੂਰਨ ਚੰਦ, ਆੜ੍ਹਤੀਆ, ਦਵਿੰਦਰ ਸਿੰਘ (ਕਾਕਾ), ਜਸਪਾਲ ਸਿੰਘ ਜਲਾਲਪੁਰ, ਹੈਪੀ ਗੀਠ ਖੇੜੀ, ਸਤਬੀਰ ਸਿੰਘ, ਓ ਐਸ ਡੀ ਸੰਦੀਪ, ਮੇਜਰ ਸਿੰਘ ਕੰਬੋਜ, ਰਾਣਾ ਕਾਹਨ ਸਿੰਘ ਮਜਾਲ, ਸੋਨੀ, ਰਮਜੋਤ ਸਿੰਘ, ਤਰਸੇਮ ਸਿੰਘ ਝੰਡੀ ਸਾਬਕਾ ਚੇਅਰਮੈਨ, ਬਲਾਕ ਸੰਮਤੀ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਜਸਵਿੰਦਰ ਸਿੰਘ ਰਾਣਾ, ਹਰਦਿਆਲ ਸਿੰਘ ਕੰਬੋਜ ਸਾਬਕਾ ਐਮ ਐਲ ਏ, ਕਿਸਾਨ ਯੂਨੀਅਨ ਦੇ ਆਗੂ ਸਤਨਾਮ ਸਿੰਘ ਬਹਿਰੂ, ਸੀਤਲ ਸਿੰਘ ਸਾਬਕਾ, ਡੀ ਜੀ ਪੀ ਜਸਕਰਨ ਸਿੰਘ ਰਾਈਸ ਮਿੱਲਰਜ਼ ਪੰਜਾਬ ਦੇ ਜਨਰਲ ਸਕੱਤਰ ਸਤਪ੍ਰਕਾਸ਼ ਗੋਇਲ, ਦਮੋਦਰ ਸਿੰਘ, ਸ਼ਮਸ਼ੇਰ ਸਿੰਘ ਗੋਪਾਲ ਸਵੀਟ, ਵਿਜੈ ਗੌਤਮ, ਸੁਰਿੰਦਰ ਮਿੱਤਲ ਬਲਬੇੜਾ, ਹਰਮੇਲ ਸਿੰਘ ਮਕੌੜ, ਰਾਜ ਡਕਾਲਾ ਤੋਂ ਇਲਾਵਾ ਹੋਰ ਬਹੁਤ ਸਾਰੇ ਆਗੂਆਂ ਵੱਲੋਂ ਪਰਵਾਰ ਨਾਲ ਆਪਣੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਚੰਦੂਮਾਜਰਾ ਨੇ ਕਿਹਾ ਕਿ ਸਰਦਾਰ ਲਾਲ ਸਿੰਘ ਇਕ ਦੂਰਅੰਦੇਸ਼ੀ ਅਤੇ ਠਰੰਮੇ ਵਾਲ਼ੇ ਵਿਅਕਤੀ ਸਨ ਅਤੇ ਉਹਨਾਂ ਦੇ ਵਿਰੋਧੀ ਪਾਰਟੀਆਂ ਦੇ ਆਗੂਆਂ ਨਾਲ ਵੀ ਹਮੇਸ਼ਾ ਸੁਖਾਵੇਂ ਸਬੰਧ ਰਹੇ। ਉਹਨ੍ਹਾਂ ਕਿਹਾ ਕਿ ਲਾਲ ਸਿੰਘ ਦੇ ਚਲੇ ਜਾਣ ਨਾਲ ਰਾਜਨੀਤੀ ਵਿਚ ਇਕ ਵੱਡਾ ਖਲਾਅ ਪੈਦਾ ਹੋ ਗਿਆ ਹੈ। ਲਾਲ ਸਿੰਘ ਦੀ ਅੰਤਿਮ ਅਰਦਾਸ 10 ਅਪ੍ਰੈਲ ਨੂੰ ਪਟਿਆਲ਼ਾ ਦੇ ਗੁਰਦੁਆਰਾ ਮੋਤੀ ਬਾਗ ਵਿੱਖੇ 12 ਵਜੇ ਤੋਂ ਦੁਪਹਿਰ 1ਵਜੇ ਤੱਕ ਹੋਵੇਗੀ।

## ਵਿਧਾਇਕਾਂ, ਮੇਅਰ ਤੇ ਡੀ ਸੀ ਨੇ ਡੇਅਰੀ ਮਾਲਕਾਂ ਤੇ ਠੇਕੇਦਾਰ ਨਾਲ ਕੀਤੀ ਮੀਟਿੰਗ



**ਲੁਧਿਆਣਾ (ਰਾਜ ਸਿੰਗਲਾ)**-ਹੈਬੋਵਾਲ ਅਤੇ ਤਾਜਪੁਰ ਰੋਡ ਡੇਅਰੀ ਕੰਪਲੈਕਸਾਂ ਤੋਂ ਘਰ-ਘਰ ਜਾ ਕੇ ਗੋਬਰ ਚੁੱਕਣ ਨੂੰ ਯਕੀਨੀ ਬਣਾਉਣ ਲਈ ਵਿਧਾਇਕ ਮਦਨ ਲਾਲ ਬੱਗਾ, ਵਿਧਾਇਕ ਦਲਜੀਤ ਸਿੰਘ ਭੋਲਾ ਗਰੇਵਾਲ, ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਅਤੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਬੱਚਤ ਭਵਨ ਵਿਖੇ ਡੇਅਰੀ ਐਸੋਸੀਏਸ਼ਨਾਂ ਦੇ ਮੈਂਬਰਾਂ ਅਤੇ ਦੋਵਾਂ ਡੇਅਰੀ ਕੰਪਲੈਕਸਾਂ ਵਿੱਚ ਘਰ-ਘਰ ਜਾ ਕੇ ਗੋਬਰ ਚੁੱਕਣ ਲਈ ਰੱਖੇ ਠੇਕੇਦਾਰ ਨਾਲ ਮੀਟਿੰਗ ਕੀਤੀ।ਮੀਟਿੰਗ ਦਾ ਉਦੇਸ਼ ਡੇਅਰੀ ਮਾਲਕਾਂ ਅਤੇ ਹੈਬੋਵਾਲ ਅਤੇ ਤਾਜਪੁਰ ਰੋਡ ਡੇਅਰੀ ਕੰਪਲੈਕਸਾਂ ਤੋਂ ਘਰ-ਘਰ ਜਾ ਕੇ ਗੋਬਰ ਚੁੱਕਣ ਲਈ ਰੱਖੇ ਠੇਕੇਦਾਰ ਵਿਚਕਾਰ ਤਾਲਮੇਲ ਨੂੰ ਬਿਹਤਰ ਬਣਾਉਣਾ ਸੀ।ਮੀਟਿੰਗ ਵਿੱਚ ਇਹ ਫੈਸਲਾ ਕੀਤਾ ਗਿਆ ਕਿ ਠੇਕੇਦਾਰ ਡੇਅਰੀ ਕੰਪਲੈਕਸਾਂ ਵਿੱਚ ਰੇਹੜੇ ਲਗਾਏਗਾ ਤਾਂ ਜੋ ਗੋਬਰ ਦੀ ਲਿਫਟਿੰਗ ਨੂੰ ਯਕੀਨੀ ਬਣਾਇਆ ਜਾ ਸਕੇ। ਉਹ ਡੇਅਰੀ ਮਾਲਕਾਂ ਦੇ ਵਿਰੁੱਧ ਨਹੀਂ ਹਨ, ਪਰ ਕਿਸੇ ਨੂੰ ਵੀ ਬੁੱਢਾ ਦਰਿਆ ਵਿੱਚ ਗੋਬਰ ਸੁੱਟਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ।ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਅਮਿਤ ਬੈਂਬੀ, ਡੀ.ਸੀ.ਪੀ ਜਸਕਰਨ ਤੇਜਾ, ਐਸ.ਡੀ.ਐਮ (ਪੱਛਮੀ) ਕੁਲਦੀਪ ਬਾਵਾ, ਐਸ.ਡੀ.ਐਮ (ਪੂਰਬੀ) ਜਸਲੀਨ ਕੌਰ ਭੁੱਲਰ, ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਵਿਨੀਤ ਕੁਮਾਰ, ਅਮਨਪ੍ਰੀਤ ਸਿੰਘ, ਦੀਪਜੋਤ ਕੌਰ, ਸਕੱਤਰ ਰਜਿਨਲ ਟਰਾਂਸਪੋਰਟ ਅਥਾਰਟੀ (ਆਰ.ਟੀ.ਏ) ਮਨਕੰਵਲ ਸਿੰਘ, ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੇ ਪ੍ਰਤੀਨਿਧੀ ਹਰਦੇਵ ਸਿੰਘ ਦੌਂਦਰ ਸਮੇਤ ਜ਼ਿਲ੍ਹਾ ਪ੍ਰਸ਼ਾਸਨ, ਨਗਰ ਨਿਗਮ, ਪੀ.ਪੀ.ਸੀ.ਬੀ, ਪੰਜਾਬ ਜਲ ਸਪਲਾਈ ਅਤੇ ਸੀਵਰੇਜ ਬੋਰਡ, ਪੇਡਾ, ਹੋਰ ਵਿਭਾਗਾਂ ਦੇ ਅਧਿਕਾਰੀ, ਹੈਬੋਵਾਲ ਅਤੇ ਤਾਜਪੁਰ ਰੋਡ ਡੇਅਰੀ ਕੰਪਲੈਕਸਾਂ ਦੇ ਡੇਅਰੀ ਮਾਲਕ ਐਸੋਸੀਏਸ਼ਨ ਦੇ ਪ੍ਰਤੀਨਿਧੀ, ਗੋਬਰ ਦੀ ਘਰ-ਘਰ ਲਿਫਟਿੰਗ ਲਈ ਠੇਕੇਦਾਰ ਆਦਿ ਮੀਟਿੰਗ ਵਿੱਚ ਮੌਜੂਦ ਸਨ।

## ਸੇਂਟ ਜੇਵਿਯਰਜ਼ ਇੰਟਰਨੈਸ਼ਨਲ ਸਕੂਲ 'ਚ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ



**ਸਮਾਣਾ (ਇਕਬਾਲ ਸਿੰਘ ਬੱਲ)**-ਸੇਂਟ ਜੇਵਿਯਰਜ਼ ਇੰਟਰਨੈਸ਼ਨਲ ਸਕੂਲ ਵਿੱਚ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ ਬਹੁਤ ਉਤਸ਼ਾਹ, ਊਰਜਾ ਅਤੇ ਨਵੀਂ ਪ੍ਰੇਰਨਾ ਨਾਲ ਹੋਈ। ਨਵੇਂ ਸੈਸ਼ਨ ਦੀ ਸ਼ੁਰੂਆਤ ਤੋਂ ਪਹਿਲਾਂ ਸਕੂਲ ਵਿੱਚ ਇੱਕ ਪੇਰੈਂਟ-ਟੀਚਰ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਲਗਭਗ 98% ਮਾਪਿਆਂ ਨੇ ਸਰਗਰਮ ਹਿੱਸਾ ਲਿਆ ।ਮੀਟਿੰਗ ਦੌਰਾਨ ਪ੍ਰਿੰਸੀਪਲ ਬਿਕਾਸ ਸਿੰਘਾ ਨੇ ਵਿਦਿਆਰਥੀਆਂ ਦੀ ਮਿਹਨਤ, ਲਗਨ ਅਤੇ ਅਨੁਸ਼ਾਸਨ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਪਿਛਲੇ ਅਕਾਦਮਿਕ ਸੈਸ਼ਨ ਵਿੱਚ ਪ੍ਰਾਪਤ ਕੀਤੀਆਂ ਉਪਲਬਧੀਆਂ ਲਈ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਅਗਲੇ ਸਮੇਂ ਵਿੱਚ ਵੀ ਅਕਾਦਮਿਕ ਅਤੇ ਸਹ-ਪਾਠਕ੍ਰਮ ਗਤੀਵਿਧੀਆਂ ਵਿੱਚ ਸ਼੍ਰੇਸ਼ਠ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ।ਜਿਨ੍ਹਾਂ ਵਿਦਿਆਰਥੀਆਂ ਨੇ ਆਪਣੀਆਂ ਕਲਾਸਾਂ ਵਿੱਚ ਸ਼ਾਨਦਾਰ ਸਥਾਨ ਹਾਸਲ ਕੀਤੇ, ਉਨ੍ਹਾਂ ਨੂੰ ਉਨ੍ਹਾਂ ਦੀ ਉਤਕ੍ਰਿਸ਼ਟ ਅਕਾਦਮਿਕ ਪ੍ਰਦਰਸ਼ਨ ਲਈ ਸਰਟੀਫਿਕੇਟ ਅਤੇ ਇਨਾਮਾਂ ਨਾਲ ਸਨਮਾਨਿਤ ਕੀਤਾ ਗਿਆ।ਸਕੂਲ ਮੈਨੇਜਮੈਂਟ, ਜਿਸ ਵਿੱਚ ਅਰਨਬ ਸਰਕਾਰ, ਤਨੁਸ਼ਰੀ ਸਰਕਾਰ, ਅਨਿੰਦਿਆ ਸਰਕਾਰ ਅਤੇ ਬੰਦਨਾ ਸਰਕਾਰ ਸ਼ਾਮਲ ਹਨ, ਨੇ ਸਾਰੇ ਵਿਦਿਆਰਥੀਆਂ ਨੂੰ ਪਿਛਲੇ ਅਕਾਦਮਿਕ ਸੈਸ਼ਨ ਨੂੰ ਸਫਲਤਾਪੂਰਵਕ ਪੂਰਾ ਕਰਨ ਅਤੇ ਅਗਲੀ ਕਲਾਸ ਵਿੱਚ ਪ੍ਰਮੋਟ ਹੋਣ ਲਈ ਵਧਾਈ ਦਿੱਤੀ।ਮੈਨੇਜਮੈਂਟ ਨੇ ਮਾਪਿਆਂ ਦਾ ਸਕੂਲ ਦੀਆਂ ਗਤੀਵਿਧੀਆਂ ਵਿੱਚ ਲਗਾਤਾਰ ਸਹਿਯੋਗ ਅਤੇ ਭਰੋਸੇ ਲਈ ਧੰਨਵਾਦ ਕੀਤਾ।

## ਏਟਕ ਪਰਵਾਰ ਵੱਲੋਂ ਕਾਲੇ ਕਾਨੂੰਨ ਲਾਗੂ ਕਰਨ ਦੇ ਵਿਰੋਧ 'ਚ ਮਨਾਇਆ ਕਾਲਾ ਦਿਵਸ



**ਰਾਜਪੁਰਾ (ਰਮੇਸ਼ ਕਟਾਰੀਆ)**
ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਅਤੇ ਪਾਵਰਕੌਮ ਅਤੇ ਟਰਾਂਸਕੋ ਪੈਨਸ਼ਨਰ ਯੂਨੀਅਨ ਏਟਕ ਪੰਜਾਬ ਡਵੀਜ਼ਨ ਰਾਜਪੁਰਾ ਵੱਲੋਂ ਸਾਂਝੇ ਧੜੇ ਦੇ ਸੱਦੇ 'ਤੇ ਜਿਹੜੇ ਮੋਦੀ ਸਰਕਾਰ ਨੇ ਪੁਰਾਣੇ ਮੁਲਾਜ਼ਮਾਂ ਮਜ਼ਦੂਰਾਂ ਦੇ ਹੱਕਾਂ ਵਿੱਚ ਭੁਗਤਣ ਵਾਲੇ 44 ਬਣਾਏ ਕਾਨੂੰਨਾਂ ਨੂੰ ਤੋੜ ਕੇ ਸਰਮਾਏਦਾਰੀ ਦੇ ਹੱਕ ਵਿੱਚ ਭੁਗਤਣ ਵਾਲੇ ਬਣਾਏ ਚਾਰ ਕਾਲੇ ਕਾਨੂੰਨ 1 ਅਪ੍ਰੈਲ ਤੋਂ ਲਾਗੂ ਕਰਨ ਦੇ ਵਿਰੋਧ ਵਿੱਚ ਕਾਲਾ ਦਿਵਸ ਮਨਾਉਣ ਦਾ ਫੈਸਲਾ ਕੀਤਾ ਗਿਆ ਅਤੇ ਕੇਂਦਰ ਦੀ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਕਾਨੂੰਨ ਵਾਪਸ ਨਾ ਲਏ ਤਾਂ ਆਉਣ ਵਾਲੇ ਸਮੇਂ ਵਿੱਚ ਵੱਡੇ ਸੰਘਰਸ਼ ਕੀਤੇ ਜਾਣਗੇ।

ਕੇਂਦਰ ਸਰਕਾਰ ਦੀ ਤਰਜ਼ 'ਤੇ ਹੀ ਪੰਜਾਬ ਸਰਕਾਰ ਆਪਣੀਆਂ ਨਾਕਾਮੀਆਂ ਛੁਪਾਉਣ ਦੇ ਲਈ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਨੀਆਂ ਮੰਗਾਂ ਨੂੰ ਪੂਰਾ ਨਹੀਂ ਕਰ ਰਹੀ ਅਤੇ ਨਾ ਹੀ ਕੋਰਟਾਂ ਦੇ ਫੈਸਲਿਆਂ ਨੂੰ ਲਾਗੂ ਨਹੀਂ ਕਰ ਰਹੀ ਜਿਵੇਂ ਕਿ ਪੈਡਿੰਗ ਡੀ ਏ ਪੈਨਸ਼ਨਰਾਂ ਦਾ 2.59 ਵਾਲਾ ਫ਼ਾਰਮੂਲਾ ਨਹੀਂ ਲਾਗੂ ਕਰ ਰਹੀ। ਇਸ ਦੇ ਵਿਰੋਧ ਵਿੱਚ ਪੰਜਾਬ ਸਰਕਾਰ ਅਤੇ ਮੋਦੀ ਸਰਕਾਰ ਦਾ ਰੈਲੀ ਕਰਕੇ ਪਿੱਟ ਸਿਆਪਾ ਕੀਤਾ ਗਿਆ। ਇਸ ਮੌਕੇ ਕੌਮੀ ਆਗੂ ਸਾਥੀ ਹਰਭਜਨ ਸਿੰਘ ਪਿਲਖਣੀ, ਸੂਬਾ ਵਿੱਤ ਸਕੱਤਰ ਸਾਥੀ ਬਲਜੀਤ ਕੁਮਾਰ ਧੀਮਾਨ, ਪੈਨਸ਼ਨਰ ਯੂਨੀਅਨ ਏਟਕ ਦੇ ਸੂਬਾ ਮੀਤ ਪ੍ਰਧਾਨ ਸਾਥੀ ਰਜਿੰਦਰ ਸਿੰਘ, ਸਾਥੀ ਚਰਨ ਸਿੰਘ, ਸਾਥੀ ਜਸਪਾਲ ਸਿੰਘ, ਸਾਥੀ ਕੁਲਦੀਪ ਸਿੰਘ, ਸਾਥੀ ਚੱਠਾ ਜੀ, ਸਾਥੀ ਹਰਦੀਪ ਸਿੰਘ ਅਤੇ ਹੋਰ ਆਗੂ ਸਾਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ ਅੰਤ ਵਿੱਚ ਆਏ ਸਾਥੀਆਂ ਦਾ ਜੀਵਨ ਸਿੰਘ ਪ੍ਰਧਾਨ ਨੇ ਧੰਨਵਾਦ ਕੀਤਾ ਅਤੇ ਦੱਸਿਆ ਕਿ 10 ਅਪ੍ਰੈਲ ਨੂੰ ਹੈਡ ਆਫਿਸ ਪਟਿਆਲਾ ਵਿਖੇ ਹੋਣ ਵਾਲੇ ਧਰਨੇ ਵਿੱਚ ਜਾਣ ਲਈ ਤਿਆਰ ਰਹਿਣ ਲਈ ਕਿਹਾ ਗਿਆ।

## ਡਾ. ਅੰਬੇਦਕਰ ਦੇ ਬੁੱਤ ਨੂੰ ਤੋੜ ਕੇ ਅਪਮਾਨ ਕਰਨਾ ਕਿਸੇ ਤਰ੍ਹਾਂ ਵੀ ਮੁਨਾਸਿਬ ਨਹੀ : ਮਾਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਿੱਖ ਕੌਮ ਦਾ ਸਿਧਾਂਤ ਤਾਂ ਹਰ ਤਰ੍ਹਾਂ ਦੇ ਜਬਰ-ਜੁਲਮ, ਬੇਇਨਸਾਫ਼ੀ ਅਤੇ ਵਿਤਕਰੇ ਵਿਰੁੱਧ ਦ੍ਰਿੜ੍ਹਤਾ ਨਾਲ ਆਵਾਜ਼ ਬੁਲੰਦ ਕਰਨ ਦੇ ਨਾਲ-ਨਾਲ ਗਰੀਬਾਂ, ਮਜ਼ਲੂਮਾਂ, ਸਮਾਜ ਦੇ ਲਤਾੜੇ ਵਰਗਾਂ ਦੇ ਨਾਲ ਹੋਣ ਵਾਲੀਆ ਬੇਇਨਸਾਫ਼ੀਆਂ ਨੂੰ ਖਤਮ ਕਰਵਾ ਕੇ ਬਰਾਬਰਤਾ ਦੀ ਸੋਚ ਨੂੰ ਮਜ਼ਬੂਤ ਕਰਨਾ ਰਿਹਾ ਹੈ।ਗੁਰੂ ਨਾਨਕ ਸਾਹਿਬ ਅਤੇ ਗੁਰੂ ਗੋਬਿੰਦ ਸਿੰਘ ਜੀ ਨੇ ਕ੍ਰਮਵਾਰ ਆਪਣੇ ਮੁਖਾਰਬਿੰਦ ਤੋਂ 'ਸਭਨਾ ਜੀਆ ਕਾ ਇਕ ਦਾਤਾ ਅਤੇ ਮਾਨਸਿ ਕੀ ਜਾਤਿ ਸਭੈ ਏਕੋ ਪਹਿਚਾਨਬੋ' ਦੇ ਸ਼ਬਦ ਉਚਾਰ ਕੇ ਬਹੁਤ ਪਹਿਲੇ ਜਾਤ-ਪਾਤ, ਊਚ-ਨੀਚ, ਅਮੀਰ-ਗਰੀਬ ਦੇ ਪਾੜੇ ਨੂੰ ਪੂਰਨ ਰੂਪ ਵਿਚ ਖਤਮ ਕਰਕੇ ਬਰਾਬਰਤਾ ਦੀ ਸੋਚ ਨੂੰ ਪ੍ਰਫੁੱਲਿਤ ਕੀਤਾ।

ਫਿਰ ਡਾ. ਅੰਬੇਦਕਰ ਅਤੇ ਸ੍ਰੀ ਕਾਂਸ਼ੀ ਰਾਮ ਵਰਗੀਆਂ ਸ਼ਖਸੀਅਤਾਂ ਇਸੇ ਸੋਚ ਉਤੇ ਆਪਣੇ ਜੀਵਨਕਾਲ ਦੌਰਾਨ ਆਪਣੇ ਫਰਜ਼ਾਂ ਦੀ ਪੂਰਤੀ ਕਰ ਰਹੇ ਹਨ।ਫਿਰ ਡਾ. ਅੰਬੇਦਕਰ ਦੇ ਬੁੱਤ ਨੂੰ ਤੋੜ ਕੇ ਆਪਣੀ ਸਿੱਖੀ ਮਨੁੱਖਤਾ ਪੱਖੀ ਸੋਚ ਨੂੰ ਸੱਟ ਮਾਰਨਾ ਤਾਂ ਕਿਸੇ ਤਰ੍ਹਾਂ ਵੀ ਮੁਨਾਸਿਬ ਨਹੀ।ਅਜਿਹੇ ਅਮਲਾਂ ਦੀ ਸਿੱਖੀ ਸੋਚ ਸਾਨੂੰ ਕਤਈ ਇਜਾਜ਼ਤ ਨਹੀ ਦਿੰਦੀ।ਇਹ ਵਿਚਾਰ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਨੂਰਪੁਰ ਵਿਖੇ ਡਾ. ਅੰਬੇਦਕਰ ਦੇ ਲੱਗੇ ਬੁੱਤ ਨੂੰ ਪਹਿਲੇ ਜਲੰਧਰ ਵਿਖੇ ਅਤੇ ਹੁਣ ਤੋੜ ਕੇ ਉਨ੍ਹਾਂ ਦਾ ਅਪਮਾਨ ਕਰਨ ਦੀ ਸਿੱਖ ਵਿਰੋਧੀ ਸੋਚ ਵਾਲੀਆਂ ਕਾਰਵਾਈਆਂ ਉਤੇ ਗਹਿਰਾ ਦੁੱਖ ਜ਼ਾਹਰ ਕਰਦੇ ਹੋਏ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਡਾ. ਅੰਬੇਦਕਰ ਦੀ ਸੋਚ ਤਾਂ ਗੁਰੂ ਨਾਨਕ ਸਾਹਿਬ ਅਤੇ ਗੁਰੂ ਗੋਬਿੰਦ ਸਿੰਘ ਜੀ ਦੀ ਸਰਬੱਤ ਦੇ ਭਲੇ ਵਾਲੀ ਅਤੇ ਬਰਾਬਰਤਾ ਵਾਲੀ ਸੋਚ ਨੂੰ ਪ੍ਰਫੁੱਲਿਤ ਕਰਕੇ ਸਮਾਜ ਦੇ ਲਤਾੜੇ ਵਰਗਾਂ ਵਿਚੋਂ ਹੀਣ ਭਾਵਨਾ ਨੂੰ ਖਤਮ ਕਰਨਾ ਹੈ।

# ਵੇਰਕਾ ਮਿਲਕ ਪਲਾਂਟ ਤੇ ਕੈਟਲ ਫੀਡ ਪਲਾਂਟ ਆਊਟਸੋਰਸ ਮੁਲਾਜ਼ਮਾਂ ਵੱਲੋਂ ਝੰਡਾ ਮਾਰਚ



**ਦਿੜ੍ਹਬਾ (ਜਸਵੀਰ ਲਾਡੀ)**
ਇਥੇ ਇਸ ਸਬੰਧੀ ਵੇਰਕਾ ਮਿਲਕ ਪਲਾਂਟ ਤੇ ਕੈਟਲ ਫੀਡ ਪਲਾਂਟ ਆਊਟਸੋਰਸ ਮੁਲਾਜ਼ਮਾਂ ਪੰਜਾਬ ਦੇ ਸੂਬਾ ਜਨਰਲ ਸਕੱਤਰ ਜਸਵੀਰ ਸਿੰਘ, ਮੀਤ ਪ੍ਰਧਾਨ ਸੰਦੀਪ ਸੰਧੂ ਨੇ ਪ੍ਰੈਸ ਨੋਟ ਜਾਰੀ ਕਰਦਿਆਂ ਕਿਹਾ ਕਿ ਪਿਛਲੀਆਂ ਵਿਧਾਨ ਸਭਾ ਚੋਣਾਂ ਦੇ ਦੌਰਾਨ ਆਮ ਆਦਮੀ ਪਾਰਟੀ ਦੀ ਅਗੁਵਾਈ ਵਾਲੀ ਪੰਜਾਬ ਸਰਕਾਰ ਦੇ ਲੀਡਰਾਂ ਵੱਲੋਂ ਇਹ ਵਾਅਦਾ ਕੀਤਾ ਗਿਆ ਸੀ ਕਿ ਆਪ ਸਰਕਾਰ ਬਣਨ ਉਪਰੰਤ ਹਰ ਤਰ੍ਹਾਂ ਦੇ ਠੇਕਾ ਮੁਲਾਜ਼ਮਾਂ ਨੂੰ ਰੈਗੂਲਰ ਕੀਤਾ ਜਾਵੇਗਾ, ਪਰ ਹੁਣ ਇਸ ਸਰਕਾਰ ਵੱਲੋਂ 4 ਸਾਲ ਬੀਤ ਜਾਣ ਦੇ ਬਾਅਦ ਵੀ ਇਸ ਮੰਗ ਦਾ ਹੱਲ ਨਹੀਂ ਕੀਤਾ ਗਿਆ।5 ਮਾਰਚ ਨੂੰ ਪੰਜਾਬ ਦੇ ਮੁੱਖ ਮੰਤਰੀ ਦੇ ਨਾਂ ਵਿਧਾਇਕਾਂ ਰਾਹੀਂ ਮੰਗ-ਪੱਤਰ ਭੇਜ ਕੇ ਮੰਗ ਕੀਤੀ ਗਈ ਕਿ ਇਸ ਵਿਧਾਨ ਸਭਾ ਇਜਲਾਸ ਵਿੱਚ ਠੇਕਾ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਦੇ ਵਾਅਦੇ ਨੂੰ ਪੂਰਾ ਕੀਤਾ ਜਾਵੇ। ਘੱਟੋ ਘੱਟ ਉਜਰਤ ਦੇ ਕਾਨੂੰਨ 1948 ਅਨੁਸਾਰ ਪੰਦਰਵੀਂ ਲੇਬਰ ਕਾਨਫਰੰਸ ਦੀਆਂ ਸਿਫਾਰਸ਼ਾਂ ਨੂੰ ਸ਼ਾਮਲ ਕਰਕੇ ਤਨਖਾਹ ਨਿਸ਼ਚਿਤ ਕੀਤੀ ਜਾਵੇ ਅਤੇ ਹੋਰ ਮੰਗਾਂ ਜਿਨ੍ਹਾਂ ਦਾ ਹੱਲ ਕਰਨ ਲਈ ਵਾਅਦਾ ਕੀਤਾ ਸੀ, ਉਹ ਮੰਗਾਂ ਇਸ ਵਿਧਾਨ ਸਭਾ ਇਜਲਾਸ ਵਿੱਚ ਪ੍ਰਵਾਨ ਕੀਤੀਆਂ ਜਾਣ ਲੇਕਿਨ ਤ੍ਰਾਸਦੀ ਇਹ ਹੈ ਕਿ ਮੰਗ-ਪੱਤਰ ਭੇਜਣ ਸਮੇਂ ਜਿਨ੍ਹਾਂ ਵਿਧਾਇਕਾਂ ਨੇ ਇਨ੍ਹਾਂ ਮੰਗਾਂ ਨੂੰ ਵਿਧਾਨ ਸਭਾ ਵਿੱਚ ਰੱਖਣ ਅਤੇ ਪ੍ਰਵਾਨ ਕਰਨ ਦਾ ਭਰੋਸਾ ਦਿੱਤਾ ਸੀ। ਉਨ੍ਹਾਂ ਵਿਧਾਇਕਾਂ ਵਲੋਂ ਸਾਡੀਆਂ ਮੰਗਾਂ ਦਾ ਹੱਲ ਕਰਨ ਦੀ ਗੱਲ ਦੀ ਲੋੜ ਨਹੀਂ ਸਮਝੀ।ਵਿਰੋਧੀ ਧਿਰਾਂ ਦੀ ਚੁੱਪ ਨੇ ਵੀ ਇਸ ਅਸਲੀਅਤ ਨੂੰ ਜੱਗ ਜ਼ਾਹਰ ਕੀਤਾ ਹੈ ਜਦੋਂਕਿ ਵਿੱਤ ਮੰਤਰੀ ਦੀ ਅਗਵਾਈ ਵਾਲੀ ਸਬ ਕਮੇਟੀ ਪਿਛਲੇ 4 ਸਾਲਾਂ ਤੋਂ ਲਾਰੇ ਲਗਾ ਕੇ ਸਮਾਂ ਬਤੀਤ ਕਰ ਰਹੀ ਹੈ।ਚੇਅਰਮੈਨ ਵਿੱਤ ਮੰਤਰੀ ਪੰਜਾਬ ਦੇ ਹਲਕੇ ਦਿੜ੍ਹਬਾ ਸ਼ਹਿਰ ਪਿੰਡਾਂ ਵਿਚ ਝੰਡਾ ਮਾਰਚ ਵੱਡੇ ਇਕੱਠ ਕਰਕੇ ਕੀਤਾ ਗਿਆ। ਉਨ੍ਹਾਂ ਮੰਗ ਕੀਤੀ ਕਿ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ 'ਚ ਕੰਮ ਕਰਦੇ ਇਨਲਿਸਟਮੈਂਟ/ਆਊਟਸੋਰਸ ਮੁਲਾਜ਼ਮਾਂ ਨੂੰ ਤਜਰਬੇ ਦੇ ਅਧਾਰ ਤੇ ਵਿਭਾਗ 'ਚ ਮਰਜ ਕਰਕੇ ਪੱਕਾ ਰੁਜ਼ਗਾਰ ਕੀਤਾ ਜਾਵੇ। ਇਨਲਿਸਟਮੈਂਟ/ਆਊਟਸੋਰਸ ਵਰਕਰ ਜੋ ਕਿ ਠੇਕਾ ਪ੍ਰਣਾਲੀ ਦਾ ਸੰਤਾਪ ਭੋਗਦੇ ਹੋਏ 58 ਸਾਲ ਉਮਰ ਹੋ ਗਈ ਹੈ, ਉਨ੍ਹਾਂ ਵੱਲੋਂ ਲਗਾਤਾਰ ਦਿੱਤੀਆਂ ਗਈਆਂ ਸੇਵਾਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਇਨ੍ਹਾਂ ਕਾਮਿਆਂ ਦੇ ਵਾਰਸਾਂ ਨੂੰ ਵੀ ਪੱਕੀ ਨੌਕਰੀ ਦਿੱਤੀ ਜਾਵੇ। ਵੇਰਕਾ 'ਚ ਨਿੱਜੀਕਰਨ, ਸਕਾਡਾ ਪ੍ਰਣਾਲੀ ਲਗਾਉਣ ਦੀਆਂ ਨੀਤੀਆਂ ਨੂੰ ਤੁਰੰਤ ਰੱਦ ਕੀਤਾ ਜਾਵੇ।

## ਜਨਤਕ ਜਥੇਬੰਦੀਆਂ ਦੇ ਸਾਂਝੇ ਮੰਚ ਵੱਲੋਂ ਰੈਲੀ



**ਸਰਦੂਲਗੜ੍ਹ (ਅਵਤਾਰ ਜਟਾਣਾਂ)**-ਮਜ਼ਦੂਰ ਵਿਰੋਧੀ ਕਿਰਤ ਕੋਡ ਰੱਦ ਕਰਨ ਮਜ਼ਦੂਰ ਪੱਖੀ ਲਹੂ ਵੀਟਵੇਂ ਸੰਘਰਸ਼ਾਂ ਰਾਹੀਂ ਪ੍ਰਾਪਤ ਕੀਤੇ ਕਾਨੂੰਨ ਬਹਾਲ ਕਰਵਾਉਣ ਲਈ ਜਨਤਕ ਜਥੇਬੰਦੀਆਂ ਦੇ ਸਾਂਝੇ ਮੰਚ (ਜੇ ਪੀ ਐਮ ਓ) ਵੱਲੋਂ ਰੈਲੀ ਕੀਤੀ ਗਈ। ਇਸ ਮੌਕੇ ਜੇ ਪੀ ਐਮ ਓ ਦੇ ਜ਼ਿਲ੍ਹਾ ਆਗੂ ਸਾਥੀ ਆਤਮਾ ਰਾਮ ਸਰਦੂਲਗੜ੍ਹ ਨੇ ਕਿਹਾ ਕਿ ਮੋਦੀ ਸਰਕਾਰ ਵੱਲੋਂ ਘੜੇ ਅਤੇ ਪੰਜਾਬ ਸਰਕਾਰ ਸਮੇਤ ਵੰਨ ਸੁਵੰਨੀਆਂ ਪ੍ਰਾਂਤਕ ਸਰਕਾਰਾਂ ਵੱਲੋਂ ਧੜਾਧੜ ਲਾਗੂ ਕੀਤੇ ਜਾ ਰਹੇ ਕਿਰਤ ਕੋਡ ਕਿਰਤੀਆਂ ਨੂੰ ਬਧੂੰਆ ਮਜ਼ਦੂਰ ਦੀ ਕਾਰਪੋਰੇਟਾਂ ਦੀ ਸਾਜ਼ਿਸ਼ ਦੀ ਦੇਣ ਹਨ। ਉਹਨਾਂ ਕੇਂਦਰ ਸਰਕਾਰ ਉਪਰ ਦੋਸ਼ ਲਾਇਆ ਕਿ ਉਦਯੋਗਾਂ ਨੂੰ ਸਸਤੀ ਲੇਬਰ ਮਹੁਈਆ ਕਰਵਾਉਣ ਲਈ ਪੇਂਡੂ ਖ਼ੇਤਰ ਦੇ ਮਜ਼ਦੂਰਾਂ ਨੂੰ ਸੀਮਤ ਦਿਨਾਂ ਲਈ ਰੁਜ਼ਗਾਰ ਦੀ ਗਰੰਟੀ ਕਰਨ ਵਾਲੇ ਮਨਰੇਗਾ ਕਾਨੂੰਨ ਦਾ ਭੋਗ ਪਾ ਦਿੱਤਾ ਹੈ। ਇਸ ਲਈ ਅੱਜ ਦੇ ਦਿਨ ਨੂੰ ਪੂਰੇ ਦੇਸ਼ ਵਿਚ ਕਾਲੇ ਦਿਵਸ ਵਜੋਂ ਮਨਾਇਆ ਜਾ ਰਿਹਾ ਹੈ।ਸੀ ਟੀ ਯੂ ਦੇ ਸੂਬਾਈ ਆਗੂ ਸਾਥੀ ਲਾਲ ਚੰਦ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਪ੍ਰਸਤਾਵਿਤ ਬੀਜ ਐਕਟ 2025 ਬਿਜਲੀ ਸੋਧ ਬਿੱਲ 2025, ਰਾਹੀਂ ਮੋਦੀ ਸਰਕਾਰ ਫੈਡਰਲ ਅਧਿਕਾਰਾਂ ਦਾ ਖਾਤਮਾ ਕਰਨਾ ਚਾਹੁੰਦੀ ਹੈ। ਖੇਤੀ ਸੈਕਟਰ ਨੂੰ ਬਹੁ ਕੌਮੀ ਕੰਪਨੀਆਂ ਤੇ ਪੂੰਜੀਪਤੀਆਂ ਦੇ ਹਵਾਲੇ ਕਰਨਾ ਚਾਹੁੰਦੀ ਹੈ। ਕਰੋੜਾਂ ਗਰੀਬ ਘਰਾਂ ਖਪਤਕਾਰਾਂ ਦੇ ਘਰਾਂ ਵਿੱਚ ਹਨੇਰਾ ਕਰਨਾ ਚਾਹੁੰਦੀ ਹੈ। ਇਸ ਮੌਕੇ ਕੇਂਦਰ ਦੀ ਮੋਦੀ ਸਰਕਾਰ, ਪੰਜਾਬ ਦੀ ਆਪ ਸਰਕਾਰ ਦੇ ਮਜ਼ਦੂਰ ਵਿਰੋਧੀ ਵਤੀਰੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੇ ਹੋਏ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ

# ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਨੂੰ ਲਾਗੂ ਕਰਨ 'ਤੇ ਕੇਂਦਰ ਸਰਕਾਰ ਦੀ ਅਰਥੀ ਫੂਕੀ



**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**
ਕਰੋਨਾ ਮਹਾਂਮਾਰੀ ਦੌਰਾਨ ਕੇਂਦਰ ਸਰਕਾਰ ਵੱਲੋਂ 37 ਲੇਬਰ ਕਾਨੂੰਨਾਂ ਨੂੰ ਭੰਗ ਕਰਕੇ ਬਣਾਏ ਚਾਰ ਕਾਰਪੋਰੇਟ ਪੱਖੀ ਕੋਡਾ ਨੂੰ ਇਕ ਅਪਰੈਲ ਤੋਂ ਕੇਂਦਰ ਤੇ ਸੂਬਾ ਸਰਕਾਰ ਲਾਗੂ ਕਰਨ ਜਾ ਰਹੀਆਂ ਹਨ। ਇਨ੍ਹਾਂ ਦੇ ਵਿਰੋਧ ਵਿੱਚ ਸ੍ਰੀ ਵਿਸ਼ਵਕਰਮਾ ਬਿਲਡਿੰਗ ਉਸਾਰੀ ਕਿਰਤੀ ਕਾਮਾ ਯੂਨੀਅਨ ਵੱਲੋਂ ਇੱਥੇ ਲੇਬਰ ਚੌਂਕ ਵਿੱਚ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ ਗਿਆ। ਮਜ਼ਦੂਰਾਂ ਮਿਸਤਰੀਆਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਪ੍ਰਧਾਨ ਬਲਵਿੰਦਰ ਸਿੰਘ ਸਿਮਰੂ ਅਤੇ ਅਜੈਬ ਸਿੰਘ ਨੇ ਕਿਹਾ ਕਿ 37 ਲੇਬਰ ਕਾਨੂੰਨ ਜੋ ਮਜ਼ਦੂਰਾਂ ਨੇ ਲੰਮੇ ਸੰਘਰਸ਼ਾਂ ਤੋਂ ਬਾਅਦ ਲਾਗੂ ਕਰਵਾਏ ਸਨ । ਇਨ੍ਹਾਂ ਕਾਨੂੰਨਾਂ ਮੁਤਾਬਕ ਅੱਠ ਘੰਟੇ ਦੀ ਦਿਹਾੜੀ, ਪੈਨਸ਼ਨ, ਮੈਡੀਕਲ, ਵਜ਼ੀਫੇ ਅਤੇ ਮਜ਼ਦੂਰਾਂ ਦੇ ਭਲਾਈ ਲਈ ਲੇਬਰ ਵੈਲਫੇਅਰ ਬੋਰਡ ਬਣਾਏ ਗਏ ਸਨ ਪਰ ਹੁਣ ਨਵੇਂ ਕਨੂੰਨਾਂ ਮੁਤਾਬਕ ਜਿੱਥੇ ਅੱਠ ਘੰਟੇ ਦੀ ਦਿਹਾੜੀ 12 ਘੰਟੇ ਵਿੱਚ ਤਬਦੀਲ ਹੋ ਜਾਵੇਗੀ, ਉੱਥੇ ਹੀ 17 ਰਾਜਾਂ ਵਿੱਚ ਬਣੇ ਮਜ਼ਦੂਰਾਂ ਦੇ ਭਲਾਈ ਲਈ ਵੈਲਫੇਅਰ ਬੋਰਡ ਖ਼ਤਮ ਹੋ ਜਾਣਗੇ ਅਤੇ ਘੱਟੋ ਘੱਟ ਉਜਰਤਾਂ ਦਾ ਨਿਯਮ ਖ਼ਤਮ ਹੋ ਜਾਵੇਗਾ, ਸਰਮਾਏਦਾਰ ਕੋਲ ਮਜ਼ਦੂਰਾਂ ਦੀ ਛਾਂਟੀ ਦੇ ਅਧਿਕਾਰ ਹੋ ਜਾਣਗੇ । ਯੂਨੀਅਨ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਵਿਧਾਨ ਸਭਾ ਦੇ ਵਿਸ਼ੇਸ਼ ਬੁਲਾਏ ਜਾ ਰਹੇ ਸੈਸ਼ਨ ਵਿੱਚ ਇਨ੍ਹਾਂ ਚਾਰ ਕੋਡਾ ਨੂੰ ਰੱਦ ਕੀਤਾ ਜਾਵੇ । ਇਸ ਮੌਕੇ ਹਰਮੇਸ਼ ਕੁਮਾਰ, ਦਲਵੀਰ ਸਿੰਘ ਬਿੱਟੂ, ਮਲਾਗਰ ਸਿੰਘ ,ਮੋਹਣ ਸਿੰਘ, ਗੁਲਾਬ ਚੰਦ ਚੌਹਾਨ, ਸੁਰਿੰਦਰ ਸਿੰਘ, ਗੁਰਮੇਲ ਸਿੰਘ, ਸਤਿੰਦਰ ਸਿੰਘ ਨੀਟਾ, ਜਗਮੀਤ ਸਿੰਘ ਅਤੇ ਜਸਬੀਰ ਸਿੰਘ ਆਦਿ ਹਾਜਰ ਸਨ।

# ਸੀਵਰੇਜ ਲਾਈਨ ਬਦਲੇ ਜਾਣ 'ਤੇ ਖਰਚੇ ਜਾਣਗੇ 78.90 ਲੱਖ : ਕੁਲਵੰਤ ਸਿੰਘ



**ਮੋਹਾਲੀ (ਗੁਰਜੀਤ ਬਿੱਲਾ)**-ਵਿਧਾਇਕ ਕੁਲਵੰਤ ਸਿੰਘ ਹੋਰਾਂ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਲੋਕਾਂ ਦੀ ਮੰਗ ਨੂੰ ਧਿਆਨ ਵਿੱਚ ਰੱਖਦੇ ਹੋਏ ਫੇਜ਼ ਥੀ ਵੀ ਟੂ ਮਾਰਕੀਟ ਦੇ ਐੱਸ ਸੀ ਓ ਨੰਬਰ 37 ਤੋਂ 73 ਤੱਕ ਦੇ ਪਿੱਛੇ ਤੇ ਮਕਾਨ ਨੰਬਰ 1688 ਤੋਂ 1763 ਲਿਬਰਟੀ ਹਸਪਤਾਲ ਤੱਕ ਸੀਵਰੇਜ ਦੀ ਸਮੱਸਿਆ ਦੇ ਹੱਲ ਲਈ ਨਵੀਂ ਪਾਈਪਲਾਈਨ ਪਾਈ ਜਾ ਰਹੀ ਹੈ, ਸੀਵਰੇਜ ਦੀ ਲਾਈਨ ਲਗਭਗ ਬੰਦ ਹੋ ਚੁੱਕੀ ਹੈ ਜਿਸ ਕਰਕੇ ਲੋਕਾਂ ਨੂੰ ਕਾਫੀ ਦਿੱਕਤ ਦਾ ਸਾਹਮਣਾ ਕਰਨਾ ਪੈਂਦਾ ਹੈ ਇਸ ਲਈ ਲੋਕਾਂ ਦੀ ਮੰਗ ਨੂੰ ਧਿਆਨ ਵਿੱਚ ਰੱਖਦੇ ਹੋਏ 78.90 ਲੱਖ ਰੁਪਏ ਦੀ ਲਾਗਤ ਦੇ ਨਾਲ ਦੋਵੇਂ ਸੀਵਰੇਜ ਲਾਈਨਾਂ ਨੂੰ ਬਦਲਿਆ ਜਾ ਰਿਹਾ ਹੈ। ਇਸ ਕੰਮ ਨੂੰ ਦੋ ਮਹੀਨੇ ਦੇ ਅੰਦਰ ਪੂਰਾ ਕਰ ਲਿਆ ਜਾਵੇਗਾ। ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਮੋਹਾਲੀ ਨਗਰ ਨਿਗਮ ਦੀਆਂ ਚੋਣਾਂ ਜਲਦੀ ਹੀ ਹੋਣ ਜਾ ਰਹੀਆਂ ਹਨ।

# ਮਜ਼ਦੂਰ ਰੈਲੀ ਦੀਆਂ ਤਿਆਰੀਆਂ ਜ਼ੋਰਾਂ 'ਤੇ

**ਜਲੰਧਰ (ਰਾਜੇਸ਼ ਥਾਪਾ)**
ਇਥੇ ਦਿਹਾਤੀ ਮਜ਼ਦੂਰ ਸਭਾ ਵਲੋਂ ਇਕ ਪ੍ਰੈਸ ਨੋਟ ਜਾਰੀ ਕਰਦਿਆਂ ਸੂਬਾ ਪ੍ਰਧਾਨ ਸਾਥੀ ਦਰਸ਼ਨ ਨਾਹਰ ਤੇ ਸੂਬਾ ਜੁਆਇੰਟ ਸਕੱਤਰ ਸਾਥੀ ਬਲਦੇਵ ਨੂਰਪੁਰੀ ਹੋਰਾਂ ਨੇ ਕਿਹਾ ਕਿ ਸਭਾ ਵੱਲੋਂ 8 ਅਪ੍ਰੈਲ ਦਿਨ ਬੁੱਧਵਾਰ ਨੂੰ ਜਲੰਧਰ ਦੇ ਦੇਸ਼ ਭਗਤ ਯਾਦਗਾਰ ਹਾਲ ਦੇ ਖੁੱਲੇ ਵਿਹੜੇ ਵਿੱਚ ਗਰੀਬਾਂ/ਮਜ਼ਦੂਰਾਂ ਦੀ ਸੂਬਾ ਪੱਧਰੀ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ ਜਿਸ ਵਿਚ ਪੂਰੇ ਪੰਜਾਬ ਚੋਂ ਹਜਾਰਾਂ ਦੀ ਗਿਣਤੀ ਮਜ਼ਦੂਰ ਪਰਵਾਰਾਂ ਸਮੇਤ ਸ਼ਾਮਲ ਹੋਣਗੇ। ਆਗੂਆਂ ਨੇ ਕਿਹਾ ਕਿ ਰੈਲੀ ਨੂੰ ਕਾਮਯਾਬ ਕਰਨ ਲਈ ਪੂਰੇ ਪੰਜਾਬ ਵਿੱਚ ਪੇਂਡੂ ਖੇਤ ਮਜ਼ਦੂਰਾਂ ਦੀਆਂ ਜਿਲਾ ਪੱਧਰੀ ਜਨਰਲਬਾਡੀ ਮੀਟਿੰਗਾਂ ਕਰਨ ਦਾ ਸਿਲਸਿਲਾ ਜਾਰੀ ਹੈ । ਆਗੂਆਂ ਨੇ ਕਿਹਾ ਕਿ ਜ਼ਿਲ੍ਹਾ ਫਾਜਿਲਕਾ, ਮੁਕਤਸਰ, ਫਰੀਦਕੋਟ, ਬਠਿੰਡਾ, ਲੁਧਿਆਣਾ, ਪਟਿਆਲਾ, ਅੰਮ੍ਰਿਤਸਰ, ਜਲੰਧਰ, ਤਰਨਤਾਰਨ, ਗੁਰਦਾਸਪੁਰ, ਨਵਾਂਸ਼ਹਿਰ ਮਾਨਸਾ, ਕਪੂਰਥਲਾ ਆਦਿ ਜ਼ਿਲ੍ਹਿਆਂ ਵਿੱਚ ਭਰਵੀਆਂ ਮੀਟਿੰਗਾਂ ਹੋ ਚੁੱਕੀਆਂ ਹਨ ਤੇ ਬਾਕੀ ਰਹਿੰਦੀਆਂ ਮੀਟਿੰਗਾਂ 5 ਅਪ੍ਰੈਲ ਤੱਕ ਮੁਕੰਮਲ ਕਰ ਲਈਆਂ ਜਾਣਗੀਆਂ। ਸਾਥੀ ਦਰਸ਼ਨ ਨਾਹਰ ਤੇ ਬਲਦੇਵ ਸਿੰਘ ਨੂਰਪੁਰੀ ਕਿਹਾ ਕਿ ਇਸ ਰੈਲੀ ਵਿੱਚ ਮਨਰੇਗਾ ਕਾਨੂੰਨ ਮੁੜ ਬਹਾਲ ਕਰਨ ਤੇ ਨਵਾਂ ਕਾਨੂੰਨ ਵੀ ਬੀ ਜੀ ਰਾਮ ਜੀ ਰੱਦ ਕਰਾਉਣ ਲਈ, ਜਨਤਕ ਵੰਡ ਪ੍ਰਣਾਲੀ ਰਾਹੀਂ ਪਿੰਡਾਂ /ਸਹਿਰਾਂ ਚ ਸਸਤੇ ਭਾਅ ਦੇ ਰਾਸ਼ਣ ਡੀਪੂ ਖੋਲਣ, ਗਰੀਬਾਂ ਸਿਰ ਚੜਿਆ ਹਰ ਤਰਾਂ ਦਾ ਕਰਜਾ ਮੁਆਫ ਕਰਾਉਣ ਲਈ, ਬੀਬੀਆਂ ਦੇ 1000/1500



ਰੁਪਏ ਪਿੱਛਲੇ ਚਾਰ ਸਾਲ ਦੇ ਬਕਾਏ ਉਨਾ ਦੇ ਖਾਤਿਆਂ ਚ ਪੁਵਾਉਣ ਲਈ, ਵਿਧਵਾ, ਬੁਢਾਪਾ, ਅੰਗਹੀਣ ਤੇ ਆਸ਼ਰਿਤਾਂ ਦੀ ਪੰਜ ਹਜਾਰ ਰੁਪਏ ਪ੍ਰਤੀ ਮਹੀਨਾ ਕਰਾਉਣ ਲਈ ਤੇ ਸਰਕਾਰ ਵਲੋਂ ਚੋਣਾ ਚ ਕੀਤੀ 2500 ਰੁਪਏ ਵਾਲੀ ਗਰੰਟੀ ਤਹਿਤ ਬਕਾਏ ਆਦਿ ਅਤੀ ਜ਼ਰੂਰੀ ਤੇ ਭਖਦੀਆਂ ਮੰਗਾਂ ਨੂੰ ਮਨਵਾਉਣ ਲਈ ਜੋਰਦਾਰ ਅਵਾਜ ਬਲੰਦ ਕੀਤੀ ਜਾਵੇਗੀ ।

# ਮੋਹਾਲੀ ਪ੍ਰੈੱਸ ਕਲੱਬ ਦੀ ਗਵਰਨਿੰਗ ਬਾਡੀ ਭੰਗ, ਚੋਣ 5 ਨੂੰ

**ਮੋਹਾਲੀ, (ਗੁਰਜੀਤ ਬਿੱਲਾ)**- ਮੋਹਾਲੀ ਪ੍ਰੈਸ ਕਲੱਬ ਦੀ ਸਾਲਾਨਾ ਜਨਰਲ ਬਾਡੀ ਮੀਟਿੰਗ ਕਲੱਬ ਦੇ ਪ੍ਰਧਾਨ ਸੁਖਦੇਵ ਸਿੰਘ ਪਟਵਾਰੀ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿਚ 67 ਦੇ ਕਰੀਬ ਰੈਗੂਲਰ ਮੈਂਬਰਾਂ ਨੇ ਸ਼ਮੂਲੀਅਤ ਕੀਤੀ। ਇਸ ਮੀਟਿੰਗ ਦੌਰਾਨ ਸਮੂਹ ਹਾਜ਼ਰ ਮੈਂਬਰਾਨ ਨੂੰ ਕਲੱਬ ਦੀਆਂ ਸਾਲਾਨਾ ਗਤੀਵਿਧੀਆਂ ਸਬੰਧੀ ਹਾਊਸ ਨੂੰ ਜਾਣੂੰ ਕਰਵਾਇਆ ਗਿਆ।
ਇਸ ਮੌਕੇ ਪ੍ਰਧਾਨ ਸੁਖਦੇਵ ਸਿੰਘ ਪਟਵਾਰੀ ਵਲੋਂ ਹਾਊਸ ਦੀ ਸਰਬਸੰਮਤੀ ਨਾਲ ਮੌਜੂਦਾ ਕਾਰਜਕਾਰਨੀ ਭੰਗ ਕਰਕੇ 5 ਅਪ੍ਰੈਲ 2026 ਨੂੰ ਕਲੱਬ ਦੀਆਂ ਚੋਣਾਂ ਕਰਵਾਉਣ ਦਾ ਐਲਾਨ ਕੀਤਾ ਗਿਆ। ਇਸ ਸਬੰਧੀ ਕਲੱਬ ਦੇ ਕੈਸ਼ੀਅਰ ਰਾਜੀਵ ਤਨੇਜਾ ਵਲੋਂ ਕਲੱਬ ਦੀ 2025-26 ਵਿੱਤੀ ਸਾਲ ਦੇ ਲੇਖੇ-ਜੋਖੇ ਦੀ ਰਿਪੋਰਟ ਪੇਸ਼ ਕੀਤੀ ਗਈ। ਉਪਰੰਤ ਜਨਰਲ ਸਕੱਤਰ ਗੁਰਮੀਤ ਸਿੰਘ ਸ਼ਾਹੀ ਵਲੋਂ ਕਲੱਬ ਦੀਆਂ ਸਾਲਾਨਾ ਗਤੀਵਿਧੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਇਸ ਉਤੇ ਵਿਚਾਰ ਕਰਦਿਆਂ ਜਨਰਲ ਬਾਡੀ ਨੇ ਦੋਹਾਂ ਰਿਪੋਰਟਾਂ ਨੂੰ ਬਿਨਾਂ ਕਿਸੇ ਸੋਧ ਤੋਂ ਬਿਨਾਂ ਵਿਰੋਧ ਦੇ ਪਾਸ ਕਰ ਦਿੱਤਾ। ਇਸ ਮੌਕੇ ਕਲੱਬ ਦੇ ਪ੍ਰਧਾਨ ਸੁਖਦੇਵ ਸਿੰਘ ਪਟਵਾਰੀ ਨੇ ਮੌਜੂਦਾ ਜਨਰਲ ਬਾਡੀ ਨੂੰ ਭੰਗ ਕਰਨ ਦਾ ਐਲਾਨ ਕੀਤਾ ਅਤੇ ਅਗਲੀ ਗਵਰਨਿੰਗ ਬਾਡੀ ਦੀ ਸਥਾਪਤੀ ਲਈ ਚੋਣ 5 ਅਪ੍ਰੈਲ 2026 ਨੂੰ ਕਰਵਾਉਣ ਦਾ ਮਤਾ ਪਾਸ ਕੀਤਾ ਗਿਆ।

# ਡਾ. ਅੰਬੇਡਕਰ ਦੇ ਬੁੱਤ ਦਾ ਨਿਰਾਦਰ ਕਰਵਾਉਣ ਵਾਲੇ ਪੰਨੂ ਨੂੰ ਸਰਕਾਰ ਨੱਥ ਪਾਵੇ : ਭੌਂਸਲੇ

**ਫਿਲੌਰ, (ਨਿਰਮਲ)**-ਅਖੌਤੀ ਅੱਤਵਾਦੀ ਗੁਰਪਤਵੰਤ ਸਿੰਘ ਪੰਨੂ ਪੰਜਾਬ ਦੇ ਮਾਹੌਲ ਨੂੰ ਵਿਗਾੜਨ ਲਈ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤ ਦਾ ਨਿਰਾਦਰ ਕਰਵਾ ਕੇ ਪੰਜਾਬ ਵਿੱਚ ਲਾਂਬੂ ਲਗਾਉਣਾ ਚਾਹੁੰਦਾ ਹੈ। ਕੇਂਦਰ ਸਰਕਾਰ ਨੂੰ ਚਾਹੀਦਾ ਹੈ ਕਿ ਇਸ ਨੂੰ ਨੱਥ ਪਾਵੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਦਲਿਤ ਸਮਾਜ ਦੇ ਆਗੂ ਅੰਮ੍ਰਿਤਪਾਲ ਭੌਂਸਲੇ ਫਿਲੌਰ ਨੇ ਕਿਹਾ ਕਿ ਹਰ ਸਾਲ ਪੰਜਾਬ ਅੰਦਰ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤਾਂ ਦਾ ਅਪਮਾਨ ਵਧ ਰਿਹਾ ਹੈ ਤੇ ਇਸ ਦਾ ਮੁੱਖ ਦੋਸ਼ੀ ਅਮਰੀਕਾ ਵਿੱਚ ਬੈਠਾ ਅਖੌਤੀ ਅੱਤਵਾਦੀ ਗੁਰਪਤਵੰਤ ਸਿੰਘ ਪੰਨੂ ਹੈ ਜਿਸ ਨੂੰ ਕਾਬੂ ਕਰਨ ਵਿੱਚ ਸਰਕਾਰ ਫੇਲ੍ਹ ਰਹੀ ਹੈ। ਉਨ੍ਹਾਂ ਕਿਹਾ ਹੁਸ਼ਿਆਰਪੁਰ ਦੇ ਪਿੰਡ ਨੂਰਪੁਰ ਜੱਟਾਂ ਦੇ ਵਿਚ ਡਾ. ਭੀਮ ਰਾਓ ਅੰਬੇਡਕਰ ਦੇ ਨਿਰਾਦਰ ਦੀ ਘਟਨਾ ਨੇ ਸਮੁੱਚੇ ਸਮਾਜ ਦੇ ਹਿਰਦਿਆਂ ਨੂੰ ਵਲੂੰਧਰਿਆ ਹੈ ਜਿਸ ਲਈ ਪੰਨੂ ਨੇ ਜ਼ਿੰਮੇਵਾਰੀ ਲਈ ਹੈ। ਭੌਂਸਲੇ ਨੇ ਅੱਗੇ ਕਿਹਾ ਜੇਕਰ ਇਨ੍ਹਾਂ ਘਟਨਾਵਾਂ ਨੂੰ ਰੋਕਣ ਲਈ ਸਰਕਾਰ ਫੇਲ੍ਹ ਰਹਿੰਦੀ ਹੈ ਤਾਂ ਸਾਨੂੰ ਸਖ਼ਤ ਫ਼ੈਸਲੇ ਲੈਣ ਲਈ ਮਜਬੂਰ ਹੋਣਾ ਪਵੇਗਾ।



# ਲਾਇਨਜ਼ ਕਲੱਬ ਬੰਗਾ ਸਿਮਰਨ ਵੱਲੋਂ ਬੱਚਿਆਂ ਨੂੰ ਸਟੇਸ਼ਨਰੀ ਤੇ ਪੱਖੇ ਵੰਡੇ

**ਬੰਗਾ (ਅਵਤਾਰ ਕਲੇਰ)**
ਲਾਇਨਜ਼ ਕਲੱਬ ਬੰਗਾ ਸਿਮਰਨ ਵਲੋਂ ਇੰਟਰਨੈਸ਼ਨਲ ਪ੍ਰਧਾਨ ਲਾਇਨ ਏ ਪੀ ਸਿੰਘ ਦੀ ਹਦਾਇਤਾਂ, ਕਲੱਬ ਐਡਮਨਿਸਟ੍ਰੇਟਰ ਲਾਇਨ ਧੀਰਜ ਕੁਮਾਰ ਮੱਕੜ ਦੀ ਦਿਸ਼ਾ-ਨਿਰਦੇਸ਼, ਚਾਰਟਰ ਪ੍ਰਧਾਨ



ਲਾਇਨ ਮੀਨੂੰ ਭੁੱਟਾ ਦੀ ਪ੍ਰਧਾਨਗੀ ਹੇਠ ਅਤੇ ਕਲੱਬ ਮੈਂਬਰ ਲਾਇਨ ਮਨਿੰਦਰ ਕੌਰ ਅਤੇ ਲਾਇਨ ਜਸਪ੍ਰੀਤ ਸਿੰਘ ਜੱਸੀ ਦੇ ਵਿਸ਼ੇਸ਼ ਸਹਿਯੋਗ ਨਾਲ ਸਰਕਾਰੀ ਪ੍ਰਾਇਮਰੀ ਸਕੂਲ ਪਿੰਡ ਗੋਬਿੰਦਪੁਰ ਵਿਖੇ ਬੱਚਿਆਂ ਨੂੰ ਸਟੇਸ਼ਨਰੀ ਅਤੇ ਸਕੂਲ ਨੂੰ ਪੱਖੇ ਵੰਡੇ ਗਏ। ਸਕੂਲ ਵਿੱਚ ਫਲਾਂ ਵਾਲੇ ਬੂਟੇ ਅਤੇ ਅਧਿਆਪਕਾਂ ਦਾ ਸਨਮਾਨ ਕੀਤਾ ਗਿਆ। ਸਕੂਲ ਦੇ ਬੱਚਿਆਂ ਨੇ ਦੇਸ਼ ਭਗਤੀ ਦੇ ਗੀਤ ਗਾਏ, ਲੋਕ ਨਾਚ ਗਿੱਧਾ ਅਤੇ ਭੰਗੜਾ ਵੀ ਕੀਤਾ। ਮੁੱਖ ਮਹਿਮਾਨ ਸਾਬਕਾ ਡਿਸਟ੍ਰਿਕ ਗਵਰਨਰ ਅਤੇ ਮਲਟੀਪਲ ਡਿਸਟ੍ਰਿਕ ਫੂਡ ਫਾਰ ਹੰਗਰ ਦੇ ਚੇਅਰਮੈਨ ਲਾਇਨ ਦਵਿੰਦਰ ਪਾਲ ਅਰੋੜਾ ਨੇ ਸਕੂਲ ਦੇ ਬੱਚਿਆਂ ਦੀ ਐਕਟੀਵਿਟੀ ਤੋਂ ਖੁਸ਼ ਅਤੇ ਕਲੱਬ ਵਲੋਂ ਲਗਾਏ ਗਏ ਸੇਵਾ ਦੇ ਪ੍ਰੋਜੈਕਟ ਤੋਂ ਖੁਸ਼ ਹੋਕੇ ਕਲੱਬ ਪ੍ਰਧਾਨ ਲਾਇਨ ਮੀਨੂੰ ਭੁੱਟਾ ਅਤੇ ਕਲੱਬ ਮੈਂਬਰਾਂ ਨੂੰ ਲਾਇਨ ਪਿੰਨ ਨਾਲ ਸਨਮਾਨਿਤ ਕੀਤਾ। ਇਸ ਮੌਕੇ ਚਾਰਟਰ ਪ੍ਰਧਾਨ ਲਾਇਨ ਮੀਨੂੰ ਭੁੱਟਾ ਨੇ ਮੁੱਖ ਮਹਿਮਾਨ, ਸਕੂਲ ਸਟਾਫ, ਪਿੰਡ ਗੋਬਿੰਦਪੁਰ ਦੇ ਸਰਪੰਚ ਅਤੇ ਪੰਚਾਇਤ ਮੈਂਬਰਾਂ ਦਾ ਧੰਨਵਾਦ ਕਰਦਿਆ।ਸਮੂਹ ਕਲੱਬ ਮੈਂਬਰਾਂ ਦੇ ਨਾਲ ਡਿਸਟ੍ਰਿਕ ਡਿਪਟੀ ਗਵਰਨਰ ਸੁਖਜਿੰਦਰ ਸਿੰਘ, ਜ਼ੋਨ ਚੇਅਰਮੈਨ ਐਡਵੋਕੇਟ ਕਮਲਜੀਤ ਸਿੰਘ, ਪਿੰਡ ਗੋਬਿੰਦਪੁਰ ਗ੍ਰਾਮ ਪੰਚਾਇਤ, ਸਕੂਲ ਹੈਡ ਮਾਸਟਰ ਵਿਜੇ ਕੁਮਾਰ, ਲੈਕਚਰਾਰ ਸੁਭਾਸ਼ ਸੇਲਵੀ, ਸਕੂਲ ਅਧਿਆਪਕ ਲਵਲੀਨ ਕੌਰ, ਜਸਵਿੰਦਰ ਕੌਰ, ਪੀ ਟੀ ਏ ਰਮਨ ਬਾਲਾ, ਪਰਮਿੰਦਰ ਕੌਰ, ਆਂਗਣਵਾੜੀ ਵਰਕਰ ਸਨਦੀਪ ਕੌਰ, ਚਰਨਜੀਤ ਕੌਰ, ਜੋਗਿੰਦਰ ਕੌਰ, ਮਿਡ ਡੇ ਮੀਲ ਵਰਕਰ ਜਸਵੰਤ ਕੌਰ, ਸੰਤੋਸ਼ ਕੁਮਾਰੀ ਸ਼ਾਮਲ ਹੋਏ।

# ਸਕੂਲ ਇੰਚਾਰਜ ਕੁਸੁਮ ਲਤਾ ਹੋਏ ਸੇਵਾ-ਮੁਕਤ



**ਬਿਲਗਾ (ਵਿਜੇ ਕੁਮਾਰ)**-ਨਗਰ ਬਿਲਗਾ ਤੇ ਨਜ਼ਦੀਕੀ ਪਿੰਡ ਤਲਵਣ ਦੇ ਸਰਕਾਰੀ ਕੰਨਿਆ ਹਾਈ ਸਕੂਲ ਤਲਵਣ ਵਿਖੇ ਬਤੌਰ ਸਕੂਲ ਇੰਚਾਰਜ ਹਿੰਦੀ ਮਿਸਟਰੈਸ 29 ਸਾਲ ਤੋਂ ਬੇਦਾਗ ਸੇਵਾ ਨਿਭਾ ਰਹੇ ਕੁਸੁਮ ਲਤਾ 31 ਮਾਰਚ ਨੂੰ ਸੇਵਾ ਮੁਕਤ ਹੋ ਗਏ ਹਨ। ਉਨ੍ਹਾਂ ਨੇ ਮਿਹਨਤ ਕਰਕੇ ਜ਼ਿਲ੍ਹਾ ਜਲੰਧਰ ਅਤੇ ਪੂਰੇ ਪੰਜਾਬ ਵਿੱਚ ਤਲਵਣ ਸਰਕਾਰੀ ਕੰਨਿਆ ਹਾਈ ਸਕੂਲ ਨੂੰ ਉਚਾਈਆਂ ਦੀਆਂ ਬੁਲੰਦੀਆਂ ਨੂੰ ਛੂਹਣ ਵਾਲਾ ਬਣਾ ਕੇ ਸਕੂਲ ਦਾ ਨਾਂਅ ਰੋਸ਼ਨ ਕੀਤਾ। ਵਿਦਿਆਰਥੀਆਂ ਦਾ ਨਤੀਜਾ ਬਲਾਕ ਪੱਧਰ ਤੋਂ ਪੰਜਾਬ ਪੱਧਰ ਤੱਕ ਕੀਤਾ ਤੇ ਖੇਡਾਂ ਵਿੱਚ ਖਿਡਾਰੀਆਂ ਨੂੰ ਸੂਬਾ ਪੱਧਰ ਸੂਬਾ ਪੱਧਰ ਤੱਕ ਖੇਡਣ ਯੋਗ ਬਣਾਇਆ। ਵਿਦਾਇਗੀ ਸਮਾਰੋਹ ਵਿੱਚ ਭਾਵੁਕ ਹੋਏ ਵਿਦਿਆਰਥੀ ਨੇ ਦੱਸਿਆ ਕਿ ਕੁਸੁਮ ਲਤਾ ਨੇ ਸਕੂਲ ਨੂੰ ਆਪਣੇ ਘਰ ਦੀ ਤਰ੍ਹਾਂ ਅਤੇ ਵਿਦਿਆਰਥੀਆਂ ਨੂੰ ਆਪਣੇ ਬੱਚਿਆਂ ਦੀ ਤਰ੍ਹਾਂ ਪਿਆਰ ਕੀਤਾ ਉਨ੍ਹਾਂ ਦੇ ਵਿਦਾਇਗੀ ਸਮਾਰੋਹ ਵਿੱਚ ਪਿੰਡ ਦੀ ਪੰਚਾਇਤ ਇਲਾਕਾ ਵਾਸੀ ਪਤਵੰਤੇ ਸੱਜਣ ਸਕੂਲ ਦਾ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਅਮਰੀਕਾ ਇਰਾਨ ਜੰਗ ਖਿਲਾਫ ਗਦਰੀ ਬਾਬੇ ਵਿਚਾਰਧਾਰਕ ਮੰਚ ਵੱਲੋਂ ਮੁਜ਼ਾਹਰਾ

**ਖਰੜ (ਹਰਨਾਮ ਸਿੰਘ ਡੱਲਾ)**
ਸਥਾਨਕ ਸਮਾਜਿਕ ਜਥੇਬੰਦੀ ਗ਼ਦਰੀ ਬਾਬੇ ਵਿਚਾਰਧਾਰਕ ਮੰਚ (ਪੰਜਾਬ) ਖਰੜ ਵੱਲੋਂ ਬਾਂਸਾਂ ਵਾਲੀ ਚੂੰਗੀ ਵਿਖੇ ਜੰਗ ਵਿਰੁੱਧ ਮੁਜਾਹਰਾ ਕੀਤਾ ਗਿਆ। ਇਸ ਰੋਸ ਪ੍ਰਦਰਸ਼ਨ ਦੀ ਅਗਵਾਈ ਮੰਚ ਦੇ ਪ੍ਰਧਾਨ ਹਰਨਾਮ ਸਿੰਘ ਡੱਲਾ ਤੇ ਜਨਰਲ ਸਕੱਤਰ ਸੁਖਵਿੰਦਰ ਸਿੰਘ ਦੁਮਣਾ ਨੇ ਕੀਤੀ । ਪ੍ਰਦਰਸ਼ਨ ਵਿੱਚ ਸ਼ਹੀਦ ਕਾਂਸ਼ੀ ਰਾਮ ਮੜੌਲੀ ਦੇ ਪੜਪੋਤੇ ਕੇਵਲ ਜੋਸ਼ੀ,ਕਾਮਰੇਡ ਯੋਗਰਾਜ, ਹਰਮੇਲ ਸਿੰਘ ਚੋਲਟਾ, ਭੁਪਿੰਦਰ ਸਿੰਘ ਮਦਨ ਹੇੜੀ, ਕਾਮਰੇਡ ਦਿਨੇਸ਼ ਪ੍ਰਸਾਦ,ਪ੍ਰਿੰਸੀਪਲ ਮੋਹਨ ਲਾਲ ਰਾਹੀ, ਬਲਵਿੰਦਰ ਸਿੰਘ ਰਡਿਆਲਾ, ਯੋਗਰਾਜ ਸਿੰਘ,ਜੰਗ ਸਿੰਘ ਭੱਟੀ, ਪ੍ਰਿੰਸੀਪਲ ਹਰਚਰਨ ਸਿੰਘ, ਗੁਰਵਿੰਦਰ ਸਿੰਘ ਸਮਾਜ ਸੇਵੀ, ਸੁਰਿੰਦਰ ਸਿੰਘ ਵਡਾਲਾ,ਪੀਪੀ ਸਿੰਘ, ਬਲਦੇਵ ਸਿੰਘ ਭਾਗੋ ਮਾਜਰਾ, ਰਜਿੰਦਰ ਸਿੰਘ ਰਾਜਾ,ਫ਼ਤਿਹ ਸਿੰਘ,ਹਰਜੀਵਨ ਸਿੰਘ,ਪ੍ਰਗਟ ਸਿੰਘ, ਅਤੇ ਬਹੁਤ ਸਾਰੇ ਹੋਰ ਲੋਕਾਂ ਨੇ ਵੀ ਭਾਗ ਲਿਆ। ਬਾਂਸਾਂ ਵਾਲੀ ਚੂੰਗੀ ਖਰੜ ਵਿੱਚ ਇਕੱਠੇ ਹੋ ਕੇ ਇਸ ਰੋਸ ਪ੍ਰਦਰਸ਼ਨ ਵਿੱਚ ਸ਼ਾਮਲ ਲੋਕਾਂ ਨੇ ਇੰਡੇਨ ਗੈਸ ਅਜੈਂਸੀ ਦੇ ਸਾਹਮਣੇ ਜਾ ਕੇ ਰੁਕਿਆਂ। ਮੁਜਾਹਰਾ ਕਾਰੀਆਂ ਨੇ ਹੱਥਾਂ ਵਿੱਚ ਬੈਨਰ ਅਤੇ ਮਾਟੋ ਚੁੱਕੇ ਹੋਏ ਸਨ। ਉਹਨਾਂ ਨੇ ਸਾਮਰਾਜੀ ਮੁਲਕ ਅਮਰੀਕਾ ਖਿਲਾਫ਼ ਜੰਮ ਕੇ ਨਾਹਰੇਬਾਜ਼ੀ ਕੀਤੀ। ਵੱਖ ਵੱਖ ਬੁਲਾਰਿਆਂ ਨੇ ਚਿੰਤਾ ਪਰਗਟ ਕੀਤੀ ਕਿ ਜੇਕਰ ਏਸੇ ਤਰ੍ਹਾਂ ਜੰਗ ਜਾਰੀ ਰਹੀ ਤਾਂ ਰਸੋਈ ਗੈਸ,ਤੇਲ ਅਤੇ ਖਾਣ ਪੀਣ ਦੀਆਂ ਵਸਤਾਂ,




ਲੋਕਾਂ ਦਾ ਜਿਉਣਾ ਦੁਭਰ ਕਰ ਦੇਣਗੀਆਂ। ਉਨ੍ਹਾਂ ਕਿਹਾ ਕਿ ਅਮਰੀਕਾ ਛੋਟੇ ਮੁਲਕਾਂ ਉੱਤੇ ਹਮਲੇ ਕਰਕੇ ਉਹਨਾਂ ਨੂੰ ਕਮਜ਼ੋਰ ਕਰਨਾ ਚਾਹੁੰਦਾ ਹੈ ਅਤੇ ਫਿਰ ਆਪਣੀ ਬਸਤੀ ਬਣਾਉਣੀ ਚਾਹੁੰਦਾ ਹੈ। ਵੱਖ ਵੱਖ ਬੁਲਾਰਿਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸ਼ਹਿਰ ਵਿੱਚ ਜੰਗ ਦੀ ਆੜ ਵਿੱਚ ਜਮ੍ਹਾਂਖੋਰੀ ਬੰਦ ਕਰਵਾਕੇ ਸ਼ਹਿਰ ਦੇ ਲੋਕਾਂ ਲਈ ਗੈਸ ਸਪਲਾਈ ਯਕੀਨੀ ਬਣਾਈ ਜਾਵੇ।

# ਸ਼ਾਮ 7 ਵਜੇ ਤੋਂ ਸਵੇਰੇ 10 ਵਜੇ ਤੱਕ ਕੰਬਾਇਨਾਂ ਨਾਲ ਕਣਕ ਕੱਟਣ 'ਤੇ ਪਾਬੰਦੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**-ਜ਼ਿਲ੍ਹਾ ਮੈਜਿਸਟਰੇਟ ਆਸ਼ਿਕਾ ਜੈਨ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਤਹਿਤ ਜ਼ਿਲ੍ਹਾ ਹੁਸ਼ਿਆਰਪੁਰ ਵਿਚ ਸ਼ਾਮ 7 ਵਜੇ ਤੋਂ ਲੈ ਕੇ ਸਵੇਰੇ 10 ਵਜੇ ਤੱਕ ਕੰਬਾਇਨਾਂ ਨਾਲ ਕਣਕ ਕੱਟਣ 'ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ। ਇਸ ਦੇ ਨਾਲ ਹੀ ਉਨ੍ਹਾਂ ਕਣਕ ਦੀ ਕਟਾਈ ਵਾਲੀਆਂ ਕੰਬਾਇਨਾਂ ਦੇ ਮਾਲਕਾਂ ਨੂੰ ਹਦਾਇਤ ਕੀਤੀ ਕਿ ਉਹ ਹਾਰਵੈਸਟਰ ਕੰਬਾਇਨ ਦੀ ਵਰਤੋਂ ਕਰਨ ਤੋਂ ਪਹਿਲਾਂ ਇਸ ਦੀ ਖੇਤੀਬਾੜੀ ਵਿਭਾਗ ਰਾਹੀਂ ਮਸ਼ੀਨ ਦੀ ਇੰਸਪੈਕਸ਼ਨ ਲਾਜ਼ਮੀ ਕਰਵਾਉਣ ਅਤੇ ਕੋਈ ਵੀ ਕੰਬਾਇਨ ਹਾਰਵੈਸਟਰ ਸੁਪਰ ਐਸ. ਐਮ.ਐਸ. ਲਗਾਏ ਬਗੈਰ ਨਾ ਵਰਤੀ ਜਾਵੇ। ਇਹ ਹੁਕਮ 31 ਮਈ 2026 ਤੱਕ ਲਾਗੂ ਰਹੇਗਾ।ਜਾਰੀ ਹੁਕਮਾਂ ਅਨੁਸਾਰ ਕਣਕ ਨੂੰ ਕੱਟਣ ਲਈ ਕੰਬਾਇਨਾਂ 24 ਘੰਟੇ ਕੰਮ ਕਰਦੀਆਂ ਹਨ ਅਤੇ ਕੰਬਾਇਨਾਂ ਰਾਤ ਵੇਲੇ ਤਰੇਲ ਪੈਣ ਕਾਰਨ ਗਿੱਲੀ ਹੋਈ ਕਣਕ ਨੂੰ ਕੱਟ ਦਿੰਦੀਆਂ ਹਨ।ਇਨ੍ਹਾਂ ਹੁਕਮਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

# ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਬੀ ਮੰਦਭਾਗੀ : ਮੋਮੀ



**ਟਾਂਡਾ ਉੜਮੁੜ (ਜਸਵਿੰਦਰ ਸੰਧੂ)**
ਪਿੰਡ ਨੂਰਪੁਰ ਜੱਟਾਂ ਵਿਚ ਸ਼ਰਾਰਤੀ ਅਨਸਰਾਂ ਨੇ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤ ਦੀ ਬੇਅਦਬੀ ਕੀਤੀ ਹੈ ਉਸ ਦੀ ਸਖਤ ਸ਼ਬਦਾਂ ਚ ਨਿੰਦਾ ਕਰਦੇ ਹਾਂ। ਇਹਨਾਂ ਗੱਲਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਐੱਸ ਸੀ ਵਿੰਗ ਜ਼ਿਲਾ ਹੁਸ਼ਿਆਰਪੁਰ ਦੇ ਪ੍ਰਧਾਨ ਸਰਬਜੀਤ ਸਿੰਘ ਮੋਮੀ ਨੇ ਵਿਸ਼ੇਸ਼ ਗੱਲਬਾਤ ਕਰਨ ਮੌਕੇ ਕੀਤਾ। ਉਹਨਾਂ ਕਿਹਾ ਕਿ ਇਸ ਘਨੌਣੀ ਹਰਕਤ ਦੀ ਸ਼੍ਰੋਮਣੀ ਅਕਾਲੀ ਦਲ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਾ ਹੈ ਤੇ ਮੰਗ ਕਰਦੇ ਹਾਂ ਕਿ ਇਹ ਘਨਾਉਣੀ ਹਰਕਤ ਕਰਨ ਵਾਲੇ ਲੋਕਾਂ ਨੂੰ ਸਖਤ ਤੋਂ ਸਖਤ ਸਜ਼ਾ ਦਿੱਤੀ ਜਾਵੇ। ਜ਼ਿਲਾ ਪ੍ਰਧਾਨ ਮੋਮੀ ਨੇ ਕਿਹਾ ਕਿ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤ ਦੀ ਬੇਅਦਬੀ ਕਰਨ ਵਾਲਿਆਂ ਨੂੰ ਸਜ਼ਾ ਦਿਵਾਉਣ ਲਈ ਸ਼੍ਰੋਮਣੀ ਅਕਾਲੀ ਦਲ ਵੱਲੋਂ ਸੰਘਰਸ਼ ਵਿੱਡਿਆ ਜਾਵੇਗਾ। ਇਸ ਸਬੰਧੀ ਸੁਰਜੀਤ ਸਿੰਘ ਜੌੜਾ ,ਵਰਿੰਦਰ ਸਿੰਘ ਜੀਆ ਨੱਥਾ, ਅਮਰਜੀਤ ਕਾਲਸੀਆ, ਰਤਨ ਸਿੰਘ ਖੁੱਡਾ, ਸਰਪੰਚ ਸਰਬਜੀਤ ਸਿੰਘ ਰੱਲਣ, ਭਜਨ ਸਿੰਘ ਭਾਰਦਵਾਜ ,ਸੁਰਜੀਤ ਲਾਲ ਹੀਰਾ, ਕੈਪਟਨ ਕਰਮ ਸਿੰਘ ਮੂਨਕ, ਕੁਲਵੰਤ ਸਿੰਘ ਰਵੀ ਜਾਜਾ, ਸਾਬੀ ਰਾਜਪੁਰ, ਬਲਵਿੰਦਰ ਸਿੰਘ ਜੌਹਲ, ਗੁਰਪ੍ਰੀਤ ਸਿੰਘ ਡੱਫਰ, ਸੁਖਵਿੰਦਰ ਸਿੰਘ ਨਰਾਇਣਗੜ੍ਹ, ਆਦਿ ਨੇ ਵੀ ਇਸ ਮੰਦਭਾਗੀ ਘਟਨਾ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ।

# ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਬੀ ਕਰ ਵਾਲੇ ਦੋਸ਼ੀਆਂ ਖਿਲਾਫ ਹੋਵੇ ਸਖ਼ਤ ਕਾਰਵਾਈ : ਤਲਵਾੜ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਨੂਰਪੁਰ ਜੱਟਾਂ (ਗੜ੍ਹਸ਼ੰਕਰ) ਵਿਖੇ ਡਾ. ਬੀ.ਆਰ. ਅੰਬੇਡਕਰ ਦੇ ਬੁੱਤ ਦੀ ਹੋਈ ਬੇਅਦਬੀ ਦੀ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਸੰਜੀਵ ਤਲਵਾੜ ਵੱਲੋਂ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਹੈ। ਇੱਥੇ ਜਾਰੀ ਇੱਕ ਬਿਆਨ ਵਿੱਚ ਉਨ੍ਹਾਂ ਕਿਹਾ ਕਿ ਇਹ ਘਟਨਾ ਨਾ ਸਿਰਫ ਸ਼ਰਮਨਾਕ ਹੈ, ਸਗੋਂ ਸਮਾਜ ਦੇ ਅਮਨ-ਸ਼ਾਂਤੀ ਤੇ ਭਾਈਚਾਰਕ ਸਾਂਝ ਨੂੰ ਭੰਗ ਕਰਨ ਦੀ ਇੱਕ ਡੂੰਘੀ ਸਾਜ਼ਿਸ਼ ਦਾ ਹਿੱਸਾ ਹੈ।ਸੰਜੀਵ ਤਲਵਾੜ ਨੇ ਸਪੱਸ਼ਟ ਸ਼ਬਦਾਂ ਵਿੱਚ ਚਿਤਾਵਨੀ ਦਿੱਤੀ ਕਿ ਬਾਬਾ ਸਾਹਿਬ ਦਾ ਅਪਮਾਨ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਜੇਕਰ ਪੁਲਿਸ ਅਤੇ ਪ੍ਰਸ਼ਾਸਨ ਨੇ ਜਲਦ ਇਨਸਾਫ਼ ਨਾ ਦਿੱਤਾ ਅਤੇ ਦੋਸ਼ੀਆਂ ਨੂੰ ਨੱਥ ਨਾ ਪਾਈ, ਤਾਂ ਸ਼੍ਰੋਮਣੀ ਅਕਾਲੀ ਦਲ ਤਿੱਖਾ ਸੰਘਰਸ਼ ਤੇ ਰੋਸ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਵੇਗਾ।



# ਗੁਰੂ ਨਾਨਕ ਦੇਵ 'ਵਰਸਿਟੀ ਕਾਲਜ ਦੇ ਕਾਮਰਸ ਵਿਭਾਗ ਦੇ ਸ਼ਾਨਦਾਰ ਨਤੀਜੇ




**ਫਿਲੌਰ, (ਨਿਰਮਲ)**
ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੁਆਰਾ ਐਲਾਨੇ ਗਏ ਨਤੀਜਿਆਂ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ, ਫਿਲੌਰ (ਤੇਹਿੰਗ) ਦੇ ਨਤੀਜੇ ਸ਼ਾਨਦਾਰ ਰਹੇ। ਪ੍ਰਿੰਸੀਪਲ ਡਾ. ਰਾਜਵਿੰਦਰ ਕੌਰ ਹੁੰਦਲ ਨੇ ਦੱਸਿਆ ਕਿ ਐਮ.ਕਾਮ ਤੀਜੇ ਸਮੈਸਟਰ ਵਿੱਚ ਵਿਦਿਆਰਥਣ ਸੁਮਨ ਨੇ ਪਹਿਲਾ, ਅਰੁਣ ਨੇ ਦੂਜਾ ਅਤੇ ਕਰਨ ਰਾਜ, ਪਾਹੁਲਪ੍ਰੀਤ ਸਿੰਘ ਅਤੇ ਰਾਮ ਨੇ ਤੀਜਾ ਸਥਾਨ ਹਾਸਿਲ ਕੀਤਾ। ਇਸ ਪ੍ਰਕਾਰ ਐਮ.ਕਾਮ ਸਮੈਸਟਰ ਪਹਿਲੇ ਵਿੱਚ ਕ੍ਰੀਤਿਕਾ ਗੋਸਵਾਮੀ, ਮਨੀਸ਼ਾ ਬਾਸ਼ਲ, ਮੁਸਕਾਨਪ੍ਰੀਤ ਕੌਰ ਨੇ ਪਹਿਲਾ, ਰਮਨਦੀਪ ਅਤੇ ਗੁਰਿੰਦਰ ਕੌਰ ਨੇ ਦੂਜਾ ਅਤੇ ਜੈਸਮੀਨ ਲਾਲ ਨੇ ਤੀਜਾ ਸਥਾਨ ਹਾਸਿਲ ਕੀਤਾ। ਇਸ ਨਾਲ ਹੀ ਬੀ.ਬੀ.ਏ. ਸਮੈਸਟਰ ਤੀਜੇ ਦੀ ਵਿਦਿਆਰਥਣ ਗੁਰਸਿਮਰਨ ਕੌਰ ਨੇ ਪਹਿਲਾ, ਹਰਮਨਜੀਤ ਕੌਰ ਨੇ ਦੂਜਾ ਅਤੇ ਜੈਸਮੀਨ ਨੇ ਤੀਜਾ ਸਥਾਨ ਹਾਸਿਲ ਕੀਤਾ।ਪ੍ਰਿੰਸੀਪਲ ਡਾ. ਰਾਜਵਿੰਦਰ ਕੌਰ ਹੁੰਦਲ ਨੇ ਪੁਜੀਸ਼ਨਾਂ ਲੈਣ ਵਾਲੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਕਾਮਰਸ ਵਿਭਾਗ ਦੇ ਪ੍ਰੋ. ਮਨਦੀਪ ਕੌਰ, ਪ੍ਰੋ. ਕਿਰਨਦੀਪ ਕੌਰ, ਪ੍ਰੋ. ਰਾਜਨ ਮਿੱਤੂ ਅਤੇ ਪ੍ਰੋ. ਅੰਮ੍ਰਿਤਾ ਪਾਲੂਆ ਮੌਜੂਦ ਸਨ।

# ਪੰਜਾਬ 'ਚ 3,000 ਤੋਂ ਵੱਧ ਖੇਡ ਮੈਦਾਨਾਂ ਦੀ ਉਸਾਰੀ ਦਾ ਕੰਮ ਜਾਰੀ : ਜਲਾਲਪੁਰ

**ਬਲਾਚੌਰ/ ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**-ਪੰਜਾਬ ਨੂੰ ਮੁੜ ਖੇਡਾਂ ਦੀ ਨਰਸਰੀ ਬਣਾਉਣ ਅਤੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢ ਕੇ ਖੇਡ ਮੈਦਾਨਾਂ ਨਾਲ ਜੋੜਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਵਿੱਢੀ ਗਈ ਮੁਹਿੰਮ ਤਹਿਤ ਸੂਬੇ ਭਰ ਵਿੱਚ ਖੇਡ ਢਾਂਚੇ ਦਾ ਕਾਇਆ-ਕਲਪ ਕੀਤਾ ਜਾ ਰਿਹਾ ਹੈ। ਇਸ ਯੋਜਨਾ ਤਹਿਤ ਪੂਰੇ ਪੰਜਾਬ ਵਿੱਚ 1,184 ਕਰੋੜ ਰੁਪਏ ਦੀ ਭਾਰੀ ਲਾਗਤ ਨਾਲ 3,000 ਤੋਂ ਵੱਧ ਆਧੁਨਿਕ ਖੇਡ ਮੈਦਾਨਾਂ ਦੀ ਉਸਾਰੀ ਦਾ ਕੰਮ ਜੰਗੀ ਪੱਧਰ 'ਤੇ ਚੱਲ ਰਿਹਾ ਹੈ। ?ਇਹ ਪ੍ਰਗਟਾਵਾ ਪਲੈਨਿੰਗ ਬੋਰਡ ਦੇ ਚੇਅਰਮੈਨ ਸਤਨਾਮ ਸਿੰਘ ਜਲਾਲਪੁਰ ਨੇ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਦੱਸਿਆ ਕਿ ਸਰਕਾਰ ਦਾ ਮੁੱਖ ਮਕਸਦ ਪਿੰਡਾਂ ਦੀ ਪ੍ਰਤਿਭਾ ਨੂੰ ਨਿਖਾਰਨਾ ਤੇ ਉਨ੍ਹਾਂ ਨੂੰ ਅੰਤਰਰਾਸ਼ਟਰੀ ਪੱਧਰ ਦੀਆਂ ਸਹੂਲਤਾਂ ਮੁਹੱਈਆ ਕਰਵਾਉਣਾ ਹੈ।ਚੇਅਰਮੈਨ ਜਲਾਲਪੁਰ ਨੇ ਦੱਸਿਆ ਕਿ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਕੁੱਲ 94 ਖੇਡ ਮੈਦਾਨਾਂ ਦੀ ਉਸਾਰੀ ਕੀਤੀ ਜਾ ਰਹੀ ਹੈ, ਜਿਨ੍ਹਾਂ 'ਤੇ ਲਗਭਗ 37.90 ਕਰੋੜ ਰੁਪਏ ਖਰਚੇ ਜਾ ਰਹੇ ਹਨ। ਉਨ੍ਹਾਂ ਅੱਗੇ ਦੱਸਿਆ ਕਿ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ ਵਿਸ਼ੇਸ਼ ਤੌਰ 'ਤੇ 1.60 ਕਰੋੜ ਰੁਪਏ ਦੀ ਲਾਗਤ ਨਾਲ ਇੱਕ ਅਧੁਨਿਕ ਖੇਡ ਮੈਦਾਨ ਅਤੇ 1.41 ਕਰੋੜ ਰੁਪਏ ਦੀ ਲਾਗਤ ਨਾਲ ਇੱਕ ਸ਼ਾਨਦਾਰ ਇੰਡੋਰ ਸਟੇਡੀਅਮ ਤਿਆਰ ਕੀਤਾ ਜਾ ਰਿਹਾ ਹੈ।

# ਨਹਿਰਾਂ 'ਚ ਸੁੱਟੇ ਪਲਾਸਟਿਕ ਦੇ ਲਿਫਾਫਿਆਂ ਨੇ ਰੋਕਿਆ ਪਾਣੀ ਦਾ ਵਹਾਅ



**ਬਲਾਚੌਰ, (ਜਸਵਿੰਦਰ ਬੈਂਸ)**
ਬਲਾਚੌਰ ਖੇਤਰ ਦੀਆਂ ਨਹਿਰਾਂ ਵਿੱਚ ਸ਼ਰਧਾ ਦੇ ਨਾਂ 'ਤੇ ਸੁੱਟਿਆ ਜਾ ਰਿਹਾ ਕਚਰਾ ਹੁਣ ਇੱਕ ਗੰਭੀਰ ਸਮੱਸਿਆ ਬਣ ਚੁੱਕਾ ਹੈ।ਅਕਸਰ ਦੇਖਿਆ ਜਾਂਦਾ ਹੈ ਕਿ ਲੋਕ ਹਵਨ-ਸਮੱਗਰੀ, ਧੂਫ-ਅਗਰਬੱਤੀ ਅਤੇ ਹੋਰ ਧਾਰਮਿਕ ਸਮਾਨ ਨਹਿਰਾਂ ਵਿੱਚ ਪ੍ਰਵਾਹ ਕਰਦੇ ਸਮੇਂ ਪਲਾਸਟਿਕ ਦੇ ਲਿਫਾਫੇ ਅਤੇ ਥੈਲੇ ਵੀ ਵਿੱਚੇ ਸੁੱਟ ਦਿੰਦੇ ਹਨ। ਪਲਾਸਟਿਕ ਦੇ ਇਹ ਢੇਰ ਇੰਨੇ ਵੱਡੇ ਹੋ ਚੁੱਕੇ ਹਨ ਕਿ ਨਹਿਰ ਦੇ ਪੁਲਾਂ ਦੇ ਗੇਟ ਬੁਰੀ ਤਰ੍ਹਾਂ ਬਲੌਕ ਹੋ ਰਹੇ ਹਨ। ਪਾਣੀ ਦਾ ਵਹਾਅ ਤੇਜ਼ ਹੋਣ ਦੇ ਬਾਵਜੂਦ ਵੀ ਇਹ ਕਚਰਾ ਟੱਸ ਤੋਂ ਮੱਸ ਨਹੀਂ ਹੋ ਰਿਹਾ, ਜਿਸ ਕਾਰਨ ਪਾਣੀ ਦੀ ਸਪਲਾਈ ਵਿੱਚ ਵੀ ਰੁਕਾਵਟ ਆ ਰਹੀ ਹੈ।ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਪ੍ਰਸ਼ਾਸਨ ਤੇ ਨਹਿਰ ਮਹਿਕਮਾ ਸਿਰਫ ਪੁਲ ਬਣਾ ਕੇ ਆਪਣੀ ਜ਼ਿੰਮੇਵਾਰੀ ਖਤਮ ਸਮਝ ਲੈਂਦਾ ਹੈ। ਨਹਿਰਾਂ ਦੀ ਸਫਾਈ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ। ਜੇਕਰ ਕਦੇ ਮਹਿਕਮਾ ਕਚਰਾ ਕੱਢਦਾ ਵੀ ਹੈ, ਤਾਂ ਉਸ ਨੂੰ ਨਹਿਰ ਦੇ ਕਿਨਾਰੇ ਹੀ ਢੇਰ ਲਗਾ ਕੇ ਛੱਡ ਦਿੱਤਾ ਜਾਂਦਾ ਹੈ, ਜਿਸ ਨੂੰ ਚੁੱਕਵਾਉਣ ਦਾ ਕੋਈ ਪ੍ਰਬੰਧ ਨਹੀਂ ਕੀਤਾ ਜਾਂਦਾ। ਇਹ ਕਚਰਾ ਨਾ ਸਿਰਫ਼ ਪਾਣੀ ਨੂੰ ਜ਼ਹਿਰੀਲਾ ਬਣਾਉਂਦਾ ਹੈ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਲਈ ਜਲ ਸੰਕਟ ਵੀ ਪੈਦਾ ਕਰਦਾ ਹੈ।

# ਕਹਾਣੀਕਾਰ ਲਾਲ ਸਿੰਘ ਦਸੂਹਾ ਯਾਦਗਾਰੀ ਸਾਹਿਤਕ ਮੰਚ ਦਾ ਗਠਨ

**ਦਸੂਹਾ (ਕਰਨੈਲ ਮਾਂਗਟ)**- ਪੰਜਾਬੀ ਦੇ ਪ੍ਰਸਿੱਧ ਕਹਾਣੀਕਾਰ ਲਾਲ ਸਿੰਘ ਦਸੂਹਾ ਦੀ ਨਿੱਘੀ ਪਿਆਰੀ ਯਾਦ ਨੂੰ ਤਾਜ਼ਾ ਰੱਖਣ ਦੀਆਂ ਕੋਸ਼ਿਸ਼ਾ ਵੱਜੋਂ ਸਾਹਿਤਕ,ਪ੍ਰਵਾਰਿਕ ਅਤੇ ਸੱਭਿਆਚਾਰਕ ਪ੍ਰੇਮੀਆਂ ਵੱਲੋਂ ਕਹਾਣੀਕਾਰ ਲਾਲ ਸਿੰਘ ਦਸੂਹਾ ਯਾਦਗਾਰੀ ਸਾਹਿਤਕ ਮੰਚ ਪੰਜਾਬ ਦਾ ਗਠਨ ਕੀਤਾ ਗਿਆ ਹੈ । ਜਿਸ ਦਾ ਪ੍ਰਮੁੱਖ ਉਦੇਸ਼ ਕਹਾਣੀਕਾਰ ਲਾਲ ਸਿੰਘ ਦੀਆਂ ਲਿਖਤਾਂ , ਸੋਚ ਅਤੇ ਵਿਰਾਸਤ ਨੂੰ ਸਾਂਭਣ ਦੇ ਨਾਲ ਨਾਲ ਦੁਆਬੇ ਇਲਾਕੇ ਦਾ ਉੱਭਰ ਰਹੇ ਲੇਖਕਾਂ ਨੂੰ ਇੱਕ ਮੰਚ ਤੇ ਇਕੱਠਾ ਕਰਕੇ ਦੁਆਬੇ ਦੀ ਸਾਹਿਤਕ ਧਰਾਤ ਦਾ ਆਧਾਰ ਹੋਰ ਮਜਬੂਤ ਅਤੇ ਵਿਸ਼ਾਲ ਕਰਨਾ ਹੈ। ਵਿਸ਼ਾਲ ਸਾਹਿਤਕ ਪ੍ਰੇਮੀਆਂ ਦੇ ਇਕੱਠ ਵਿੱਚ ਸਰਬਸੰਮਤੀ ਨਾਲ ਸੁਖਪਾਲਵੀਰ ਸਿੰਘ ਕਨੈਡਾ ਨੂੰ ਚੇਅਰਮੈਨ , ਅਮਰਜੀਤ ਸਿੰਘ ਨੂੰ ਪ੍ਰਧਾਨ , ਜਗਜੀਤ ਸਿੰਘ ਅਤੇ ਜਸਵੀਰ ਸਿੰਘ ਵਿਰਦੀ ਨੂੰ ਸੀਨੀਅਰ ਵਾਇਸ-ਪ੍ਰਧਾਨ, ਕੁਲਵੰਤ ਕੌਰ ਨੂੰ ਜਨਰਲ ਸਕੱਤਰ, ਅਸ਼ੋਕ ਕੁਮਾਰ ਨੂੰ ਮੀਤ ਸਕੱਤਰ , ਰਸਮੀਤ ਕੁਮਾਰ ਨੂੰ ਵਿੱਤ ਸਕੱਤਰ, ਨਿਰਵੈਰ ਸਿੰਘ ਨੂੰ ਪ੍ਰਚਾਰ ਸਕੱਤਰ ਅਤੇ ਗੁਰਪ੍ਰੀਤ ਸਿੰਘ ਨੂੰ ਦਫ਼ਤਰੀ ਸਕੱਤਰ ਬਣਾਇਆ ਗਿਆ ਹੈ । ਇਸ ਮੰਚ ਦਾ ਓਵਰਸੀਜ਼ ਦਫ਼ਤਰ ਕੈਲਗਰੀ , ਅਲਬਰਟਾ ( ਕਨੈਡਾ ) ਅਤੇ ਪੰਜਾਬ ਲਈ ਦਫ਼ਤਰ ਨਿਹਾਲਪੁਰ, ਦਸੂਹਾ ( ਜ਼ਿਲ੍ਹਾ ਹੁਸ਼ਿਆਰਪੁਰ ) ਵਿਖੇ ਸਥਾਪਿਤ ਕੀਤਾ ਗਿਆ ਹੈ।



# ਪ੍ਰਿੰਸੀਪਲ ਨੂੰ ਸੇਵਾ-ਮੁਕਤੀ 'ਤੇ ਨਿੱਘੀ ਵਿਦਾਇਗੀ




**ਮੋਰਿੰਡਾ (ਨਿਹਾਲ ਸਿੰਘ ਕਲਸੀ)**
ਮਾਤਾ ਪ੍ਰਸਿੰਨੀ ਦੇਵੀ ਆਰੀਆ ਮਾਡਲ ਹਾਇਰ ਸਕੈਂਡਰੀ ਸਕੂਲ ਮੜੌਲੀ ਕਲਾਂ ਦੀ ਪ੍ਰਿੰਸੀਪਲ ਸ੍ਰੀਮਤੀ ਪ੍ਰਵੇਸ਼ ਕੌਰ ਭੁੱਲਰ ਦੀ ਸੇਵਾ ਮੁਕਤੀ ਤੇ ਅੱਜ ਸਕੂਲ ਦੀ ਪ੍ਰਬੰਧਕ ਕਮੇਟੀ, ਮਾਪਿਆਂ ਅਤੇ ਇਲਾਕੇ ਦੇ ਪਤਵੰਤੇ ਸਜਣਾਂ ਵਲੋਂ ਸ਼ਾਨਦਾਰ ਨਿੱਘੀ ਵਿਦਾਇਗੀ ਦਿੱਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਮੈਂਬਰ ਧਰਮਵੀਰ ਸੈਣੀ ਨੇ ਦੱਸਿਆ ਕਿ ਇਸ ਮੌਕੇ ਸਕੂਲ ਵਲੋਂ ਸਭਿਆਚਾਰਕ ਪ੍ਰੋਗਰਾਮ ਕਰਵਾਇਆ ਗਿਆ । ਜਿਸ ਵਿੱਚ ਸਕੂਲੀ ਵਿਦਿਆਰਥੀਆਂ ਵਲੋਂ ਪੰਜਾਬ ਦਾ ਲੋਕ ਨਾਚ ਗਿੱਧਾ,ਭੰਗੜਾ, ਕੋਰੀਓ ਗ੍ਰਾਫੀਆ, ਦੇਸ਼ ਭਗਤੀ ਸਬੰਧੀ ਗੀਤ ਸੰਗੀਤ ਪੇਸ਼ ਕੀਤਾ ਗਿਆ। ਇਸ ਸਮਾਗਮ ਦੌਰਾਨ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਡਾ ਨਿਰਮਲ ਧਿਮਾਨ, ਵਿਕਾਸ ਗੁਪਤਾ, ਸਰਪੰਚ ਗੁਰਮੀਤ ਸਿੰਘ ਬਾਰੂ ਅਤੇ ਹਰਮਨਪ੍ਰੀਤ ਸਿੰਘ ਵਲੋਂ ਪ੍ਰਿ ਪ੍ਰਵੇਸ਼ ਕੌਰ ਭੁੱਲਰ ਨੂੰ ਸਿਰੋਪਾਓ, ਯਾਦਗਾਰੀ ਚਿੰਨ੍ਹ ਅਤੇ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡਾ. ਨਿਰਮਲ ਧਿਮਾਨ ਨੇ ਪ੍ਰਿ. ਪ੍ਰਵੇਸ਼ ਕੌਰ ਭੁੱਲਰ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕਰਦਿਆਂ ਆਖਿਆ ਕਿ ਪ੍ਰਿ ਪ੍ਰਵੇਸ਼ ਕੌਰ ਭੁੱਲਰ ਨੇ ਬਤੌਰ ਪ੍ਰਿੰਸੀਪਲ 21 ਸਾਲ ਸਕੂਲ ਦੇ ਵਿਦਿਆਰਥੀਆਂ ਨੂੰ ਵਿਦਿਆ ਦਾ ਚਾਨਣ ਵੰਡਿਆ। ਡਾ ਨਿਰਮਲ ਧੀਮਾਨ ਨੇ ਪ੍ਰਿੰਸੀਪਲ ਪ੍ਰਵੇਸ਼ ਕੌਰ ਭੁੱਲਰ ਨੂੰ ਸੇਵਾ ਮੁਕਤੀ ਤੇ ਵਧਾਈ ਦਿੰਦਿਆਂ ਆਸ ਪ੍ਰਗਟ ਕੀਤੀ ਕਿ ਉਹ ਹੁਣ ਸਮਾਜ ਸੇਵਾ ਵਿੱਚ ਬਣਦਾ ਯੋਗਦਾਨ ਜਰੂਰ ਪਾਉਣਗੇ। ਇਸ ਮੌਕੇ ਸਕੂਲ ਦੇ ਸਟਾਫ ਮੈਂਬਰਾਂ, ਮਾਪਿਆਂ ਅਤੇ ਹਾਜ਼ਰ ਪਤਵੰਤੇ ਸਜਨਾ ਵਲੋਂ ਵੀ ਸ਼ਾਨਦਾਰ ਤੋਹਫ਼ੇ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆਹੋਰਨਾਂ ਤੋਂ ਇਲਾਵਾ ਪ੍ਰੋ ਪਰਮਜੀਤ ਸਿੰਘ ਭੂਲਰ, ਗੁਰਮੀਤ ਸਿੰਘ ਬਾਰੂ ਸਰਪੰਚ ਮੜੌਲੀ ਕਲਾਂ, ਕੇਵਲ ਜੋਸ਼ੀ, ਗੁਰਪ੍ਰੀਤ ਸਿੰਘ, ਸੁਰਿੰਦਰ ਪਾਲ ਸਿੰਘ ਆਦਿ ਪਤਵੰਤੇ ਸੱਜਣ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ 'ਤੇ ਸਰਮਾਏਦਾਰਾਂ ਨੇ ਕਬਜ਼ਾ ਕਰਕੇ ਪੰਜਾਬ ਦੀ ਸਿੱਖ ਸਿਆਸਤ ਨੂੰ ਖਤਮ ਕੀਤਾ : ਗਿਆਨੀ ਹਰਪ੍ਰੀਤ ਸਿੰਘ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)**
ਵਿਧਾਨ ਸਭਾ ਹਲਕਾ ਆਦਮਪੁਰ ਦੇ ਪਿੰਡ ਦੌਲਤਪੁਰ ਵਿਖੇ ਜਥੇਦਾਰ ਮਲਕੀਤ ਸਿੰਘ ਦੇ ਗ੍ਰਹਿ ਵਿਖੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੀ ਭਰਵੀਂ ਮੀਟਿੰਗ ਹੋਈ। ਜਿਸ ਵਿੱਚ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਜਨਰਲ ਸਕੱਤਰ ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ ਸਮੁੱਚੀ ਲੀਡਰਸ਼ਿਪ ਤੇ ਹਲਕਾ ਆਦਮਪੁਰ ਦੇ ਆਗੂ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਇਸ ਮੌਕੇ ਤੇ ਸੰਬੋਧਨ ਕਰਦਿਆਂ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਜਦੋਂ ਸ਼੍ਰੋਮਣੀ ਅਕਾਲੀ ਦਲ ਸਰਮਾਏਦਾਰਾਂ ਤੇ ਰਜਵਾੜਿਆਂ ਦੀ ਜਕੜ ਵਿੱਚ ਚਲਾ ਗਿਆ ਕੇਵਲ ਸ਼੍ਰੋਮਣੀ ਅਕਾਲੀ ਦਲ ਖਤਮ ਹੀ ਨਹੀਂ ਹੋਇਆ ਬਲਕਿ ਸਿੱਖ ਸਿਆਸਤ ਦਾ ਭੋਗ ਹੀ ਪੈ ਗਿਆ। ਸਭ ਦੇ ਮਨ ਦੇ ਵਿੱਚ ਇੱਕੋ ਦਰਦ ਹੈ ਕਿ ਪੰਜਾਬ ਜਿਸ ਬਾਰੇ ਪ੍ਰੋਫੈਸਰ ਪੂਰਨ ਸਿੰਘ ਨੇ ਕਿਹਾ ਸੀ ਕਿ ਪੰਜਾਬ ਜਿਉਂਦਾ ਗੁਰਾਂ ਦੇ ਨਾਂ ਇੱਥੋਂ ਸਿੱਖ ਸਿਆਸਤ ਜਿਹੜੀ ਹੈ ਉਹ ਖਤਮ ਕਰ ਦਿੱਤੀ ਤੇ ਸਿੱਖ ਸਿਆਸਤ ਦਾ ਪ੍ਰਤੀਨਿਧ ਸੀ ਸ਼੍ਰੋਮਣੀ ਅਕਾਲੀ ਦਲ ਤੇ ਸ਼੍ਰੋਮਣੀ ਅਕਾਲੀ ਦਲ ਜਦੋਂ ਸਰਮਾਏਦਾਰਾਂ ਦੀ ਜਕੜ ਦੇ ਵਿੱਚ ਚਲਾ ਗਿਆ ਤਾਂ ਕੇਵਲ ਸ਼੍ਰੋਮਣੀ ਅਕਾਲੀ ਦਲ ਖਤਮ ਨਹੀਂ ਹੋਇਆ ਬਲਕਿ ਸਿੱਖ ਸਿਆਸਤ ਦਾ ਭੋਗ ਪੈ ਗਿਆ।



# ਬਾਬਾ ਭੂਰੇ ਵਾਲੇ ਤੇ ਬਾਬਾ ਰੱਛਿਆਧਾਰੀ ਨੂੰ ਸਮਰਪਤ ਸਾਲਾਨਾ ਸਮਾਗਮ



**ਦਸੂਹਾ (ਕਰਨੈਲ ਮਾਂਗਟ)**
ਬਲਾਕ ਦਸੂਹਾ ਦੇ ਪਿੰਡ ਬੋਦਲ ਵਿਖੇ ਬਾਬਾ ਭੂਰੇ ਵਾਲੇ ਤੇ ਬਾਬਾ ਰੱਛਿਆਧਾਰੀ ਨੂੰ ਸਮਰਪਿਤ ਮੁੱਖ ਸੇਵਾਦਾਰ ਮੋਹਣ ਸਿੰਘ ਭੁੱਲਰ ਦੀ ਅਗਵਾਈ ਹੇਠ ਸਲਾਨਾ 39ਵਾਂ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ ਉਪਰੰਤ ਖੁੱਲੇ ਪੰਡਾਲ ਵਿੱਚ ਦੀਵਾਨ ਸਜਾਏ ਗਏ। ਗੁਰਦੁਆਰਾ ਸ੍ਰੀ ਗਰਨਾ ਸਾਹਿਬ ਬੋਦਲ ਦੇ ਕਥਾ ਵਾਚਕ ਗਿਆਨੀ ਸਰਤਾਜ ਸਿੰਘ ਬਸਰਾਵਾਂ, ਕੀਰਤਨੀਏ ਭਾਈ ਸਤਪਾਲ ਸਿੰਘ ਜੀਆ ਸਹੋਤਾ, ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਗਰਨਾ ਸਾਹਿਬ ਬੋਦਲ ਭਾਈ ਜਸਵਿੰਦਰ ਸਿੰਘ ਆਦਿ ਦੇ ਜਥਿਆਂ ਵੱਲੋਂ ਸੰਗਤਾਂ ਨੂੰ ਗੁਰਬਾਣੀ ਦੇ ਮਨੋਹਰ ਕੀਰਤਨ ਦੁਆਰਾ ਨਿਹਾਲ ਕੀਤਾ ਗਿਆ। ਵੱਖ ਵੱਖ ਬੁਲਾਰਿਆਂ ਵੱਲੋਂ ਬਾਬਾ ਭੂਰੇ ਵਾਲੇ ਤੇ ਬਾਬਾ ਰੱਛਿਆਧਾਰੀ ਦੇ ਜੀਵਨ ਸਬੰਧੀ ਵਿਸਥਾਰ ਪੂਰਵਕ ਚਾਨਣਾ ਪਾਇਆ ਗਿਆ ਅਤੇ ਸੰਗਤਾਂ ਨੂੰ ਉਨਾਂ ਦੇ ਸਾਲਾਨਾ ਸਮਾਗਮ ਸਬੰਧੀ ਵਧਾਈਆਂ ਦਿੱਤੀਆਂ ਗਈਆਂ। ਮੁੱਖ ਸੇਵਾਦਾਰ ਮੋਹਨ ਸਿੰਘ ਭੁੱਲਰ ਵੱਲੋਂ ਆਈਆਂ ਹੋਈਆਂ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ ਅਤੇ ਸਿਰੋਪਾਓ ਭੇਟ ਕੀਤੇ ਗਏ। ਇਸ ਮੌਕੇ ਤੇ ਸਾਧੂ ਸਿੰਘ ਬੋਦਲ, ਜਸਕੋਮਲ ਸਿੰਘ ਕੈਨੇਡਾ, ਚਰਨਜੀਤ ਸਿੰਘ ਚੰਨੀ, ਸੁਰਜੀਤ ਸਿੰਘ ਹੁਸ਼ਿਆਰਪੁਰ, ਜਸਵਿੰਦਰ ਸਿੰਘ ਭੁੱਲਰ, ਹਰਸਿਮਰਨ ਸਿੰਘ ਹੀਰਾ, ਸੂਬੇਦਾਰ ਜਗੀਰ ਸਿੰਘ ਕਲੋਆ, ਸੁਖਬੀਰ ਸਿੰਘ ਭੋਗਪੁਰ, ਕੁਲਬੀਰ ਸਿੰਘ ਭੁੱਲਰ, ਦਲਬੀਰ ਸਿੰਘ ਭੁੱਲਰ, ਮਨਦੀਪ ਸਿੰਘ ਸਹਾਪੁਰ, ਹਰਵੀਰ ਸਿੰਘ ਭੁੱਲਰ, ਪਲਵਿੰਦਰ ਕੌਰ, ਅੰਮ੍ਰਿਤ ਕੌਰ, ਨਿਰਮਲਜੀਤ ਕੌਰ ਭੁੱਲਰ, ਅਮਰਜੀਤ ਕੌਰ, ਅੰਮ੍ਰਿਤਜੀਤ ਕੌਰ, ਬਲਜਿੰਦਰ ਕੌਰ, ਮਨੀਤਪਾਲ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਬੀ ਦੇ ਦੋਸ਼ੀਆਂ ਨੂੰ ਸਰਕਾਰ ਗ੍ਰਿਫ਼ਤਾਰ ਕਰੇ : ਠੇਕੇਦਾਰ ਭਗਵਾਨ, ਮਾਨਾ, ਦਲਜੀਤ



**ਹੁਸ਼ਿਆਰਪੁਰ (ਓ ਪੀ ਰਾਣਾ)**-ਬਹੁਜਨ ਸਮਾਜ ਪਾਰਟੀ ਪੰਜਾਬ ਦੇ ਜਨਰਲ ਸਕੱਤਰ ਠੇਕੇਦਾਰ ਭਗਵਾਨ ਦਾਸ ਸਿੱਧੂ, ਹਲਕਾ ਚੱਬੇਵਾਲ ਦੇ ਇੰਚਾਰਜ ਐਡਵੋਕੇਟ ਪਲਵਿੰਦਰ ਮਾਨਾ,ਜ਼ਿਲਾ ਪ੍ਰਧਾਨ ਦਲਜੀਤ ਰਾਏ ਨੇ ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਦੇ ਪਿੰਡ ਨੂਰਪੁਰ ਜੱਟਾਂ ਵਿਖੇ ਡਾ. ਬੀ ਆਰ ਅੰਬੇਡਕਰ ਦੇ ਬੁੱਤ ਦੀ ਹੋਈ ਬੇਅਦਬੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਸਰਕਾਰ ਬੇਅਦਬੀ ਕਰਨ ਵਾਲੇ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰੇ ਅਤੇ ਸਖਤ ਸਜ਼ਾ ਦਾ ਪ੍ਰਾਵਧਾਨ ਕਰੇ। ਉਨ੍ਹਾਂ ਕਿਹਾ ਕਿ ਬਾਰ ਬਾਰ ਡਾ. ਅੰਬੇਡਕਰ ਦੇ ਬੁੱਤਾਂ ਨੂੰ ਨੁਕਸਾਨ ਪਹੁੰਚਾਉਣਾ ਕਿਸੇ ਗਹਿਰੀ ਸ਼ਾਜਿਸ਼ ਦਾ ਹਿੱਸਾ ਹੋ ਸਕਦਾ ਹੈ ਅਤੇ ਪੰਜਾਬ ਦੇ ਮਾਹੌਲ ਨੂੰ ਹੋਰ ਖਰਾਬ ਕਰਨ ਦੀ ਸ਼ਾਜਿਸ਼ ਘੜੀ ਜਾ ਰਹੀ ਹੈ ਜੋ ਬਹੁਤ ਚਿੰਤਾਜਨਕ ਹੈ। ਬਸਪਾ ਆਗੂਆਂ ਨੇ ਕਿਹਾ ਬਸਪਾ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਦੀ ਅਗਵਾਈ ਹੇਠ ਪੰਜਾਬ ਸੰਭਾਲੋ ਮੁਹਿੰਮ ਸਫਲਤਾ ਪੂਰਵਕ ਅੱਗੇ ਵਧ ਰਹੀ ਹੈ ਜਿਸ ਤੋਂ ਪੰਜਾਬ ਵਾਸੀਆਂ ਦਾ ਧਿਆਨ ਭਟਕਾਉਣ ਲਈ ਅਜਿਹੀਆਂ ਗੈਰ ਕਨੂੰਨੀ, ਗੈਰ ਸਮਾਜਿਕ ਕਾਰਵਾਈਆਂ ਨੂੰ ਅੰਜਾਮ ਦਿੱਤਾ ਜਾ ਰਿਹਾ ਹੈ।

# ਪ੍ਰਾਚੀਨ ਸ਼ਿਵ ਮੰਦਰ 'ਚ ਅੱਜ ਮਨਾਇਆ ਜਾਵੇਗਾ ਹਨੂੰਮਾਨ ਜਨਮ ਉਤਸਵ

**ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)**-ਬ੍ਰਹਮਲੀਨ ਮਹੰਤ ਸ੍ਰੀ ਸ਼ੇਰ ਗਿਰੀ ਜੀ ਮਹਾਰਾਜ, ਬ੍ਰਹਮਲੀਨ ਮਹੰਤ ਸ੍ਰੀ ਪ੍ਰੇਮਗਿਰੀ ਜੀ ਮਹਾਰਾਜ, ਬ੍ਰਹਮਲੀਨ ਮਹੰਤ ਸ੍ਰੀ ਗਣਪਤੀ ਗਿਰੀ ਜੀ ਮਹਾਰਾਜ, ਬ੍ਰਹਮਲੀਨ ਮਹੰਤ ਸ੍ਰੀ ਪ੍ਰਯਾਗਨਾਨੰਦ ਗਿਰੀ ਜੀ ਮਹਾਰਾਜ, ਬ੍ਰਹਮਲੀਨ ਮਹੰਤ ਸ੍ਰੀ ਸ਼ਾਂਤੀ ਗਿਰੀ ਜੀ ਤੇ ਬ੍ਰਹਮਲੀਨ ਮਹੰਤ ਸ੍ਰੀ ਰਵਿੰਦਰਾ ਗਿਰੀ ਜੀ ਦੀ ਅਪਾਰ ਕਿਰਪਾ ਸਦਕਾ ਨਾਲ ਪ੍ਰਾਚੀਨ ਸ਼ਿਵ ਮੰਦਿਰ ਲੋਹੀਆਂ ਖਾਸ ਦੇ ਗੱਦੀਨਸ਼ੀਨ ਸ੍ਰੀ ਸ੍ਰੀ 1008 ਮਹਾਂ ਮੰਡਲੇਸ਼ਵਰ ਮਹੰਤ ਸ਼੍ਰੀ ਸ਼ਿਪਰਾ ਗਿਰੀ ਜੀ ਦੇ ਅਸ਼ੀਰਵਾਦ ਨਾਲ ਤੇ ਮਹੰਤ ਸ੍ਰੀ ਜੈ ਰਾਮ ਗਿਰੀ ਮਹਾਰਾਜ ਜੀ ਦੀ ਅਗਵਾਈ ਹੇਠ ਪ੍ਰਾਚੀਨ ਸ਼ਿਵ ਮੰਦਿਰ ਵਿੱਚ ਸ੍ਰੀ ਹਨੂੰਮਾਨ ਜਨਮ ਉਤਸਵ 2 ਅਪ੍ਰੈਲ ਨੂੰ ਮਨਾਇਆ ਜਾ ਰਿਹਾ ਹੈ। ਇਸ ਮੌਕੇ ਪ੍ਰਾਚੀਨ ਸ਼ਿਵ ਮੰਦਿਰ ਵਿੱਚ ਰਾਤ 07:30 ਵਜੇ ਤੋਂ 1100 ਵਾਰ ਸ੍ਰੀ ਹਨੂੰਮਾਨ ਚਾਲੀਸਾ ਦਾ ਪਾਠ ਕੀਤਾ ਜਾਵੇਗਾ। ਇਸ ਉਪਰੰਤ ਲੰਗਰ ਵੀ ਪ੍ਰਸ਼ਾਦ ਅਟੁੱਟ ਵਰਤਾਇਆ ਜਾਵੇਗਾ।



# ਸੇਵਾਮੁਕਤ ਹੋਣ 'ਤੇ ਅਧਿਆਪਕ ਸਨਮਾਨਤ



**ਮੇਹਟੀਆਣਾ (ਜਗਤਾਰ ਸਿੰਘ)**
ਗੌਰਮਿੰਟ ਟੀਚਰਜ ਯੂਨੀਅਨ ਅਤੇ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਵੱਲੋਂ ਸਿੱਖਿਆ ਵਿਭਾਗ ਵਿੱਚ ਵਧੀਆ ਸੇਵਾਵਾਂ ਨਿਭਾਉਣ ਉਪਰੰਤ ਸੇਵਾਮੁਕਤ ਹੋਣ ਤੇ ਮਾਸਟਰ ਪ੍ਰਸ਼ੋਤਮ ਮਹਿਮੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਾਮ ਨੂੰ ਸਨਮਾਨਤ ਕੀਤਾ ਗਿਆ ਮਾਸਟਰ ਪ੍ਰਸ਼ੋਤਮ ਮਹਿਮੀ ਵਲੋਂ ਪੜ੍ਹਾਏ ਵਿਦਿਆਰਥੀ ਅੱਜ ਆਪਣੀ ਜ਼ਿੰਦਗੀ ਵਿੱਚ ਸਫਲਤਾ ਦੀ ਉਚਾਈ ਵੱਲ ਵੱਧ ਰਹੇ ਹਨ।ਇਸ ਮੌਕੇ ਬਲਾਕ ਪ੍ਰਧਾਨ ਨਰਿੰਦਰ ਅਜਨੋਹਾ, ਉਂਕਾਰ ਸਿੰਘ, ਪੈਨਸ਼ਨਰ ਆਗੂ ਜਸਵਿੰਦਰ ਸਿੰਘ ਤੇ ਹਰੀ ਸਿੰਘ ਜਸਵਾਲ ਨੇ ਮਾਸਟਰ ਪ੍ਰਸ਼ੋਤਮ ਮਹਿਮੀ ਨੂੰ ਵਧੀਆ ਸੇਵਾਵਾਂ ਨਿਭਾਉਣ ਉਪਰੰਤ ਸੇਵਾਮੁਕਤ ਹੋਣ ਤੇ ਵਧਾਈ ਦਿੱਤੀ ਅਤੇ ਇੱਕ ਯਾਦਗਾਰੀ ਚਿੰਨ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਪ੍ਰਿੰਸੀਪਲ ਪਰਮਿੰਦਰਜੀਤ ਸਿੰਘ, ਹੈੱਡ ਟੀਚਰ ਮੈਡਮ ਤਾਰਾ ਰਾਣੀ, ਜਤਿਨ ਮਹਿਮੀ, ਦਿਵੇਸ਼ ਮਹਿਮੀ, ਕੁਲਵਿੰਦਰ ਕੌਰ, ਜਸਵੀਰ ਸਿੰਘ, ਡਿੰਪਲ ਰਾਜਾ, ਗੁਰਿੰਦਰ ਸਿੰਘ, ਜਸਵਿੰਦਰ ਸਿੰਘ, ਹਰਦੀਪ ਸਿੰਘ, ਹਰੀਸ਼ ਪੁਰੀ, ਗੁਲਸ਼ਨ ਕੁਮਾਰ, ਨਰਿੰਦਰ ਕੌਰ, ਰਾਜਵਿੰਦਰ ਕੌਰ, ਹਰਜਿੰਦਰ ਕੌਰ, ਸੰਦੀਪ ਕੌਰ, ਤਜਿੰਦਰ ਕੌਰ, ਰਵੀਨਾ ਕੁਮਾਰੀ, ਗਗਨਦੀਪ ਕੌਰ, ਵਿਨੋਦ ਕੁਮਾਰ, ਅਮਨਦੀਪ ਸਿੰਘ, ਕੁਲਵਿੰਦਰ ਕੌਰ, ਸੋਨੀਆ ਭੱਟੀ, ਮਨਜੀਤ ਕੁਮਾਰ, ਅਮਰਜੀਤ ਸਿੰਘ ਆਦਿ ਹਾਜ਼ਰ ਸਨ।

## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਮੋਹਾਲੀ ਤੋਂ ਬੱਸ ਰਵਾਨਾ

**ਮੋਹਾਲੀ (ਗੁਰਜੀਤ ਬਿੱਲਾ)**-ਵਿਧਾਇਕ ਕੁਲਵੰਤ ਸਿੰਘ ਵੱਲੋਂ ਵਿਧਾਨ ਸਭਾ ਹਲਕਾ ਮੋਹਾਲੀ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ 17ਵੀਂ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।




ਇਹ ਬੱਸ ਫੇਸ-6 ਤੋਂ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਰਵਾਨਾ ਹੋਈ, ਜਿੱਥੇ ਸ਼ਰਧਾਲੂ ਸ੍ਰੀ ਦਰਬਾਰ ਸਾਹਿਬ, ਸ੍ਰੀ ਦੁਰਗਿਆਨਾ ਮੰਦਰ, ਸ੍ਰੀ ਰਾਮ ਤੀਰਥ ਵਾਲਮੀਕਿ ਸਥਲ, ਜਲਿਆਂਵਾਲਾ ਬਾਗ ਅਤੇ ਵਾਘਾ ਬਾਰਡਰ ਦੇ ਦਰਸ਼ਨ ਕਰਨਗੇ।ਇਸ ਮੌਕੇ ਗੱਲਬਾਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਲੋਕਾਂ ਦੀਆਂ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਇਹ ਯਾਤਰਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਲੋਕਾਂ ਵਿੱਚ ਇਸ ਯਾਤਰਾ ਪ੍ਰਤੀ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ ਅਤੇ ਸ਼ਰਧਾਲੂ ਆਪਣੇ ਇਲਾਕਿਆਂ ਦੇ ਬੂਥ ਇੰਚਾਰਜਾਂ ਕੋਲ ਰਜਿਸਟ੍ਰੇਸ਼ਨ ਕਰਵਾ ਰਹੇ ਹਨ।

## ਕਣਕ ਦੇ ਨਾੜ ਨੂੰ ਅੱਗ ਲਗਾਉਣ 'ਤੇ ਲਗਾਈ ਪਾਬੰਦੀ

**ਨਵਾਂਸ਼ਹਿਰ, (ਮਨੋਜ ਲਾਡੀ)**-ਜ਼ਿਲ੍ਹਾ ਮੈਜਿਸਟਰੇਟ ਗੁਲਪ੍ਰੀਤ ਸਿੰਘ ਔਲਖ ਨੇ ਭਾਰਤੀ ਨਾਗਰਿਕ ਸੁਰਕਸ਼ਾ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਇਕ ਹੁਕਮ ਰਾਹੀਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਹਦੂਦ ਅੰਦਰ ਕਣਕ ਦੀ ਰਹਿੰਦ ਖੂੰਦ/ਪਰਾਲੀ/ਨਾੜ ਨੂੰ ਅੱਗ ਲਗਾਉਣ ਤੇ ਪਾਬੰਦੀ ਲਗਾ ਦਿੱਤੀ ਹੈ।ਜ਼ਿਲ੍ਹਾ ਮੈਜਿਸਟਰੇਟ ਨੇ ਆਪਣੇ ਹੁਕਮ ਵਿੱਚ ਸੱਪਸ਼ਟ ਕੀਤਾ ਹੈ ਕਿ ਰਬੀ ਸੀਜਨ 2026-27 ਮਿਤੀ 01.04.2026 ਤੋਂ ਸ਼ੁਰੂ ਹੋ ਗਿਆ ਹੈ। ਆਮ ਤੌਰ ਤੇ ਜਿਮੀਦਾਰ ਕਣਕ ਦੀ ਕਟਾਈ ਤੋਂ ਬਾਅਦ ਬਚ ਗਈ ਰਹਿੰਦ ਖੂੰਦ/ਪਰਾਲੀ/ਨਾੜ ਨੂੰ ਖੇਤਾਂ ਵਿੱਚ ਅੱਗ ਲਗਾ ਦਿੰਦੇ ਹਨ। ਜਿਸ ਨਾਲ ਵਾਤਾਵਰਣ, ਜੀਵ ਜੰਤੂਆਂ, ਲਾਗੇ ਖੜੀ ਫਸਲ, ਸੜਕ ਦੇ ਕਿਨਾਰੇ ਲਗਾਏ ਬੂਟੇ/ਦਰਖਤਾਂ ਨੂੰ ਨੁਕਸਾਨ ਹੋਣ ਦਾ ਡਰ ਰਹਿੰਦਾ ਹੈ ਅਤੇ ਆਮ ਪਬਲਿਕ ਦੀ ਸਿਹਤ ਤੇ ਮਾੜਾ ਅਸਰ ਪੈਂਦਾ ਹੈ ਅਤੇ ਜਮੀਨ ਦੀ ਉਪਜਾਊ ਸਕਤੀ ਵੀ ਖਤਮ ਹੁੰਦੀ ਹੈ। ਇਸ ਲਈ ਕਣਕ ਦੀ ਰਹਿੰਦ ਖੂੰਦ/ਪਰਾਲੀ/ਨਾੜ ਨੂੰ ਅੱਗ ਲਗਾਉਣ ਤੇ ਪਾਬੰਦੀ ਲਗਾਈ ਗਈ ਹੈ। ਇਹ ਹੁਕਮ ਤਰੁੰਤ ਲਾਗੂ ਹੋ ਕੇ 31 ਮਈ 2026 ਤੱਕ ਲਾਗੂ ਰਹੇਗਾ।

## ਕਰਨਲ ਵੀ ਆਰ ਮੋਹਨ ਡੀ ਏ ਵੀ ਪਬਲਿਕ ਸਕੂਲ 'ਚ ਉਪਲੱਬਧੀ ਦਿਵਸ ਧੂਮਧਾਮ ਨਾਲ ਮਨਾਇਆ ਗਿਆ

**ਡੇਰਾਬੱਸੀ (ਵਿਨੈ ਕੁਮਾਰ ਜੈਨ)**-ਕਰਨਲ ਵੀ ਆਰ ਮੋਹਨ ਡੀ ਏ ਵੀ ਪਬਲਿਕ ਸਕੂਲ ਵਿੱਚ ਅਕਾਦਮਿਕ ਵਰ੍ਹੇ ਦੇ ਅੰਤਿਮ ਪੜਾਅ ਨੂੰ ਮੁੱਖ ਰੱਖਦਿਆਂ 'ਉਪਲਬਧੀ ਦਿਵਸ' (ਨਤੀਜਾ ਦਿਵਸ) ਬੜੇ ਹੀ ਉਤਸ਼ਾਹ, ਉਮਾਹ ਅਤੇ ਖੁਸ਼ੀ ਭਰੇ ਮਾਹੌਲ ਵਿੱਚ ਮਨਾਇਆ ਗਿਆ। ਸਕੂਲ ਦੇ ਵਿਹੜੇ ਵਿੱਚ ਆਯੋਜਿਤ ਇਸ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਵਿਦਿਆਰਥੀਆਂ ਦੀ ਸਾਲ ਭਰ ਦੀ ਸਖ਼ਤ ਮਿਹਨਤ ਅਤੇ ਅਕਾਦਮਿਕ ਪ੍ਰਗਤੀ ਦਾ ਲੇਖਾ-ਜੋਖਾ ਪੇਸ਼ ਕੀਤਾ ਗਿਆ। ਇਸ ਮੌਕੇ ਸਕੂਲ ਕੈਂਪਸ ਮਾਪਿਆਂ ਦੀ ਭਾਰੀ ਆਮਦ ਨਾਲ ਭਰਿਆ ਹੋਇਆ ਸੀ, ਜਿਨ੍ਹਾਂ ਦੇ




ਚਿਹਰਿਆਂ 'ਤੇ ਆਪਣੇ ਬੱਚਿਆਂ ਦੀ ਕਾਮਯਾਬੀ ਦੀ ਖੁਸ਼ੀ ਸਾਫ਼ ਝਲਕ ਰਹੀ ਸੀ। ?ਸਮਾਰੋਹ ਦੀ ਸ਼ੁਰੂਆਤ ਮੁੱਖ ਮਹਿਮਾਨ ਐਸ ਐਸ ਵਿਰਦੀ (ਪ੍ਰਸਿੱਧ ਉਦਯੋਗਪਤੀ, ਸਿੱਖਿਆਵਿਦ ਅਤੇ ਸਕੂਲ ਪ੍ਰਬੰਧਕ ਕਮੇਟੀ ਦੇ ਮੈਂਬਰ) ਵੱਲੋਂ ਸ਼ਮਾ ਰੌਸ਼ਨ ਕਰਨ ਦੀ ਰਸਮ ਨਾਲ ਕੀਤੀ ਗਈ। ਉਨ੍ਹਾਂ ਦੇ ਨਾਲ ਸਕੂਲ ਦੀ ਪ੍ਰਿੰਸੀਪਲ ਸਰਿਤਾ ਯਾਦਵ ਵੀ ਮੌਜੂਦ ਸਨ। ?ਆਪਣੇ ਸੰਬੋਧਨ ਦੌਰਾਨ ਵਿਰਦੀ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਸਾਂਝੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅਜੋਕੇ ਮੁਕਾਬਲੇਬਾਜ਼ੀ ਵਾਲੇ ਯੁੱਗ ਵਿੱਚ ਸਿਰਫ਼ ਕਿਤਾਬੀ ਗਿਆਨ ਹੀ ਕਾਫ਼ੀ ਨਹੀਂ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਆਪਣੇ ਅੰਦਰ ਵਿਗਿਆਨਕ ਸੋਚ, ਵਿਸ਼ਲੇਸ਼ਣਾਤਮਕ ਯੋਗਤਾ ਅਤੇ ਆਲੋਚਨਾਤਮਕ ਵਿਚਾਰਧਾਰਾ ਨੂੰ ਵਿਕਸਿਤ ਕਰਨ ਤਾਂ ਜੋ ਉਹ ਭਵਿੱਖ ਦੀਆਂ ਚੁਣੌਤੀਆਂ ਦਾ ਡਟ ਕੇ ਸਾਹਮਣਾ ਕਰ ਸਕਣ।

## ਚਾਰ ਲੇਬਰ ਕੋਡਾਂ ਦੀਆਂ ਕਾਪੀਆਂ ਸਾੜੀਆਂ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਇੱਥੇ ਟਰੇਡ ਯੂਨੀਅਨਾਂ ਦੇ ਸੱਦੇ ਚਾਰ ਲੇਬਰ ਕੋਡਾਂ ਵਿਰੁਧ ਕਾਲਾ ਦਿਨ ਮਨਾਇਆ ਤੇ ਚਾਰ ਲੇਬਰ ਕੋਡਾਂ ਦੀਆਂ ਕਾਪੀਆ ਸਾੜੀਆ ਗਈਆ। ਇਸ ਮੌਕੇ ਸੀਟੂ ਦੇ ਆਗੂ ਮਹਿੰਦਰ ਕੁਮਾਰ ਬੱਡੋਆਣ, ਗੁਰਬਖਸ਼ ਕੌਰ, ਧਨਪਤ ਸੀ ਟੀ ਯੂ ਦੇ ਆਗੂ ਗੰਗਾ ਪ੍ਰਸ਼ਾਦ, ਫੈਡਰਸ਼ਨ ਵਲੋ ਸ਼ਤੀਸ਼ ਰਾਣਾ, ਗੁਰਪ੍ਰੀਤ ਸਿੰਘ, ਪੀ ਸੀ ਐਮ ਐਸ ਆਰ ਯੂ ਵਲੋ ਵਿਸ਼ਾਲ ਗੁਪਤਾ, ਸੰਜੇ ਠਾਕਰ ਖੇਤ ਮਜ਼ਦੂਰਾਂ ਵਲੋਂ ਕਾਮਰੇਡ ਗੁਰਮੇਸ਼ ਸਿੰਘ ਨੇ ਕਿਹਾ ਕਿ ਕੇਦਰ ਸਰਕਾਰ ਚਾਰੇ ਲੇਬਰ ਕੋਡ ਤੁਰੰਤ ਰੱਦ ਕਰੇ ਤੇ ਮਜ਼ਦੂਰ ਜਮਾਤ ਵਲੋ ਸ਼ੰਘਰਸ਼ਾਂ ਨਾਲ ਬਣਾਏ ਸਾਰੇ ਕਾਨੂੰਨ ਬਹਾਲ ਕੀਤੇ ਜਾਣ। ਆਗੂਆਂ ਨੇ ਅੱਗੇ ਕਿਹਾ ਕਿ ਘੱਟੋ ਘੱਟ ਉਜਰਤ 26000 ਰੁਪਏ ਮਹੀਨਾ ਅਤੇ ਪੈਨਸ਼ਨ ਘੱਟੋ ਘੱਟ 10000 ਰੁਪਏ ਮਹੀਨਾ ਕੀਤੀ ਜਾਵੇ। ਉਨ੍ਹਾਂ ਮੰਗ ਕੀਤੀ ਜੀ ਗਰਾਮ ਜੀ ਕਾਨੂੰਨ ਰੱਦ ਕਰਕੇ ਮਨਰੇਗਾ ਨੂੰ ਬਹਾਲ ਕੀਤਾ ਜਾਵੇ, ਬਿਜਲੀ ਬਿੱਲ 2025 ਤੁਰੰਤ ਵਾਪਿਸ ਲਿਆ ਜਾਵੇ, 12 ਘੰਟੇ ਡਿਊਟੀ ਖਤਮ ਕੀਤੀ ਜਾਵੇ, 8 ਘੰਟੇ ਦੀ ਡਿਊਟੀ ਬਹਾਲ ਕੀਤੀ ਜਾਵੇ, ਅਮਰੀਕਾ ਵਿਉਪਾਰ ਸਮਝੋਤਾ ਰੱਦ ਕੀਤਾ ਜਾਵੇ। ਇਸ ਮੌਕੇ ਸ਼ਹੀਦ ਉਧਮ ਸਿੰਘ ਪਾਰਕ ਵਿੱਚ ਇਕੱਠੇ ਹੋ ਕੇ ਮਾਰਚ ਕਰਕੇ ਭੀਮ ਰਾਓ ਅੰਬੇਡਕਰ ਚੌਕ ਵਿੱਚ ਚਾਰ ਲੇਬਰ ਕੋਡ ਦੀਆ ਕਾਪੀਆ ਸਾੜੀਆ ਅਤੇ ਆਏ ਸਾਥੀਆ ਦਾ ਸ਼ਤੀਸ਼ ਰਾਣਾ ਨੇ ਧੰਨਵਾਦ ਕੀਤਾ। ਇਸ ਮੌਕੇ ਨੀਲਮ ਬੱਡੋਆਣ, ਪਾਲੋ, ਸੁੰਨੀ, ਬਦਰੀ ਨਾਥ, ਰਾਮ ਨਿਵਾਸ, ਸੁਖਵੀਰ ਸਿੰਘ ਆਦਿ ਨੇ ਸਬੋਧਨ ਕੀਤਾ।

## ਡਿਪਟੀ ਕਮਿਸ਼ਨਰ ਦਫ਼ਤਰ ਅੱਗੇ ਧਰਨਾ 6 ਨੂੰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਬੀਤੇ ਦਿਨ ਐਸ ਕੇ ਐਮ ਨਾਲ ਸਬੰਧਤ ਕਿਸਾਨ ਜਥੇਬੰਦੀਆਂ ਦੀ ਇੱਕ ਮੀਟਿੰਗ ਹੁਸ਼ਿਆਰਪੁਰ ਵਿਖੇ ਹੋਈ। ਜਿਸ ਵਿੱਚ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਕੰਮ ਕਰਦੀਆਂ ਪੰਜ ਜਥੇਬੰਦੀਆਂ ਨੇ ਹਿੱਸਾ ਲਿਆ। ਇਹ ਮੀਟਿੰਗ ਹਰਮੇਸ਼ ਸਿੰਘ ਢੇਸੀ ਆਗੂ ਕਿਰਤੀ ਕਿਸਾਨ ਯੂਨੀਅਨ ਦੀ ਪ੍ਰਧਾਨਗੀ ਵਿੱਚ ਹੋਈ।ਮੀਟਿੰਗ ਵਿੱਚ ਸ਼ਾਮਲ ਸਾਰੇ ਆਗੂਆਂ ਨੇ 6 ਅਪ੍ਰੈਲ ਨੂੰ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਦੇ ਦਫ਼ਤਰ ਅੱਗੇ ਦਿੱਤੇ ਜਾ ਰਹੇ ਧਰਨੇ ਦੇ ਪ੍ਰਬੰਧਾਂ ਬਾਰੇ ਚਰਚਾ ਕੀਤੀ ਗਈ। ਇਹ ਧਰਨਾ ਐਸ ਕੇ ਐਮ ਪੰਜਾਬ ਦੇ ਸੱਦੇ 'ਤੇ ਸਾਰੇ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਲਗਾਏ ਜਾਣਗੇ। ਹਰਬੰਸ ਸਿੰਘ ਸੰਘਾ ਮੈਂਬਰ ਐਸ ਕੇ ਐਮ ਪੰਜਾਬ ਨੇ ਅੱਗੇ ਦੱਸਿਆ ਕਿ ਕਿਸਾਨ ਮੰਗ ਕਰਦੇ ਹਨ ਕਿ ਫ੍ਰੀ ਟਰੇਡ ਸੰਮਝੋਤਾ ਰੱਦ ਕੀਤਾ ਜਾਵੇ, ਪੰਜਾਬ ਦੇ ਪਾਣੀਆਂ ਦੀ ਮਸਲਾ ਹੱਲ ਕੀਤਾ ਜਾਵੇ, ਕਿਸਾਨਾਂ ਦੇ ਸਾਰੇ ਕਰਜ਼ੇ ਮੁਆਫ਼ ਕੀਤੇ ਜਾਣ, ਬਿਜਲੀ ਤੇ ਬੀਜ ਬਿੱਲ ਰੱਦ ਕੀਤੇ ਜਾਣ, ਐਮ ਐਸ ਪੀ ਤੇ ਫਸਲਾਂ ਦੀ ਖਰੀਦ ਦੀ ਗਰੰਟੀ ਹੋਵੇ। ਇਸ ਮੀਟਿੰਗ ਵਿੱਚ ਹਰਮੇਸ਼ ਸਿੰਘ ਢੇਸੀ, ਹਰਬੰਸ ਸਿੰਘ ਸੰਘਾ, ਕੁਲਵਿੰਦਰ ਸਿੰਘ ਚਾਹਲ, ਜਗਤਾਰ ਸਿੰਘ ਭਿੰਡਰ, ਚਰਨ ਜੀਤ ਸਿੰਘ ਭਿੰਡਰ, ਤੀਰਥ ਸਿੰਘ ਸਤਨੌਰ, ਚਮਨ ਰਾਮ, ਸ਼ੇਰਜੰਗ ਬਹਾਦਰ ਸਿੰਘ, ਸੰਤੋਖ ਸਿੰਘ, ਮਹਿੰਦਰ ਸਿੰਘ, ਬਲਵਿੰਦਰ ਸਿੰਘ ਗਿੱਲ, ਅਤੇ ਮਲਕੀਅਤ ਸਿੰਘ ਸਲੇਮਪੁਰ ਨੇ ਸ਼ਮੂਲੀਅਤ ਕੀਤੀ।

## ਪੰਜਵੀਂ ਦਾ ਨਤੀਜਾ ਰਿਹਾ ਸ਼ਾਨਦਾਰ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**-ਸੰਤ ਬਾਬਾ ਹਰਨਾਮ ਸਿੰਘ ਖਾਲਸਾ ਹਾਈ ਸਕੂਲ ਕਾਲੇਵਾਲ ਲੱਲੀਆਂ ਦਾ ਪੰਜਾਬ ਸਿੱਖਿਆ ਵਿਭਾਗ ਵਲੋਂ ਲਈ ਗਈ ਪੰਜਵੀਂ ਜਮਾਤ ਦੀ ਪ੍ਰੀਖਿਆ ਦਾ ਨਤੀਜਾ ਸ਼ਾਨਦਾਰ ਰਿਹਾ।ਸਕੂਲ ਦੇ ਸਾਰੇ ਵਿਦਿਆਰਥੀ ਪਾਸ ਹੋਏ।ਲੋਜੀਨਤ ਭਾਰਤੀ ਪੁੱਤਰੀ ਧੀਰਜ ਕੁਮਾਰ 477/500(95.4%) ਅੰਕ ਹਾਸਲ ਕਰਕੇ ਪਹਿਲਾਂ ਸਥਾਨ, ਅੰਸ਼ ਕੁਮਾਰ ਪੁੱਤਰ ਬਲਦੇਵ ਰਾਮ 446/500(89.2%) ਅੰਕ ਹਾਸਿਲ ਕਰਕੇ ਦੂਜਾ ਸਥਾਨ, ਕਰਨਵੀਰ ਭਟੋਏ ਪੁੱਤਰ ਰਾਮ ਲੁਭਾਇਆ 87% ਅੰਕ ਹਾਸਲ ਕਰਕੇ ਸਕੂਲ ਵਿੱਚੋ ਤੀਜਾ ਸਥਾਨ ਹਾਸਲ ਕੀਤਾ।ਇਹ ਜਾਣਕਾਰੀ ਸਕੂਲ ਪ੍ਰਿੰਸੀਪਲ ਲਖਵੀਰ ਲਹਿਰਾ ਨੇ ਦਿੱਤੀ ਅਤੇ ਵਧੀਆ ਨਤੀਜੇ ਲਈ ਸਕੂਲ ਸਟਾਫ ਦਾ ਧੰਨਵਾਦ ਕੀਤਾ।

## ਨੀਰੂ ਬਾਲਾ ਨੂੰ ਸੇਵਾ-ਮੁਕਤੀ 'ਤੇ ਕੀਤਾ ਸਨਮਾਨਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਸਰਕਾਰੀ ਪੋਲੀਟੈਕਨਿਕ ਕਾਲਜ ਹੁਸ਼ਿਆਰਪੁਰ ਵਿਖੇ ਲੰਮਾ ਸਮਾਂ ਬਤੌਰ ਸੀਨੀਅਰ ਸਟੈਨੋਗਰਾਫਰ ਵਜੋਂ ਸੇਵਾਵਾਂ ਨਿਭਾਉਣ ਉਪਰੰਤ ਨੀਰੂ ਬਾਲਾ ਦੀ ਸੇਵਾ ਮੁਕਤੀ ਦੀ ਵਿਦਾਇਗੀ ਪਾਰਟੀ ਤੇ ਕਾਲਜ ਸਟਾਫ ਵੱਲੋ ਪ੍ਰਿੰਸੀਪਲ ਰਾਜੇਸ਼ ਕੁਮਾਰ ਅਤੇ ਕਾਲਜ ਦੀ ਸੁਪਰਡੈਂਟ ਅੰਜੂ ਬਾਲਾ ਦੀ ਅਗਵਾਈ ਵਿੱਚ ਵਿਸ਼ੇਸ਼ ਪਰੋਗਰਾਮ ਕਰਵਾਇਆ ਗਿਆ। ਕਾਲਜ ਦੇ ਪ੍ਰਿੰਸੀਪਲ , ਵਿਭਾਗਾਂ ਦੇ ਮੁਖੀਆਂ ਅਤੇ ਸਮੂਹ ਸਟਾਫ ਵੱਲੋ ਸ਼੍ਰੀ ਮਤੀ ਨੀਰੂ ਬਾਲਾ ਨੂੰ



ਫੁੱਲਾਂ ਦੇ ਗੁਲਦਸਤੇ ਅਤੇ ਫੁੱਲਾਂ ਦੇ ਹਾਰ ਨਾ ਕੇ ਸਨਮਾਨਤ ਕੀਤਾ ਗਿਆ। ਕਾਲਜ ਦੇ ਪ੍ਰਿੰਸੀਪਲ ਰਾਜੇਸ਼ ਕੁਮਾਰ ਵੱਲੋਂ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਨੀਰੂ ਬਾਲਾ ਦੇ ਸੇਵਾ ਕਾਲ ਦੌਰਾਨ ਉਨ੍ਹਾਂ ਦੇ ਕੰਮ ਕਾਜ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਨ੍ਹਾਂ ਦੇ ਜਾਣ ਉਪਰੰਤ ਕਾਲਜ ਨੂੰ ਇਨ੍ਹਾਂ ਦੀ ਕਮੀਂ ਹਮੇਸ਼ਾ ਮਹਿਸੂਸ ਹੁੰਦੀ ਰਹੇਗੀ। ਇਸ ਮੌਕੇ ਤੇ ਇਸ ਕਾਲਜ ਵਿਖੇ ਲੰਮਾ ਸਮਾਂ ਸੇਵਾਵਾਂ ਨਿਭਾਉਣ ਵਾਲੇ ਸਾਬਕਾ ਪ੍ਰਿੰਸੀਪਲ ਰਚਨਾ ਕੌਰ ਵੱਲੋਂ ਵਿਸ਼ੇਸ਼ ਤੌਰ ਤੇ ਪਹੁੰਚ ਕੇ ਨੀਰੂ ਬਾਲਾ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਤੇ ਉਨ੍ਹਾਂ ਦੇ ਪਤੀ ਸ਼੍ਰੀ ਰਜਨੀਸ਼ ਕੁਮਾਰ, ਬਹਾਦਰ ਸਿੰਘ ਸੁਨੇਤ, ਸ਼ਤੀਸ਼ ਕੁਮਾਰ, ਪਰਵਾਰ ਦੇ ਮੈਂਬਰਾਂ ਓਮ ਪ੍ਰਕਾਸ਼, ਸੁਰਜੀਤ ਅਬਰੋਲ, ਸੁਭਾਸ਼ ਚੰਦਰ ਤੇ ਸੁਰਿੰਦਰ ਕੁਮਾਰ ਵੱਲੋਂ ਕਾਲਜ ਦੇ ਪ੍ਰਿੰਸੀਪਲ ਅਤੇ ਸਮੂਹ ਸਟਾਫ਼ ਵੱਲੋਂ ਦਿੱਤੇ ਮਾਣ ਸਤਿਕਾਰ ਲਈ ਧੰਨਵਾਦ ਕੀਤਾ।

## ਅਸ਼ੀਰਵਾਦ ਸਕੀਮ ਤਹਿਤ 4572 ਲਾਭਪਾਤਰੀਆਂ ਲਈ 23.32 ਕਰੋੜ ਜਾਰੀ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਮਾਜ ਦੇ ਕਮਜ਼ੋਰ ਵਰਗਾਂ ਦੀ ਭਲਾਈ ਲਈ ਲਗਾਤਾਰ ਯਤਨਸ਼ੀਲ ਹੈ। ਇਸੇ ਕੜੀ ਤਹਿਤ ਅਸ਼ੀਰਵਾਦ ਸਕੀਮ ਹੇਠ ਚਾਲੂ ਵਿੱਤੀ ਸਾਲ 2025-26 ਦੌਰਾਨ ਅਨੁਸੂਚਿਤ ਜਾਤੀਆਂ ਦੇ 4572 ਲਾਭਪਾਤਰੀਆਂ ਨੂੰ 23.32 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਜਾਰੀ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਇਹ ਵਿੱਤੀ ਸਹਾਇਤਾ ਘੱਟ ਆਮਦਨੀ ਵਾਲੇ ਪਰਵਾਰਾਂ ਦੀਆਂ ਲੜਕੀਆਂ ਦੇ ਵਿਆਹ ਸਮੇਂ ਆਰਥਿਕ ਸਹਾਰਾ ਪ੍ਰਦਾਨ ਕਰਦੀ ਹੈ, ਜਿਸ ਨਾਲ ਪਰਵਾਰਾਂ 'ਤੇ ਆਰਥਿਕ ਬੋਝ ਘੱਟ ਹੁੰਦਾ ਹੈ ਅਤੇ ਲੜਕੀਆਂ ਦਾ ਵਿਆਹ ਸਨਮਾਨਪੂਰਵਕ ਢੰਗ ਨਾਲ ਕਰਨ ਵਿੱਚ ਮਦਦ ਮਿਲਦੀ ਹੈ। ਉਨ੍ਹਾਂ ਕਿਹਾ ਕਿ ਇਸ ਸਕੀਮ ਨਾਲ ਲੋੜਵੰਦ ਪਰਿਵਾਰਾਂ ਨੂੰ ਧੀਆਂ ਦੇ ਵਿਆਹ ਸਮੇਂ ਵੱਡੀ ਰਾਹਤ ਮਿਲ ਰਹੀ ਹੈ ਅਤੇ ਸਮਾਜਿਕ ਸੁਰੱਖਿਆ ਨੂੰ ਹੋਰ ਮਜ਼ਬੂਤੀ ਮਿਲ ਰਹੀ ਹੈ।

## ਡਾ. ਅੰਬੇਡਕਰ ਦੇ ਜਨਮ ਉਤਸਵ ਦਾ ਸੱਦਾ-ਪੱਤਰ ਕੀਤਾ ਰਿਲੀਜ਼

**ਜਲੰਧਰ (ਰਾਜੇਸ਼ ਥਾਪਾ)**

ਅੰਬੇਡਕਰ ਮਿਸ਼ਨ ਸੁਸਾਇਟੀ ਪੰਜਾਬ ਦੀ ਕਾਰਜਕਾਰਨੀ ਕਮੇਟੀ ਦੀ ਮੀਟਿੰਗ ਸੁਸਾਇਟੀ ਦੇ ਪ੍ਰਧਾਨ ਪ੍ਰੋ. ਬਲਬੀਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ 14 ਅਪ੍ਰੈਲ ਨੂੰ ਡਾ. ਭੀਮ ਰਾਓ ਅੰਬੇਡਕਰ ਦੇ 135ਵੇਂ ਜਨਮ ਉਤਸਵ ਦੀਆਂ



ਤਿਆਰੀਆਂ ਦਾ ਜਾਇਜ਼ਾ ਲਿਆ ਗਿਆ। ਸੁਸਾਇਟੀ ਵੱਲੋਂ ਮੀਟਿੰਗ ਵਿੱਚ ਬਾਬਾ ਸਾਹਿਬ ਡਾ.ਅੰਬੇਡਕਰ ਦੇ ਜਨਮ ਦਿਵਸ ਸਮਾਗਮ ਦਾ ਸੱਦਾ-ਪੱਤਰ ਵੀ ਰਿਲੀਜ ਕੀਤਾ ਗਿਆ। ਪ੍ਰਸਿੱਧ ਅੰਬੇਡਕਰੀ, ਮਹਾਨ ਚਿੰਤਕ, ਨਿਡਰ ਬੁਲਾਰੇ, ਭੀਮ ਪਤ੍ਰਿਕਾ ਦੇ ਸੰਪਾਦਕ ਸ੍ਰੀ ਲਹੌਰੀ ਰਾਮ ਬਾਲੀ ਨੇ ਆਪਣੇ ਹੋਰ ਅੰਬੇਡਕਰਵਾਦੀ ਸਾਥੀਆਂ ਦੇ ਸਹਿਯੋਗ ਨਾਲ ਅੰਬੇਡਕਰ ਮਿਸ਼ਨ ਸੁਸਾਇਟੀ ਪੰਜਾਬ ਦਾ ਗਠਨ 1978 ਵਿੱਚ ਕੀਤਾ ਸੀ। ਸੁਸਾਇਟੀ ਦਾ ਮੁੱਖ ਦਫਤਰ ਬਾਬਾ ਸਾਹਿਬ ਦੀ ਚਰਨ-ਛੋਹ ਪ੍ਰਾਪਤ ਇਤਿਹਾਸਿਕ ਭੂਮੀ ਅੰਬੇਡਕਰ ਭਵਨ, ਡਾ. ਅੰਬੇਡਕਰ ਮਾਰਗ ਜਲੰਧਰ ਵਿਖੇ ਹੈ ਅਤੇ ਇਹ ਆਪਣੀਆਂ ਗਤੀਵਿਧੀਆਂ ਉਥੋਂ ਹੀ ਚਲਾਉਂਦੀ ਹੈ। 1978 ਤੋਂ, ਅੰਬੇਡਕਰ ਮਿਸ਼ਨ ਸੁਸਾਇਟੀ ਲਗਾਤਾਰ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਨ ਬਹੁਤ ਧੂਮਧਾਮ ਅਤੇ ਸ਼ਰਧਾ ਨਾਲ ਮਨਾਉਂਦੀ ਆ ਰਹੀ ਹੈ। ਇਸ ਵਾਰ 14 ਅਪ੍ਰੈਲ ਨੂੰ ਸਮਾਗਮ ਵਿੱਚ ਪ੍ਰੋਫੈਸਰ ਅਨਵਰ ਪਾਸ਼ਾ-ਸਾਬਕਾ ਚੇਅਰਪਰਸਨ, ਭਾਰਤੀ ਭਾਸ਼ਾਵਾਂ ਕੇਂਦਰ, ਜੇ ਐਨ ਯੂ, ਨਵੀਂ ਦਿੱਲੀ ਬਤੌਰ ਮੁੱਖ ਮਹਿਮਾਨ ਪਹੁੰਚ ਰਹੇ ਹਨ ਤੇ ਕਾਮਰੇਡ ਮੰਗਤ ਰਾਮ ਪਾਸਲਾ-ਪ੍ਰਸਿੱਧ ਸਮਾਜਿਕ ਚਿੰਤਕ ਅਤੇ ਮਜ਼ਦੂਰ ਨੇਤਾ, ਮੁੱਖ ਬੁਲਾਰੇ ਵਜੋਂ ਸ਼ਿਰਕਤ ਕਰਨਗੇ। ਇਸ ਤੋਂ ਪਹਿਲਾਂ ਵੀ ਸੁਸਾਇਟੀ ਨੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਦੇ ਵਿਦਵਾਨਾ ਨੂੰ ਲੋਕਾਂ ਦੇ ਰੂਬਰੂ ਕਰਵਾਇਆ ਹੈ। ਇਹ ਜਾਣਕਾਰੀ ਅੰਬੇਡਕਰ ਮਿਸ਼ਨ ਸੁਸਾਇਟੀ ਦੇ ਜਨਰਲ ਸਕੱਤਰ ਬਲਦੇਵ ਰਾਜ ਭਾਰਦਵਾਜ ਨੇ ਇੱਕ ਪ੍ਰੈਸ ਬਿਆਨ ਜਾਰੀ ਕਰਕੇ ਦਿੱਤੀ। ਇਸ ਮੌਕੇ ਚਰਨ ਦਾਸ ਸੰਧੂ, ਪਰਮਿੰਦਰ ਸਿੰਘ ਖੁੱਤਨ, ਪਰਮਜੀਤ ਜੱਸਲ, ਐਡਵੋਕੇਟ ਹਰਭਜਨ ਸਾਂਪਲਾ, ਜਸਵਿੰਦਰ ਵਰਿਆਣਾ, ਤਿਲਕ ਰਾਜ, ਡਾ. ਮਹਿੰਦਰ ਸੰਧੂ, ਨਿਰਮਲ ਬਿੰਜੀ, ਪ੍ਰੋ. ਅਸ਼ਵਨੀ ਜੱਸਲ, ਸਤਨਾਮ ਸਿੰਘ ਬਧਾਵਨ ਆਈ ਐੱਫ ਐੱਸ (ਰਿਟਾ.) ਤੇ ਪ੍ਰਿੰਸੀਪਲ ਡਾ. ਕੇ ਐੱਸ ਫੁੱਲ ਹਾਜ਼ਰ ਸਨ।



ਬੰਗਾ ਹਲਕੇ ਦੇ ਪਿੰਡ ਮੇਹਲੀ ਤੋਂ ਮੰਦਰ ਦਿਓਟ ਸਿੱਧ ਬਾਬਾ ਬਾਲਕ ਨਾਥ (ਹਿਮਾਚਲ ਪ੍ਰਦੇਸ਼)ਦੇ ਦਰਸ਼ਨਾਂ ਨੂੰ ਸੰਗਤਾਂ ਪਹੁੰਚੀਆਂ। (ਫੋਟੋ ਤੇ ਵੇਰਵਾ : ਅਵਤਾਰ ਕਲੇਰ ਬੰਗਾ)

## ਸੰਤ ਬਾਬਾ ਨਿਧਾਨ ਸਿੰਘ ਦੇ ਜਨਮ ਦਿਹਾੜੇ ਮੌਕੇ ਗੁਰਮਤਿ ਸਮਾਗਮ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਨਡਾਲੋਂ ਵਿਖੇ ਗੁਰਦੁਆਰਾ ਸੰਤ ਬਾਬਾ ਦੀਵਾਨ ਸਿੰਘ ਜੀ-ਸੰਤ ਬਾਬਾ ਨਿਧਾਨ ਸਿੰਘ ਜੀ ਜਨਮ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਐਨ ਆਰ ਆਈ ਤੇ ਇਲਾਕੇ ਦੇ ਸਹਿਯੋਗ ਨਾਲ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਤ ਬਾਬਾ ਨਿਧਾਨ ਸਿੰਘ ਦਾ ਜਨਮ ਦਿਹਾੜੇ ਮੌਕੇ ਮਹਾਨ ਗੁਰਮਤਿ ਸਮਾਗਮ ਸ਼ਰਧਾ ਭਾਵਨਾ ਨਾਲ ਕਰਵਾਏ ਗਏ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜਸਵਿੰਦਰ ਸਿੰਘ ਨਡਾਲੋਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸੰਤ ਬਾਬਾ ਨਿਧਾਨ ਸਿੰਘ ਜੀ ਜਨਮ ਦਿਹਾੜੇ ਮੌਕੇ ਸਮਾਗਮ ਦੌਰਾਨ 46 ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਲੜੀ ਦੇ ਭੋਗ ਪਾਏ ਗਏ। ਉਪਰੰਤ ਖੁੱਲ੍ਹੇ ਪੰਡਾਲ ਵਿੱਚ ਸੰਤ ਬਾਬਾ ਗੁਲਾਬ ਸਿੰਘ ਸ੍ਰੀ ਚਮਕੌਰ ਸਾਹਿਬ, ਭਾਈ ਸੁਖਦੇਵ ਸਿੰਘ ਡੱਲਾ ਕਥਾ ਵਾਚਕ, ਗਿਆਨੀ ਦੀਦਾਰ ਸਿੰਘ ਸੰਗਤਪੁਰ ਇੰਟਰਨੈਸ਼ਨਲ ਢਾਡੀ ਜੱਥਾ, ਭਾਈ ਸੁਖਦੇਵ ਸਿੰਘ ਨਡਾਲੋ, ਭਾਈ ਚਾਣਕ ਸਿੰਘ ਹਜ਼ੂਰੀ ਰਾਗੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਆਨੰਦਪੁਰ ਸਾਹਿਬ, ਭਾਈ ਗੁਰਪ੍ਰਤਾਪ ਸਿੰਘ ਪ੍ਰਦਮ ਇੰਟਰਨੈਸ਼ਨਲ ਢਾਡੀ ਜੱਥਾ ਆਦਿ ਗੁਰਬਾਣੀ ਗੁਰਇਤਿਹਾਸ ਕਥਾ ਕੀਰਤਨ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਸਮਾਗਮ ਦੌਰਾਨ ਡਾਕਟਰ ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਹੁਸ਼ਿਆਰਪੁਰ, ਜਥੇਦਾਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ, ਡਾਕਟਰ ਜੰਗ ਬਹਾਦਰ ਸਿੰਘ ਰਾਏ, ਪ੍ਰੋਫੈਸਰ ਅਰਪਿੰਦਰ ਸਿੰਘ ਮਾਹਿਲਪੁਰ, ਤਰਸੇਮ ਸਿੰਘ ਜੱਸੋਵਾਲ, ਜਥੇਦਾਰ ਪਰਮਜੀਤ ਸਿੰਘ ਜਲਵੇਹੜਾ ਆਦਿ ਸ਼ਖ਼ਸ਼ੀਅਤਾਂ ਨੇ ਪੁੱਜ ਕੇ ਹਾਜ਼ਰੀ ਭਰੀ।ਪ੍ਰਬੰਧਕਾਂ ਵੱਲੋਂ ਆਏ ਹੋਏ ਰਾਗੀ ਜੱਥੇ, ਪ੍ਰਮੁੱਖ ਸ਼ਖ਼ਸ਼ੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਸਮਾਗਮ ਦੌਰਾਨ ਮੈਡੀਕਲ ਕੈਂਪ, ਖ਼ੂਨਦਾਨ ਕੈਂਪ ਅਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਇਸ ਮੌਕੇ ਪ੍ਰਧਾਨ ਜਸਵਿੰਦਰ ਸਿੰਘ ਪ੍ਰਿੰਸੀਪਲ ਸਤਪਾਲ ਸਿੰਘ ਗੁਰਮੁੱਖ ਸਿੰਘ ਤੋ ਇਲਾਵਾ ਵੱਡੀ ਗਿਣਤੀ ਵਿੱਚ ਇਲਾਕੇ ਭਰ ਤੋਂ ਸੰਗਤਾਂ ਹਾਜ਼ਰ ਸਨ। ਸਮਾਗਮ ਦੌਰਾਨ ਚਾਹ ਪਕੌੜੇ ਤੇ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਗਏ।



## ਅਲਾਇੰਸ ਕਲੱਬ ਇੰਟਰਨੈਸ਼ਨਲ ਦੀ ਕਨਵੈਨਸ਼ਨ ਸੰਪੰਨ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਅਲਾਇੰਸ ਕਲੱਬ ਇੰਟਰਨੈਸ਼ਨਲ ਦੀ ਜੈਪੁਰ ਵਿਖੇ 18ਵੀਂ ਕੰਵੈਨਸ਼ਨ ਵਿੱਚ ਹੁਸ਼ਿਆਰਪੁਰ ਦੇ ਅਲਾਇੰਸ ਪਰਿਵਾਰ ਵੱਲੋਂ ਅਲਾਇੰਸ ਡਿਸਟ੍ਰਿਕ 119 ਦੇ ਨੁਮਾਇੰਦਿਆਂ ਨੇ ਭਾਗ ਲਿਆ। ਜਿਸ ਵਿੱਚ ਐਲੀ.




ਅਸ਼ੋਕ ਪੁਰੀ, ਐਲੀ. ਐਡਵੋਕੇਟ ਐਸ.ਪੀ. ਰਾਣਾ, ਐਲੀ. ਰਮੇਸ਼ ਕੁਮਾਰ, ਐਲੀ. ਡਾ ਐਸ.ਪੀ ਜੋਸ਼ੀ, ਡਿਸਟ੍ਰਿਕ ਗਵਰਨਰ ਐਲੀ. ਵਿਵੇਕ ਸਾਹਨੀ, ਐਲੀ. ਅਸ਼ਵਨੀ ਕੁਮਾਰ ਦੱਤਾ ਤੇ ਐਲੀ. ਡਾ. ਐਸ.ਪੀ ਜੋਸ਼ੀ ਵਿਸ਼ੇਸ਼ ਤੌਰ ਤੇ ਹਾਜ਼ਿਰ ਹੋਏ। ਲਾਇੰਸ ਅਤੇ ਰੋਟਰੀ ਦੇ 100 ਸਾਲਾ ਇਤਿਹਾਸ ਤੋਂ ਬਾਅਦ ਅੰਤਰਰਾਸ਼ਟਰੀ ਸਮਾਜ ਸੇਵੀ ਸੰਸਥਾ ਅਲਾਇੰਸ ਕਲੱਬ ਇੰਟਰਨੈਸ਼ਨਲ ਦੀ 18ਵੀਂ ਕੰਵੈਨਸ਼ਨ ਜੈਪੁਰ ਵਿਖੇ ਸਫਲਤਾ ਪੂਰਵਕ ਹੋਈ। ਇਸ ਵਿੱਚ ਰਾਸ਼ਟਰੀ ਪੱਧਰ ਤੇ ਉੱਤਰ,ਪੂਰਵ, ਦੱਖਣ ਅਤੇ ਪੱਛਮ ਦੇ ਮਲਟੀਪਲ ਵਿੱਚ ਕੰਮ ਕਰ ਰਹੀਆਂ ਸੰਸਥਾਵਾਂ ਨੂੰ ਸਨਮਾਨਿਤ ਕਰਨ ਉਪਰੰਤ ਸਾਲ 2026-27 ਦੇ ਇੰਟਰਨੈਸ਼ਨਲ ਪ੍ਰੈਜੀਡੈਂਟ ਐਲੀ. ਮਨੀਸ਼ ਲਕੋਟੀਆ (ਈਸਟ ਮਲਟੀਪਲ), ਵਾਇਸ ਪ੍ਰੈਜੀਡੈਂਟ ਐਲੀ. ਐਮ.ਐਲ ਗੁਪਤਾ(ਵੈਸਟ ਮਲਟੀਪਲ) ਅਤੇ ਸੈਕੰਡ ਵਾਇਸ ਪ੍ਰੈਜੀਡੈਂਟ ਐਲੀ. ਅਸ਼ੋਕ ਪੁਰੀ ਨੂੰ ਚੁਣਿਆ ਗਿਆ ।ਨੌਰਥ ਮਲਟੀਪਲ ਵਿੱਚ 2008 ਤੋਂ ਸਰਗਰਮ ਪੰਜਾਬ ਦੇ ਅਲਾਇੰਸ ਪਰਿਵਾਰ ਨੂੰ ਇਹ ਪਹਿਲੀਂ ਵਾਰ ਨੁਮਾਇੰਦਗੀਂ ਮਿਲੀ ਹੈ, ਐਲੀ. ਅਸ਼ੋਕ ਪੁਰੀ 2004 ਤੋਂ 2014 ਤੱਕ ਸਰਗਰਮ ਰਹੇ ਅਤੇ ਉਹਨਾਂ 2015 ਤੋਂ ਹੁਣ ਤੱਕ ਹਿਮਾਚਲ ਅਤੇ ਪੰਜਾਬ ਦੇ ਹਿਮਾਚਲ ਦੀ ਹੱਦ ਨਾਲ ਜੁੜਦੇ ਜ਼ਿਲ੍ਹੇ ਪਠਾਨਕੋਟ, ਹੁਸ਼ਿਆਰਪੁਰ, ਰੋਪੜ, ਲੁਧਿਆਨਾ ਅਤੇ ਨਵਾਂ ਸ਼ਹਿਰ ਵਿੱਚ ਸਰਗਰਮ ਰਹੇ ਹਨ। ਉਨ੍ਹਾਂ ਦੀ ਇਸ ਸਫਲਤਾ ਵਿੱਚ 2004 ਤੋਂ 22 ਸਾਲਾਂ ਦੀ ਸਖਤ ਘਾਲਣਾ ਅਤੇ ਸਫਲ ਪ੍ਰਬੰਧਕੀ ਕਾਰਗੁਜਾਰੀ ਦਾ ਸਨਮਾਨ ਹੈ ।

## ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਨਵੇਂ ਚੁਣੇ ਅਹੁਦੇਦਾਰ ਸਨਮਾਨਤ



**ਬਲਾਚੌਰ (ਜਸਵਿੰਦਰ ਬੈਂਸ/ਰਾਮ ਲਾਲ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ (ਨਵਾਂ ਸ਼ਹਿਰ) ਦੇ ਪਾਰਟੀ ਆਗੂਆਂ ਨੂੰ ਵੱਖ-ਵੱਖ ਵਿੰਗਾਂ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਇਸ ਦੇ ਸੰਦਰਭ ਵਿੱਚ, ਜ਼ਿਲ੍ਹੇ ਦੇ ਨਵੇਂ ਨਿਯੁਕਤ ਅਹੁਦੇਦਾਰਾਂ ਨੂੰ ਸਨਮਾਨਿਤ ਕਰਨ ਲਈ ਇੱਕ ਵਿਸ਼ੇਸ਼ ਸਮਾਗਮ ਸੀਨੀਅਰ ਅਕਾਲੀ ਆਗੂ ਅਸ਼ੋਕ ਕੁਮਾਰ ਨਾਨੋਵਾਲ ਵੱਲੋਂ ਸ਼ਿਵਾਲਿਕ ਰੈਸਟੋਰੈਂਟ ਬਲਾਚੌਰ ਵਿਖੇ ਕੀਤਾ ਗਿਆ। ਸਮਾਗਮ ਵਿੱਚ ਉਚੇਚੇ ਤੌਰ ਤੇ ਪੁੱਜੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਆਬਜਰਬਰ ਕਮਲ ਚੇਤਲੀ ਨੇ ਕਿਹਾ ਕਿ ਪੰਜਾਬ ਦੇ ਲੋਕ ਸ਼੍ਰੋਮਣੀ ਅਕਾਲੀ ਦਲ ਵੱਲੋਂ ਆਪਣੇ ਕਾਰਜਕਾਲ ਵਿੱਚ ਕੀਤੇ ਹੋਏ ਵਿਕਾਸ ਦੇ ਕੰਮਾਂ ਨੂੰ ਚੇਤੇ ਕਰਦੇ ਹੋਏ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਨਾਉਣ ਦਾ ਮਨ ਬਣਾ ਚੁੱਕੇ ਹਨ। ਉਨ੍ਹਾਂ ਨੇ ਸਮੂਹ ਆਗੂਆਂ ਨੂੰ ਇੱਕਮੁੱਠ ਹੋ ਕੇ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪੁਹੰਚਾਉਣ ਦੀ ਅਪੀਲ ਕੀਤੀ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਸੁਖਦੀਪ ਸਿੰਘ ਸ਼ੁਕਾਰ ਨੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾ ਆਪਣੇ ਵਰਕਰਾਂ ਦੀ ਮਿਹਨਤ ਦਾ ਮੁੱਲ ਪਾਇਆ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਬੁਲਾਰੇ ਜਥੇਦਾਰ ਗੁਰਬਖਸ਼ ਸਿੰਘ ਖਾਲਸਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਥ, ਪੰਜਾਬ ਪੰਜਾਬੀ ਤੇ ਪੰਜਾਬੀਅਤ ਦੀ ਮੁੱਦਈ ਪਾਰਟੀ ਹੈ ਜਿਸ ਨੇ ਹਮੇਸ਼ਾ ਹਰ ਵਰਗ ਦੀ ਭਲਾਈ ਲਈ ਕੰਮ ਕੀਤਾ ਹੈ। ਬਲਾਚੌਰ ਹਲਕੇ ਤੋਂ ਸੀਨੀਅਰ ਅਕਾਲੀ ਆਗੂ ਅਤੇ ਸਮਾਗਮ ਦੇ ਮੁੱਖ ਪ੍ਰਬੰਧਕ ਅਸ਼ੋਕ ਕੁਮਾਰ ਨਾਨੋਵਾਲ ਨੇ ਕਿਹਾ ਕਿ ਪੰਜਾਬ ਨੂੰ ਲੋੜ ਹੈ ਕਿ ਪੰਜਾਬ ਦੇ ਹੱਕਾਂ ਤੇ ਹਿੱਤਾਂ ਲਈ ਲੜਨ ਵਾਲੀ ਪਾਰਟੀ ਨੂੰ ਅੱਗੇ ਲਿਆਂਦਾ ਜਾਵੇ।ਇਸ ਪ੍ਰੋਗਰਾਮ ਵਿੱਚ ਸਤਨਾਮ ਸਿੰਘ ਸਾਬਕਾ ਡੀ ਐਸ ਪੀ, ਪ੍ਰੇਮ ਟੋਰੋਵਾਲ, ਗੁਰਨਾਮ ਸਿੰਘ ਥੋਪੀਆ, ਅਸ਼ਵਨੀ ਬੱਗੂਵਾਲ, ਦਿਨੇਸ਼ ਕਰੀਹਾ ਐਸ ਸੀ ਵਿੰਗ ਜ਼ਿਲ੍ਹਾ ਪ੍ਰਧਾਨ, ਨਰੇਸ਼ ਕਰੀਮਪੁਰ ਚਾਹਵਾਲਾ, ਹਰੀਪਾਲ ਜਾਡਲੀ, ਹਜ਼ੂਰਾ ਸਿੰਘ, ਜੋਗਿੰਦਰ ਅਟਵਾਲ, ਰਣਵੀਰ ਸਿੰਘ ਭੱਟੀ, ਵਿਜੇ ਕੁੱਕੜ ਸੂਹਾ, ਅਜਮੇਰ ਭਰਾਪੁਰ, ਗੁਰਵਿੰਦਰ ਸਿੰਘ, ਚੰਨੀ ਚਾਂਦਪੁਰ ਰੁੜਕੀ, ਸੁਰਿੰਦਰ ਰੌੜੀ, ਸੁਰਿੰਦਰ ਪਟਵਾਰੀ, ਸਤਿ ਪਾਲ ਆਦਿ ਤੋਂ ਇਲਾਵਾ ਬਹੁ ਗਿਣਤੀ ਅਕਾਲੀ ਵਰਕਰ ਆਗੂ ਹਾਜ਼ਿਰ ਸਨ।

## ਸੇਵਾਮੁਕਤੀ 'ਤੇ ਪ੍ਰਿੰਸੀਪਲ ਹਰਮੇਸ਼ ਘੇੜਾ ਦਾ ਸਨਮਾਨ ਸਮਾਰੋਹ ਕਰਵਾਇਆ



**ਫਗਵਾੜਾ (ਡਾ. ਰਮਨ)**

ਧਨੀ ਪਿੰਡ ਸਕੂਲ 'ਚ ਪ੍ਰਿੰਸੀਪਲ ਹਰਮੇਸ਼ ਲਾਲ ਘੇੜਾ (ਸਟੇਟ ਐਵਾਰਡੀ) ਦੀ ਸੇਵਾ ਮੁਕਤੀ ਤੇ ਸਕੂਲ ਸਟਾਫ, ਪ੍ਰਬੰਧਕੀ ਕਮੇਟੀਆਂ ਅਤੇ ਗ੍ਰਾਮ ਪੰਚਾਇਤ ਵੱਲੋਂ ਸ਼ਾਨਦਾਰ ਸਨਮਾਨ ਸਮਾਰੋਹ ਆਯੋਜਿਤ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਹਰਮੇਸ਼ ਘੇੜਾ,ਉਹਨਾਂ ਦੀ ਧਰਮ ਪਤਨੀ ਕਮਲੇਸ਼ ਕੁਮਾਰੀ ਘੇੜਾ,ਬੇਟੀ ਐਡਵੋਕੇਟ ਹਰਕਮਲਪ੍ਰੀਤ ਘੇੜਾ ਅਤੇ ਬੇਟਾ ਐਡਵੋਕੇਟ ਦਮਨਪ੍ਰੀਤ ਘੇੜਾ ਦਾ ਸਕੂਲ ਪਹੁੰਚਣ ਤੇ ਸਕੂਲ ਸਟਾਫ ਗ੍ਰਾਮ ਪੰਚਾਇਤ ਅਤੇ ਪ੍ਰਬੰਧਕੀ ਕਮੇਟੀਆਂ ਵੱਲੋਂ ਗੁਲਦਸਤਾ ਫੁੱਲਾਂ ਦੇ ਹਾਰ ਪਾ ਕੇ ਤੇ ਵਿਦਿਆਰਥੀਆਂ ਵੱਲੋਂ ਫੁੱਲਾਂ ਦੀ ਵਰਖਾ ਕਰਕੇ ਆਏ ਹੋਏ ਮਹਿਮਾਨਾ ਦਾ ਸਵਾਗਤ ਕੀਤਾ ਗਿਆ। ਇਸ ਉਪਰੰਤ ਪ੍ਰਿੰਸੀਪਲ ਹਰਮੇਸ਼ ਘੇੜਾ ਨੇ ਆਪਣੇ ਕਰ ਕਮਲਾਂ ਨਾਲ ਸਕੂਲ ਵਿੱਚ 9.55 ਲੱਖ ਦੀ ਲਾਗਤ ਨਾਲ ਨਵੇਂ ਬਣੇ ਐਡੀਸ਼ਨਲ ਕਲਾਸ ਰੂਮ ਦਾ ਉਦਘਾਟਨ ਕੀਤਾ। ਇਸ ਮੌਕੇ ਪੰਜਾਬੀ ਵਿਰਾਸਤੀ ਸੱਭਿਆਚਾਰਕ ਪਾਰਕ ਵਿੱਚ ਫੋਟੋਗ੍ਰਾਫੀ ਕਰਨ ਉਪਰੰਤ ਝੰਡੇ ਅਤੇ ਮਸ਼ਾਲ ਦੀ ਰਸਮ ਅਦਾ ਕਰਨ ਤੋਂ ਬਾਅਦ ਸਟੇਜ ਦਾ ਪ੍ਰੋਗਰਾਮ ਸ਼ੁਰੂ ਹੋਇਆ। ਵੱਖ ਵੱਖ ਬੁਲਾਰਿਆਂ ਨੇ ਪ੍ਰਿੰਸੀਪਲ ਹਰਮੇਸ਼ ਲਾਲ ਘੇੜਾ ਵੱਲੋਂ ਸਿੱਖਿਆ ਅਤੇ ਖੇਡਾਂ ਦੇ ਖੇਤਰ ਵਿੱਚ ਨਿਭਾਈਆਂ ਹੋਈਆਂ ਸ਼ਾਨਦਾਰ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪ੍ਰਿੰਸੀਪਲ ਘੇੜਾ ਵੱਲੋਂ ਸਿੱਖਿਆ ਵਿਭਾਗ ਵਿੱਚ ਕੀਤੇ ਹੋਏ ਕਾਰਜ ਇੱਕ ਮੀਲ ਪੱਥਰ ਦੀ ਤਰਾਂ ਸਥਾਪਿਤ ਰਹਿਣਗੇ। ਇਸ ਮੌਕੇ ਤੇ ਗੁਰਮੇਲ ਰਾਮ ਘੇੜਾ, ਹਰਭਜਨ ਖਲਵਾੜਾ,ਲਖਵੀਰ ਘੇੜਾ, ਪ੍ਰਿੰਸੀਪਲ ਸੱਤਪਾਲ ਸੋਢੀ, ਪ੍ਰਿੰਸੀਪਲ ਗੁਰਮੀਤ ਲੁੱਗਾ, ਸਾਬਕਾ ਡੀ.ਈ.ਓ. ਰੂਪ ਲਾਲ ਰੂਪ, ਬਲਜਿੰਦਰ ਸਿੰਘ ਸਾਬਕਾ ਸਾਇੰਸ ਸੁਪਰਵਾਈਜ਼ਰ,ਪ੍ਰਿੰਸੀਪਲ ਮਲੂਕ ਚੰਦ ਕਲੇਰ ਵਾਈਸ ਪ੍ਰਿੰਸੀਪਲ ਰਿਸ਼ੀ ਕੁਮਾਰ, ਸਮੂਹ ਸਟਾਫ ਮੈਂਬਰ, ਇਲਾਕੇ ਭਰ ਤੋਂ ਸਕੂਲਾਂ ਦੇ ਅਧਿਆਪਕ, ਪਿੰਡ ਦੇ ਮੋਹਤਬਰ ਤੇ ਪਤਵੰਤੇ ਸੱਜਣ ਸਨ।

## ਪ੍ਰੈੱਸ ਕਲੱਬ ਵੱਲੋਂ ਹੋਣਹਾਰ ਵਿਦਿਆਰਥਣਾਂ ਦਾ ਸਨਮਾਨ



**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਮੋਰਿੰਡਾ ਪ੍ਰੈੱਸ ਕਲੱਬ ਬਲਾਕ ਮੋਰਿੰਡਾ ਵਲੋਂ ਪਿੰਡ ਖੈਰਪੁਰ ਵਿਖੇ ਵੱਖ ਵੱਖ ਕਲਾਸਾਂ ਦੇ ਐਲਾਨੇ ਨਤੀਜਿਆਂ ਵਿੱਚ ਅਵੱਲ ਆਈਆਂ ਵਿਦਿਆਰਥਣਾਂ ਨੂੰ ਸਨਮਾਨਤ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਯੂਵਕ ਸੇਵਾਵਾਂ ਕਲੱਬ ਖੈਰਪੁਰ ਦੇ ਪ੍ਰਧਾਨ ਬਿਕਰਮਜੀਤ ਸਿੰਘ ਬਿੱਕੀ ਨੇ ਦੱਸਿਆ ਕਿ ਮੋਰਿੰਡਾ ਪ੍ਰੈਸ ਕਲੱਬ ਬਲਾਕ ਮੋਰਿੰਡਾ ਦੇ ਪ੍ਰਧਾਨ ਕਰਨੈਲ ਸਿੰਘ ਜੀਤ, ਸਮਾਜ ਸੇਵਕ ਹਰਮਿੰਦਰ ਸਿੰਘ ਲੱਕੀ ਤੇ ਦਵਿੰਦਰ ਸਿੰਘ ਦੇਵਗਨ ਨੇ ਵਿਸ਼ੇਸ਼ ਤੌਰ 'ਤੇ ਪਿੰਡ ਖੈਰਪੁਰ ਵਿਖੇ ਪਹੁੰਚ ਕੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਢੰਗਰਾਲੀ ਦੀ ਸਤਵੀਂ ਕਲਾਸ ਵਿੱਚੋਂ ਪਹੀਲੇ ਨੰਬਰ ਤੇ ਆਈ ਹਰਪ੍ਰੀਤ ਕੌਰ, ਦੂਜੇ ਸਥਾਨ ਤੇ ਆਈ ਗਗਨਪ੍ਰੀਤ ਕੌਰ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੀ ਹਰਪ੍ਰੀਤ ਕੌਰ ਦਾ ਸਿਰੋਪਾਓ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਿਦਿਆਰਥਣਾਂ ਨੂੰ ਕਾਪੀਆਂ ਪੈਨ ਆਦਿ ਸਟੇਸ਼ਨਰੀ ਦਾ ਸਮਾਨ ਅਤੇ ਵਿਤੀ ਸਹਾਇਤਾ ਵੀ ਦਿੱਤੀ ਗਈ। ਉਹਨਾਂ ਬੱਚੀਆਂ ਨੂੰ ਆਖਿਆ ਕਿ ਉਹ ਉੱਚ ਸਿੱਖਿਆ ਵਿੱਚ ਵੀ ਚੰਗੇ ਨੰਬਰ ਹਾਸਲ ਕਰਨ। ਪ੍ਰੈਸ ਕਲੱਬ ਹਮੇਸ਼ਾ ਉਹਨਾਂ ਦੀ ਚੜਦੀ ਕਲਾ ਲਈ ਸਹਿਯੋਗ ਕਰਦਾ ਰਹੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪੱਤਰਕਾਰ ਹਰਜਿੰਦਰ ਸਿੰਘ ਛਿੱਬਰ, ਰਾਜਕੁਮਾਰ ਦਸੌਂੜ, ਗੁਰਮੀਤ ਸਿੰਘ ਚੋਪੜਾ, ਸਾਬਕਾ ਸਰਪੰਚ ਸੁਰਿੰਦਰ ਕੌਰ, ਸੁਖਜੋਤ ਸਿੰਘ, ਹਰਮਨ ਸਿੰਘ, ਸੁਖਮਨੀ ਕੌਰ ਆਦਿ ਕਲੱਬ ਦੇ ਮੈਂਬਰ ਪਤਵੰਤੇ ਸੱਜਣ ਹਾਜ਼ਰ ਸਨ।

## ਵਧੀਆ ਪੁਜ਼ੀਸ਼ਨ ਪ੍ਰਾਪਤ ਕਰਨ ਵਾਲੇ ਬੱਚੇ ਸਨਮਾਨਤ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**-ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਵਿਖੇ ਸਕੂਲ ਆਫ ਐਮੀਨਸ( ਮਹਿੰਦੀਪੁਰ) ਦੇ ਸਾਲਾਨਾ ਪ੍ਰੀਖਿਆ ਦੇ ਨਤੀਜੇ ਐਲਾਨ ਕੀਤੇ ਗਏ ਹਨ। ਇਸ ਸਾਲ ਵੀ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਪਲੱਸ ਵਨ ਮੈਡੀਕਲ ਵਿੱਚ ਚਾਹਤ ਰਾਣਾ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਦੂਜੇ ਸਥਾਨ ਤੇ ਮੰਨਤ ਅਤੇ ਤੀਜੇ ਸਥਾਨ ਤੇ ਗੁਰਲੀਨ ਨੇ ਚੰਗੇ ਅੰਕ ਲੈ ਕੇ ਜਿੱਥੇ ਆਪਣੇ ਜਿਲੇ ਦੇ



ਸਕੂਲ ਅਤੇ ਮਾਪਿਆਂ ਦਾ ਨਾ ਰੋਸ਼ਨ ਕੀਤਾ ਨੌਵੀਂ ਜਮਾਤ ਵਿੱਚ ਵੰਸ਼ਿਕਾ ਨੇ ਪਹਿਲਾ ਸਥਾਨ, ਹਰਲੀਨ ਨੇ ਦੂਜਾ ਅਤੇ ਅੰਸ਼ਪ੍ਰੀਤ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ ਸੱਤਵੀਂ ਜਮਾਤ ਵਿੱਚ ਵਾਨੀ ਮਹਿਰਾ ਨੇ ਪਹਿਲਾ ਸਥਾਨ ਅਤੇ ਪ੍ਰਭਜੋਤ ਸਿੰਘ ਨੇ ਦੂਜਾ ਅਤੇ ਖੁਸ਼ੀ ਨੇ ਤੀਜਾ ਸਥਾਨ ਪ੍ਰਾਪਤ ਕਰਕੇ ਆਪਣਾ ਅਤੇ ਮਾਪਿਆਂ ਤੇ ਸਕੂਲ ਦਾ ਨਾਂ ਰੋਸ਼ਨ ਕੀਤਾ। ਪਰਸ਼ਾਂਤ ਨੇ ਪਹਿਲਾਂ ਸਥਾਨ, ਨਮਿਤਾ ਨੇ ਦੂਜਾ ਸਥਾਨ ਅਤੇ ਅਦਿਤਿਆ ਗੌਤਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਜਸਵਿੰਦਰ ਬੈਂਸ ਵੱਲੋਂ ਬੱਚਿਆਂ ਨੂੰ ਸਨਮਾਨਿਤ ਚਿੰਨ ਦੇ ਕੇ ਬੱਚਿਆਂ ਦੀ ਹੌਸਲਾ ਵਧਾਈ ਕੀਤੀ ਇਸ ਮੌਕੇ ਤੇ ਪ੍ਰਿੰਸੀਪਲ ਜਗਮੋਹਣ ਸਿੰਘ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਜਸਵਿੰਦਰ ਬੈਂਸ ਅਧਿਆਪਕ ਵਿਜੇ ਕੁਮਾਰ, ਬਲਵੰਤ ਸਿੰਘ, ਫਕੀਰ ਚੰਦ, ਦਰਸ਼ਨ ਸਿੰਘ, ਰਵਿੰਦਰ ਸਿੰਘ, ਗੁਰਪ੍ਰੀਤ ਮੈਡਮ, ਸੋਨੀਆ ਚੌਧਰੀ, ਪਰਮਿੰਦਰ ਸਿੰਘ ਭੁਪਿੰਦਰ ਕੌਰ ਸਮੂਹ ਸਟਾਫ ਮੈਂਬਰ ਅਤੇ ਕਮੇਟੀ ਮੈਂਬਰ ਹਾਜ਼ਰ ਸਨ।

## ਫੈਟੀ ਲਿਵਰ ਇੱਕ ਗੰਭੀਰ ਸਿਹਤ ਸਮੱਸਿਆ ਵਜੋਂ ਉਭਰਿਆ : ਡਾ. ਮੁਕੇਸ਼ ਕੁਮਾਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਨਾਨ-ਅਲਕੋਹਲਿਕ ਸਟੀਟੋਹੈਪੇਟਾਈਟਸ (ਐਨ ਐਸ ਐਚ ਐਚ), ਫੈਟੀ ਲਿਵਰ ਦੀ ਬਿਮਾਰੀ ਦਾ ਇੱਕ ਉੱਨਤ ਤੇ ਸੰਭਾਵੀ ਤੌਰ 'ਤੇ ਘਾਤਕ ਰੂਪ, ਭਾਰਤ ਵਿੱਚ ਇੱਕ ਗੰਭੀਰ ਸਿਹਤ ਸਮੱਸਿਆ ਵਜੋਂ ਤੇਜ਼ੀ ਨਾਲ ਉੱਭਰ ਰਿਹਾ ਹੈ।ਮਾੜੀ ਜੀਵਨ ਸ਼ੈਲੀ ਦੀਆਂ ਆਦਤਾਂ ਤੇ ਮੈਟਾਬੋਲਿਕ ਵਿਕਾਰ ਵਾਲੇ ਵਿਅਕਤੀਆਂ ਵਿੱਚ ਇਹਨਾਂ ਮਾਮਲਿਆਂ ਦੀ ਗਿਣਤੀ ਵੱਧ ਰਹੀ ਹੈ, । ਲਿਵਾਸਾ ਹਸਪਤਾਲ, ਹੁਸ਼ਿਆਰਪੁਰ ਦੇ ਗੈਸਟਰੋ ਅਤੇ ਲਿਵਰ ਦੇ ਮਾਹਰ ਡਾ. ਮੁਕੇਸ਼ ਕੁਮਾਰ ਨੇ ਕਿਹਾ ਐਨ ਐਸ ਐਚ ਐਚ ਅਕਸਰ ਇੱਕ ਮੁਕਬਿਮਾਰੀ ਹੈ ਜੋ ਬਿਨਾਂ ਕਿਸੇ ਲੱਛਣ ਦੇ ਅੱਗੇ ਵਧਦੀ ਹੈ। ਜਦੋਂ ਤੱਕ ਲੱਛਣ ਦਿਖਾਈ ਦਿੰਦੇ ਹਨ, ਲਿਵਰ ਨੂੰ ਮਹੱਤਵਪੂਰਨ ਨੁਕਸਾਨ ਪਹਿਲਾਂ ਹੀ ਹੋ ਚੁੱਕਾ ਹੁੰਦਾ ਹੈ। ਸਿਰੋਸਿਸ ਜਾਂ ਲਿਵਰ ਫੇਲ੍ਹ ਹੋਣ ਵਰਗੀਆਂ ਅਟੱਲ ਪੇਚੀਦਗੀਆਂ ਨੂੰ ਰੋਕਣ ਲਈ ਸ਼ੁਰੂਆਤੀ ਨਿਦਾਨ ਅਤੇ ਸਮੇਂ ਸਿਰ ਜੀਵਨ ਸ਼ੈਲੀ ਵਿੱਚ ਬਦਲਾਅ ਬਹੁਤ ਜ਼ਰੂਰੀ ਹਨ। ਐਨ ਐਸ ਐਚ ਐਚ ਲਿਵਰ ਦੀ ਬਿਮਾਰੀ ਦਾ ਇੱਕ ਉੱਨਤ ਪੜਾਅ ਹੈ ਜਿਸਦੀ ਵਿਸ਼ੇਸ਼ਤਾ ਚਰਬੀ ਇਕੱਠਾ ਹੋਣਾ, ਸੋਜਸ਼ ਤੇ ਲਿਵਰ ਦੇ ਸੈੱਲਾਂ ਨੂੰ ਨੁਕਸਾਨ ਹੁੰਦਾ ਹੈ। ਜੇਕਰ ਇਲਾਜ ਨਾ ਕੀਤਾ ਜਾਵੇ, ਤਾਂ ਇਹ ਫਾਈਬਰੋਸਿਸ ਸਿਰੋਸਿਸ ਅਤੇ ਲਿਵਰ ਫੇਲ੍ਹ ਹੋਣ ਵਿੱਚ ਵਧ ਸਕਦਾ ਹੈ।ਹਾਲਾਂਕਿ ਕੋਈ ਇੱਕ ਵੀ ਪ੍ਰਵਾਨਿਤ ਦਵਾਈ ਨਹੀਂ ਹੈ, ਪਰ ਐਨ ਐਸ ਐਚ ਐਚ ਨੂੰ ਭਾਰ ਘਟਾਉਣ (7-10%), ਸਿਹਤਮੰਦ ਖੁਰਾਕ ਦੀ ਪਾਲਣਾ ਕਰਕੇ, ਨਿਯਮਿਤ ਤੌਰ 'ਤੇ ਕਸਰਤ ਕਰਕੇ, ਅਤੇ ਸ਼ੂਗਰ ਅਤੇ ਕੋਲੈਸਟ੍ਰੋਲ ਨੂੰ ਕੰਟਰੋਲ ਕਰਕੇ ਪ੍ਰਬੰਧਿਤ ਕੀਤਾ ਜਾ ਸਕਦਾ ਹੈ।



## ਤਾਜੋਵਾਲ ਵਿਖੇ ਫੁੱਟਬਾਲ ਟੂਰਨਾਮੈਂਟ ਦੇ ਫਾਈਨਲ ਮੁਕਾਬਲੇ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਹਲਕਾ ਚੱਬੇਵਾਲ ਦੇ ਪਿੰਡ ਤਾਜੋਵਾਲ ਵਿਖੇ ਫੁੱਟਬਾਲ ਦੇ ਫਾਈਨਲ ਮੁਕਾਬਲੇ ਕਰਵਾਏ ਗਏ।ਇਸ ਟੂਰਨਾਮੈਂਟ ਵਿਚ ਇਲਾਕੇ ਦੀਆ ਵੱਡੀਆਂ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਮੁੱਖ ਮਹਿਮਾਨ ਦੇ ਤੌਰ 'ਤੇ ਐਡਵੋਕੇਟ ਪਲਵਿੰਦਰ ਮਾਨਾ



ਇੰਚਾਰਜ ਬਸਪਾ ਹਲਕਾ ਚੱਬੇਵਾਲ ਨੇ ਵੀ ਬਸਪਾ ਦੀ ਲੀਡਰਸ਼ਿਪ ਸਮੇਤ ਹਾਜ਼ਰੀ ਭਰੀ। ਪਿੰਡ ਦੀ ਪੰਚਾਇਤ ਅਤੇ ਮੋਹਤਬਰ ਵਿਅਕਤੀਆਂ ਨੇ ਐਡਵੋਕੇਟ ਪਲਵਿੰਦਰ ਮਾਨਾ ਦਾ ਅਤੇ ਸਮੂਹ ਲੀਡਰਸ਼ਿਪ ਦਾ ਨਿੱਘਾ ਸਵਾਗਤ ਕੀਤਾ। ਫੁੱਟਬਾਲ ਦੇ ਫਾਈਨਲ ਮੁਕਾਬਲੇ ਵਿੱਚ ਪਹਿਲੇ ਨੰਬਰ 'ਤੇ ਆਏ ਪਿੰਡ ਤਾਜੋਵਾਲ ਦੇ ਖਿਡਾਰੀਆਂ ਨੂੰ ਐਡਵੋਕੇਟ ਪਲਵਿੰਦਰ ਮਾਨਾ ਨੇ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਅਤੇ ਦੂਸਰੇ ਨੰਬਰ 'ਤੇ ਆਏ ਪਿੰਡ ਅਜੜਾਮ ਦੇ ਖਿਡਾਰੀਆਂ ਨੂੰ ਵੀ ਸਨਮਾਨਤ ਕੀਤਾ। ਇਸ ਮੌਕੇ ਐਡਵੋਕੇਟ ਪਲਵਿੰਦਰ ਮਾਨਾ ਨੇ ਨੌਜਵਾਨਾਂ ਨੂੰ ਕਿਹਾ ਕਿ ਨਸ਼ਿਆਂ ਤੋਂ ਦੂਰ ਰਹਿ ਕੇ ਪੜ੍ਹਾਈ ਅਤੇ ਖੇਡਾਂ ਵੱਲ ਧਿਆਨ ਦਿਓ ਤਾਂ ਜੋ ਤੁਸੀਂ ਜ਼ਿੰਦਗੀ ਵਿੱਚ ਤਰੱਕੀ ਕਰ ਸਕੋ ਅਤੇ ਮਾਨਾ ਨੇ ਨੌਜਵਾਨਾਂ ਨੂੰ ਬਸਪਾ ਦੀਆ ਨੀਤੀਆਂ ਤੋਂ ਜਾਣੂ ਕਰਵਾਉਂਦੇ ਹੋਏ ਕਿਹਾ ਕਿ ਆਓ ਬਸਪਾ ਦੀ ਪੰਜਾਬ ਸੰਭਾਲੋ ਮੁਹਿਮ ਦੇ ਨਾਲ ਜੁੜੀਏ ਤੇ ਪੰਜਾਬ ਦੀ ਜਵਾਨੀ ਨੂੰ ਬਚਾਉਂਦੇ ਹੋਏ ਪੰਜਾਬ ਨੂੰ ਨਸ਼ਾ ਮੁਕਤ ਪੰਜਾਬ ਬਣਾਈਏ। ਇਸ ਮੌਕੇ ਜਸਵਿੰਦਰ ਸਿੰਘ ਤਾਜੋਵਾਲ, ਸਤਪਾਲ ਬੱਡਲਾ ਜਨਰਲ ਸਕੱਤਰ, ਹਰਭਜਨ ਸਿੰਘ ਸੀਨੀਅਰ ਬਸਪਾ ਆਗੂ, ਬਾਬੂ ਰੌਸ਼ਨ ਲਾਲ ਸੀਨੀਅਰ ਬਸਪਾ ਆਗੂ, ਤੇਜ ਪਾਲ, ਰਾਮ ਕ੍ਰਿਸ਼ਨ ਸਾਬਕਾ ਸਰਪੰਚ, ਪਰਮਜੀਤ ਸਿੰਘ ਸਾਬਕਾ ਸਰਪੰਚ, ਇੰਦਰਜੀਤ ਸਿੰਘ ਪੰਚ, ਸੰਦੀਪ ਕੁਮਾਰ, ਜਗਦੀਪ ਤੇ ਲੰਬੜਦਾਰ ਸਾਹਿਬ, ਅਤੇ ਦਲਿਤ ਜਥੇਬੰਦੀਆਂ ਅਤੇ ਹੋਰ ਵੀ ਵੱਡੀ ਗਿਣਤੀ ਵਿੱਚ ਸਾਥੀ ਹਾਜ਼ਰ ਸਨ।

## ਬਾਬਾ ਕੌਰ ਸਿੰਘ ਦੀ ਯਾਦ 'ਚ ਕਬੱਡੀ ਟੂਰਨਾਮੈਂਟ ਕਰਵਾਇਆ

**ਨਕੋਦਰ (ਮਨਜੀਤ ਮਾਨ)**

ਤਹਿਸੀਲ ਨਕੋਦਰ ਅਧੀਨ ਪੈਂਦੇ ਪਿੰਡ ਰਹੀਮਪੁਰ ਜ਼ਿਲ੍ਹਾ ਜਲੰਧਰ ਵਿਖੇ ਧੰਨ ਧੰਨ ਬਾਬਾ ਕੌਰ ਸਿੰਘ ਦੀ ਯਾਦ ਵਿੱਚ 33 ਵਾ ਕਬੱਡੀ ਟੂਰਨਾਮੈਂਟ ਧੰਨ ਧੰਨ ਬਾਬਾ ਬਾਬਾ ਕੌਰ ਸਿੰਘ ਪ੍ਰਬੰਧਕ ਕਮੇਟੀ ਵੱਲੋਂ ਸਲਾਨਾ ਕਬੱਡੀ ਟੂਰਨਾਮੈਂਟ ਸਮੂਹ ਗ੍ਰਾਮ ਪੰਚਾਇਤ, ਨਗਰ ਨਿਵਾਸੀਆਂ ਤੇ ਐਨ ਆਰ ਆਈਜ਼ ਦੇ ਸਹਿਯੋਗ ਨਾਲ ਕਰਵਾਇਆ ਗਿਆ। ਟੂਰਨਾਮੈਂਟ ਵਿੱਚ ਮੁੱਖ ਮਹਿਮਾਨ ਤੇ ਇਨਾਮਾਂ ਦੀ ਵੰਡ ਬਾਲ ਯੋਗੀ ਪ੍ਰਗਟ ਨਾਥ ਮੁੱਖ ਸੰਚਾਲਕ ਵਾਲਮੀਕਿ ਯੋਗ ਆਸ਼ਰਮ ਰਹੀਮਪੁਰ ਚੇਅਰਮੈਨ ਸ਼ਰਾਈਨ ਬੋਰਡ ਅੰਮ੍ਰਿਤਸਰ, ਬੀਬੀ ਇੰਦਰਜੀਤ ਕੌਰ ਮਾਨ ਹਲਕਾ ਵਿਧਾਇਕਾ ਨਕੋਦਰ ਤੇ ਵਰਲਡ ਫੇਮਸ ਗਾਇਕ ਕੇ ਐਸ ਮੱਖਣ ਤੇ ਡੀ ਐਸ ਪੀ ਸ੍ਰ ਉਂਕਾਰ ਸਿੰਘ ਬਰਾੜ ਸਬ ਡਵੀਜ਼ਨ ਨਕੋਦਰ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਬੀਬੀ ਇੰਦਰਜੀਤ ਕੌਰ ਮਾਨ ਨੇ ਗੁਰਦੁਆਰਾ ਬਾਬਾ ਕੌਰ ਸਿੰਘ ਜੀ ਦੇ ਅਸਥਾਨ ਦੇ ਗ੍ਰੰਥੀ ਸਿੰਘ ਨੂੰ ਜਸਵਿੰਦਰ ਸਿੰਘ ਜੱਸਾ ਬੈਲਜੀਅਮ ਤੇ ਕੁਲਵਿੰਦਰ ਸਿੰਘ ਕਿੰਦਾ ਵੱਲੋਂ ਮੋਟਰਸਾਈਕਲ ਦੇ ਕੇ ਸਨਮਾਨਤ ਕੀਤਾ ਗਿਆ ਜਿਸ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਗ੍ਰੰਥੀ ਸਿੰਘ ਹੀ ਸਾਡੇ ਸਮਾਜ ਨੂੰ ਇੱਕ ਚੰਗੀ ਸਿਹਤ ਤੇ ਬਾਣੀ ਤੇ ਬਾਣੇ ਦੇ ਧਾਰਨੀ ਬਣਾ ਸਕਦੇ ਹਨ। ਕਬੱਡੀ ਓਪਨ ਪਿੰਡ ਪਿੰਡ ਸੁਰਖਪੁਰ ਨੇ ਇੱਕ ਲੱਖ ਰੁਪਏ ਤੇ ਟਰਾਫੀ ਜਿੱਤ ਕੇ ਪਹਿਲਾਂ ਸਥਾਨ, ਪਿੰਡ ਔਜਲਾ ਨੇ 75 ਹਜ਼ਾਰ ਰੁਪਏ 75 ਹਜ਼ਾਰ ਰੁਪਏ ਤੇ ਇੱਕ ਟਰਾਫੀ ਜਿੱਤ



ਕੇ ਦੂਸਰਾ ਸਥਾਨ ਪ੍ਰਾਪਤ ਕੀਤਾ ਕਬੱਡੀ 32 ਕਿਲੋ ਭਾਰ ਵਰਗ ਦੇ ਮੁਕਾਬਲੇ ਵਿਚ ਸ੍ਰੀ ਮੁਕਤਸਰ ਸਾਹਿਬ ਨੇ ਪਹਿਲਾਂ ਤੇ ਪਿੰਡ ਰਹੀਮਪੁਰ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ ਕਬੱਡੀ 60 ਕਿਲੋ ਭਾਰ ਵਰਗ 'ਚ ਪਿੰਡ ਰਹੀਮਪੁਰ ਨੇ ਪਹਿਲਾਂ ਸਥਾਨ, ਕਬੱਡੀ 75 ਕਿਲੋ ਭਾਰ ਵਰਗ ਸੰਧੂ ਚੱਠਾ ਨੇ ਪਹਿਲਾਂ ਤੇ ਬਾਬਾ ਮੱਟ ਪੰਡੋਰੀ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ ਰੈਫਰੀ ਦੀ ਜ਼ਿੰਮੇਵਾਰੀ ਪੰਮਾ ਨਿਮਾਜੀਪੁਰ, ਬਿੱਟੂ ਨਿਮਾਜੀਪੁਰ,ਰਾਣਾ ਬਨਵਾਲੀਪੁਰ ਤੇ ਮੰਗਾਂ ਨਾਗ ਬਿੱਲੀ ਭੁੱਲਰ ਤੇ ਚਾਚਾ ਲੱਖਣਕੇ ਪੱਡਾ ਵੱਲੋਂ ਸਾਂਝੇ ਤੌਰ ਤੇ ਨਿਭਾਈ ਗਈ। ਸਰਪੰਚ ਕੁਲਦੀਪ ਸੱਭਰਵਾਲ ਤੇ ਸਪੋਰਟਸ ਕਲੱਬ ਦੇ ਪ੍ਰਧਾਨ ਜੋਗਿੰਦਰ ਸਿੰਘ, ਸੁਰਿੰਦਰ ਸਿੰਘ ਮੀਤ ਪ੍ਰਧਾਨ, ਅਵਤਾਰ ਸਿੰਘ, ਸਰਬਜੀਤ ਸਿੰਘ ਕੈਸ਼ੀਅਰ, ਜਥੇਦਾਰ ਲਸ਼ਕਰ ਸਿੰਘ ਰਹੀਮਪੁਰ, ਤਰਸੇਮ ਸਿੰਘ,ਸੁਖਪਿੰਦਰ ਸਿੰਘ ਉਰਫ਼ ਸੁੱਖਾ ਠੇਕੇਦਾਰ, ਗੁਰਮੁਖ ਸਿੰਘ, ਜ਼ੋਰਾਵਰ ਸਿੰਘ,ਚੜ੍ਹਤ ਸਿੰਘ, ਹਰਜੀਤ ਸਿੰਘ, ਰਜੇਸ਼ ਜੋਸ਼ੀ, ਮਨਮੋਹਨ ਸਿੰਘ ਤੇ ਜਸਵਿੰਦਰ ਸਿੰਘ ਜੱਸਾ ਬੈਲਜੀਅਮ ਵੱਲੋਂ ਅਜੈਬ ਸਿੰਘ, ਅਵਤਾਰ ਸਿੰਘ ਪੰਪ ਵਾਲੇ, ਜਸਵਿੰਦਰ ਸਿੰਘ ਕਾਲਾ, ਤਲਵਿੰਦਰ ਸਿੰਘ ਕਿੰਦਾ,ਦੀਪੂ ਪੰਪ ਵਾਲਾ, ਸੁੱਖਾ ਰਹੀਮਪੁਰ, ਮਨਜੋਤ ਸਿੰਘ ਮੋਟਰਾਂ ਵਾਲਾ, ਹਰਜਿੰਦਰ ਸਿੰਘ ਮੰਗਾਂ ਗੁਰਦੀਪ ਸਿੰਘ ਫੌਜੀ, ਸੁਰਿੰਦਰਪਾਲ ਸਿੰਘ ਪੰਚ ਤਰਸੇਮ ਸਿੰਘ ਫੌਜੀ ਦਾ ਵੀ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਲੰਗਰ ਦੀ ਸੇਵਾ ਹਰਦੀਪ ਸਿੰਘ ਯੂਕੇ, ਹਰਜਿੰਦਰ ਸਿੰਘ ਯੂਐਸ ਏ ਸਪੁੱਤਰ ਦਰਸ਼ਨ ਸਿੰਘ ਵੱਲੋਂ ਇੱਕ ਲੱਖ ਰੁਪਏ ਦੀ ਦਿਤੀ ਗਈ ਟਰਾਲੀ ਬੈਕ ਮੁਕਾਬਲੇ ਵਿੱਚ ਸੁਖਦੇਵ ਸਿੰਘ ਨੇ ਪਹਿਲਾਂ ਸਥਾਨ ਪ੍ਰਾਪਤ ਕੀਤਾ।

## ਬਲਵੀਰ ਸਿੰਘ ਦੀ ਸੇਵਾਮੁਕਤੀ ਮੌਕੇ ਵਿਦਾਇਗੀ ਸਮਾਰੋਹ



**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ ਰਾਮ ਲਾਲ)**: ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਖੇਤਰੀ ਖੋਜ ਕੇਂਦਰ, ਬੱਲੋਵਾਲ ਸੌਂਖੜੀ ਵਿਖੇ ਬਤੌਰ ਮੇਟ ਸੇਵਾਵਾਂ ਨਿਭਾਅ ਰਹੇ ਬਲਵੀਰ ਸਿੰਘ ਆਪਣੀ ਲੰਮੀ ਅਤੇ ਸ਼ਾਨਦਾਰ ਸਰਵਿਸ ਪੂਰੀ ਕਰਨ ਉਪਰੰਤ ਸੇਵਾਮੁਕਤ ਹੋ ਗਏ ਹਨ। ਉਨ੍ਹਾਂ ਦੇ ਸਨਮਾਨ ਵਿੱਚ ਸੰਸਥਾ ਵਿਖੇ ਇੱਕ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਖ਼ਾਸ ਤੌਰ 'ਤੇ ਪਹੁੰਚੇ ਡੀਨ ਅਤੇ ਡਾਇਰੈਕਟਰ ਡਾਕਟਰ ਮਨਮੋਹਨਜੀਤ ਸਿੰਘ ਨੇ ਬਲਵੀਰ ਸਿੰਘ ਦੀ ਮਿਹਨਤ ਅਤੇ ਇਮਾਨਦਾਰੀ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਯੂਨੀਵਰਸਿਟੀ ਦੇ ਵਿਕਾਸ ਵਿੱਚ ਅਜਿਹੇ ਕਰਮਚਾਰੀਆਂ ਦਾ ਅਹਿਮ ਯੋਗਦਾਨ ਹੁੰਦਾ ਹੈ। ਸਮਾਰੋਹ ਦੌਰਾਨ ਡਾਕਟਰ ਵਿਜੇ ਕੁਮਾਰ, ਡਾਕਟਰ ਪਠਾਨੀਆ ਤੇ ਚਰਨਜੀਤ ਸਿੰਘ ਆਫਿਸ ਇੰਚਾਰਜ ਨੇ ਵੀ ਬਲਵੀਰ ਸਿੰਘ ਦੇ ਮਿਲਣਸਾਰ ਸੁਭਾਅ ਅਤੇ ਡਿਊਟੀ ਪ੍ਰਤੀ ਉਨ੍ਹਾਂ ਦੀ ਲਗਨ ਦੀ ਸ਼ਲਾਘਾ ਕੀਤੀ। ਸਮੂਹ ਸਟਾਫ ਵੱਲੋਂ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਅਤੇ ਤੋਹਫ਼ੇ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਬਲਵੀਰ ਸਿੰਘ ਨੇ ਆਪਣੀ ਸਰਵਿਸ ਦਾ ਵੱਡਾ ਹਿੱਸਾ ਖੇਤੀਬਾੜੀ ਖੋਜ ਅਤੇ ਵਿਕਾਸ ਨੂੰ ਸਮਰਪਿਤ ਕੀਤਾ। ਉਨ੍ਹਾਂ ਨੇ ਬੱਲੋਵਾਲ ਸੌਂਖੜੀ ਤੋਂ ਪਹਿਲਾਂ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਵਿਖੇ ਵੀ ਲੰਮਾ ਸਮਾਂ ਆਪਣੀਆਂ ਸੇਵਾਵਾਂ ਨਿਭਾਈਆਂ ਸਨ।ਸੇਵਾਮੁਕਤੀ ਦੇ ਇਸ ਭਾਵੁਕ ਪਲਾਂ 'ਤੇ ਬਲਵੀਰ ਸਿੰਘ ਦੇ ਨਾਲ ਉਨ੍ਹਾਂ ਦੀ ਪਤਨੀ ਨਿਰਮਲਾ ਦੇਵੀ, ਰਮੇਸ਼ ਕੁਮਾਰ, ਪਰਵੀਨ, ਰਿੰਪਲ, ਰਵਿੰਦਰ ਕੁਮਾਰ, ਪ੍ਰੀਆ ਭੱਟੀ ਤੇ ਤਿਲਕ ਰਾਜ ਵੀ ਮੌਜੂਦ ਸਨ।

## 'ਆਪ' ਨੇ ਜੋ ਗਰੰਟੀਆਂ ਦਿੱਤੀਆਂ, ਉਨ੍ਹਾਂ ਨੂੰ 4 ਸਾਲਾਂ 'ਚ ਹੀ ਪੂਰਾ ਕਰ ਦਿੱਤਾ : ਦੇਵ ਮਾਨ



**ਨਾਭਾ (ਵਰਿੰਦਰ ਵਰਮਾ)**-ਮਾਨ ਸਰਕਾਰ ਵੱਲੋਂ 4 ਸਾਲਾਂ ਵਿੱਚ ਕੀਤੇ ਕੰਮ ਲੋਕਾਂ ਤੱਕ ਪਹੁੰਚਾਉਣ ਲਈ ਸ਼ੁਰੂ ਕੀਤੀ ਸ਼ਾਨਦਾਰ 4 ਸਾਲ ਭਗਵੰਤ ਮਾਨ ਦੇ ਨਾਲ-ਸੰਵਾਦ ਕੈਂਪੇਨ ਤਹਿਤ ਸ਼ਹਿਰੀ ਬਲਾਕ ਪ੍ਰਧਾਨ ਸੰਦੀਪ ਸ਼ਰਮਾ ਦੀ ਅਗਵਾਈ ਹੇਠ ਵਾਰਡ ਨੰਬਰ 12 ਵਿਖੇ ਮੀਟਿੰਗ ਦਾ ਆਯੋਜਨ ਦਿੱਤਾ ਗਿਆ।ਇਸ ਮੀਟਿੰਗ ਵਿੱਚ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ।ਉਨ੍ਹਾਂ ਵਾਰਡ ਵਾਸੀਆਂ ਨੂੰ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਕੰਮਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਪੰਜਾਬ ਦੇ 90% ਘਰਾਂ ਨੂੰ ਜ਼ੀਰੋ ਬਿਜਲੀ ਬਿੱਲ ਮਿਲ ਰਹੇ ਹਨ, ਸੂਬੇ ਵਿੱਚ ਔਰਤਾ ਨੂੰ ਹਰ ਮਹੀਨੇ ਇੱਕ ਹਜਾਰ ਅਤੇ ਅਨੁਸੂਚਿਤ ਜਾਤੀ ਭਾਈਚਾਰੇ ਦੀਆਂ ਔਰਤਾਂ ਨੂੰ 1500 ਪ੍ਰਤੀ ਮਹੀਨਾ ਮਿਲਣਗੇ, ਉਨ੍ਹਾਂ ਕਿਹਾ ਕਿ ਹੁਣ ਤੱਕ 65,000 ਸਰਕਾਰੀ ਨੌਕਰੀਆਂ ਨੌਜਵਾਨਾਂ ਨੂੰ ਦਿੱਤੀਆਂ ਗਈਆਂ ਹਨ, ਯੁੱਧ ਨਸ਼ਿਆਂ ਵਿਰੁੱਧ ਤਹਿਤ ਨਸ਼ਾ ਤਸਕਰਾਂ ਵਿਰੁੱਧ ਇਤਿਹਾਸਿਕ ਕਾਰਵਾਈ ਕੀਤੀ ਗਈ ਹੈ, ਪੰਜਾਬ ਵਿੱਚੋਂ ਗੈਂਗਸਟਰ ਨੈੱਟਵਰਕ ਨੂੰ ਖਤਮ ਕਰਨ ਲਈ ਗੈਂਗਸਟਰ ਤੇ ਵਾਰ ਮੁਹਿੰਮ ਤਹਿਤ 14700 ਤੋਂ ਵੱਧ ਗਿਰ ਗਿਰਫਤਾਰ ਕੀਤੇ ਗਏ ਹਨ, ਦੇਵ ਮਾਨ ਨੇ ਕਿਹਾ ਕਿ ਭਾਰਤ ਵਿੱਚ ਪਹਿਲੀ ਸੜਕ ਸੁਰੱਖਿਆ ਫੋਰਸ ਦਾ ਪੰਜਾਬ ਵਿੱਚ ਗਠਨ ਕੀਤਾ ਗਿਆ ਹੈ।ਸੜਕ ਹਾਦਸਿਆਂ ਕਾਰਨ ਹੋਣ ਵਾਲੀਆਂ ਮੌਤਾਂ ਦੀ ਦਰ 50,12 ਪ੍ਰਤੀਸ਼ਤ ਘਟੀ ਹੈ ਜੋ ਭਾਰਤ ਦੇ ਕਿਸੇ ਵੀ ਸੂਬੇ ਲਈ ਰਿਕਾਰਡ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਾਲ ਤੋਂ ਵੱਧ ਉਮਰ ਦੇ ਸਾਰੇ ਨਾਗਰਿਕਾਂ ਲਈ ਮੁਫਤ ਤੀਰਥ ਯਾਤਰਾ ਸ਼ੁਰੂ ਕੀਤੀ ਗਈ ਜਿਸ ਵਿੱਚ ਏਸੀ ਬੱਸ ਸਫਰ ਏਸੀ ਰਹਿਣ ਸਹਿਣ ਅਤੇ ਭੋਜਨ ਸਮੇਤ ਲੋਕਾਂ ਨੂੰ ਸਹੂਲਤਾਂ ਦਿੱਤੀਆਂ ਗਈਆਂ।ਦੇਵ ਮਾਨ ਨੇ ਕਿਹਾ ਕਿ ਪੰਜਾਬ ਵਿੱਚ ਪਹਿਲੀ ਵਾਰ ਇਕ ਕਰੋੜ ਰੁਪਏ ਦੀ ਸਨਮਾਨ ਰਾਸ਼ੀ ਸ਼ਹੀਦ ਸੈਨਿਕਾਂ ਦੇ ਪਰਿਵਾਰਾ ਲਈ ਦਿੱਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਮਾਨ ਸਰਕਾਰ ਨੇ ਜੋ ਚੋਣਾਂ ਤੋਂ ਪਹਿਲਾਂ ਸੂਬਾ ਵਾਸੀਆਂ ਨੂੰ ਗਰੰਟੀਆਂ ਦਿੱਤੀਆਂ ਸਨ ਉਸ ਨੂੰ ਆਮ ਆਦਮੀ ਪਾਰਟੀ ਦੀ ਸਰਕਾਰ ਨੇ 4 ਸਾਲਾਂ ਵਿੱਚ ਪੂਰਾ ਕੀਤਾ ਹੈ।ਇਸ ਮੌਕੇ ਵਾਰਡ ਵਾਸੀਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੀਤੇ ਕੰਮਾਂ ਦੀ ਭਰਪੂਰ ਸ਼ਲਾਘਾ ਕੀਤੀ।

ਇਸ ਮੌਕੇ ਕਪਿਲ ਮਾਨ, ਮਾਸਟਰ ਅਮਰੀਕ ਸਿੰਘ, ਮੇਜਰ ਸਿੰਘ ਤੁੰਗਾਂ ਸਪੀਕਰ ਕਮੇਟੀ, ਧਰਮਿੰਦਰ ਸਿੰਘ ਸੁੱਖੇਵਾਲ, ਦੀਪ ਊਧਮ ਸਿੰਘ, ਰਮੇਸ਼ ਤਲਵਾੜ, ਕ੍ਰਿਸ਼ਨ ਕੁਮਾਰ ਐੱਮਸੀ, ਭੁਵੇਸ਼ ਬਾਂਸਲ ਭਾਸ਼ੀ, ਸਿਮਰਨ ਅੜਕ ਚੌਹਾਨ, ਅਮਨ ਗਰਗ, ਕਮਲ ਕੁਮਾਰ ਰਾਜੂ, ਜਗਦੀਸ਼ ਚੰਦ ਸਿੰਗਲਾ, ਰੀਨਾ ਸ਼ਰਮਾ ਬਲਾਕ ਪ੍ਰਧਾਨ ਸ਼ਹਿਰੀ ਮਹਿਲਾ ਵਿੰਗ, ਸੋਨੀਆ ਰਾਣੀ ਵਾਰਡ ਨੰਬਰ 12 ਇੰਚਾਰਜ, ਰੇਨੂ ਬਾਲਾ, ਅਨੀਤਾ ਜੋਸ਼ੀ, ਮੁਕੇਸ਼ ਜੋਸ਼ੀ, ਜਗਦੀਪ ਸ਼ਰਮਾ, ਮਨਦੀਪ ਸ਼ਰਮਾ, ਦੀਪੂ ਮਹਿਰਾ, ਮੇਜਰ ਸਿੰਘ, ਸੰਜੀਵ ਕੁਮਾਰ, ਸੰਜੀਵ ਕੁਮਾਰ ਗੋਗਾ, ਸਤੀਸ਼ ਕੁਮਾਰ ਬਬਲੂ, ਗੀਤਾ ਰਾਣੀ, ਕਮਲ ਰਾਣੀ, ਵਿਜੇ ਕੁਮਾਰ, ਲਕਸ਼ਮੀ ਦੇਵੀ, ਮੂਲ ਚੰਦ, ਨਵੀਨ ਸ਼ਰਮਾ, ਰਾਜੇਸ਼ ਸ਼ਰਮਾ, ਬਖਤਾਵਰ ਸਿੰਘ, ਹੁਸ਼ਿਆਰ ਸਿੰਘ, ਸੰਜੇ ਕੁਮਾਰ, ਅਨੀਤਾ ਰਾਣੀ, ਡਿੰਪੀ ਰਾਣੀ, ਸੁਨੀਤਾ ਰਾਣੀ, ਆਰਤੀ ਰਾਣੀ, ਆਰਤੀ ਅਰੋੜਾ, ਰਾਹੁਲ ਕੁਮਾਰ, ਆਸ਼ੂਤੋਸ਼, ਰਣਧੀਰ ਸਿੰਘ, ਪ੍ਰਦੀਪ ਕੁਮਾਰ, ਰਵੀ ਕੁਮਾਰ, ਲੀਜ਼ਾ ਰਾਣੀ, ਅਰੁਣ ਕੁਮਾਰ, ਵਿਨੇ ਕੁਮਾਰ, ਇੰਦਰਜੀਤ ਸਿੰਘ ਜੋਲੀ, ਹੈਰੀ ਬੱਤਰਾ, ਰਾਧਾ ਰਾਣੀ, ਗੀਤੂ ਰਾਣੀ, ਵੀਨਾ ਰਾਣੀ, ਜੋਨੀ ਫਤਿਹਪੁਰ, ਸ਼ੈਂਕੀ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਾਰਡ ਵਾਸੀ ਹਾਜ਼ਰ ਸਨ।

## ਪ੍ਰਾਹੁਣਚਾਰੀ 'ਚ ਨਵੀਨਤਾ ਤੇ ਉਦਮਤਾ 'ਤੇ ਕੌਮਾਂਤਰੀ ਸੈਮੀਨਾਰ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਸਕੂਲ ਆਫ਼ ਹੋਟਲ ਮੈਨੇਜਮੈਂਟ ਐਂਡ ਟੂਰਿਜ਼ਮ ਵੱਲੋਂ 'ਹੁਨਰ ਤੋਂ ਸਟਾਰਟਅੱਪ ਤੱਕ : ਪ੍ਰਾਹੁਣਚਾਰੀ ਵਿੱਚ ਨਵੀਨਤਾ ਤੇ ਉੱਦਮੀ ਮਾਰਗ' ਵਿਸ਼ੇ 'ਤੇ ਇੱਕ ਰੋਜ਼ਾ ਕੌਮਾਂਤਰੀ ਸੈਮੀਨਾਰ ਦਾ ਕੀਤਾ ਗਿਆ।ਇਸ ਸੈਮੀਨਾਰ ਦਾ ਉਦੇਸ਼ ਪ੍ਰਾਹੁਣਚਾਰੀ ਉਦਯੋਗ ਵਿੱਚ ਨਵੀਨਤਾ-ਅਧਾਰਤ ਉੱਦਮਤਾ ਤੇ ਹੁਨਰ ਵਿਕਾਸ ਬਾਰੇ ਸੂਝ ਪ੍ਰਦਾਨ ਕਰਨਾ ਸੀ।ਇਸ ਸੈਮੀਨਾਰ ਦਾ ਮੁੱਖ ਭਾਸ਼ਣ ਡਾ. ਵਰਿੰਦਰ ਸਿੰਘ ਰਾਣਾ, ਡਿਪਟੀ ਡਾਇਰੈਕਟਰ-ਰਿਸਰਚ ਤੇ ਸਿਟੀ ਯੂਨੀਵਰਸਿਟੀ ਅਜਮਾਨ, ਸੰਯੁਕਤ ਅਰਬ ਅਮੀਰਾਤ ਵਿਖੇ ਹੋਸਪਿਟੈਲਿਟੀ ਤੇ ਹੋਟਲ ਮੈਨੇਜਮੈਂਟ ਵਿਭਾਗ ਦੁਆਰਾ ਦਿੱਤਾ ਗਿਆ।ਆਪਣੇ ਸੈਸ਼ਨ ਵਿੱਚ ਡਾ. ਰਾਣਾ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਕਿਵੇਂ ਹੋਸਪਿਟੈਲਿਟੀ ਪੇਸ਼ੇਵਰ ਆਪਣੇ ਤਕਨੀਕੀ ਹੁਨਰ ਨੂੰ ਸਫਲ ਉੱਦਮੀ ਉੱਦਮਾਂ ਵਿੱਚ ਬਦਲ ਸਕਦੇ ਹਨ।ਉਨ੍ਹਾਂ ਅੱਜ ਦੇ ਮੁਕਾਬਲੇ ਵਾਲੇ ਹੋਸਪਿਟੈਲਿਟੀ ਲੈਂਡਸਕੇਪ ਵਿੱਚ ਟਿਕਾਊ ਸਟਾਰਟਅੱਪ ਬਣਾਉਣ 'ਚ ਨਵੀਨਤਾ, ਰਚਨਾਤਮਕਤਾ, ਅਨੁਕੂਲਤਾ ਤੇ ਰਣਨੀਤਕ ਸੋਚ ਦੇ ਵਧ ਰਹੇ ਮਹੱਤਵ ਨੂੰ ਉਜਾਗਰ ਕੀਤਾ।ਇਸ ਸੈਮੀਨਾਰ ਵਿੱਚ ਮਾਣਯੋਗ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਨੇ ਸ਼ਿਰਕਤ ਕੀਤੀ, ਜਿਨ੍ਹਾਂ ਨੇ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕੀਤੀ ਤੇ ਵਿਦਿਆਰਥੀਆਂ ਨੂੰ ਉੱਦਮਤਾ ਤੇ ਨਵੀਨਤਾ ਦੀ ਪੜਚੋਲ ਕਰਨ ਲਈ ਪ੍ਰੇਰਿਤ ਕੀਤਾ।ਇਹ ਸਮਾਗਮ ਡਾ. ਅਮਨ ਸ਼ਰਮਾ ਦੀ ਅਗਵਾਈ ਹੇਠ, ਡਾ. ਰੁਪਿੰਦਰ ਕੌਰ, ਗੁਰਕਿਰਨ ਸਿੰਘ, ਨਿਵੇਦਿਤਾ ਤੇ ਸ੍ਰਿਸ਼ਟੀ ਸਮੇਤ ਪ੍ਰਬੰਧਕ ਟੀਮ ਦੇ ਸਹਿਯੋਗ ਨਾਲ ਕੀਤਾ ਗਿਆ।

## ਬੱਗਾ ਵੱਲੋਂ ਮੁਹੱਲਾ ਕਲੀਨਿਕ ਦਾ ਉਦਘਾਟਨ



**ਲੁਧਿਆਣਾ (ਰਾਜ ਸਿੰਗਲਾ)**-ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਦਿਨ-ਰਾਤ ਕੰਮ ਕਰ ਰਹੀ ਹੈ, ਜਿਸ ਵਿੱਚ ਪੰਜਾਬ ਦੇ ਕਰੀਬ 65 ਲੱਖ ਪਰਵਾਰਾਂ ਨੂੰ 10 ਲੱਖ ਰੁਪਏ ਤੱਕ ਮੁਫ਼ਤ ਇਲਾਜ ਦੀ ਸਹੂਲਤ ਦਾ ਲਾਭ ਮਿਲੇਗਾ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਲੁਧਿਆਣਾ ਉੱਤਰੀ ਤੋਂ ਵਿਧਾਇਕ ਚੌਧਰੀ ਮਦਨ ਲਾਲ ਬੱਗਾ ਵੱਲੋਂ ਵਾਰਡ ਨੰਬਰ 94 ਅਧੀਨ ਭਗਤ ਸਿੰਘ ਕਲੋਨੀ ਵਿਖੇ ਮੁਹੱਲਾ ਕਲੀਨਿਕ ਦਾ ਉਦਘਾਟਨ ਕਰਦਿਆਂ ਕੀਤਾ।ਇਸ ਮੌਕੇ ਵਿਧਾਇਕ ਬੱਗਾ ਦੇ ਨਾਲ ਸਿਵਲ ਸਰਜਨ ਲੁਧਿਆਣਾ ਡਾ. ਰਮਨਦੀਪ ਕੌਰ, ਕੌਂਸਲਰ ਅਮਨ ਬੱਗਾ ਖੁਰਾਣਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੌਜੂਦ ਸਨ।ਵਿਧਾਇਕ ਬੱਗਾ ਨੇ ਕਿਹਾ ਕਿ ਹੁਣ ਕੋਈ ਵੀ ਪੰਜਾਬੀ ਸਿਹਤ ਸਹੂਲਤਾਂ ਤੋਂ ਵਾਂਝਾ ਨਹੀਂ ਰਹੇਗਾ ਤੇ ਇਨ੍ਹਾਂ ਮੁਹੱਲਾ ਕਲੀਨਿਕਾਂ ਵਿੱਚ ਮੁਫ਼ਤ ਦਵਾਈਆਂ ਦੇ ਨਾਲ ਹਰ ਪ੍ਰਕਾਰ ਦਾ ਇਲਾਜ ਮਿਲੇਗਾ।ਉਨ੍ਹਾਂ ਕਿਹਾ ਕਿ ਇਸ ਕਲੀਨਿਕ ਦੇ ਖੁੱਲ੍ਹਣ ਨਾਲ ਗਰੀਬਾਂ ਦੀ ਹੋ ਰਹੀ ਲੁੱਟ ਬੰਦ ਹੋ ਜਾਵੇਗੀ।ਉਨ੍ਹਾਂ ਦੱਸਿਆ ਕਿ ਇਨ੍ਹਾਂ ਕਲੀਨਿਕਾਂ ਵਿੱਚ ਜਿੱਥੇ ਲੋਕ ਆਪਣੇ ਟੈਸਟ ਮੁਫ਼ਤ ਕਰਵਾ ਰਹੇ ਹਨ, ਉੱਥੇ ਪੰਜਾਬ ਸਰਕਾਰ ਵੱਲੋਂ ਮੁਫ਼ਤ ਇਲਾਜ ਦੀ ਸੁਵਿਧਾ ਵੀ ਉਪਲੱਬਧ ਕਰਵਾਈ ਜਾ ਰਹੀ ਹੈ।

## ਸ਼ਾਇਰ ਨਿਰੰਜਨ ਸੂਖਮ ਦੀ ਮਾਤਾ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ

**ਸਮਰਾਲਾ (ਸੁਰਜੀਤ)**-ਸਾਹਿਤ ਸਭਾ ਮਾਛੀਵਾੜਾ ਦੀ ਇੱਕ ਹੰਗਾਮੀ ਇਕੱਤਰਤਾ ਸਭਾ ਦੇ ਪ੍ਰਧਾਨ ਐੱਸ ਨਸੀਮ ਦੀ ਪ੍ਰਧਾਨਗੀ ਵਿੱਚ ਹੋਈ, ਜਿਸ ਵਿੱਚ ਇੱਕ ਸ਼ੋਕ ਮਤੇ ਰਾਹੀਂ



ਸਭਾ ਦੇ ਜਨਰਲ ਸਕੱਤਰ ਤੇ ਸ਼ਾਇਰ ਨਿਰੰਜਨ ਸੂਖਮ ਦੀ ਮਾਤਾ ਕਮਲਾ ਦੇਵੀ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਗਿਆ।ਮੀਟਿੰਗ ਵਿੱਚ ਦੋ ਮਿੰਟ ਦਾ ਮੌਨ ਵੀ ਰੱਖਿਆ ਗਿਆ।ਪ੍ਰਧਾਨ ਐੱਸ ਨਸੀਮ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 86 ਸਾਲ ਦੀ ਉਮਰ ਤੱਕ ਮਾਤਾ ਜੀ ਬਿਲਕੁਲ ਤੰਦਰੁਸਤ ਤੇ ਕਾਰਜਸ਼ੀਲ ਰਹੇ। ਇਸ ਮੌਕੇ ਮੀਤ ਪ੍ਰਧਾਨ ਬਲਜਿੰਦਰ ਸਿੰਘ ਸਕੱਤਰ ਮਲਕੀਤ ਸਿੰਘ ਕਸ਼ਮੀਰ ਸਿੰਘ, ਅਵਤਾਰ ਸਿੰਘ ਉਟਾਲਾਂ, ਸ਼ਾਇਰ ਤਰਸੇਮ ਨੂਰ, ਹਰਨਾਮ ਸਿੰਘ ਡੱਲਾ, ਸਰਪ੍ਰਸਤ ਰਘਬੀਰ ਸਿੰਘ ਭਰਤ, ਜਸਵਿੰਦਰ ਸਿੰਘ ਸਚਦੇਵਾ, ਨਵਦੀਪ ਸ਼ਰਮਾ, ਰਾਮਪੁਰ ਤੋਂ ਪ੍ਰਧਾਨ ਅਮਰਿੰਦਰ ਸਿੰਘ ਸੋਹਲ ਤੇ ਸਿਕੰਦਰ ਰਾਮਪੁਰੀ ਮੌਜੂਦ ਸਨ।

## ਰਵਾਇਤੀ ਪਾਰਟੀਆਂ ਦੇ ਨੁਮਾਇੰਦੇ ਸਾਥੀਆਂ ਸਮੇਤ ਆਪ 'ਚ ਸ਼ਾਮਲ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ/ਐਲਿਗਜ਼ੈਂਡਰ ਡਿਸੂਜ਼ਾ)**

ਆਮ ਆਦਮੀ ਪਾਰਟੀ ਦੀਆਂ ਨੀਤੀਆਂ ਅਤੇ ਵਿਕਾਸ ਕਾਰਜਾਂ ਨੂੰ ਦੇਖਦੇ ਹੋਏ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਦੀ ਅਗਵਾਈ ਹੇਠ ਵੱਖ-ਵੱਖ ਪਾਰਟੀਆਂ ਦੇ ਨੁਮਾਇੰਦੇ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ।ਵਿਧਾਇਕ ਗੁਰਦਿੱਤ ਸਿੰਘ ਨੇ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲਕ ਹਿੱਤਾਂ ਲਈ ਕੰਮ ਕਰਦੀ ਰਹੇਗੀ।ਉਨ੍ਹਾਂ ਕਿਹਾ ਕਿ ਇਹ ਖੁਸ਼ੀ ਦੀ ਗੱਲ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਵਿਕਾਸ ਕਾਰਜਾਂ, ਲੋਕ ਭਲਾਈ ਨੀਤੀਆਂ ਤੋਂ ਖੁਸ਼ ਹੋ ਕੇ ਵੱਖ-ਵੱਖ ਪਾਰਟੀਆਂ ਦੇ ਲੋਕ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ।

ਉਨ੍ਹਾਂ ਕਿਹਾ ਕਿ ਇਨ੍ਹਾਂ ਸਾਰੇ ਨਵੇਂ ਲੋਕਾਂ ਦਾ ਪਾਰਟੀ ਵਿੱਚ ਪੂਰਾ ਮਾਣ ਸਤਿਕਾਰ ਕੀਤਾ ਜਾਵੇਗਾ।ਇਸ ਮੌਕੇ ਸੁਖਵਿੰਦਰ ਸਿੰਘ, ਲਵੀ ਸਹੋਤਾ, ਮਨਪ੍ਰੀਤ ਸਿੰਘ, ਸੁਖਵੀਰ ਸਿੰਘ, ਰਿੰਕੂ ਅਤੇ ਟੋਨੀ ਗਿੱਲ ਅਤੇ ਆਦਿ ਹੋਰ ਨੌਜਵਾਨ ਸਾਥੀਆਂ ਨੇ ਵੀ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਕੇ ਪਾਰਟੀ ਦੀਆਂ ਨੀਤੀਆਂ ਅਤੇ ਵਿਕਾਸਮੁਖੀ ਕਾਰਜਾਂ 'ਤੇ ਭਰੋਸਾ ਜਤਾਇਆ।

ਨਵੇਂ ਸ਼ਾਮਲ ਹੋਏ ਸਾਥੀਆਂ ਨੇ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੀ ਲੋਕ-ਹਿਤੈਸ਼ੀ ਸੋਚ ਤੋਂ ਪ੍ਰਭਾਵਿਤ ਹੋ ਕੇ ਇਸ ਪਰਿਵਾਰ ਦਾ ਹਿੱਸਾ ਬਣੇ ਹਨ ਅਤੇ ਭਵਿੱਖ ਵਿੱਚ ਪਾਰਟੀ ਨੂੰ ਮਜ਼ਬੂਤ ਕਰਨ ਲਈ ਪੂਰੀ ਸਮਰੱਥਾ ਨਾਲ ਕੰਮ ਕਰਨਗੇ।ਪਾਰਟੀ ਆਗੂਆਂ ਵੱਲੋਂ ਸਾਰੇ ਨਵੇਂ ਮੈਂਬਰਾਂ ਦਾ ਤਹਿ ਦਿਲੋਂ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਗਿਆ ਕਿ ਪਾਰਟੀ ਵਿੱਚ ਉਨ੍ਹਾਂ ਨੂੰ ਪੂਰਾ ਸਤਿਕਾਰ ਅਤੇ ਜ਼ਿੰਮੇਵਾਰੀ ਦਿੱਤੀ ਜਾਵੇਗੀ।ਇਸ ਮੌਕੇ ਸਰਬਜੀਤ ਸਿੰਘ ਬਰਾੜ ਚੇਅਰਮੈਨ ਬਲਾਕ ਸੰਮਤੀ ਫਰੀਦਕੋਟ, ਐੱਮਸੀ ਕਮਲਜੀਤ ਸਿੰਘ, ਗੁਰਸ਼ਰਨ ਸਿੰਘ ਬਰਾੜ ਜ਼ਿਲਾ ਪ੍ਰੀਸ਼ਦ ਮੈਂਬਰ, ਰਜਿੰਦਰ ਦਾਸ ਰਿੰਕੂ, ਗੁਰਪ੍ਰੀਤ ਸਿੰਘ ਸੰਗਠਨ ਹਲਕਾ ਇੰਚਾਰਜ ਫਰੀਦਕੋਟ, ਗੁਰਪ੍ਰੀਤ ਸਿੰਘ, ਮੋਹਨ ਲਾਲ, ਸੁਖਵਿੰਦਰ ਸਿੰਘ ਸੁੱਖਾ ਸਾਬਕਾ ਐੱਮਸੀ ਮਨਦੀਪ ਸਿੰਘ ਆਦਿ ਹਾਜ਼ਰ ਸਨ।

## ਭਵਨਦੀਪ ਕੌਰ ਨੇ 95 ਫੀਸਦੀ ਨੰਬਰ ਪ੍ਰਾਪਤ ਕਰਕੇ ਸਕੂਲ ਤੇ ਮਾਪਿਆਂ ਦਾ ਨਾਂਅ ਰੁਸ਼ਨਾਇਆ



**ਮੱਖੂ (ਰਛਪਾਲ ਸਿੰਘ ਸੰਧੂ)**-ਪੰਜਾਬ ਸਕੂਲ ਸਿੱਖਿਆ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪੀ ਐੱਮ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮੱਖੂ ਵੱਲੋਂ +1 ਮੈਡੀਕਲ ਦੇ ਐਲਾਨੇ ਨਤੀਜੇ ਵਿੱਚ ਮੈਡੀਕਲ ਦੀ ਵਿਦਿਆਰਥਣ ਭਵਨਦੀਪ ਕੌਰ ਪੁੱਤਰੀ ਮੰਗਲ ਸਿੰਘ ਵਾਸੀ ਮੱਖੂ ਵੱਲੋਂ 95% ਨੰਬਰ ਪ੍ਰਾਪਤ ਕਰਕੇ ਜਿਥੇ ਸਕੂਲ ਦਾ ਨਾਮ ਰੌਸ਼ਨ ਕੀਤਾ ਉਥੇ ਮਾਪਿਆਂ ਦਾ ਵੀ ਨਾਮ ਰੌਸ਼ਨ ਕੀਤਾ ਗਿਆ।ਇਨ੍ਹਾਂ ਨਤੀਜਿਆਂ 'ਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਕੂਲ ਸਟਾਫ ਵੱਲੋਂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸਕੂਲ ਦੇ ਵਾਇਸ ਪ੍ਰਿੰਸੀਪਲ ਵਰਿੰਦਰਪਾਲ ਕੌਰ ਨੇ ਵਿਦਿਆਰਥੀਆਂ ਨੂੰ ਹੋਰ ਮਿਹਨਤ ਅਤੇ ਉੱਚ ਲਕਸ਼ ਪ੍ਰਾਪਤ ਕਰਨ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਸਿੱਖਿਆ ਦਾ ਮੂਲ ਉਦੇਸ਼ ਸਿਰਫ ਪੁਜ਼ੀਸ਼ਨ ਨਹੀਂ ਸਗੋਂ ਬੱਚਿਆਂ ਦਾ ਸਰਬਪੱਖੀ ਵਿਕਾਸ ਹੈ, ਵਿਦਿਆਰਥੀ ਸਿੱਖਿਆ ਨਾਲ ਹੀ ਆਪਣੇ ਪਰਿਵਾਰ ਤੇ ਦੇਸ਼ ਦੀ ਤਰੱਕੀ ਲਈ ਯੋਗਦਾਨ ਪਾ ਸਕਦੇ ਹਨ।ਇਹ ਸਾਲਾਨਾ ਨਤੀਜੇ ਵਿਦਿਆਰਥੀਆਂ ਦੀ ਲਗਾਤਾਰ ਮਿਹਨਤ, ਅਧਿਆਪਕਾਂ ਦੀ ਲਗਨ ਅਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹੁੰਦਾ ਹੈ।ਇਸ ਮੌਕੇ ਕਲਾਸ ਇੰਚਾਰਜ ਸੁਖ਼ਨ ਕੌਰ, ਨਿਤਿਕਾ, ਸਕੂਲ ਸਟਾਫ ਅਤੇ ਵਿਦਿਆਰਥੀਆਂ ਦੇ ਮਾਪੇ ਹਾਜ਼ਰ ਸਨ।

## ਮਾਨਸਾ ਸ਼ਹਿਰ ਵਿਕਾਸ ਪੱਖੋਂ ਪੱਛੜਿਆ : ਗੁਰਪ੍ਰੀਤ ਵਿੱਕੀ



**ਮਾਨਸਾ (ਆਤਮਾ ਸਿੰਘ ਪਮਾਰ/ਗੁਰਪ੍ਰੀਤ ਧਾਲੀਵਾਲ)**-ਸਾਬਕਾ ਜ਼ਿਲ੍ਹਾ ਪ੍ਰਧਾਨ ਕਾਂਗਰਸ ਕਮੇਟੀ ਮਾਨਸਾ ਐਡਵੋਕੇਟ ਗੁਰਪ੍ਰੀਤ ਸਿੰਘ ਵਿੱਕੀ ਨੇ ਪੰਜਾਬ ਸਰਕਾਰ ਅਤੇ ਸਥਾਨਕ ਵਿਧਾਇਕ ਡਾ. ਵਿਜੇ ਸਿੰਗਲਾ ਦੀ ਆਲੋਚਨਾ ਕਰਦਿਆਂ ਕਿਹਾ ਕਿ ਮਾਨਸਾ 'ਚ ਚੱਲ ਰਹੇ ਵਿਕਾਸੀ ਪ੍ਰੋਜੈਕਟਾਂ ਨੂੰ ਸਮੇਂ ਸਿਰ ਨੇਪਰੇ ਚਾੜ੍ਹਨ 'ਚ ਸਰਕਾਰ ਅਤੇ ਪ੍ਰਸ਼ਾਸਨ ਪੂਰੀ ਤਰ੍ਹਾਂ ਨਾਕਾਮ ਰਿਹਾ ਹੈ।ਉਨ੍ਹਾਂ ਕਿਹਾ ਕਿ ਪਿੱਛਲੇ ਪੰਜ ਮਹੀਨਿਆਂ ਦੌਰਾਨ ਕਈ ਪ੍ਰੋਜੈਕਟਾਂ ਦੇ ਨੀਂਹ ਪੱਥਰ ਰੱਖੇ ਗਏ ਅਤੇ ਇਹ ਦਾਅਵਾ ਕੀਤਾ ਗਿਆ ਸੀ ਕਿ ਸਾਰੇ ਕੰਮ 31 ਮਾਰਚ ਤੱਕ ਮੁਕੰਮਲ ਹੋ ਜਾਣਗੇ।ਪਰ ਅੱਜ ਤੱਕ ਇੱਕ ਵੀ ਪ੍ਰੋਜੈਕਟ ਪੂਰਾ ਨਹੀਂ ਹੋਇਆ।ਮਾਨਸਾ ਸ਼ਹਿਰ ਦੀਆਂ ਸੜਕਾਂ, ਖ਼ਾਸ ਕਰਕੇ ਐਂਟਰੀ ਸੜਕਾਂ ਦੀ ਹਾਲਤ ਬਹੁਤ ਹੀ ਖਸਤਾ ਹੈ।ਐਡਵੋਕੇਟ ਵਿੱਕੀ ਇਹ ਵੀ ਖੁਲਾਸਾ ਕੀਤਾ ਕਿ ਇਹਨਾਂ ਪ੍ਰੋਜੈਕਟਾਂ ਲਈ ਫੰਡ ਪੰਜਾਬ ਸਰਕਾਰ ਆਪਣੇ ਸਰੋਤਾਂ ਤੋਂ ਨਹੀਂ ਦੇ ਰਹੀ, ਸਗੋਂ ਕੇਂਦਰ ਸਰਕਾਰ ਦੀਆਂ ਵੱਖ ਵੱਖ ਸਕੀਮ ਤਹਿਤ ਆ ਰਹੇ ਰਹੇ ਹਨ।ਇਸ ਸਕੀਮ ਅਧੀਨ ਕੇਂਦਰ ਸਰਕਾਰ ਰਾਜਾਂ ਨੂੰ 50 ਸਾਲ ਲਈ ਬਿਨ੍ਹਾਂ ਵਿਆਜ ਦੇ ਕਰਜ਼ਾ ਪ੍ਰਦਾਨ ਕਰਦੀ ਹੈ, ਜੋ ਕਿ ਸੜਕਾਂ, ਹਸਪਤਾਲਾਂ, ਸਕੂਲਾਂ ਅਤੇ ਫਲਾਈਓਵਰ ਵਰਗੇ ਢਾਂਚਾਗਤ ਵਿਕਾਸ ਲਈ ਵਰਤਿਆ ਜਾਂਦਾ ਹੈ।ਵਿੱਕੀ ਨੇ ਦੋਸ਼ ਲਗਾਇਆ ਕਿ ਵਿਧਾਇਕ ਡਾ. ਵਿਜੇ ਸਿੰਗਲਾ ਸਿਰਫ਼ ਲੋਕਾਂ ਦੀ ਵਾਹ ਵਾਹ ਲੈਣ ਲਈ ਜਲਦੀ-ਜਲਦੀ ਨੀਂਹ ਪੱਥਰ ਰੱਖ ਰਹੇ ਹਨ ਅਤੇ ਵਿਕਾਸ ਦੇ ਝੂਠੇ ਦਾਅਵੇ ਕਰ ਰਹੇ ਹਨ। ਉਨ੍ਹਾਂ ਕੇਂਦਰ ਸਰਕਾਰ 'ਤੇ ਵੀ ਸਵਾਲ ਖੜੇ ਕੀਤੇ ਕਿ ਪੰਜਾਬ ਨਾਲ ਫੰਡ ਜਾਰੀ ਕਰਨ ਵਿੱਚ ਭੇਦਭਾਵ ਕੀਤਾ ਜਾ ਰਿਹਾ ਹੈ, ਜਦਕਿ ਭਾਜਪਾ ਸ਼ਾਸਿਤ ਰਾਜਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਭਾਜਪਾ ਅਤੇ ਆਮ ਆਦਮੀ ਪਾਰਟੀ ਦੀ ਲੋਕ ਭਲਾਈ ਦੀ ਬਜਾਏ ਰਾਜਨੀਤੀ ਕਰਨ ਲਈ ਆਲੋਚਨਾ ਕੀਤੀ। ਇਸ ਮੌਕੇ ਤੇ ਸਤੀਸ਼ ਮਹਿਤਾ, ਗੁਰਦੀਪ ਦੀਪਾ ਸਾਬਕਾ ਐਮ ਸੀ, ਰਾਮ ਸਿੰਘ, ਗੁਰਨਾਮ ਸਿੰਘ, ਸ਼ਿੰਗਾਰਾ ਸਿੰਘ, ਅਰਸ਼ਿੰਦਰ ਅਰਸ਼ੀ, ਚਰਨਪਾਲ ਢੱਡਾ, ਮੇਜਰ ਮਾਨ, ਮਨਦੀਪ ਚਹਿਲ, ਸਰਬਜੀਤ ਭੀਮਾ, ਜੱਸੀ ਮਾਨ ਅਤੇ ਬਿੰਦਰ ਮਾਨਸਾ ਵੀ ਮਜੂਦ ਸਨ।

## ਮੰਡੇਰ ਕਲਾਂ ਤੋਂ ਕਈ ਪਰਵਾਰ ਅਜ਼ਾਦ ਸਮਾਜ ਪਾਰਟੀ 'ਚ ਸ਼ਾਮਲ



**ਚੀਮਾ ਮੰਡੀ (ਰਵਿੰਦਰ ਚੀਮਾ)**-ਬੀਤੇ ਦਿਨੀਂ ਰਵਾਇਤੀ ਪਾਰਟੀਆਂ ਵੱਲੋਂ ਸਤਾਏ ਤੇ ਅਜ਼ਾਦ ਸਮਾਜ ਪਾਰਟੀ ਦੀਆਂ ਨੀਤੀਆਂ ਨਾਲ ਸਹਿਮਤ ਹੁੰਦਿਆਂ ਕਈ ਮਜ਼ਦੂਰ ਪਰਵਾਰ ਕਰਨੈਲ ਸਿੰਘ ਨੀਲੋਵਾਲ ਮੁੱਖ ਸਲਾਹਕਾਰ ਪੰਜਾਬ ਤੇ ਭੀਮ ਸਿੰਘ ਭੂਕਲ ਇੰਚਾਰਜ ਹਲਕਾ ਸੁਨਾਮ ਦੀ ਅਗਵਾਈ ਹੇਠ ਆਜ਼ਾਦ ਪਾਰਟੀ ਵਿੱਚ ਸ਼ਾਮਲ ਹੋਏ।ਇਸ ਮੌਕੇ ਹਲਕਾ ਇੰਚਾਰਜ ਸੁਨਾਮ ਭੀਮ ਸਿੰਘ ਭੂਕਲ ਨੇ ਕਿਹਾ ਕਿ ਪ੍ਰੰਪਰਿਕ ਪਾਰਟੀਆਂ ਨੇ ਮਜ਼ਦੂਰਾਂ ਨੂੰ ਸੱਤਾ ਪ੍ਰਾਪਤੀ ਲਈ ਸਿਰਫ ਵੋਟ ਸਮਝਿਆ ਹੈ।ਗ਼ਰੀਬੀ ਵਿੱਚੋਂ ਕੱਢਣ ਦੀ ਬਜਾਏ ਗਰੀਬੀ ਦੀ ਦਲਦਲ ਵਿੱਚ ਹੋਰ ਧੱਕਿਆ ਹੈ।75 ਸਾਲਾਂ ਤੋਂ ਕਿਸੇ ਵੀ ਪਾਰਟੀ ਨੇ ਦਲਿਤ ਭਾਈਚਾਰੇ ਦੇ ਵਿਧਾਇਕ ਨੂੰ ਪੂਰਨ ਰੂਪ ਵਿੱਚ ਮੁੱਖ ਮੰਤਰੀ ਨਹੀਂ ਬਣਾਇਆ।ਕਾਰਪੋਰੇਟ ਘਰਾਣਿਆਂ ਦੇ ਇਸ਼ਾਰਿਆਂ 'ਤੇ ਚਲਦਿਆਂ ਸਰਕਾਰਾਂ ਨੇ ਹਮੇਸ਼ਾ ਮਜ਼ਦੂਰ ਜਮਾਤ ਦੇ ਹਿੱਤਾਂ ਨੂੰ ਅੱਖੋਂ ਪਰੋਖੇ ਕੀਤਾ ਹੈ। ਭਾਜਪਾ ਦੀ ਬੀ ਟੀਮ ਨੇ ਮਜ਼ਦੂਰ ਮਸਲਿਆਂ ਨੂੰ ਸਥਾਈ ਰੂਪ ਵਿੱਚ ਹੱਲ ਕਰਨ ਦੀ ਥਾਂ ਜਾਣਬੁੱਝ ਕੇ ਅਣਗੌਲਿਆ ਕੀਤਾ ਹੈ।ਉਨ੍ਹਾਂ ਕਿਹਾ ਕਿ ਲੋਕ ਹੁਣ ਸਰਕਾਰਾਂ ਦੀਆਂ ਗਲਤ ਤੇ ਗੁੰਮਰਾਹਕੁਨ ਗੱਲਾਂ ਵਿੱਚ ਨਹੀਂ ਆਉਣਗੇ ਤੇ ਚੰਦਰ ਸ਼ੇਖਰ ਆਜ਼ਾਦ (ਐੱਮ ਪੀ ਨਗੀਨਾ) ਦੀ ਅਗਵਾਈ ਹੇਠ ਪੰਜਾਬ ਵਿੱਚ ਆਜ਼ਾਦ ਸਮਾਜ ਪਾਰਟੀ ਦੀ ਸਰਕਾਰ ਲੈ ਕੇ ਆਉਣਗੇ, ਜੋ ਹਰ ਵਰਗ ਦੀਆਂ ਆਸਾਂ ਉੱਤੇ ਪੂਰਾ ਉਤਰੇਗੀ।

## ਜਬਰੀ ਥੋਪੇ ਟੀ ਈ ਟੀ ਖਿਲਾਫ ਡੀ ਟੀ ਐੱਫ਼ ਪੰਜਾਬ ਵੱਲੋਂ ਸੰਘਰਸ਼ ਜਾਰੀ ਰੱਖਣ ਦਾ ਫੈਸਲਾ

**ਲੌਂਗੋਵਾਲ/ਮਾਨਸਾ (ਪ੍ਰਦੀਪ ਸੱਪਲ/ਆਤਮਾ ਸਿੰਘ ਪਮਾਰ)**-ਸੁਪਰੀਮ ਕੋਰਟ ਦੇ ਗੈਰ-ਕੁਦਰਤੀ ਦਿੱਤੇ ਅਧਿਆਪਕ ਵਿਰੋਧੀ ਫੈਸਲੇ ਖਿਲਾਫ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਨੇ ਸੰਘਰਸ਼ ਜਾਰੀ ਰੱਖਣਾ ਦਾ ਅਹਿਦ ਲਿਆ ਹੈ।ਅਧਿਆਪਕਾਂ ਦੀ ਨੁਮਾਇੰਦਾ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ ਅਤੇ ਸੂਬਾ ਸਕੱਤਰ ਰੇਸ਼ਮ ਸਿੰਘ ਖੇਮੂਆਣਾ ਨੇ ਇਸ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੂਬਾ ਕਮੇਟੀ ਦੀ ਹੋਈ ਆਨਲਾਈਨ ਮੀਟਿੰਗ ਵਿੱਚ ਜਬਰੀ ਥੋਪੇ ਟੀ. ਈ. ਟੀ. ਦੇ ਮਸਲੇ ਤੇ ਪੰਜਾਬ ਸਰਕਾਰ ਦੇ ਰਵਈਏ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ।

ਆਗੂਆਂ ਨੇ ਕਿਹਾ ਕਿ ਚਲਦੇ ਸੰਘਰਸ਼ ਵਿੱਚ ਸਿੱਖਿਆ ਮੰਤਰੀ ਪੰਜਾਬ ਸਰਕਾਰ ਵੱਲੋਂ ਜਥੇਬੰਦੀਆਂ ਨਾਲ ਮੀਟਿੰਗਾਂ ਵਿੱਚ ਵਾਅਦੇ ਕੀਤੇ ਸਨ ਕਿ ਟੀਈਟੀ ਦੇ ਫੈਸਲੇ ਖਿਲਾਫ ਸੁਪਰੀਮ ਕੋਰਟ ਵਿੱਚ ਰੀਵਿਊ ਪਟੀਸ਼ਨ ਪਾਈ ਜਾਵੇਗੀ, ਵਿਧਾਨ ਸਭਾ ਵਿੱਚ ਅਧਿਆਪਕਾਂ ਦੇ ਹੱਕ ਵਿੱਚ ਬਿੱਲ ਪਾਸ ਪਾਸ ਕੀਤਾ ਜਾਵੇਗਾ ਪਰ ਇਸਦੇ ਉਲਟ ਸਿੱਖਿਆ ਵਿਭਾਗ ਵੱਲੋਂ ਅਧਿਆਪਕਾਂ ਦੀ ਸੁਰੱਖਿਆ ਕਰਦੇ 2017 ਦੇ ਨੋਟੀਫਿਕੇਸ਼ਨ ਰੱਦ ਨੂੰ ਕਰਨਾ ਅਤੇ ਹਾਈਕੋਰਟ ਵਿੱਚ ਡਾਇਰੈਕਟਰ ਸਿੱਖਿਆ ਵਿਭਾਗ ਦੁਆਰਾ ਟੀਈਟੀ ਪਾਸ ਤੋਂ ਬਿਨਾਂ ਪ੍ਰਮੋਸ਼ਨਾਂ ਨਾ ਕਰਨ ਦੇ ਦਿੱਤੇ ਹਲਫਨਾਮੇ ਤੋਂ ਜ਼ਾਹਿਰ ਹੋ ਗਿਆ ਹੈ ਕਿ ਸਰਕਾਰ ਅਤੇ ਸਿੱਖਿਆ ਵਿਭਾਗ ਅਧਿਆਪਕਾਂ ਨਾਲ ਵਾਅਦਾ ਖਿਲਾਫੀ ਕਰ ਰਿਹਾ ਹੈ।ਹੁਣ ਅਧਿਆਪਕਾਂ ਉਪਰ ਜ਼ਬਰੀ ਥੋਪੇ ਜਾ ਰਹੇ ਵਿਭਾਗੀ ਟੀਈਟੀ ਦੇ ਟੈਸਟ ਨੂੰ ਲੈ ਕੇ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਤਿੱਖਾ ਸੰਘਰਸ਼ ਅੱਗੇ ਵੀ ਜਾਰੀ ਰੱਖਣ ਦਾ ਫ਼ੈਸਲਾ ਲਿਆ ਹੈ।ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਸਰਵਣ ਸਿੰਘ ਔਜਲਾ, ਮੀਤ ਪ੍ਰਧਾਨ ਸੁਖਵਿੰਦਰ ਸੁੱਖੀ, ਸੰਯੁਕਤ ਸਕੱਤਰ ਦਲਜੀਤ ਸਮਰਾਲਾ, ਵਿਤ ਸਕੱਤਰ ਜਸਵਿੰਦਰ ਬਠਿੰਡਾ, ਪ੍ਰੈਸ ਸਕੱਤਰ ਲਖਵੀਰ ਮੁਕਤਸਰ ਅਤੇ ਸਹਾਇਕ ਪ੍ਰੈਸ ਸਕੱਤਰ ਰਾਜਵਿੰਦਰ ਸਿੰਘ ਬੈਹਣੀਵਾਲ ਨੇ ਦੱਸਿਆ ਕਿ ਅਧਿਆਪਕਾਂ ਦੀਆਂ 14 ਜਥੇਬੰਦੀਆਂ ਵੱਲੋਂ ਵਿਭਾਗੀ ਟੀਈਟੀ ਦੇ ਖਿਲਾਫ 6 ਅਤੇ 7 ਅਪ੍ਰੈਲ ਨੂੰ ਜ਼ਿਲਾ ਪੱਧਰ ਤੇ ਸਰਕਾਰ ਦੀ ਅਰਥੀ ਫੂਕੇ ਜਾਣ ਦੇ ਪ੍ਰੋਗਰਾਮ ਵਿੱਚ ਡੀ. ਟੀ. ਐੱਫ਼. ਪੰਜਾਬ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ 14 ਅਧਿਆਪਕ ਜਥੇਬੰਦੀਆਂ ਦੇ ਸਹਿਯੋਗ ਨਾਲ ਸੰਘਰਸ਼ ਨੂੰ ਅੱਗੇ ਵਧਾਉਂਦੇ ਹੋਏ 6-7 ਅਪਰੈਲ ਦੇ ਜ਼ਿਲ੍ਹਾ ਪੱਧਰੀ ਪ੍ਰੋਗਰਾਮ ਤੋਂ ਬਾਅਦ ਸੂਬਾ ਪੱਧਰੀ ਐਕਸ਼ਨ ਵਾਸਤੇ ਭਰਾਤਰੀ ਜਥੇਬੰਦੀਆਂ ਨਾਲ ਵਿਚਾਰ ਕਰਕੇ ਸੂਬਾ ਪੱਧਰੀ ਪ੍ਰੋਗਰਾਮ ਦਿੱਤਾ ਜਾਵੇਗਾ ਅਤੇ ਜੇਕਰ ਇਸ ਬੇਲੋੜੇ ਅਤੇ ਜਬਰੀ ਥੋਪੇ ਟੀਈਟੀ ਕਾਰਨ ਕਿਸੇ ਵੀ ਅਧਿਆਪਕ ਦੀ ਨੌਕਰੀ ਜਾਂ ਪ੍ਰੋਮੋਸ਼ਨ ਉੱਪਰ ਕੋਈ ਖਤਰਾ ਆਉਂਦਾ ਹੈ ਤਾਂ ਜਥੇਬੰਦੀ ਉਸ ਅਧਿਆਪਕ ਦੀ ਜੀਅ-ਜਾਨ ਨਾਲ ਮੱਦਦ ਕਰੇਗੀ।ਉਨ੍ਹਾਂ ਅਧਿਆਪਕਾਂ ਨੂੰ ਵਿਸ਼ਵਾਸ ਦਿਵਾਇਆ ਕਿ ਕਿਸੇ ਵੀ ਅਧਿਆਪਕ ਦੀ ਨੌਕਰੀ ਨਹੀਂ ਜਾਣ ਦਿੱਤੀ ਜਾਵੇਗੀ।ਇਸ ਮੀਟਿੰਗ ਵਿੱਚ ਸੂਬਾ ਮੀਤ ਪ੍ਰਧਾਨ ਸੂਬਾ ਕਮੇਟੀ ਮੈਂਬਰ ਜਗਵੀਰਨ ਕੌਰ, ਬਲਜਿੰਦਰ ਸਿੰਘ ਬਠਿੰਡਾ, ਕਰਮਜੀਤ ਸਿੰਘ ਤਾਮਕੋਟ, ਹਰਭਗਵਾਨ ਸਿੰਘ ਗੁਰਨੇ, ਤਲਵਿੰਦਰ ਸਿੰਘ ਖਰੌੜ, ਜਗਵਿੰਦਰ ਸਿੰਘ, ਪਲਵਿੰਦਰ ਸਿੰਘ ਰੰਧਾਵਾ, ਦਲਜੀਤ ਸਿੰਘ ਸਮਰਾਲਾ, ਹਰਜੀਤ ਸਿੰਘ ਸਧਾਰ, ਅਵਤਾਰ ਲਾਲ, ਚਰਨਜੀਤ ਸਿੰਘ ਕਪੂਰਥਲਾ, ਸੁਖਪਾਲਜੀਤ ਸਿੰਘ ਮੋਗਾ, ਜੀਵਨ ਸਿੰਘ ਮੁਕਤਸਰ ਸਾਹਿਬ, ਹਰਜਿੰਦਰ ਸਿੰਘ ਅਨੂਪਗੜ੍ਹ, ਪਰਵਿੰਦਰ ਸਿੰਘ ਫਤਿਹਗੜ੍ਹ ਸਾਹਿਬ, ਦਾਤਾ ਸਿੰਘ ਨਮੋਲ ਵੱਲੋਂ ਫੋਨ ਉਪਰ ਸਹਿਮਤੀ ਪ੍ਰਗਟ ਕੀਤੀ ਗਈ।

## ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦਾ ਨਤੀਜਾ ਸ਼ਾਨਦਾਰ

**ਸਮਾਣਾ (ਗੁਰਪਿਆਰ ਸਿੰਘ ਬੱਲ)**-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿੱਚ ਸਾਲਾਨਾ ਨਤੀਜਾ ਐਲਾਨਿਆ ਗਿਆ।11 ਗਰੇਡ ਵਾਲੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਸਮੇਂ ਸਕੂਲ ਦੇ ਅਧਿਆਪਕਾਂ ਦੀ ਮਿਹਨਤ ਅਤੇ ਬੱਚਿਆਂ ਦੇ ਨਤੀਜਿਆਂ ਨੂੰ ਦੇਖ ਕੇ ਮਾਪਿਆਂ ਵੱਲੋਂ ਸਮੂਹ ਸਕੂਲ ਸਟਾਫ ਤੇ ਪ੍ਰਬੰਧਕ ਕਮੇਟੀ ਨੂੰ ਵਧਾਈ ਦਿੱਤੀ ਗਈ।ਇਸ ਮੌਕੇ ਸਕੂਲ ਪ੍ਰਧਾਨ ਪਰਦੁਮਨ ਸਿੰਘ ਵਿਰਕ, ਜਨਰਲ ਸਕੱਤਰ ਬਲਵਿੰਦਰ ਸਿੰਘ, ਸੀਨੀਅਰ ਵਾਈਸ-ਪ੍ਰਧਾਨ ਗੁਲਜਾਰ ਸਿੰਘ, ਵਾਈਸ-ਪ੍ਰਧਾਨ ਜਸਵੰਤ ਸਿੰਘ, ਸਕੂਲ ਪ੍ਰਬੰਧਕ ਕਮੇਟੀ ਦੇ ਮੈਂਬਰ ਗੁਰਦੇਵ ਸਿੰਘ, ਬਾਬਾ ਸਾਹਿਬ ਸਿੰਘ, ਕੁਲਦੀਪ ਸਿੰਘ, ਸਕੂਲ ਪ੍ਰਿੰਸੀਪਲ ਸੁਨੀਤਾ ਰਾਣੀ, ਬਲਬੀਰ ਸਿੰਘ ਧਾਰੀਵਾਲ ਅਤੇ ਸਮੂਹ ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਸੁਨਹਿਰੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

## 'ਆਪ' 'ਚ ਸ਼ਾਮਲ ਹੋਣ ਵਾਲਿਆਂ ਨੂੰ ਬਣਦਾ ਸਤਿਕਾਰ ਦਿੱਤਾ ਜਾਵੇਗਾ : ਡਾ. ਅਮਨਦੀਪ ਕੌਰ ਅਰੋੜਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਵਾਰਡ ਨੰਬਰ 27 ਦੇ ਬਾਬਾ ਵਧਾਵਾ ਸਿੰਘ ਨਗਰ ਵਿਖੇ ਆਯੋਜਿਤ 'ਜਨ ਸੰਵਾਦ' ਸਮਾਗਮ ਦੌਰਾਨ, ਸਥਾਨਕ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦੀ ਅਗਵਾਈ ਹੇਠ ਵਾਰਡ ਦੀਆਂ ਸੈਂਕੜੇ ਔਰਤਾਂ ਨੇ ਕਾਂਗਰਸ ਪਾਰਟੀ ਨੂੰ ਅਲਵਿਦਾ ਕਿਹਾ ਅਤੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਈਆਂ।ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦੁਆਰਾ ਉਨ੍ਹਾਂ ਦਾ ਰਸਮੀ ਤੌਰ 'ਤੇ ਪਾਰਟੀ ਵਿੱਚ ਸਵਾਗਤ ਕੀਤਾ ਗਿਆ, ਜਿਨ੍ਹਾਂ ਨੇ ਉਨ੍ਹਾਂ ਨੂੰ ਸਿਰੋਪਾ ਨਾਲ ਸਨਮਾਨਿਤ ਕੀਤਾ।ਇਸ ਮੌਕੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਇਲਾਕਾ ਨਿਵਾਸੀਆਂ ਨਾਲ ਗੱਲਬਾਤ ਕੀਤੀ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਤੋਂ ਪ੍ਰੇਰਿਤ ਹੋ ਕੇ, ਸੈਂਕੜੇ ਔਰਤਾਂ ਨੇ ਕਾਂਗਰਸ ਪਾਰਟੀ ਛੱਡ ਕੇ ਆਮ ਆਦਮੀ ਪਾਰਟੀ ਪਰਵਾਰ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ।ਉਨ੍ਹਾਂ ਅੱਗੇ ਕਿਹਾ ਕਿ ਉਹ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਪਰਵਾਰਾਂ ਦਾ ਨਿੱਘਾ ਸਵਾਗਤ ਕਰਦੀਆਂ ਹਨ, ਉਨ੍ਹਾਂ ਨੂੰ ਭਰੋਸਾ ਦਿਵਾਉਂਦੀਆਂ ਹਨ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰੇਕ ਵਿਅਕਤੀ ਨੂੰ ਉਹ ਸਤਿਕਾਰ ਅਤੇ ਸਨਮਾਨ ਦਿੱਤਾ ਜਾਵੇਗਾ ਜਿਸਦੇ ਉਹ ਹੱਕਦਾਰ ਹਨ।ਇਸ ਸਮਾਗਮ ਵਿੱਚ ਨਗਰ ਨਿਗਮ ਦੇ ਮੇਅਰ ਪ੍ਰਵੀਨ ਸ਼ਰਮਾ, ਵਾਰਡ ਇੰਚਾਰਜ ਟੋਨੀ, ਲਵਲੀ ਸਿੰਗਲਾ (ਮਹਿਲਾ ਵਿੰਗ), ਵਜਿੰਦਰ ਵਿਪਿਨ, ਬਲਾਕ ਪ੍ਰਧਾਨ ਪੂਨਮ, ਸਾਬਕਾ ਕੌਂਸਲਰ ਅਤੇ ਰਾਜਨੀਤਿਕ ਸਕੱਤਰ ਦਵਿੰਦਰ ਤਿਵਾੜੀ, ਯੂਥ ਆਗੂ ਵਿੱਕੀ ਦੌਧਰੀਆ, ਪਰਮਿੰਦਰ ਸਿੰਘ ਅਤੇ ਰਾਜਦੀਪ ਕੌਰ ਸਮੇਤ ਵੱਡੀ ਗਿਣਤੀ ਵਿੱਚ ਵਾਰਡ ਨਿਵਾਸੀ ਮੌਜੂਦ ਸਨ।

## ਅੰਤਰ-ਜ਼ਿਲ੍ਹਾ ਵਹੀਕਲ ਚੋਰ ਗਰੋਹ ਦੇ 4 ਮੈਂਬਰ ਗ੍ਰਿਫ਼ਤਾਰ, 10 ਮੋਟਰਸਾਈਕਲ ਬਰਾਮਦ



**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਫਰੀਦਕੋਟ ਪੁਲਸ ਨੇ ਵਹੀਕਲ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਇੱਕ ਖਤਰਨਾਕ ਗਰੋਹ ਦਾ ਪਰਦਾਫਾਸ਼ ਕਰਦਿਆਂ 4 ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਹੈ।ਪੁਲਸ ਨੇ ਇਨ੍ਹਾਂ ਦੇ ਕਬਜ਼ੇ ਵਿੱਚੋਂ ਵੱਖ-ਵੱਖ ਥਾਵਾਂ ਤੋਂ ਚੋਰੀ ਕੀਤੇ ਗਏ 10 ਮੋਟਰਸਾਈਕਲ ਬਰਾਮਦ ਕੀਤੇ ਹਨ।ਐਸ.ਐਸ.ਪੀ. ਫਰੀਦਕੋਟ ਡਾ. ਪ੍ਰਗਿਆ ਜੈਨ ਨੇ ਦੱਸਿਆ ਕਿ ਇਹ ਕਾਰਵਾਈ ਜ਼ਿਲ੍ਹੇ ਵਿੱਚ ਅਪਰਾਧਿਕ ਅਨਸਰਾਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਅਮਲ ਵਿੱਚ ਲਿਆਂਦੀ ਗਈ ਹੈ।ਪੁਲਸ ਅਨੁਸਾਰ ਫੜੇ ਗਏ ਮੁਲਜ਼ਮ ਪੇਸ਼ੇਵਰ ਅਪਰਾਧੀ ਹਨ, ਜਿਨ੍ਹਾਂ ਦੀ ਪਛਾਣ ਕੁਲਵਿੰਦਰ ਸਿੰਘ ਉਰਫ ਬੱਚੀ (20 ਸਾਲ), ਵਾਸੀ ਕੋਟਕਪੂਰਾ, ਸਾਜਨ (20 ਸਾਲ) ਵਾਸੀ ਕੋਟਕਪੂਰਾ, ਸਾਗਰ ਕੁਮਾਰ (28 ਸਾਲ) ਵਾਸੀ ਕੋਟਕਪੂਰਾ, ਰਮਨਦੀਪ ਸਿੰਘ ਉਰਫ ਰਮਨ (28 ਸਾਲ) ਵਾਸੀ ਲੰਬੀ (ਸ੍ਰੀ ਮੁਕਤਸਰ ਸਾਹਿਬ) ਵਜੋਂ ਹੋਈ।ਫੜੇ ਗਏ ਮੁਲਜ਼ਮਾਂ ਦਾ ਕ੍ਰਿਮੀਨਲ ਰਿਕਾਰਡ ਕਾਫੀ ਖੌਫਨਾਕ ਹੈ।ਇਨ੍ਹਾਂ ਖਿਲਾਫ ਪਹਿਲਾਂ ਵੀ ਚੋਰੀ ਤੇ ਲੁੱਟ-ਖੋਹ ਵਰਗੇ 17 ਸੰਗੀਨ ਮੁਕੱਦਮੇ ਦਰਜ ਹਨ।ਤਾਜ਼ਾ ਮਾਮਲੇ ਵਿੱਚ ਥਾਣਾ ਸਿਟੀ ਫਰੀਦਕੋਟ ਵਿਖੇ ਬੀ ਐੱਨ ਐੱਸ ਦੀਆਂ ਧਾਰਾਵਾਂ 303 (2) ਤੇ 317 (2) ਤਹਿਤ ਮੁਕੱਦਮਾ ਨੰਬਰ 147 ਦਰਜ ਕੀਤਾ ਗਿਆ ਹੈ।ਐਸ.ਐਸ.ਪੀ. ਡਾ. ਪ੍ਰਗਿਆ ਜੈਨ ਨੇ ਦੁਹਰਾਇਆ ਕਿ ਫਰੀਦਕੋਟ ਪੁਲਸ ਅਮਨ-ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਲਈ ਵਚਨਬੱਧ ਹੈ ਤੇ ਕਿਸੇ ਵੀ ਸ਼ਰਾਰਤੀ ਅਨਸਰ ਨੂੰ ਬਖਸ਼ਿਆ ਨਹੀਂ ਜਾਵੇਗਾ।

## ਬੁਆਇਲਰ 'ਚ ਅੱਗ ਲੱਗਣ ਕਾਰਨ ਫੈਕਟਰੀ ਦਾ ਵੱਡਾ ਆਰਥਿਕ ਨੁਕਸਾਨ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਨੇੜਲੇ ਪਿੰਡ ਭੱਟੀਆਂ ਵਿਖੇ ਅਹਾਰ ਫੂਡ ਫੈਕਟਰੀ ਵਿਚ ਬੀਤੀ ਰਾਤ



ਬੁਆਇਲਰ ਅੰਦਰ ਅੱਗ ਲੱਗਣ ਕਾਰਨ ਵੱਡਾ ਆਰਥਿਕ ਨੁਕਸਾਨ ਹੋਣ ਦਾ ਸਮਾਚਾਰ ਸਾਹਮਣੇ ਆਇਆ ਹੈ। ਮਿੱਲ ਦੇ ਮੈਨੇਜਰ ਨੇ ਦੱਸਿਆ ਕਿ ਰਾਤ 12.10 ਵਜੇ ਫੈਕਟਰੀ ਦੇ ਬੁਆਇਲਰ 'ਚ ਅੱਗ ਲੱਗ ਗਈ ਤਾਂ ਉਨ੍ਹਾਂ ਤੁਰੰਤ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਬੁਲਾਈਆਂ। ਉਨ੍ਹਾਂ ਕਿਹਾ ਕਿ ਲੁਧਿਆਣਾ, ਸਮਰਾਲਾ ਸਮੇਤ 3 ਫਾਇਰ ਬ੍ਰਿਗੇਡ ਗੱਡੀਆਂ ਮੌਕੇ 'ਤੇ ਪੁੱਜੀਆਂ ਜਿਨ੍ਹਾਂ ਕਰੀਬ 7-8 ਘੰਟੇ ਦੀ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ। ਇਸ ਹਾਦਸੇ ਵਿਚ ਜਾਨੀ ਨੁਕਸਾਨ ਤੋਂ ਬਚਾਅ ਰਿਹਾ ਕਿਉਂਕਿ ਅੱਗ ਲੱਗਣ ਸਮੇਂ ਜੋ ਵੀ ਮੁਲਾਜ਼ਮ ਕੰਮ ਕਰਦੇ ਸਨ ਉਹ ਬਾਹਰ ਕੱਢ ਲਏ ਗਏ। ਮੈਨੇਜਰ ਅਨੁਸਾਰ ਫੈਕਟਰੀ ਵਿਚ ਅੱਗ ਲੱਗਣ ਦੇ ਕਾਰਨਾਂ ਦਾ ਅਜੇ ਸਪੱਸ਼ਟ ਪਤਾ ਨਹੀਂ ਲੱਗਿਆ। ਉਨ੍ਹਾਂ ਦੱਸਿਆ ਕਿ ਅੱਗ ਲੱਗਣ ਕਾਰਨ ਜੋ ਆਰਥਿਕ ਨੁਕਸਾਨ ਹੋਇਆ ਹੈ ਉਸਦਾ ਵੀ ਅੰਦਾਜ਼ਾ ਲਗਾਇਆ ਜਾ ਰਿਹਾ ਹੈ।

## ਸਵਾਮੀ ਰੂਪ ਚੰਦ ਜੈਨ ਸਕੂਲ ਵੱਲੋਂ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ



**ਜਗਰਾਉਂ (ਅਮਿਤ ਖੰਨਾ)**-ਸਵਾਮੀ ਰੂਪ ਚੰਦ ਜੈਨ ਸਕੂਲ ਹਰ ਸਾਲ ਆਪਣੇ ਹਰ ਦਿਨ ਤਿਉਹਾਰ ਨੂੰ ਬੜੀ ਖੂਬਸੂਰਤੀ ਨਾਲ ਖੂਬਸੂਰਤ ਅੰਦਾਜ਼ ਦੇ ਵਿੱਚ ਪੇਸ਼ ਕਰਦੇ ਹਨ, ਇਹ ਸਾਲ ਵੀ ਪ੍ਰਿੰਸੀਪਲ ਰਾਜਪਾਲ ਕੌਰ ਦੀ ਯੋਗ ਅਗਵਾਈ ਅਤੇ ਸਮੂਹ ਮੈਨੇਜਮੈਂਟ ਦੇ ਸਹਿਯੋਗ ਨਾਲ 2026-27 ਦੇ ਸੈਸ਼ਨ ਦੀ ਸ਼ੁਰੂਆਤ ਬਹੁਤ ਹੀ ਧਾਰਮਿਕ ਅਤੇ ਅਧਿਆਤਮਿਕ ਮਾਹੌਲ ਵਿੱਚ ਕੀਤੀ ਗਈ।ਇਸ ਦਿਨ ਦੀ ਸ਼ੁਰੂਆਤ ਪ੍ਰਿੰਸੀਪਲ ਰਾਜਪਾਲ ਕੌਰ, ਸਮੂਹ ਮੈਨੇਜਮੈਂਟ ਅਤੇ ਅਧਿਆਪਕਾਂ ਵੱਲੋਂ ਸਮੂਹਿਕ ਰੂਪ ਵਿੱਚ ਸ੍ਰੀ ਸੁਖਮਨੀ ਸਾਹਿਬ, ਅਨੰਦ ਸਾਹਿਬ, ਚੌਪਈ ਸਾਹਿਬ ਦੇ ਪਾਠ ਨਾਲ ਹੋਈ।ਇਸ ਤੋਂ ਬਾਅਦ ਰੂਹਾਨੀ ਭਗਤੀ ਮਈ ਗੀਤ ਸੰਗੀਤ ਨੇ ਸਮੂਹਿਕ ਗਾਨ ਨੇ ਮਾਹੌਲ ਨੂੰ ਭਗਤੀਮਈ ਤੇ ਅਲੌਕਿਕ ਬਣਾ ਦਿੱਤਾ।ਉਪਰੰਤ ਸਾਰੇ ਵਿਦਿਆਰਥੀਆਂ ਦੀ ਕਾਮਯਾਬ ਭਵਿੱਖ ਲਈ ਵਿਸ਼ੇਸ਼ ਅਰਦਾਸ ਕੀਤੀ ਗਈ।ਇਸ ਦੌਰਾਨ ਸਕੂਲ ਪ੍ਰਬੰਧਕਾਂ ਅਧਿਆਪਕਾਂ ਤੇ ਸਟਾਫ ਮੈਂਬਰਾਂ ਨੇ ਨਵੇਂ ਸੈਸ਼ਨ ਦੀ ਸਫਲਤਾ ਲਈ ਪ੍ਰਭੂ ਅੱਗੇ ਅਰਦਾਸ ਕੀਤੀ ਪਾਠ ਸਮਾਪਤੀ ਉਪਰੰਤ ਸਾਰੇ ਸਟਾਫ ਮੈਂਬਰਾਂ ਨੂੰ ਕੜਾਹ ਪ੍ਰਸ਼ਾਦ ਦੀ ਦੇਗ ਵਰਤਾਈ ਗਈ ਅਤੇ ਬਾਅਦ ਵਿੱਚ ਸਭ ਲਈ ਲੰਚ ਦਾ ਪ੍ਰਬੰਧ ਵੀ ਕੀਤਾ ਗਿਆ।ਇਸ ਨਾਲ ਸਾਰਿਆਂ ਵਿੱਚ ਖੁਸ਼ੀ ਅਤੇ ਏਕਤਾ ਦਾ ਮਾਹੌਲ ਬਣਿਆ ਰਿਹਾ।ਇਹ ਸਮੇਂ ਪ੍ਰਿੰਸੀਪਲ ਰਾਜਪਾਲ ਕੌਰ ਨੇ ਖੁਸ਼ੀ ਖੁਸ਼ੀ ਸਾਰੇ ਅਧਿਆਪਕਾਂ ਨੂੰ ਨਵੇਂ ਸੈਸ਼ਨ ਲਈ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆ ਅਤੇ ਵਿਦਿਆਰਥੀਆਂ ਦੀ ਬਿਹਤਰ ਸਿੱਖਿਆ ਲਈ ਮਿਲਜੁਲ ਕੇ ਲਗਨ ਅਤੇ ਮਿਹਨਤ ਨਾਲ ਕੰਮ ਕਰਨ ਦੀ ਪ੍ਰੇਰਨਾ ਦਿੱਤੀ ਤੇ ਨਵੇਂ ਸੈਸ਼ਨ ਲਈ ਟਾਈਮ ਟੇਬਲ ਸਾਂਝਾ ਕੀਤਾ ਅਧਿਆਪਕਾਂ ਨੂੰ ਲੜੀਂਦੇ ਸਟੇਸ਼ਨਰੀ ਫੋਲਡਰ ਦਿੱਤੇ।ਕਲਾਸਾਂ ਤੇ ਅਕਾਦਮਿਕ ਯੋਜਨਾ ਬਾਰੇ ਮਹੱਤਵਪੂਰਨ ਜਾਣਕਾਰੀ ਵੀ ਦਿੱਤੀ, ਨਾਲ ਹੀ ਉਨ੍ਹਾਂ ਨੇ ਆਉਣ ਵਾਲੇ ਸਾਲ ਲਈ ਅਧਿਆਪਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਸਮੂਹ ਮੈਨੇਜਮੈਂਟ ਵੱਲੋਂ ਇਹ ਯਕੀਨੀ ਬਣਾਇਆ ਗਿਆ ਕਿ ਵਿਦਿਆਰਥੀਆਂ ਦੇ ਭਵਿੱਖ ਨੂੰ ਉਜਵਲ ਬਣਾਉਣ ਲਈ ਹਰ ਸਹਿਯੋਗ ਦੇਣ ਲਈ ਕਿਸੇ ਤਰ੍ਹਾਂ ਦੀ ਕੋਈ ਵੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਸਾਰਿਆਂ ਨੇ ਸਕੂਲ ਮੈਨੇਜਮੈਂਟ ਦਾ ਧੰਨਵਾਦ ਕੀਤਾ ਤੇ ਇਸ ਦਿਨ ਦਾ ਸਾਰਿਆਂ ਨੇ ਮਿਲ ਕੇ ਖੂਬ ਆਨੰਦ ਵੀ ਮਾਣਿਆ।ਇਹ ਦਿਨ ਮਿੱਠੀਆਂ ਯਾਦਾਂ ਦੇ ਨਾਲ ਸਮਾਪਤ ਹੋਇਆ।

## ਮਾਤਾ ਗੁਜਰੀ ਭਲਾਈ ਕੇਂਦਰ ਬਣਿਆ 225 ਪਰਵਾਰਾਂ ਦਾ ਸਹਾਰਾ



**ਬੁਢਲਾਡਾ (ਅਸ਼ੋਕ ਲਾਕੜਾ)**-ਸਥਾਨਕ ਸਮਾਜ ਸੇਵੀ ਸੰਸਥਾ ਮਾਤਾ ਗੁਜਰੀ ਜੀ ਭਲਾਈ ਕੇਂਦਰ ਵੱਲੋਂ ਅਪਨਾਏ 225 ਲੋੜਵੰਦ ਪਰਵਾਰਾਂ ਨੂੰ ਸਾਲ ਭਰ ਲਈ ਰਾਸ਼ਨ ਕਾਰਡਾਂ ਦੀ ਵੰਡ ਸ੍ਰੀ ਸੁਖਮਨੀ ਸਾਹਿਬ ਜੀ ਦੇ ਸਮਾਗਮ ਉਪਰੰਤ ਸ਼ੁਰੂ ਕੀਤੀ ਗਈ।ਸੰਸਥਾ ਆਗੂ ਮਾਸਟਰ ਕੁਲਵੰਤ ਸਿੰਘ ਸਿੰਘ ਅਤੇ ਕੁਲਦੀਪ ਸਿੰਘ ਅਨੇਜਾ ਨੇ ਦੱਸਿਆ ਦੱਸਿਆ ਕਿ ਮਾਤਾ ਗੁਜਰੀ ਜੀ ਭਲਾਈ ਕੇਂਦਰ ਵੰਡ ਛਕੋ ਦੇ ਸੰਦੇਸ਼ ਤੇ ਚਲਦੀ ਹੋਈ 2015 ਤੋਂ ਵਿਧਵਾ ਅਤੇ ਅੰਗਹੀਣ ਬੇਸਹਾਰਾ ਲੋੜਵੰਦ 225 ਪਰਵਾਰਾਂ ਨੂੰ ਮਹੀਨਾਵਾਰ ਰਾਸ਼ਨ ਬੱਚਿਆਂ ਦਾ ਪੜ੍ਹਾਈ ਖਰਚਾ, ਦਵਾਈ ਖਰਚਾ, ਮਕਾਨਾਂ ਦੀ ਮੁਰੰਮਤ ਅਤੇ ਬੱਚੀਆਂ ਦੇ ਵਿਆਹ ਆਦਿ ਸੇਵਾਵਾਂ ਦਿੰਦੀ ਹੈ। ਸੰਸਥਾ ਮੈਂਬਰ ਕੁਲਵਿੰਦਰ ਸਿੰਘ ਈ ਓ ਅਤੇ ਸੁਖਦਰਸ਼ਨ ਸਿੰਘ ਕੁਲਾਨਾ ਨੇ ਦੱਸਿਆ ਕਿ ਸੰਸਥਾ ਦੇ ਹੋਰ ਵੀ ਕਈ ਕਾਰਜ ਹਨ।ਮਰੀਜ਼ਾਂ ਦਾ ਇਲਾਜ, ਮਕਾਨਾਂ, ਸੜਕਾਂ ਦੀ ਮੁਰੰਮਤ, ਪਾਣੀਆਂ ਦੀ ਸੇਵਾ, ਸ਼ਵ ਵੈਨ ਅਤੇ ਪਾਲਕੀ ਸਾਹਿਬ ਦੀ ਸੇਵਾ ਸਮੇਤ 41 ਪ੍ਰੋਜੈਕਟ ਹਨ। ਮਹਿਲਾ ਦਿਵਸ ਮੌਕੇ 8 ਮਾਰਚ ਨੂੰ 13 ਲੋੜਵੰਦ ਬੱਚੀਆਂ ਦੇ ਵਿਆਹ ਵੀ ਕੀਤੇ ਗਏ ਸਨ। ਇਹ ਸਭ ਕੁਝ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਹੀ ਹੋ ਰਿਹਾ ਹੈ। ਉਹਨਾਂ ਦੱਸਿਆ ਕਿ 6 ਅਪ੍ਰੈਲ ਨੂੰ ਮਹਾਂਪੁਰਸ਼ ਸੰਤ ਬਲਬੀਰ ਸਿੰਘ ਜੀ ਸੀਚੇਵਾਲ ਲੋੜਵੰਦ ਬੱਚਿਆਂ ਲਈ ਬਣਾਈ ਜਾ ਰਹੀ ਸ਼ਹੀਦ ਭਗਤ ਸਿੰਘ ਮੈਮੋਰੀਅਲ ਲਾਇਬ੍ਰੇਰੀ ਦਾ ਨੀਂਹ ਪੱਥਰ ਰੱਖਣ ਆ ਰਹੇ ਹਨ। ਅੱਜ ਸਮਾਗਮ ਉਪਰੰਤ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਾਰਡਾਂ ਦੇ ਨਾਲ ਦੋ ਦੋ ਸੂਟ ਅਤੇ ਪੜ੍ਹਦੇ ਬੱਚਿਆਂ ਲਈ ਸਟੇਸ਼ਨਰੀ ਵੀ ਦਿੱਤੀ ਗਈ।

## ਰੋਟੇਰੀਅਨਜ਼ ਵੱਲੋਂ ਡੇ ਕੇਅਰ ਸੈਂਟਰ ਸੀ ਐੱਫ ਸੀ ਭਵਨ ਫ਼ਤਿਹਪੁਰ ਅਰਾਈਆਂ ਦਾ ਦੌਰਾ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਨਕੇਸ਼ ਜਿੰਦਲ (ਰੋਟੇਰੀਅਨ ਅਤੇ ਮੈਂਬਰ, ਭਾਰਤੀ ਰਾਸ਼ਟਰੀ ਰੈੱਡ ਕ੍ਰਾਸ ਸੋਸਾਇਟੀ) ਦੀ ਅਗਵਾਈ ਹੇਠ ਅਨਿਲ ਵਰਮਾ (ਮੈਂਬਰ, ਸੀਨੀਅਰ ਸਿਟੀਜ਼ਨ ਐਸੋਸੀਏਸ਼ਨ), ਮਾਣਯੋਗ ਸੁਨੀਲ ਵੇਕਟਰ (ਰੋਟੇਰੀਅਨ) ਅਤੇ ਮਾਣਯੋਗ ਅਨੂਪ ਸਿੰਗਲਾ ਸਰਹਿੰਦ ਦੇ ਸਮਾਜਸੇਵੀਆਂ ਵੱਲੋਂ ਕਨਫੈਡਰੇਸ਼ਨ ਵੱਲੋਂ ਚਲਾਏ ਜਾ ਰਹੇ ਵਿਸ਼ੇਸ਼ ਬੱਚਿਆਂ ਦੇ ਵਿਕਾਸ ਡੇ ਕੇਅਰ ਕੇਂਦਰ, ਸੀ.ਐੱਫ.ਸੀ. ਭਵਨ, ਪਿੰਡ ਫ਼ਤਿਹਪੁਰ ਅਰਾਈਆਂ ਦਾ ਦੌਰਾ ਕੀਤਾ ਗਿਆ।ਉਨ੍ਹਾਂ ਨਾਲ ਇਸ ਪ੍ਰੋਜੈਕਟ ਨੂੰ ਚਲਾਉਣ ਦੌਰਾਨ ਆ ਰਹੀਆਂ ਮੁਸ਼ਕਲਾਂ ਅਤੇ ਲੋੜਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ।ਉਨ੍ਹਾਂ ਨੇ ਵਿਸ਼ਵਾਸ ਦਿਵਾਇਆ ਕਿ ਉਹ ਇਸ ਪ੍ਰੋਜੈਕਟ ਲਈ ਆਪਣੀ ਵੱਲੋਂ ਹਰ ਸੰਭਵ ਸਹਾਇਤਾ ਕਰਨਗੇ ਅਤੇ ਹੋਰ ਦਾਨੀ ਸੱਜਣਾਂ ਨੂੰ ਵੀ ਇਸ ਪ੍ਰੋਜੈਕਟ ਨਾਲ ਜੋੜਨ ਲਈ ਯਤਨ ਕਰਨਗੇ।ਉਨ੍ਹਾਂ ਨੇ ਬੱਚਿਆਂ ਨਾਲ ਸਮਾਂ ਬਿਤਾਇਆ ਅਤੇ ਬੱਚਿਆਂ ਨੂੰ ਫਲ ਵੀ ਵੰਡੇ ਗਏ।ਸੰਸਥਾ ਦੇ ਪ੍ਰਧਾਨ ਮਨਮੋਹਨ ਜਰਗਰ ਵੱਲੋਂ ਮਾਣਯੋਗ ਨਕੇਸ਼ ਜਿੰਦਲ ਦਾ ਸੰਸਥਾ ਨੂੰ ਮਿਲ ਰਹੇ ਉਨ੍ਹਾਂ ਦੇ ਸਹਿਯੋਗ ਲਈ ਵਿਸ਼ੇਸ਼ ਧੰਨਵਾਦ ਕੀਤਾ ਗਿਆ।ਇਸ ਮੌਕੇ ਸੰਸਥਾ ਦੇ ਪ੍ਰਧਾਨ ਮਨਮੋਹਨ ਜਰਗਰ, ਅਨਿਲ ਕੁਮਾਰ, ਜੈ ਕ੍ਰਿਸ਼ਨ ਕਸ਼ਯਪ, ਬਲਵਿੰਦਰ ਸਿੰਘ ਆਦਿ ਮੈਂਬਰ ਅਤੇ ਅਨਿਲ ਵਰਮਾ ਦੇ ਪਰਿਵਾਰਿਕ ਮੈਂਬਰ ਅਤੇ ਕੇਂਦਰ ਦੇ ਸਟਾਫ ਮੈਂਬਰ ਆਦਿ ਹਾਜ਼ਰ ਸਨ।

## ਭਾਜਪਾ ਆਗੂ ਸਤਪਾਲ ਪੰਜੋਲਾ ਵੱਲੋਂ ਸ਼੍ਰੀਨੀਵਸਲੂ ਦਾ ਸਵਾਗਤ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਵਿਧਾਨ ਸਭਾ ਹਲਕਾ ਸਨੌਰ ਦੇ ਕਸਬਾ ਦੇਵੀਗੜ੍ਹ ਵਿਖੇ ਬੀਜੇਪੀ ਪੰਜਾਬ ਦੇ ਸੰਗਠਨ ਮੰਤਰੀ ਮੰਥਰੀ ਸ਼੍ਰੀਨਿਵਾਸਲੂ ਨੂੰ ਬੀਜੇਪੀ ਵਿਕਸਿਤ ਭਾਰਤ ਜੀ ਰਾਮ ਜੀ ਸੈੱਲ ਪਟਿਆਲਾ ਦਿਹਾਤੀ ਦੀ ਸਾਰੀ ਟੀਮ ਸਮੇਤ ਬੀਜੇਪੀ ਆਗੂ ਸਤਪਾਲ ਸਿੰਘ ਪੰਜੋਲਾ ਵੱਲੋਂ ਆਇਆ ਕਿਹਾ ਗਿਆ! ਇਸ ਮੌਕੇ ਟੀਮ ਦੇ ਆਗੂ ਹਰਦੀਪ ਸਨੌਰ, ਜ਼ਿਲ੍ਹਾ ਪ੍ਰਧਾਨ ਜਸਪਾਲ ਸਿੰਘ ਗਗਰੋਲੀ, ਜਤਿੰਦਰ ਸਿੰਘ ਕੋਹਲੀ, ਜਗਦੇਵ, ਹੰਸ ਰਾਜ ਚਿੜਵਾ, ਸੋਨੀ ਮਿਸ਼ੀਗਣ, ਧਰਮਪਾਲ ਫਰੀਦਪੁਰ, ਸਰਪੰਚ ਭੁੰਗੀਆਂ ਅਤੇ ਹੋਰ ਟੀਮ ਮੈਂਬਰ ਸ਼ਾਮਲ ਸਨ।

## ਬਲਜੀਤ ਸਿੰਘ ਪੰਡੋਰੀ ਦਾ ਵੱਖ-ਵੱਖ ਸੰਸਥਾਵਾਂ ਵੱਲੋਂ ਵਿਸ਼ੇਸ਼ ਸਨਮਾਨ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸੂਚਨਾ ਤੇ ਲੋਕ ਸੰਪਰਕ ਵਿਭਾਗ ਪੰਜਾਬ ਵਿੱਚ 25 ਸਾਲ ਦੀਆਂ ਅਣਥੱਕ ਬੇਦਾਗ ਸੇਵਾਵਾਂ ਨਿਭਾਉਣ ਉਪਰੰਤ ਸੇਵਾ ਮੁਕਤ ਹੋਏ ਬਲਜੀਤ ਸਿੰਘ ਪੰਡੋਰੀ ਨੂੰ ਵੱਖ-ਵੱਖ ਸੰਸਥਾਵਾਂ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ, ਚੇਅਰਮੈਨ ਸ਼ੁਸ਼ੀਲ ਕੁਮਾਰ ਬਾਂਸਲ ਨੇ ਸਮੂਹ ਸਿੱਧੂ ਪਰਿਵਾਰ ਨੂੰ ਮੁਬਾਰਕਬਾਦ ਭੇਟ ਕੀਤੀ।

ਕਸਬਾ ਮਹਿਲ ਕਲਾਂ ਵਿਖੇ ਹੋਏ ਵਿਦਾਇਗੀ ਪਾਰਟੀ ਸਮਾਗਮ ਵਿਚ ਬਰਨਾਲਾ, ਧਨੌਲਾ, ਭਦੌੜ, ਸ਼ਹਿਣਾ ਅਤੇ ਮਹਿਲ ਕਲਾਂ ਤੋਂ ਪੱਤਰਕਾਰ ਭਾਈਚਾਰੇ ਨੇ ਭਰਵੀਂ ਸ਼ਮੂਲੀਅਤ ਕੀਤੀ।ਇਸ ਮੌਕੇ ਡੀਪੀਆਰਓ ਬਠਿੰਡਾ ਮੈਡਮ ਮੇਘਾ ਮਾਨ, ਏਪੀਆਰਓ ਬਰਨਾਲਾ ਜਗਬੀਰ ਕੌਰ, ਯੁਨਿੰਦਰ ਜੋਸ਼ੀ ਨੇ ਬਲਜੀਤ ਸਿੰਘ ਪੰਡੋਰੀ ਵੱਲੋਂ ਲਗਾਤਾਰ ਨਿਸ਼ਕਾਮ ਭਾਵਨਾ ਨਾਲ ਨਿਭਾਈਆਂ ਸ਼ਾਨਦਾਰ ਸੇਵਾਵਾਂ ਸਾਡੇ ਲਈ ਪ੍ਰੇਰਨਾ ਸਰੋਤ ਹਨ।ਸਮਾਜ ਸੇਵੀ ਸੁਖਦਰਸ਼ਨ ਸਿੰਘ ਬੋਪਾਰਾਏ, ਨਿਰਮਲ ਪੰਡੋਰੀ, ਦਰਜਾ ਚਾਰ ਮੁਲਾਜ਼ਮ ਯੂਨੀਅਨ ਵਲੋਂ ਹਰਬੰਸ ਸਿੰਘ, ਸਰਪੰਚ ਸੁਰਿੰਦਰ ਸਿੰਘ ਸਿੰਘ ਨੇ ਸਿੱਧੂ ਪਰਿਵਾਰ ਨੂੰ ਵਧਾਈ ਦਿੰਦਿਆ ਕਿਹਾ ਪੰਡੋਰੀ ਨੇ ਹਰ ਔਖੀ ਘੜੀ ਦਾ ਅਡੋਲ ਰਹਿ ਕੇ ਮੁਕਾਬਲਾ ਕੀਤਾ। ਦੁਨੀਆਂ ਦਾ ਕੋਈ ਦੀ ਲਾਲਚ ਉਨ੍ਹਾਂ ਨੂੰ ਸੱਚ ਦੇ ਰਸਤੇ ਤੋਂ ਰੋਕ ਨਹੀਂ ਸਕਿਆ।ਪ੍ਰੈਸ ਕਲੱਬ ਰਜਿ: ਮਹਿਲ ਕਲਾਂ ਦੇ ਪ੍ਰਧਾਨ ਬਲਜਿੰਦਰ ਸਿੰਘ ਢਿੱਲੋਂ ਨੇ ਬਲਜੀਤ ਸਿੰਘ ਸਿੱਧੂ ਵੱਲੋਂ ਮਹਿਕਮੇ ਦੀਆਂ ਸੇਵਾਵਾਂ ਨਿਭਾਉਣ ਦੇ ਨਾਲ ਨਾਲ ਭਾਈ ਘਨੱਈਆ ਯੁਵਕ ਸੇਵਾਵਾਂ ਕਲੱਬ ਪੰਡੋਰੀ ਰਾਹੀ ਲੋੜਵੰਦਾਂ ਮਦਦ ਦਾ ਬੀੜਾ ਚੁੱਕਿਆ।ਉਨ੍ਹਾਂ ਇਸ ਮੌਕੇ ਸਮੂਹ ਸੰਗਤਾਂ ਨੂੰ ਆਇਆਂ ਨੂੰ ਆਖਦਿਆ ਉਚੇਚਾ ਧੰਨਵਾਦ ਕੀਤਾ।ਇਸ ਮੌਕੇ ਜ਼ਿਲ੍ਹਾ ਖਜ਼ਾਨਾ ਅਫ਼ਸਰ ਬਲਵੰਤ ਸਿੰਘ ਭੁੱਲਰ, ਬਰਨਾਲਾ ਜਰਨਲਿਸਟ ਐਸੋਸੀਏਸ਼ਨ ਬਰਨਾਲਾ ਦੇ ਪ੍ਰਧਾਨ ਰਾਜਿੰਦਰ ਬਰਾੜ, ਜ਼ਿਲਾ ਇੰਚਾਰਜ ਅਜੀਤ ਗੁਰਪ੍ਰੀਤ ਸਿੰਘ ਲਾਡੀ, ਹਰਿੰਦਰਪਾਲ ਨਿੱਕਾ, ਅਵਤਾਰ ਸਿੰਘ ਅਣਖੀ, ਮੇਘ ਰਾਜ ਜੋਸ਼ੀ, ਬਘੇਲ ਸਿੰਘ ਧਾਲੀਵਾਲ, ਹੈੱਡਮਾਸਟਰ ਕੁਲਦੀਪ ਸਿੰਘ ਕਮਲ, ਜਗਸੀਰ ਸਿੰਘ ਸੰਧੂ, ਐਡਵੋਕੇਟ ਚੇਤਨ ਸ਼ਰਮਾ, ਸੰਮਤੀ ਮੈਂਬਰ ਬਲਜਿੰਦਰ ਕੌਰ ਜਲੰਧਰ, ਸਰਪੰਚ ਜਤਿੰਦਰਪਾਲ ਸਿੰਘ ਪੰਡੋਰੀ, ਕੁਲਵਿੰਦਰ ਸਿੰਘ ਮਠਾੜੂ, ਲਖਵਿੰਦਰ ਸ਼ਰਮਾ ਦੂਰਦਰਸ਼ਨ, ਬਾਬਾ ਭੁਪਿੰਦਰਪਾਲ ਸ਼ਰਮਾ, ਸੰਮਤੀ ਮੈਂਬਰ ਗੁਰਜੀਤ ਧਾਲੀਵਾਲ, ਜਗਰਾਜ ਸਿੰਘ ਮਹਿਲ ਖੁਰਦ, ਪ੍ਰੇਮ ਕੁਮਾਰ ਪਾਸੀ, ਗੁਰਮੀਤ ਸਿੰਘ ਬਰਨਾਲਾ, ਮਨੋਜ ਸ਼ਰਮਾ, ਵਿਨੋਦ ਕਲਸੀ, ਅਵਤਾਰ ਸਿੰਘ ਸ਼ਹਿਣਾ, ਸੁਰਿੰਦਰ ਸਿਓਦੌੜਾ, ਸੰਜੀਵ ਕੁਮਾਰ ਗਰਗ ਕਾਲੀ, ਕਰਮਜੀਤ ਸਾਗਰ, ਚਮਕੌਰ ਸਿੰਘ ਗੱਗੀ, ਮੰਗਲ ਠੀਕਰੀਵਾਲ, ਜਸਵੀਰ ਵਜੀਦਕੇ, ਗੁਰਮੁੱਖ ਹਮੀਦੀ, ਜਸਪਾਲ ਸਿੰਘ ਪੰਡੋਰੀ, ਕਲੱਬ ਪ੍ਰਧਾਨ ਹਰਵਿੰਦਰ ਸਿੰਘ ਸਿੱਧੂ, ਪ੍ਰਦੀਪ ਲੋਹਗੜ੍ਹ ਡਾ: ਨਰਿੰਦਰ ਸਿੰਘ ਗਿੱਲ, ਜਸਵੀਰ ਸਿੰਘ ਜੰਡਾਲੀ, ਦਰਸ਼ਨ ਸਿੰਘ ਮਹਿਲ ਕਲਾਂ, ਰਜਿੰਦਰ ਸ਼ਰਮਾ, ਜਗਤਾਰ ਸਿੰਘ ਭੋਲਾ ਆਦਿ ਹਾਜ਼ਰ ਸਨ।ਇਸ ਮੌਕੇ ਡੀਪੀਆਰਓ ਦਫ਼ਤਰ ਸਮੂਹ ਸਟਾਫ, ਪ੍ਰੈੱਸ ਕਲੱਬਾਂ, ਰਿਸ਼ਤੇਦਾਰਾਂ ਅਤੇ ਵੱਖ-ਵੱਖ ਸੰਸਥਾਵਾਂ ਵੱਲੋਂ ਬਲਜੀਤ ਸਿੰਘ ਸਿੱਧੂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

## ਸ਼੍ਰੋਮਣੀ ਅਕਾਲੀ ਦਲ ਦੀ 4 ਨੂੰ ਹੋ ਰਹੀ ਰੈਲੀ ਨੂੰ ਲੈ ਕੇ ਹਲਕਾ ਨਾਭਾ ਵਾਸੀਆਂ 'ਚ ਉਤਸ਼ਾਹ : ਲਾਲਕਾ



**ਨਾਭਾ (ਵਰਿੰਦਰ ਵਰਮਾ)**-ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਤੇ ਵਰਕਰਾਂ ਦੀ ਮੀਟਿੰਗ ਹੋਈ।ਮੀਟਿੰਗ 'ਚ 4 ਅਪ੍ਰੈਲ ਦਿਨ ਸ਼ਨੀਵਾਰ ਨੂੰ ਸਵੇਰੇ ਨਾਭਾ ਵਿਖੇ 'ਪੰਜਾਬ ਬਚਾਓ, ਸੁਖਬੀਰ ਸਿੰਘ ਬਾਦਲ ਲਿਆਓ' ਰੈਲੀ ਦੀਆਂ ਤਿਆਰੀਆਂ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਵਰਕਰਾਂ ਅਤੇ ਆਗੂਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ। ਮੀਟਿੰਗ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਮੱਖਣ ਸਿੰਘ ਲਾਲਕਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹੀ ਇਕ ਪੰਥਕ ਤੇ ਲੋਕ ਹਿੱਤਾਂ ਵਾਲੀ ਪਾਰਟੀ ਹੈ।ਉਨ੍ਹਾਂ ਕਿਹਾ ਕਿ ਕਾਂਗਰਸ ਤੇ 'ਆਪ' ਸਰਕਾਰ ਵੇਲੇ ਸੂਬੇ ਦੇ ਲੋਕਾਂ ਦੀ ਹੋਈ ਅੰਨੀ ਲੁੱਟ ਨੇ ਪੰਜਾਬੀਆਂ ਨੂੰ ਸਮਝਾ ਦਿੱਤਾ ਹੈ ਕਿ ਸੂਬੇ ਦਾ ਭਵਿੱਖ ਸ਼੍ਰੋਮਣੀ ਅਕਾਲੀ ਦਲ ਦੇ ਹੱਥਾਂ 'ਚ ਹੀ ਸੁਰੱਖਿਅਤ ਹੈ।ਮੱਖਣ ਸਿੰਘ ਲਾਲਕਾ ਨੇ ਕਿਹਾ ਕਿ ਨਾਭਾ ਵਿਖੇ ਸ਼੍ਰੋਮਣੀ ਅਕਾਲੀ ਦਲ ਦੀ ਹੋ ਰਹੀ ਰੈਲੀ ਨੂੰ ਲੈ ਕੇ ਲੋਕਾਂ ਚ ਬਹੁਤ ਉਤਸ਼ਾਹ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੀ ਅਮਨ ਕਾਨੂੰਨ ਦੀ ਸਥਿਤੀ ਦਰੁੱਸਤ ਰੱਖਣ ਵਿੱਚ ਬੁਰੀ ਤਰ੍ਹਾਂ ਨਾਕਾਮ ਹੋਈ ਹੈ।ਜਿਸ ਦਾ ਸਿੱਧਾ ਪ੍ਰਭਾਵ ਵਪਾਰੀਆਂ 'ਤੇ ਪਿਆ ਹੈ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਵਿੱਚ ਕੀਤੇ ਗਏ ਵਿਕਾਸ ਕਾਰਜਾਂ ਤੋਂ ਲੋਕ ਖੁਸ਼ ਸਨ ਅਤੇ ਹੁਣ ਮੁੜ ਤੋਂ ਪੰਜਾਬ ਦੀ ਜਨਤਾ ਆਉਣ ਵਾਲੇ 2027 ਵਿੱਚ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸਰਕਾਰ ਬਣਾਉਣਾ ਚਾਹੁੰਦੀ ਹੈ।ਇਸ ਮੌਕੇ ਗੁਰਸੇਵਕ ਸਿੰਘ ਗੋਲੂ ਸਹਿਰੀ ਪ੍ਰਧਾਨ, ਬਲਜਿੰਦਰ ਸਿੰਘ ਬੱਬੂ, ਲਾਡੀ ਲੋਹਾਰਮਾਜਰਾ ਬਾਲਕ ਸੰਮਤੀ ਮੈਂਬਰ, ਸੁਖਵਿੰਦਰ ਸਿੰਘ ਸਰਕਲ ਪ੍ਰਧਾਨ ਛੀਟਾਂਵਾਲਾ, ਅਮਰੀਕ ਸਿੰਘ ਥੂਹੀ ਸਰਕਲ ਪ੍ਰਧਾਨ, ਰਣਜੀਤ ਸਿੰਘ ਸਰਕਲ ਪ੍ਰਧਾਨ, ਸੰਜੀਵ ਸ਼ਰਮਾ ਹੈਪੀ ਬਲਾਕ ਸੰਮਤੀ ਮੈਂਬਰ, ਨਰਿੰਦਰ ਮੈਹਸ਼, ਬੱਬਲੂ ਚੌਹਾਨ, ਸਤਿਨਾਮ ਸਿੰਘ ਤੂੰਗਾ, ਨਿਰਵੇਲ ਸਿੰਘ ਸੁਧੇਵਾਲ, ਅਸੀਸ ਜਖਮੀ, ਗੁਰਤੇਜ ਸਿੰਘ ਖਨੌੜਾ ਯੂਥ ਆਗੂ, ਦੀਪਕ ਇਦੋਰਾ, ਬੱਬੂ ਵੈਦ, ਸੋਨੂ ਕੌੜਾ, ਦੇਵ ਰਾਜ ਲਾਲਕਾ, ਲੱਖਾ ਭਲਵਾਨ, ਅਮਰਜੀਤ ਸਿੰਘ ਦੁਲੱਦੀ ਆਦਿ ਹਾਜ਼ਰ ਸਨ।

# ਪੰਜਾਬ ਖੇਤ ਮਜ਼ਦੂਰ ਸਭਾ ਨੇ ਰੋਸ ਵਜੋਂ ਚਾਰ ਲੇਬਰ ਕੋਡਾਂ ਦੀਆਂ ਕਾਪੀਆਂ ਸਾੜੀਆਂ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਕੇਂਦਰੀ ਟਰੇਡ ਯੂਨੀਅਨਾਂ ਦੇ ਸੱਦੇ 'ਤੇ ਪੰਜਾਬ ਖੇਤਮਜ਼ਦੂਰ ਸਭਾ ਵੱਲੋਂ ਚਾਰ ਲੇਬਰ ਕੋਡ, ਵਿਕਸਤ ਭਾਰਤ, ਜੀ ਰਾਮ ਜੀ ਕਾਨੂੰਨ, ਬਿਜਲੀ ਸੋਧ ਬਿੱਲ-2025 ਅਤੇ ਨਿੱਜੀਕਰਨ ਵਿਰੁੱਧ ਬਾਬਾ ਤਾਰਾ ਸਿੰਘ ਮਾਰਕੀਟ ਸਰਹਾਲੀ ਕਲਾਂ ਵਿਖੇ ਕਾਮਰੇਡ ਲਖਵਿੰਦਰ ਸਿੰਘ ਦੀ ਅਗਵਾਈ ਹੇਠ ਰੋਸ ਪ੍ਰਦਰਸ਼ਨ ਕਰ ਕੇ ਚਾਰ ਲੇਬਰ ਕੋਡਾਂ ਦੀਆਂ ਕਾਪੀਆਂ ਸਾੜ ਕੇ ਕਾਲਾ ਦਿਵਸ ਮਨਾਇਆ ਗਿਆ।ਇਕੱਠ ਨੂੰ ਸੰਬੋਧਨ ਕਰਦਿਆਂ ਪੰਜਾਬ ਖੇਤ ਮਜ਼ਦੂਰ ਸਭਾ ਦੀ ਜਨਰਲ ਸਕੱਤਰ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਕਾਰਪੋਰੇਟ ਘਰਾਨਿਆਂ ਤੇ ਦੇਸ਼ੀ ਵਿਦੇਸ਼ੀ ਸਰਮਾਏਦਾਰਾਂ ਨੂੰ ਖੁਸ਼ ਕਰਨ ਲਈ ਮਜ਼ਦੂਰਾਂ ਤੋਂ ਯੂਨੀਅਨ ਬਣਾਉਣ ਤੇ ਸੰਘਰਸ਼ ਕਰਨ ਵਰਗੇ ਜਮਹੂਰੀ ਹੱਕ ਖੋਹਣ ਲਈ ਮਜ਼ਦੂਰ ਪੱਖੀ 29 ਲੇਬਰ ਕਾਨੂੰਨਾਂ ਨੂੰ ਖ਼ਤਮ ਕਰਕੇ 4 ਲੇਬਰ ਕੋਡ ਲੈ ਕੇ ਆਈ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਇਨ੍ਹਾਂ ਚਾਰ ਲੇਬਰ ਕੋਡਾਂ ਨੂੰ 1 ਅਪ੍ਰੈਲ ਤੋਂ ਲਾਗੂ ਕਰਨ ਦਾ ਐਲਾਨ ਕੀਤਾ ਹੈ।ਉਨ੍ਹਾਂ ਕਿਹਾ ਕਿ ਇਹ ਕੋਡ ਲਾਗੂ ਹੋਣ ਨਾਲ ਮਜ਼ਦੂਰਾਂ ਕੋਲ ਆਪਣੇ ਅਧਿਕਾਰਾਂ ਨੂੰ ਸੁਰੱਖਿਅਤ ਕਰਨ ਅਤੇ ਪ੍ਰਾਪਤ ਕਰਨ ਲਈ ਯੂਨੀਅਨ ਬਣਾਉਣ ਅਤੇ ਸੰਘਰਸ਼ ਕਰਨ ਦਾ ਜਮਹੂਰੀ ਅਧਿਕਾਰ ਖ਼ਤਮ ਹੋ ਜਾਵੇਗਾ।ਕੰਮ ਦਾ ਮਿਹਨਤਾਨਾ ਵਧਾਉਣ ਦੀ ਥਾਂ ਕੰਮ ਘੰਟੇ 8 ਤੋਂ 12 ਘੰਟੇ ਦੀ ਦਿਹਾੜੀ ਹੋਵੇਗੀ।ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਮਗਨਰੇਗਾ ਦੀ ਥਾਂ ਵਿਕਸਿਤ ਭਾਰਤ ਜੀ ਰਾਮ ਜੀ ਕਾਨੂੰਨ ਲੈ ਕੇ ਆਈ ਹੈ ਜਿਸ ਨਾਲ ਮਜ਼ਦੂਰਾਂ ਨੂੰ ਪਹਿਲਾਂ ਮਿਲਦਾ ਕੰਮ ਵੀ ਕਾਫੀ ਹੱਦ ਤੱਕ ਉਨ੍ਹਾਂ ਕੋਲੋਂ ਖੋਹਣ ਦੀਆਂ ਤਿਆਰੀਆਂ ਹਨ।ਬਿਜਲੀ ਸੋਧ ਬਿੱਲ 2025 ਰਾਹੀਂ ਬਿਜਲੀ ਦੀ ਵੰਡ ਦਾ ਕੰਮ ਪ੍ਰਾਈਵੇਟ ਅਦਾਰਿਆਂ ਨੂੰ ਸੌਂਪ ਦਿੱਤਾ ਜਾਵੇਗਾ ਜਿਸ ਨਾਲ ਖਪਤਕਾਰਾਂ ਦੀ ਲੁੱਟ ਬਹੁਤ ਵਧ ਜਾਵੇਗੀ ਅਤੇ ਪ੍ਰਾਈਵੇਟ ਅਦਾਰੇ ਮਨਮਰਜ਼ੀ ਕਰਨਗੇ।ਲੋਕ ਮੋਦੀ ਸਰਕਾਰ ਦੇ ਅਜਿਹੇ ਲੋਕ ਵਿਰੋਧੀ ਕਾਨੂੰਨਾਂ ਨੂੰ ਸਹਿਣ ਨਹੀਂ ਕਰਨਗੇ।ਇਸ ਦੇ ਖਿਲਾਫ਼ ਮਜ਼ਦੂਰ ਲਹਿਰ ਖੜ੍ਹੀ ਕਰਨਗੇ।ਇਸ ਮੌਕੇ ਪੰਜਾਬ ਖੇਤ ਮਜ਼ਦੂਰ ਸਭਾ ਦੇ ਆਗੂ ਕਾਮਰੇਡ ਬਲਜਿੰਦਰ ਕੌਰ, ਕਾਮਰੇਡ ਦਰਸ਼ਨ ਕੌਰ, ਕਾਮਰੇਡ ਸਿੰਦਰ ਕੌਰ, ਬੀਬੀ ਗੁਰਮੀਤ ਕੌਰ, ਬੱਗਾ ਸਿੰਘ, ਰਾਣੀ, ਮਨਜੀਤ ਕੌਰ, ਵਿੱਕੀ, ਸੁਖਵਿੰਦਰ ਕੌਰ, ਪ੍ਰੀਤਮ ਕੌਰ ਅਤੇ ਲਖਵਿੰਦਰ ਕੌਰ ਆਦਿ ਹਾਜ਼ਰ ਸਨ।

# ਅਣਪਛਾਤੇ ਲੋਕਾਂ ਵੱਲੋਂ ਘਰ 'ਤੇ ਗੋਲੀਆਂ ਚਲਾਉਣ ਨਾਲ ਇਲਾਕੇ 'ਚ ਦਹਿਸ਼ਤ ਦਾ ਮਾਹੌਲ



ਜੈਂਤੀਪੁਰ (ਸੁਖਬੀਰ ਸਿੱਧੂ)-ਪੰਜਾਬ ਵਿਚ ਆਏ ਦਿਨ ਸ਼ਰੇਆਮ ਗੋਲੀਆਂ ਚੱਲਣ, ਲੁੱਟਾਂ ਖੋਹਾ ਤੇ ਚੋਰੀ ਦੀਆਂ ਘਟਨਾਵਾਂ ਵਿਚ ਇੰਨਾ ਭਾਰੀ ਵਾਧਾ ਹੋ ਗਿਆ ਹੈ ਕਿ ਆਮ ਲੋਕਾਂ ਦਾ ਦਿਨ-ਦਿਹਾੜੇ ਚਲਣਾ ਮੁਸ਼ਕਲ ਹੋ ਗਿਆ ਹੈ ਜਿਸ ਦੀ ਤਾਜ਼ਾ ਮਿਸਾਲ ਹਲਕਾ ਮਜੀਠਾ ਦੇ ਪਿੰਡ ਸਿਆਲਕਾ 'ਚ ਬੀਤੀ ਦੇਰ ਰਾਤ ਵੇਖਣ ਨੂੰ ਮਿਲੀ ਜਦੋਂ ਕੁੱਝ ਅਣਪਛਾਤੇ ਵਿਅਕਤੀਆਂ ਵੱਲੋਂ ਘਰ 'ਤੇ ਫਾਇਰਿੰਗ ਕਰਕੇ ਮੌਕੇ ਤੋਂ ਫਰਾਰ ਹੋ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਮੌਕੇ 'ਤੇ ਇੱਕਤਰ ਕੀਤੀ ਜਾਣਕਾਰੀ ਅਨੁਸਾਰ ਘਰ ਦੇ ਮਾਲਕ ਰਛਪਾਲ ਸਿੰਘ ਪੁੱਤਰ ਸਵਰਨ ਸਿੰਘ ਨੇ ਦੱਸਿਆ ਕਿ ਘਰ 'ਤੇ ਸੋਮਵਾਰ ਕਰੀਬ ਅੱਧੀ ਰਾਤ ਦੇ ਸਮੇਂ ਮੋਟਰਸਾਈਕਲ ਤੇ ਸਵਾਰ ਕੁੱਝ ਨਕਾਬਪੋਸ਼ ਵਿਅਕਤੀ ਆਏ ਅਤੇ ਘਰ 'ਤੇ 8 ਦੇ ਕਰੀਬ ਫਾਇਰ ਕਰਕੇ ਫਰਾਰ ਹੋ ਗਏ।ਗੋਲੀਆਂ ਮੇਨ ਗੇਟ ਤੇ ਅਤੇ ਘਰ ਦੀਆਂ ਕੰਧਾਂ 'ਤੇ ਲੱਗੀਆਂ।ਜਦੋਂ ਇਹ ਘਟਨਾ ਵਾਪਰੀ ਉਸ ਵੇਲੇ ਸਾਰਾ ਪਰਿਵਾਰ ਹੀ ਘਰ ਵਿਚ ਮੌਜੂਦ ਸੀ। ਸ਼ੁਕਰ ਹੈ ਜੋ ਕਿਸੇ ਪਰਿਵਾਰ ਨਾਲ ਅਣਹੋਣੀ ਘਟਨਾ ਨਹੀਂ ਵਾਪਰੀ ਅਤੇ ਉਹ ਵਾਲ-ਵਾਲ ਬਚ ਗਏ। ਘਟਨਾ ਤੋਂ ਬਾਅਦ ਪਰਿਵਾਰ ਤੇ ਪਿੰਡ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ ਪਰ ਗੋਲੀ ਚੱਲਣ ਦਾ ਮਕਸਦ ਹਾਲੇ ਤੱਕ ਸਪੱਸ਼ਟ ਨਹੀਂ ਹੋ ਸਕਿਆ ਹੈ। ਮੌਕੇ 'ਤੇ ਥਾਣਾ ਮੱਤੇਵਾਲ ਪੁਲਸ ਪਾਰਟੀ ਨੇ ਪਹੁੰਚ ਕੇ ਖੋਲ ਨੂੰ ਕਬਜ਼ੇ ਵਿਚ ਲੈ ਕਿ ਛਾਣਬੀਣ ਸ਼ੁਰੂ ਕਰ ਦਿੱਤੀ ਹੈ।

# ਲੇਬਰ ਕੋਡ ਲਾਗੂ ਕਰਨ ਵਿਰੁੱਧ ਬਿਜਲੀ ਘਰ ਮਜੀਠਾ ਵਿਖੇ ਕਾਲਾ ਦਿਨ ਮਨਾਇਆ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਬਿਜਲੀ ਬੋਰਡ ਦੀਆਂ ਵੱਖ-ਵੱਖ ਜਥੇਬੰਦੀਆਂ ਦੇ ਸੱਦੇ 'ਤੇ ਕੇਂਦਰ ਸਰਕਾਰ ਵੱਲੋਂ ਚਾਰ ਲੇਬਰ ਕੋਡ ਲਾਗੂ ਕਰਨ ਵਿਰੁੱਧ ਬਿਜਲੀ ਘਰ ਮਜੀਠਾ ਵਿਖੇ ਕਾਲੇ ਬਿੱਲੇ ਲਾ ਕੇ ਕਾਲਾ ਦਿਨ ਮਨਾਇਆ ਗਿਆ।ਗੇਟ ਰੈਲੀ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਕਿਰਤ ਕਾਨੂੰਨਾਂ ਵਿੱਚ ਵੱਡੀ ਪੱਧਰ ਤੇ ਸੋਧ ਕਰਕੇ, ਮੁਲਾਜ਼ਮ ਮਜ਼ਦੂਰ ਪੱਖੀ ਲਗਭਗ 44 ਕਿਰਤ ਕਾਨੂੰਨ ਰੱਦ ਕਰ ਦਿੱਤੇ ਹਨ ਜੋ ਕਾਰਪੋਰੇਟ ਘਰਾਣਿਆਂ ਨੂੰ ਰਾਸ ਬੈਠਦੇ ਹਨ।ਆਗੂਆਂ ਨੇ ਕਿਹਾ ਕਿ ਪਹਿਲੇ ਕਿਰਤ ਕਾਨੂੰਨ ਕੁਝ ਹੱਦ ਤੱਕ ਮੁਲਾਜ਼ਮ ਮਜ਼ਦੂਰ ਨੂੰ ਰਾਹਤ ਦਿੰਦੇ ਸਨ, ਜਥੇਬੰਦ ਹੋਣ ਦਾ ਅਧਿਕਾਰ ਹਾਸਲ ਸੀ, ਮੈਨੇਜਮੈਂਟਾਂ ਵੱਲੋਂ ਮੰਗਾਂ ਮਸਲਿਆਂ ਦਾ ਹੱਲ ਨਾ ਕਰਨ ਦੀ ਸੂਰਤ ਵਿੱਚ ਸੰਘਰਸ਼ ਕਰਨ ਦਾ ਅਧਿਕਾਰ ਹਾਸਲ ਸੀ ਅਤੇ ਜੇਕਰ ਫਿਰ ਵੀ ਮੈਨੇਜਮੈਂਟਾਂ ਟੱਸ ਤੋਂ ਮੱਸ ਨਹੀਂ ਹੁੰਦੀਆਂ ਤਾਂ ਹੜਤਾਲ ਕਰਨ ਦਾ ਅਧਿਕਾਰ ਹਾਸਲ ਸੀ।ਕੇਂਦਰ ਸਰਕਾਰ ਨੇ ਕਾਰਪੋਰੇਟ ਘਰਾਣਿਆਂ ਪੱਖੀ ਫੈਸਲਾ ਲੈਂਦਿਆਂ ਪਹਿਲੇ ਕਿਰਤ ਕਾਨੂੰਨ ਰੱਦ ਕਰਕੇ ਚਾਰ ਲੇਬਰ ਕੋਡ ਪਾਸ ਕਰ ਦਿੱਤੇ ਹਨ।ਮੁਲਾਜ਼ਮਾਂ ਤੇ ਮਜ਼ਦੂਰਾਂ ਕੋਲੋਂ ਜਥੇਬੰਦ ਹੋਣ ਦਾ ਅਧਿਕਾਰ ਖੋਹ ਲਿਆ ਗਿਆ ਹੈ, ਲੜਨ ਵਾਲੇ ਲੋਕਾਂ ਕੋਲੋਂ ਅੰਦੋਲਨ ਕਰਨ ਅਤੇ ਹੜਤਾਲ ਕਰਨ ਦਾ ਅਧਿਕਾਰ ਵੀ ਖੋਹ ਲਿਆ ਗਿਆ ਹੈ।ਜੇਕਰ ਇਹ ਲੇਬਰ ਕੋਡ ਲਾਗੂ ਹੋ ਜਾਂਦੇ ਹਨ ਤਾਂ ਕਿਰਤੀ ਲੋਕਾਂ 12 ਘੰਟੇ ਕੰਮ ਦਿਹਾੜੀ ਕਰਨੀ ਪਵੇਗੀ।ਮਈ ਦਿਵਸ ਦੇ ਸ਼ਹੀਦਾਂ ਨੇ ਜੋ ਆਪਣੀਆਂ ਸ਼ਹੀਦੀਆਂ ਦੇ ਕੇ ਅੱਠ ਘੰਟੇ ਕੰਮ ਦਿਹਾੜੀ ਦਾ ਅਧਿਕਾਰ ਹਾਸਿਲ ਕੀਤਾ ਸੀ ਉਹ ਵੀ ਖੁੱਸ ਜਾਵੇਗਾ।ਕਾਰਪੋਰੇਟ ਘਰਾਣਿਆਂ ਦੀ ਅੰਨ੍ਹੀ ਲੁੱਟ ਅਤੇ ਅਥਾਹ ਮੁਨਾਫੇ ਕਮਾਉਣ ਲਈ ਰਾਹ ਪੱਧਰਾ ਹੋ ਜਾਵੇਗਾ।ਬੁਲਾਰਿਆਂ ਨੇ ਮੰਗ ਕੀਤੀ ਕਿ ਕਾਰਪੋਰੇਟ ਪੱਖੀ ਚਾਰ ਲੇਬਰ ਕੋਡ ਰੱਦ ਕਰਕੇ ਪਹਿਲੇ 44 ਕਿਰਤ ਕਾਨੂੰਨ ਬਹਾਲ ਰੱਖੇ ਜਾਣ।ਗੇਟ ਰੈਲੀ ਨੂੰ ਟੀ. ਐੱਸ. ਯੂ. ਦੇ ਸੂਬਾ ਪ੍ਰਧਾਨ ਕ੍ਰਿਸ਼ਨ ਸਿੰਘ ਔਲਖ, ਸਰਕਲ ਸਕੱਤਰ ਸੁਖਪਾਲ ਸਿੰਘ ਮਜੀਠਾ, ਸਰਕਲ ਕੈਸ਼ੀਅਰ ਕੁੰਦਨ ਲਾਲ ਹਰੀਆਂ, ਡਵੀਜ਼ਨ ਪ੍ਰਧਾਨ ਰਘਬੀਰ ਸਿੰਘ ਮਜੀਠਾ, ਸਬ ਡਵੀਜ਼ਨ ਪ੍ਰਧਾਨ ਗੁਰਪ੍ਰੀਤ ਸਿੰਘ ਸੋਹੀਆਂ, ਸੰਦੀਪ ਸਿੰਘ ਨਾਗ, ਏਟਕ ਦੇ ਆਗੂ ਰਕੇਸ਼ ਕੁਮਾਰ ਤਰਗੜ ਨੇ ਸੰਬੋਧਨ ਕੀਤਾ।

## ਸਿਆਲਕਾ ਵਿਖੇ ਧਾਰਮਿਕ ਸਮਾਗਮ ਕਰਵਾਇਆ

ਜੈਂਤੀਪੁਰ (ਸੁਖਬੀਰ ਸਿੱਧੂ)-ਇਥੋਂ ਨੇੜਲੇ ਪਿੰਡ ਸਿਆਲਕਾ ਵਿਖੇ ਮਨਜੀਤ ਸਿੰਘ ਬੱਬਰ ਸਿਆਲਕਾ ਦੀ ਅਗਵਾਈ ਵਿਚ ਇਕ ਧਾਰਮਿਕ ਸਮਾਗਮ ਕਰਵਾਇਆ ਗਿਆ।ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਰਾਗੀ ਢਾਡੀ ਤੇ ਕੀਰਤਨੀ ਜਥਿਆਂ ਨੇ ਗੁਰ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ।ਉਪਰੰਤ ਚਲਦੇ ਸਮਾਗਮ ਦੌਰਾਨ ਭਾਈ ਮਨਜੀਤ ਸਿੰਘ ਬੱਬਰ ਵੱਲੋਂ ਦਸਤਾਰਬੰਦੀ ਦੀ ਰਸਮ ਨਿਭਾਈ ਗਈ ਜਿਸ ਵਿਚ ਦੋ ਬੱਚਿਆਂ ਦੀ ਗੁਰੂ ਸਾਹਿਬ ਦੀ ਹਜ਼ੂਰੀ ਵਿੱਚ ਦਸਤਾਰ ਸਜਾਈ ਗਈ।ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਗਵੰਤ ਸਿੰਘ ਸਿਆਲਕਾ, ਸਰਪੰਚ ਤੇਜਿੰਦਰਪਾਲ ਕੌਰ, ਪਲਵਿੰਦਰ ਸਿੰਘ, ਬਲਵਿੰਦਰ ਸਿੰਘ, ਗੁਰਭੇਜ ਸਿੰਘ, ਕੁਲਦੀਪ ਸਿੰਘ, ਮੁਖਤਾਰ ਸਿੰਘ, ਗੋਪਾਲ ਸਿੰਘ, ਜਸਵਿੰਦਰ ਸਿੰਘ, ਕੁਲਦੀਪ ਸਿੰਘ ਸੋਨੀ, ਬਲਦੇਵ ਸਿੰਘ, ਹਰਜੀਤ ਸਿੰਘ ਇੰਦਰਜੀਤ ਸਿੰਘ, ਹਰਪਿੰਦਰ ਸਿੰਘ, ਬਚਨ ਸਿੰਘ, ਜਸਪਾਲ ਸਿੰਘ ਸਮੇਤ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।



## ਲੰਗਰੁ ਚਲੈ ਗੁਰ ਸਬਦਿ ਸੰਸਥਾ ਵੱਲੋਂ ਮਹੀਨਾਵਾਰ ਸੈਮੀਨਾਰ

ਅਟਾਰੀ, (ਸਤਬੀਰ ਭੀਲ)-ਲੰਗਰੁ ਚਲੈ ਗੁਰ ਸਬਦਿ ਸੰਸਥਾ ਵੱਲੋਂ ਮਹੀਨਾਵਾਰ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਧੰਨ-ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਗੁਰਗੱਦੀ ਦਿਹਾੜੇ ਨੂੰ ਸਮਰਪਿਤ ਕਰਵਾਇਆ ਗਿਆ ਜਿਸ ਵਿੱਚ ਵੱਖ-ਵੱਖ ਪ੍ਰਚਾਰਕਾਂ ਵੱਲੋਂ ਗੁਰੂ ਸਾਹਿਬ ਦੇ ਜੀਵਨ ਅਤੇ ਸਿੱਖਿਆਵਾਂ ਬਾਰੇ ਵਿਚਾਰ ਰੱਖੇ ਗਏ।ਸੰਸਥਾ ਦੇ ਮੁੱਖ ਸੇਵਾਦਾਰ ਭਾਈ ਸੁਖਦੀਪ ਸਿੰਘ ਚੀਚਾ ਵੱਲੋਂ ਆਏ ਹੋਏ ਇਲਾਕੇ ਦੇ ਵੱਖ-ਵੱਖ ਸ਼ਖ਼ਸੀਅਤਾਂ ਦਾ ਧੰਨਵਾਦ ਕਰਦਿਆਂ ਕਿਹਾ ਗਿਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਸੰਗਤਾਂ ਦੇ ਸਹਿਯੋਗ ਦੀ ਮੁੱਖ ਲੋੜ ਹੈ। ਇਸ ਸੰਸਥਾ ਦੇ ਸਾਰੇ ਕਾਰਜ ਸੰਗਤਾਂ ਦੇ ਸਹਿਯੋਗ ਨਾਲ ਹੀ ਕਰਵਾਏ ਜਾਂਦੇ ਹਨ ਅਤੇ ਨਾਲ ਹੀ ਉਨ੍ਹਾਂ ਵੱਲੋਂ ਬੇਨਤੀ ਕੀਤੀ ਗਈ ਕਿ ਜੋ 11 ਅਪ੍ਰੈਲ ਨੂੰ ਖ਼ਾਲਸੇ ਦੇ ਸਾਜਨਾ ਦਿਵਸ ਨੂੰ ਸਮਰਪਿਤ ਸਮਾਗਮ ਕਰਵਾਇਆ ਜਾ ਰਿਹਾ ਹੈ। ਉਸ ਵਿੱਚ ਵੀ ਅਸੀਂ ਸਮੂਹ ਇਲਾਕੇ ਦੀਆਂ ਸੰਗਤਾਂ ਦਾ ਸਹਿਯੋਗ ਕਰਨ ਲਈ ਬੇਨਤੀ ਕਰਦੇ ਹਾਂ।



## ਦੋ ਘਰਾਂ ਨੂੰ ਲੱਗੀ ਅੱਗ ਦੀ ਘਟਨਾ ਦਾ ਐੱਸ ਡੀ ਐੱਮ ਸ਼ਰਮਾ ਨੇ ਲਿਆ ਜਾਇਜ਼ਾ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਬੀਤੀ ਰਾਤ ਹਲਕਾ ਖਡੂਰ ਸਾਹਿਬ ਦੇ ਪਿੰਡ ਵੇਈਂਪੂਈਂ ਵਿਖੇ ਦੋ ਘਰਾਂ ਨੂੰ ਅੱਗ ਲਗਾਉਣ ਦੀ ਵਾਪਰੀ ਮੰਦਭਾਗੀ ਘਟਨਾ ਦਾ ਐੱਸ. ਡੀ. ਐੱਮ. ਖਡੂਰ ਸਾਹਿਬ ਸੰਜੀਵ ਕੁਮਾਰ ਸ਼ਰਮਾ ਨੇ ਜਾਇਜ਼ਾ ਲਿਆ ਅਤੇ ਪੀੜਿਤ ਪਰਿਵਾਰਾਂ ਨਾਲ ਗੱਲਬਾਤ ਕੀਤੀ।ਪਰਿਵਾਰਾਂ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਉਨ੍ਹਾਂ ਦੇ ਨਾਲ ਖੜ੍ਹਾ ਹੈ ਅਤੇ ਇਸ ਗੱਲ ਲਈ ਤੱਤਪਰ ਹੈ ਕਿ ਉਨ੍ਹਾਂ ਨੂੰ ਬਣਦਾ ਇਨਸਾਫ਼ ਅਤੇ ਮੁਆਵਜ਼ਾ ਮਿਲੇ।ਉਨ੍ਹਾਂ ਦੱਸਿਆ ਕਿ ਰਾਤ ਨੂੰ ਘਟਨਾ ਦੀ ਸੂਚਨਾ ਮਿਲਦਿਆਂ ਹੀ ਸਿਵਲ ਤੇ ਪੁਲਿਸ ਪ੍ਰਸ਼ਾਸਨ ਫੌਰਨ ਹਰਕਤ ਵਿਚ ਆ ਗਿਆ ਸੀ ਅਤੇ ਰਾਤ ਨੂੰ ਹੀ ਪੀੜਤਾਂ ਦੇ ਬਿਆਨਾਂ ਦੇ ਆਧਾਰ 'ਤੇ ਪਰਚਾ ਦਰਜ ਕਰ ਲਿਆ ਗਿਆ ਸੀ।ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ ਰਾਹੁਲ ਦੇ ਆਦੇਸ਼ਾਂ ਤੇ ਇਸ ਘਟਨਾ ਵਿੱਚ ਪੀੜਤਾਂ ਦੇ ਹੋਏ ਨੁਕਸਾਨ ਦੀ ਜਲਦ ਹੀ ਸਾਰੀ ਭਰਪਾਈ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਸਿਵਲ ਅਤੇ ਪੁਲਸ ਪ੍ਰਸ਼ਾਸਨ ਵੱਲੋਂ ਕੀਤੀ ਗਈ ਫੌਰੀ ਕਾਰਵਾਈ 'ਤੇ ਪੀੜਤ ਪਰਿਵਾਰਾਂ ਨੇ ਸੰਤੁਸ਼ਟੀ ਪ੍ਰਗਟਾਈ ਹੈ।ਉਨ੍ਹਾਂ ਕਿਹਾ ਕਿ ਇਸ ਘਟਨਾ ਲਈ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਕਾਨੂੰਨ ਅਨੁਸਾਰ ਕਾਰਵਾਈ ਹੋਵੇਗੀ।ਇਸ ਮੌਕੇ ਤਹਿਸੀਲਦਾਰ ਖਡੂਰ ਸਾਹਿਬ ਲਛਮਣ ਸਿੰਘ ਅਤੇ ਹੋਰ ਅਧਿਕਾਰੀ ਉਨ੍ਹਾਂ ਦੇ ਨਾਲ ਸਨ।



## ਨਵੀਂ ਕੁਸ਼ਾਕ ਦੇ ਲਾਂਚ ਹੋਣ ਨਾਲ ਮੁੱਲ, ਕਾਰਗੁਜ਼ਾਰੀ ਤੇ ਸੁਰੱਖਿਆ ਨੂੰ ਮਿਲੀ ਨਵੀਂ ਪਰਿਭਾਸ਼ਾ

ਜਲੰਧਰ: ਸਕੋਡਾ ਆਟੋ ਇੰਡੀਆ ਵੱਲੋਂ ਨਵੀਂ ਤਰ੍ਹਾਂ ਤਿਆਰ ਕੀਤੀ ਅਤੇ ਸੁਧਾਰੀ ਗਈ ਕੁਸ਼ਾਕ ਦੀਆਂ ਕੀਮਤਾਂ ਦਾ ਐਲਾਨ ਕਰਦੇ ਹੋਏ ਗਾਹਕਾਂ ਲਈ ਵਾਹਨਾਂ ਦੀ ਸਪੁਰਦਗੀ ਵੀ ਸ਼ੁਰੂ ਕਰ ਦਿੱਤੀ ਗਈ ਹੈ।ਇਸ ਸਾਲ ਜਨਵਰੀ ਵਿੱਚ ਪੇਸ਼ ਕੀਤੀ ਗਈ ਨਵੀਂ ਕੁਸ਼ਾਕ ਮੁੱਲ, ਸੁਰੱਖਿਆ ਅਤੇ ਡ੍ਰਾਈਵਿੰਗ ਸਮਰੱਥਾ ਦੇ ਮਾਮਲੇ ਵਿੱਚ ਅੱਗੇ ਹੈ ਅਤੇ ਪੂਰੀ ਰੇਂਜ ਵਿੱਚ ਯੂਰਪੀ ਤਕਨਾਲੋਜੀ ਹਰ ਕਿਸੇ ਤੱਕ ਪਹੁੰਚਾਉਣ ਦੀ ਕੰਪਨੀ ਦੀ ਯੋਜਨਾ ਨੂੰ ਅੱਗੇ ਵਧਾਉਂਦੀ ਹੈ।ਸਕੋਡਾ ਆਟੋ ਇੰਡੀਆ ਦੇ ਬ੍ਰਾਂਡ ਡਾਇਰੈਕਟਰ ਆਸ਼ੀਸ਼ ਗੁਪਤਾ ਨੇ ਕਿਹਾ ਕਿ ਸਕੋਡਾ ਵਿੱਚ ਸਾਡਾ ਮਕਸਦ ਯੂਰਪੀ ਤਕਨਾਲੋਜੀ ਨੂੰ ਹਰ ਇਕ ਲਈ ਉਪਲਬਧ ਕਰਵਾਉਣਾ ਅਤੇ ਇਸਨੂੰ ਹੋਰ ਵੱਧ ਗਾਹਕਾਂ ਲਈ ਆਸਾਨ ਬਣਾਉਣਾ ਹੈ। ਨਵੀਂ ਕੁਸ਼ਾਕ ਦੇ ਨਾਲ ਅਸੀਂ ਪੂਰੀ ਰੇਂਜ ਵਿੱਚ ਮੁੱਲ ਨੂੰ ਨਵੇਂ ਢੰਗ ਨਾਲ ਪਰਿਭਾਸ਼ਿਤ ਕਰ ਰਹੇ ਹਾਂ। ਨਵੀਂ ਕੁਸ਼ਾਕ ਸਾਰੇ ਰੂਪਾਂ ਵਿੱਚ ਮੁਕਾਬਲੇਯੋਗ ਕੀਮਤਾਂ, ਬਿਹਤਰ ਮਿਆਰੀ ਸੁਰੱਖਿਆ ਵਿਸ਼ੇਸ਼ਤਾਵਾਂ ਅਤੇ ਹਰ ਪੱਖੋਂ ਚੰਗੀ ਕਾਰਗੁਜ਼ਾਰੀ ਦੇ ਨਾਲ ਅੱਗੇ ਹੈ।ਪਹਿਲੀ ਵਾਰ ਦਿੱਤੀਆਂ ਗਈਆਂ ਵਿਸ਼ੇਸ਼ਤਾਵਾਂ ਜਿਵੇਂ ਕਿ ਅੱਠ ਗਤੀ ਵਾਲਾ ਸਵੈਚਾਲਿਤ ਗੀਅਰ ਪ੍ਰਣਾਲੀ ਸਿਸਟਮ, ਪਿੱਛਲੀ ਸੀਟ ਮਸਾਜ ਸਹੂਲਤ ਅਤੇ ਲਾਜ਼ਮੀ ਸੁਵਿਧਾਵਾਂ ਦੀ ਮਿਆਰੀ ਸ਼ਮੂਲੀਅਤ ਸ਼ੁਰੂਆਤੀ ਰੂਪ ਤੋਂ ਹੀ ਵਧੀਆ ਮੁੱਲ ਦਿੰਦੀ ਹੈ।ਸੁੱਰਖਿਆ, ਬੇਮਿਸਾਲ ਡ੍ਰਾਈਵਿੰਗ ਸਮਰੱਥਾ ਅਤੇ ਮਾਲਕੀ ਦਾ ਮਾਣ ਹਰ ਸਕੋਡਾ ਵਾਂਗ ਨਵੀਂ ਕੁਸ਼ਾਕ ਨਾਲ ਵੀ ਮਿਲਦਾ ਹੈ।

## ਐੱਸ ਆਈ ਜਸਦੀਪ ਸਿੰਘ ਤੇ ਹਰਪਾਲ ਸਿੰਘ ਸੋਹੀ ਨੇ ਥਾਣਿਆਂ ਦੇ ਚਾਰਜ ਸੰਭਾਲੇ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ-ਐੱਸ ਆਈ ਜਸਦੀਪ ਸਿੰਘ ਨੇ ਨਵੇਂ ਐੱਸ. ਐੱਚ. ਓ. ਵਜੋਂ ਆਪਣਾ ਚਾਰਜ ਸੰਭਾਲ ਲਿਆ ਹੈ।ਇਸ ਮੌਕੇ ਉਨ੍ਹਾਂ ਪੱਤਰਕਾਰਾਂ ਗੱਲਬਾਤ ਕਰਦਿਆਂ ਕਿਹਾ ਕਿ ਉਹ ਇਲਾਕੇ ਅੰਦਰ ਅਮਨ-ਸ਼ਾਂਤੀ ਨੂੰ ਬਹਾਲ ਰੱਖਣ ਲਈ ਤਨਦੇਹੀ ਨਾਲ ਕੰਮ ਕਰਨਗੇ ਤੇ ਸਮਾਜ ਵਿਰੋਧੀ ਅਨਸਰਾਂ ਨੂੰ ਕਿਸੇ ਤਰ੍ਹਾਂ ਦੀ ਕੋਈ ਵੀ ਢਿੱਲ ਨਹੀਂ ਦਿੱਤੀ ਜਾਵੇਗੀ।ਨਸ਼ਿਆਂ ਪ੍ਰਤੀ ਬੋਲਦੇ ਉਨ੍ਹਾਂ ਕਿਹਾ ਕਿ ਇਲਾਕੇ ਅੰਦਰ ਕਿਸੇ ਤਰ੍ਹਾਂ ਦਾ ਕੋਈ ਵੀ ਗੈਰ-ਕਾਨੂੰਨੀ ਕੰਮ ਨਹੀਂ ਹੋਣ ਦਿੱਤਾ ਜਾਵੇਗਾ ਤੇ ਨਸ਼ਾ ਤਸਕਰਾਂ ਖਿਲਾਫ ਖਾਸ ਤੌਰ 'ਤੇ ਪੂਰੀ ਸਖਤੀ ਨਾਲ ਨਿਜੱਠਿਆ ਜਾਵੇਗਾ।ਇਸੇ ਹੀ ਤਰ੍ਹਾਂ ਐੱਸ ਆਈ ਹਰਪਾਲ ਸਿੰਘ ਸੋਹੀ ਨੇ ਥਾਣਾ ਜੰਡਿਆਲਾ ਗੁਰੂ ਵਿਖੇ ਨਵੇਂ ਐੱਸ. ਐੱਚ. ਓ. ਦਾ ਅਹੁਦਾ ਸੰਭਾਲ ਲਿਆ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਕਿਸੇ ਵੀ ਤਰ੍ਹਾਂ ਦੀ ਗੁੰਡਾਗਰਦੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵੀ ਪੁਲਸ ਦਾ ਸਾਥ ਦੇਣ ਤਾਂ ਕਿ ਪੁਲਸ ਆਪਣਾ ਕੰਮ ਪਾਰਦਰਸ਼ੀ ਢੰਗ ਨਾਲ ਕਰ ਸਕੇ।

## ਕੁਲਬੀਰ ਸਿੰਘ ਕਲੇਰ ਦੀ ਸੇਵਾ ਮੁਕਤੀ 'ਤੇ ਦਿੱਤੀ ਨਿੱਘੀ ਵਿਦਾਇਗੀ ਪਾਰਟੀ

ਮਜੀਠਾ (ਸੋਇਮ ਆਨੰਦ)-ਨਗਰ ਨਿਗਮ ਅੰਮ੍ਰਿਤਸਰ ਵਿਖੇ ਤਾਇਨਾਤ ਕੁਲਬੀਰ ਸਿੰਘ ਕਲੇਰ ਦੀ ਸੇਵਾ ਮੁਕਤੀ 'ਤੇ ਉਨ੍ਹਾਂ ਨੂੰ ਨਿੱਘੀ ਵਿਦਾਇਗੀ ਪਾਰਟੀ ਦਿੱਤੀ ਗਈ।ਇਸ ਮੌਕੇ ਨਗਰ ਨਿਗਮ ਟੈਕਨੀਕਲ ਯੂਨੀਅਨ ਅਤੇ ਸਵਾਫ ਵੱਲੋਂ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ।ਸ. ਕੁਲਬੀਰ ਸਿੰਘ ਕਲੇਰ ਨੇ ਨਗਰ ਨਿਗਮ ਅੰਮ੍ਰਿਤਸਰ ਵਿਚ ਲੰਮੀ ਸੇਵਾ ਨਿਭਾਈ ਅਤੇ ਆਪਣੀ ਡਿਊਟੀ ਨੂੰ ਇਮਾਨਦਾਰੀ ਤੇ ਲਗਨ ਨਾਲ ਨਿਭਾਇਆ।ਉਨ੍ਹਾਂ ਦੀ ਸੇਵਾ ਮੁਕਤੀ ਤੇ ਯੂਨੀਅਨ ਵੱਲੋਂ ਇਹ ਵਿਦਾਇਗੀ ਸਮਾਗਮ ਉਨ੍ਹਾਂ ਪ੍ਰਤੀ ਸਤਿਕਾਰ ਅਤੇ ਧੰਨਵਾਦ ਵਜੋਂ ਆਯੋਜਿਤ ਕੀਤਾ ਗਿਆ।ਇਸ ਮੌਕੇ ਰੱਖੇ ਗਏ ਸਮਾਗਮ ਦੌਰਾਨ ਯੂਨੀਅਨ ਆਗੂਆਂ ਨੇ ਉਨ੍ਹਾਂ ਦੀਆਂ ਸੇਵਾਵਾਂ ਦੀ ਭਰਪੂਰ ਤਾਰੀਫ ਕੀਤੀ ਅਤੇ ਭਵਿੱਖ ਲਈ ਖੁਸ਼ਹਾਲ ਜੀਵਨ ਲਈ ਸ਼ੁੱਭ ਇੱਛਾਵਾਂ ਦਿੱਤੀਆਂ।ਵਿਦਾਇਗੀ ਪਾਰਟੀ ਦੌਰਾਨ ਸਭ ਨੇ ਮਿਲ ਕੇ ਕੁਲਬੀਰ ਸਿੰਘ ਕਲੇਰ ਨੂੰ ਯਾਦਗਾਰੀ ਤੋਹਫੇ ਭੇਟ ਕੀਤੇ।ਇਸ ਮੌਕੇ ਕੁਲਬੀਰ ਕਲੇਰ ਨੇ ਕਿਹਾ ਕਿ ਨਗਰ ਨਿਗਮ ਵਿਚ ਕੰਮ ਕਰਦਿਆਂ ਉਨ੍ਹਾਂ ਨੂੰ ਬਹੁਤ ਕੁਝ ਸਿੱਖਣ ਨੂੰ ਮਿਲਿਆ ਅਤੇ ਯੂਨੀਅਨ ਨਾਲ ਰਿਸ਼ਤਾ ਹਮੇਸ਼ਾ ਮਜ਼ਬੂਤ ਰਿਹਾ।ਯੂਨੀਅਨ ਆਗੂਆਂ ਨੇ ਵੀ ਇਸ ਮੌਕੇ ਬੋਲਦਿਆਂ ਕਿਹਾ ਕਿ ਕੁਲਬੀਰ ਸਿੰਘ ਕਲੇਰ ਵਰਗੇ ਅਨੁਭਵੀ ਅਧਿਕਾਰੀਆਂ ਦੀ ਸੇਵਾ ਨਗਰ ਨਿਗਮ ਲਈ ਇੱਕ ਮਿਸਾਲ ਹੈ।ਉਨ੍ਹਾਂ ਦੀਆਂ ਸੇਵਾਵਾਂ ਨੇ ਟੈਕਨੀਕਲ ਵਿਭਾਗ ਨੂੰ ਮਜ਼ਬੂਤੀ ਪ੍ਰਦਾਨ ਕੀਤੀ ਅਤੇ ਉਨ੍ਹਾਂ ਦਾ ਯੋਗਦਾਨ ਹਮੇਸ਼ਾ ਯਾਦ ਰਹੇਗਾ।ਸਮਾਗਮ ਦੀ ਸਮਾਪਤੀ ਤੇ ਸਭ ਨੇ ਮਿਲ ਕੇ ਕੁਲਬੀਰ ਸਿੰਘ ਕਲੇਰ ਨੂੰ ਸ਼ੁੱਭ ਇੱਛਾਵਾਂ ਦਿਤੀਆਂ ਅਤੇ ਉਨ੍ਹਾਂ ਦੇ ਸਿਹਤਮੰਦ ਤੇ ਖੁਸ਼ਹਾਲ ਭਵਿੱਖ ਲਈ ਦੁਆਵਾਂ ਕੀਤੀਆਂ।ਇਸ ਮੌਕੇ ਰਜੇਸ਼ ਸ਼ਰਮਾ ਐੱਸਡੀਓ, ਜੋਗਿੰਦਰ ਪਾਲ ਸਿੰਘ ਭੁੱਲਰ, ਕੁਲਦੀਪ ਕੁਮਾਰ, ਰਮਨ ਕੁਮਾਰ ਤਿੰਨੇ ਜੇਈ, ਲਖਵਿੰਦਰ ਸਿੰਘ ਨਾਗ ਪ੍ਰਧਾਨ ਨਗਰ ਨਿਗਮ ਟੈਕਨੀਕਲ ਯੂਨੀਅਨ, ਕਰਮਜੀਤ ਸਿੰਘ ਕੇ. ਪੀ. ਪ੍ਰਧਾਨ ਨਗਰ ਨਿਗਮ ਪੈਨਸ਼ਨਰ ਯੂਨੀਅਨ, ਦਲਜੀਤ ਸਿੰਘ ਜਿਜੇਆਣੀ, ਬਿਕਰਮਜੀਤ ਸਿੰਘ ਸਹਿਮੀ, ਗੁਰਬਚਨ ਸਿੰਘ, ਸੁਖਜੀਤ ਸਿੰਘ, ਗਿਰਜ਼ਾ ਸ਼ੰਕਰ, ਡੀ. ਸੰਦੀਪ ਮਹਿਤਾ, ਜੋਗਿੰਦਰ ਕੁਮਾਰ, ਕਰਤਾਰ ਚੰਦ, ਪੂਜਾ, ਸੁਖਵਿੰਦਰ ਕੌਰ, ਜੋਤੀ ਅਤੇ ਜਤਿੰਦਰ ਕੌਰ ਸਮੇਤ ਯੂਨੀਅਨ ਅਹੁਦੇਦਾਰਾਂ ਅਤੇ ਸਟਾਫ ਮੈਂਬਰਾਂ ਨੇ ਭਰਪੂਰ ਹਾਜ਼ਰੀ ਭਰੀ।

## ਡੀ ਡੀ ਆਈ ਸਕੂਲ ਫਤਿਹਗੜ੍ਹ ਚੂੜੀਆਂ 'ਚ ਨਵੇਂ ਸੈਸ਼ਨ ਦਾ ਆਗਾਜ਼



ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਡੀ ਡੀ ਆਈ ਸਕੂਲ ਪਿੰਡ ਪਿੰਡੀ ਫਤਿਹਗੜ੍ਹ ਚੂੜੀਆਂ ਵਿੱਚ ਵੱਖ -ਵੱਖ ਧਰਮਾਂ ਦਾ ਨਾਮ ਲੈ ਕੇ ਇਸ ਨਵੇਂ ਸੈਸ਼ਨ ਦਾ ਆਗਾਜ਼ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐੱਮ. ਡੀ. ਇੰਦਰਜੀਤ ਸਿੰਘ ਭਾਟੀਆ ਨੇ ਕਿਹਾ ਕਿ ਨਵੇਂ ਸੈਸ਼ਨ ਦੀ ਸ਼ੁਰੂਆਤ ਸਭ ਤੋਂ ਪਹਿਲਾਂ ਗ੍ਰੰਥੀ ਸਿੰਘ ਵੱਲੋਂ ਜਪੁਜੀ ਸਾਹਿਬ, ਆਨੰਦ ਸਾਹਿਬ ਦਾ ਪਾਠ ਕਰਕੇ ਕੀਤੀ ਗਈ।ਇਸ ਇਸ ਤੋਂ ਬਾਅਦ ਚਰਚ ਦੇ ਪਾਦਰੀ ਵੱਲੋਂ ਦੁਆ ਕਰਕੇ ਇਸ ਨਵੇਂ ਸੈਸ਼ਨ ਦੀ ਸ਼ੁਰੂਆਤ ਕੀਤੀ ਗਈ।

ਇਸੇ ਤਰ੍ਹਾਂ ਹੀ ਸ੍ਰੀ ਰਾਧਾ ਕ੍ਰਿਸ਼ਨ ਡਰਾਮਾਟਿਕ ਕਲੱਬ ਦੇ ਮੁਖੀ ਹਰੀਸ਼ ਅਰੋੜਾ ਦੇ ਕਲੱਬ ਦੇ ਮੈਂਬਰਾਂ ਵੱਲੋਂ ਬੜੀ ਸ਼ਰਧਾ ਭਾਵਨਾ ਨਾਲ ਹਨੂਮਾਨ ਚਾਲੀਸਾ ਦਾ ਪਾਠ ਕੀਤਾ ਗਿਆ।ਐੱਮ. ਡੀ. ਇੰਦਰਜੀਤ ਸਿੰਘ ਭਾਟੀਆ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਸਾਰੇ ਧਰਮਾਂ ਦੇ ਮੁਖੀ ਸਾਹਿਬਾਨ ਨੇ ਅਰਦਾਸ ਕੀਤੀ ਕਿ ਬੱਚੇ ਵੱਧ ਤੋਂ ਵੱਧ ਪੂਰੀ ਲਗਨ ਤੇ ਮਿਹਨਤ ਨਾਲ ਆਪਣੀ ਪੜ੍ਹਾਈ ਕਰਨ ਅਤੇ ਆਪਣੇ ਉੱਚੇ ਮੁਕਾਮ ਤੇ ਪਹੁੰਚਣ।ਇਸੇ ਤਰ੍ਹਾਂ ਹੀ ਸਕੂਲ ਦੇ ਅਧਿਆਪਕਾਂ ਦੀ ਵੀ ਅਰਦਾਸ ਕੀਤੀ ਕਿ ਉਹ ਪੂਰੀ ਲਗਨ ਤੇ ਮਿਹਨਤ ਨਾਲ ਬੱਚਿਆਂ ਨੂੰ ਪੜ੍ਹਾਉਣ।ਆਖਰ 'ਚ ਸ. ਭਾਟੀਆ ਨੇ ਕਿਹਾ ਕਿ ਜਿਨ੍ਹਾਂ ਬੱਚਿਆਂ ਦੇ ਮਾਤਾ ਪਿਤਾ ਨਹੀਂ ਹਨ ਉਹ ਬੱਚਿਆਂ ਕੋਲੋਂ ਅੱਧੀ ਫੀਸ ਤੇ ਇਸਦੇ ਨਾਲ ਹੀ ਕਿਤਾਬਾਂ ਵਿੱਚ ਵੀ ਮਦਦ ਕੀਤੀ ਜਾਵੇਗੀ। ਇਸ ਮੌਕੇ ਵੱਖ-ਵੱਖ ਧਰਮਾਂ ਦੇ ਮੁਖੀਆਂ ਨੂੰ ਐੱਮ. ਡੀ. ਭਾਟੀਆ ਵੱਲੋਂ ਸਿਰੋਪਾਉ ਦੇ ਕੇ ਸਨਮਾਨਿਤ ਕੀਤਾ ਗਿਆ।

# ਪੰਜਾਬ ਸਰਕਾਰ ਦੇ ਸ਼ਾਨਦਾਰ 4 ਸਾਲ: 'ਭਗਵੰਤ ਸਿੰਘ ਮਾਨ ਦੇ ਨਾਲ' ਸਮਾਗਮ ਆਯੋਜਿਤ



ਸ੍ਰੀ ਹਰਗੋਬਿੰਦਪੁਰ ਸਾਹਿਬ/ਬਟਾਲਾ (ਡਾ. ਮਲਵਿੰਦਰ ਸਿੰਘ)-ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਕਿਸ਼ਨਕੋਟ ਨੇ ਪਿੰਡ ਮਿਸ਼ਰਪੁਰਾ ਵਿਖੇ ਪਿੰਡ ਵਾਸੀਆਂ ਨੂੰ ਪੰਜਾਬ ਸਰਕਾਰ ਦੀਆਂ ਚਾਰ ਸਾਲਾਂ ਪ੍ਰਾਪਤੀਆਂ ਤੋਂ ਜਾਣੂੰ ਕਰਵਾਉਂਦਿਆਂ ਕਿਹਾ ਕਿ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਪਿਛਲੇ ਚਾਰ ਸਾਲਾਂ ਦੌਰਾਨ ਸੂਬੇ ਦੇ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕੀਤਾ ਹੈ, ਸਰਕਾਰ ਲੋਕ ਦੀਆਂ ਉਮੀਦਾਂ 'ਤੇ ਖਰਾ ਉਤਰੀ ਹੈ।ਉਨ੍ਹਾਂ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਪ ਪਾਰਟੀ ਵਲੋਂ ਦਿੱਤੀ ਗਰੰਟੀ ਅਨੁਸਾਰ ਔਰਤਾਂ ਨੂੰ 1,000 ਰੁਪਏ ਦੇਣ ਦਾ ਕੀਤਾ ਗਿਆ ਵਾਅਦਾ ਪੂਰਾ ਹੋ ਗਿਆ ਹੈ।ਉਨ੍ਹਾਂ ਦੱਸਿਆ ਕਿ ਅਨੁਸੂਚਿਤ ਜਾਤੀਆਂ ਦੀਆਂ ਔਰਤਾਂ ਲਈ 1,500 ਰੁਪਏ ਅਤੇ ਜਨਰਲ ਸ਼੍ਰੇਣੀ ਦੀਆਂ ਔਰਤਾਂ ਲਈ 1,000 ਰੁਪਏ ਦੀ ਵਾਧੂ ਪੈਨਸ਼ਨ ਪ੍ਰਦਾਨ ਕਰਨ ਲਈ ਰਜਿਸਟ੍ਰੇਸ਼ਨ ਹੋਣ ਨਾਲ ਔਰਤਾਂ ਦੇ ਬੈਂਕ ਖਾਤਿਆਂ ਵਿੱਚ ਸਿੱਧੀਆਂ ਜਮ੍ਹਾਂ ਹੋ ਜਾਣਗੀਆਂ।ਉਨ੍ਹਾਂ ਨੇ ਅੱਗੇ ਕਿਹਾ ਕਿ ਪੰਜਾਬ ਦੇ 90 ਫੀਸਦ ਘਰਾਂ ਦੇ ਬਿਜਲੀ ਦੇ ਬਿੱਲ ਜ਼ੀਰੋ ਆ ਰਹੇ ਹਨ। ਕਿਸਾਨਾਂ ਦੇ ਟਿਊਬਵੈੱਲਾਂ ਲਈ ਦਿਨ ਵੇਲੇ ਬਿਜਲੀ ਸਪਲਾਈ ਯਕੀਨੀ ਬਣਾਈ ਗਈ ਹੈ।ਉਨ੍ਹਾਂ ਦੱਸਿਆ ਕਿ ਬਿਮਾਰੀ ਦੇ ਸਮੇਂ ਪੰਜਾਬ ਦੇ ਲੋਕਾਂ ਲਈ ਡਾਕਟਰੀ ਇਲਾਜ ਦੇ ਖਰਚਿਆਂ ਨੂੰ ਪੂਰਾ ਕਰਨ ਲਈ 10 ਲੱਖ ਰੁਪਏ ਦੀ ਮੁਫ਼ਤ ਸਿਹਤ ਬੀਮਾ ਯੋਜਨਾ ਵੀ ਲਾਗੂ ਕੀਤੀ ਗਈ ਹੈ, ਜਿਸਦਾ ਲਾਭ ਨਾਗਰਿਕ ਪ੍ਰਾਪਤ ਕਰ ਰਹੇ ਹਨ। 985 ਆਮ ਆਦਮੀ ਕਲੀਨਿਕਾਂ ਰਾਹੀਂ ਮੁਫ਼ਤ ਇਲਾਜ, ਦਵਾਈਆਂ ਅਤੇ ਜਾਂਚ ਟੈਸਟ ਮੁਫ਼ਤ ਮੁਹੱਈਆ ਕਰਵਾਏ ਜਾ ਰਹੇ ਹਨ।ਪੰਜਾਬ ਦੇ ਸਰਕਾਰੀ ਸਕੂਲਾਂ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਗਈ ਹੈ।2000 ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੇ ਨੀਟ ਅਤੇ ਜੇਈਈ ਪਰੀਖਿਆ ਪਾਸ ਕੀਤੀ ਹੈ।ਅਧਿਆਪਕਾਂ ਨੂੰ ਫਿਨਲੈਂਡ ਤੇ ਸਿੰਗਾਪੁਰ ਵਿਖੇ ਵਿਸ਼ਵ ਪੱਧਰੀ ਸਿਖਲਾਈ ਲਈ ਲਗਾਤਾਰ ਭੇਜਿਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ 9000 ਤੋਂ ਜ਼ਿਆਦਾ ਆਧੁਨਿਕ ਪੇਂਡੂ ਖੇਡ ਸਟੇਡੀਅਮ ਬਣਾਏ ਜਾ ਰਹੇ ਹਨ।40,000 ਕਿਲੋਮੀਟਰ ਪੇਂਡੂ ਲਿੰਕ ਸੜਕਾਂ ਦਾ ਮੁੜ ਨਿਰਮਾਣ ਕਰਵਾਇਆ ਗਿਆ ਹੈ।ਪੰਜਾਬ ਵਿੱਚ ਰਿਕਾਰਡ 1.55 ਲੱਖ ਕਰੋੜ ਰੁਪਏ ਦਾ ਨਿਵੇਸ਼ ਹੋਇਆ ਹੈ। ਉਨ੍ਹਾਂ ਨੇ ਦੱਸਿਆ ਕਿ ਹੁਣ ਤੱਕ ਸਰਕਾਰ ਵਲੋਂ 65000 ਤੋਂ ਜ਼ਿਆਦਾ ਸਰਕਾਰੀ ਨੌਕਰੀਆਂ ਮੁਹੱਈਆ ਕਰਵਾਈਆਂ ਗਈਆਂ ਹਨ ਅਤੇ 5.5 ਲੱਖ ਪ੍ਰਾਈਵੇਟ ਨੌਕਰੀਆਂ ਮੁਹੱਈਆ ਕਰਵਾਈਆਂ ਗਈਆਂ ਹਨ।ਭਾਰਤ ਦੀ ਪਹਿਲੀ ਸੜਕ ਸੁਰੱਖਿਆ ਫੋਰਸ ਦਾ ਗਠਨ ਪੰਜਾਬ ਵਿੱਚ ਕੀਤਾ ਗਿਆ ਹੈ, ਜਿਸ ਨਾਲ 50.12 ਫੀਸਦ ਮੌਤ ਦੀ ਦਰ ਘਟੀ ਹੈ। ਪਹਿਲੀ ਵਾਰ ਸ਼ਹੀਦ ਸੈਨਿਕਾਂ ਦੇ ਪਰਿਵਾਰਾਂ ਲਈ 1 ਕਰੋੜ ਰੁਪਏ ਦੀ ਰਾਸ਼ੀ ਮੁਹੱਈਆ ਕਰਵਾਈ ਗਈ ਹੈ। 50 ਸਾਲ ਤੋਂ ਵੱਧ ਉਮਰ ਦੇ ਸਾਰੇ ਨਾਗਰਿਕਾਂ ਲਈ ਮੁਫਤ ਤੀਰਥ ਯਾਤਰਾ ਸ਼ੁਰੂ ਕੀਤੀ ਗਈ ਹੈ।ਨਸ਼ਾ ਤਸਕਰਾਂ ਵਿਰੁੱਧ ਇਤਿਹਾਸਕ ਕਾਰਵਾਈ ਕਰਦਿਆਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ 92000 ਨਸ਼ਾ ਤਸਕਰ ਗ੍ਰਿਫ਼ਤਾਰ ਕੀਤੇ ਗਏ ਹਨ ਅਤੇ 14,700 ਗੈਂਗਸਟਰਾਂ ਨੂੰ ਕਾਬੂ ਕੀਤਾ।

# ਪ੍ਰਤਾਪ ਵਰਲਡ ਸਕੂਲ 'ਚ ਮਾਪੇ-ਅਧਿਆਪਕ ਮਿਲਣੀ ਦਾ ਹੋਇਆ ਸਫਲ ਸੈਸ਼ਨ



ਪਠਾਨਕੋਟ (ਦਵਿੰਦਰ ਸਿੰਘ)-ਪ੍ਰਤਾਪ ਵਰਲਡ ਸਕੂਲ, ਪਠਾਨਕੋਟ ਨੇ ਆਉਣ ਵਾਲੇ ਸੈਸ਼ਨ 2026-27 ਲਈ ਨਵੇਂ ਦਾਖ਼ਲ ਹੋਏ ਡੇ ਬੋਰਡਿੰਗ ਵਿਦਿਆਰਥੀਆਂ ਦੇ ਮਾਪਿਆਂ ਲਈ ਇੱਕ ਵਿਸਤ੍ਰਿਤ ਮਿਲਣੀ ਸੈਸ਼ਨ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ।ਇਸ ਸੈਸ਼ਨ ਦਾ ਉਦੇਸ਼ ਮਾਪਿਆਂ ਨੂੰ ਸਕੂਲ ਦੀ ਕਾਰਗੁਜ਼ਾਰੀ, ਢਾਂਚੇ ਅਤੇ ਡੇ ਬੋਰਡਿੰਗ ਵਾਤਾਵਰਣ ਨਾਲ ਜਾਣੂ ਕਰਵਾਉਣਾ ਸੀ।ਇਹ ਪ੍ਰੋਗਰਾਮ ਮਾਪਿਆਂ ਅਤੇ ਸਕੂਲ ਵਿਚਕਾਰ ਸੈਸ਼ਨ ਦੀ ਸ਼ੁਰੂਆਤ ਵਿੱਚ ਹੀ ਇੱਕ ਮਜ਼ਬੂਤ ਸਾਂਝ ਬਣਾਉਣ ਦਾ ਮਹੱਤਵਪੂਰਨ ਸਾਧਨ ਸਾਬਤ ਹੋਇਆ।ਸੈਸ਼ਨ ਦੌਰਾਨ ਸਕੂਲ ਪ੍ਰਬੰਧਨ ਨੇ ਸੰਸਥਾ ਦੀ ਦ੍ਰਿਸ਼ਟੀ, ਸਿੱਖਿਆ ਦੇ ਤਰੀਕਿਆਂ ਅਤੇ ਵਿਦਿਆਰਥੀ-ਕੇਂਦਰਿਤ ਦ੍ਰਿਸ਼ਟੀਕੋਣ ਬਾਰੇ ਵਿਸਤਾਰ ਨਾਲ ਜਾਣਕਾਰੀ ਦਿੱਤੀ।ਸਕੂਲ ਦੀਆਂ ਨੀਤੀਆਂ, ਮਿਆਰੀ ਕਾਰਜ ਪ੍ਰਕਿਰਿਆਵਾਂ, ਸੁਰੱਖਿਆ ਪ੍ਰਬੰਧ, ਆਵਾਜਾਈ ਨਿਯਮ, ਸਹਿ-ਪਾਠਕ੍ਰਮ ਗਤੀਵਿਧੀਆਂ ਅਤੇ ਮਹੱਤਵਪੂਰਨ ਮੋੜਾਂ ਨੂੰ ਸਪਸ਼ਟ ਅਤੇ ਪਾਰਦਰਸ਼ੀ ਢੰਗ ਨਾਲ ਸਮਝਾਇਆ ਗਿਆ।ਮਾਪਿਆਂ ਨੂੰ ਸਹ-ਪਾਠਕ੍ਰਮ ਮੌਕਿਆਂ ਅਤੇ ਸਰਵਾਂਗੀਣ ਵਿਕਾਸ ਪ੍ਰੋਗਰਾਮਾਂ ਬਾਰੇ ਵੀ ਜਾਣੂ ਕਰਵਾਇਆ ਗਿਆ, ਜਿਨ੍ਹਾਂ ਦਾ ਉਦੇਸ਼ ਵਿਦਿਆਰਥੀਆਂ ਦਾ ਸਮੂਹਿਕ ਵਿਕਾਸ ਕਰਨਾ ਹੈ।ਇਸ ਪਹਿਲ ਦੀ ਮਾਪਿਆਂ ਵੱਲੋਂ ਪ੍ਰਸ਼ੰਸਾ ਕੀਤੀ ਗਈ ਅਤੇ ਸਕੂਲ ਦੀ ਸੁਚਾਰੂ ਪ੍ਰਣਾਲੀ ਅਤੇ ਉਤਕ੍ਰਿਸ਼ਟਤਾ ਪ੍ਰਤੀ ਵਚਨਬੱਧਤਾ 'ਤੇ ਭਰੋਸਾ ਜਤਾਇਆ ਗਿਆ।ਆਪਣੇ ਵਿਚਾਰ ਸਾਂਝੇ ਕਰਦੇ ਹੋਏ ਨਿਰਦੇਸ਼ਕ ਸੰਨੀ ਮਹਾਜਨ ਨੇ ਕਿਹਾ ਕਿ ਅਸੀਂ ਮੰਨਦੇ ਹਾਂ ਕਿ ਜਦੋਂ ਮਾਪੇ ਅਤੇ ਸਕੂਲ ਇਕੱਠੇ ਕੰਮ ਕਰਦੇ ਹਨ, ਤਦ ਹੀ ਇੱਕ ਮਜ਼ਬੂਤ ਨੀਂਹ ਤਿਆਰ ਹੁੰਦੀ ਹੈ।ਇਹ ਪਹਿਲ ਬੱਚੇ ਦੀ ਸਫਲਤਾ ਲਈ ਪਾਰਦਰਸ਼ੀ, ਸਹਿਯੋਗਾਤਮਕ ਅਤੇ ਸਹਾਇਕ ਵਾਤਾਵਰਣ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ।ਪ੍ਰਿੰਸੀਪਲ ਸੁਭਰਾ ਰਾਣੀ ਨੇ ਕਿਹਾ ਕਿ ਸਾਡਾ ਉਦੇਸ਼ ਹੈ ਕਿ ਹਰ ਮਾਪੇ ਆਪਣੇ ਆਪ ਨੂੰ ਜਾਗਰੂਕ, ਆਤਮਵਿਸ਼ਵਾਸੀ ਅਤੇ ਸਕੂਲ ਪ੍ਰਣਾਲੀ ਨਾਲ ਜੁੜਿਆ ਮਹਿਸੂਸ ਕਰਨ।

# ਜ਼ਿਲ੍ਹੇ ਦੀਆਂ ਸਾਰੀਆਂ ਗੈਸ ਏਜੰਸੀਆਂ ਕੋਲ ਘਰੇਲੂ ਗੈਸ ਸਿਲੰਡਰਾਂ ਦਾ ਲੋੜੀਂਦਾ ਸਟਾਕ ਉਪਲਬਧ : ਡੀ ਸੀ



ਪੱਟੀ,(ਬਲਦੇਵ ਸਿੰਘ ਸੰਧੂ)-ਡਿਪਟੀ ਕਮਿਸ਼ਨਰ ਰਾਹੁਲ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਘਰੇਲੂ ਗੈਸ ਸਿਲੰਡਰਾਂ ਅਤੇ ਪੈਟਰੋਲ/ਡੀਜ਼ਲ ਦੀ ਸਪਲਾਈ ਨੂੰ ਲੈ ਕੇ ਕਿਸੇ ਵੀ ਤਰ੍ਹਾਂ ਦੀ ਘਬਰਾਹਟ ਵਿਚ ਨਾ ਆਉਣ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਅੰਦਰ ਆਉਂਦੀਆਂ ਸਾਰੀਆਂ ਗੈਸ ਏਜੰਸੀਆਂ ਕੋਲ ਘਰੇਲੂ ਗੈਸ ਸਿਲੰਡਰਾਂ ਦਾ ਲੋੜੀਂਦਾ ਸਟਾਕ ਉਪਲਬਧ ਹੈ ਅਤੇ ਸਪਲਾਈ ਨਿਰੰਤਰ ਜਾਰੀ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦੀ ਸੁਵਿਧਾ ਨੂੰ ਧਿਆਨ ਵਿਚ ਰੱਖਦਿਆਂ ਗੈਸ ਦੀ ਬੁਕਿੰਗ ਲਈ ਸਮਾਂ-ਸੀਮਾ ਨਿਰਧਾਰਤ ਕੀਤੀ ਗਈ ਹੈ, ਜਿਸ ਅਨੁਸਾਰ ਪੇਂਡੂ ਖੇਤਰਾਂ ਵਿਚ 45 ਦਿਨਾਂ ਬਾਅਦ ਅਤੇ ਸ਼ਹਿਰੀ ਖੇਤਰਾਂ ਵਿਚ 25 ਦਿਨਾਂ ਬਾਅਦ ਹੀ ਗੈਸ ਸਿਲੰਡਰ ਬੁੱਕ ਕਰਵਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਇਸ ਦਾ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਹਰ ਘਰ ਤੱਕ ਸਮੇਂ ਸਿਰ ਗੈਸ ਪਹੁੰਚ ਸਕੇ ਅਤੇ ਕਿਸੇ ਨੂੰ ਵੀ ਕਮੀ ਦਾ ਸਾਹਮਣਾ ਨਾ ਕਰਨਾ ਪਵੇ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਈ ਵਾਰ ਅਫ਼ਵਾਹਾਂ ਜਾਂ ਗ਼ਲਤ ਜਾਣਕਾਰੀ ਕਾਰਨ ਲੋਕ ਵੱਧ ਗੈਸ ਸਿਲੰਡਰ ਬੁੱਕ ਕਰਵਾ ਲੈਂਦੇ ਹਨ, ਜਿਸ ਨਾਲ ਹੋਰ ਲੋਕਾਂ ਨੂੰ ਮੁਸ਼ਕਿਲ ਆ ਸਕਦੀ ਹੈ।ਇਸ ਲਈ ਉਨ੍ਹਾਂ ਸਮੂਹ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਸਿਰਫ਼ ਆਪਣੀ ਲੋੜ ਅਨੁਸਾਰ ਹੀ ਗੈਸ ਬੁਕਿੰਗ ਕਰਵਾਉਣ ਅਤੇ ਪ੍ਰਸ਼ਾਸਨ ਨਾਲ ਸਹਿਯੋਗ ਕਰਨ।ਡਿਪਟੀ ਕਮਿਸ਼ਨਰ ਨੇ ਇਹ ਵੀ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ ਪੈਟਰੋਲ ਪੰਪਾਂ 'ਤੇ ਪੈਟਰੋਲ ਅਤੇ ਡੀਜ਼ਲ ਦੀ ਵੀ ਕੋਈ ਘਾਟ ਨਹੀਂ ਹੈ ਅਤੇ ਪੂਰਾ ਸਟਾਕ ਉਪਲਬਧ ਹੈ। ਇਸ ਲਈ ਲੋਕ ਕਿਸੇ ਘਬਰਾਹਟ ਵਿਚ ਆ ਕੇ ਵੱਧ ਮਾਤਰਾ ਵਿਚ ਪੈਟਰੋਲ ਜਾਂ ਡੀਜ਼ਲ ਖ਼ਰੀਦ ਕੇ ਸਟਾਕ ਨਾ ਕਰਨ।ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਫ਼ਵਾਹਾਂ ਤੋਂ ਦੂਰ ਰਹਿਣ ਦੀ ਅਪੀਲ ਕਰਦਿਆਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰ ਜ਼ਰੂਰੀ ਕਦਮ ਚੁੱਕਿਆ ਜਾ ਰਿਹਾ ਹੈ, ਤਾਂ ਜੋ ਨਾਗਰਿਕਾਂ ਨੂੰ ਕੋਈ ਪਰੇਸ਼ਾਨੀ ਨਾ ਆਵੇ।

# ਦੋਰਾਂਗਲਾ ਤੋਂ ਬਾਅਦ ਦੀਨਾਨਗਰ ਬਲਾਕ ਸੰਮਤੀ 'ਤੇ ਵੀ ਕਾਂਗਰਸ ਦਾ ਕਬਜ਼ਾ

## * ਰਾਜ ਰਾਣੀ ਚੇਅਰਪਰਸਨ ਅਤੇ ਰਮੇਸ਼ ਚੰਦਰ ਵਾਈਸ ਚੇਅਰਮੈਨ ਬਣੇ



ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)-ਸਿਆਸੀ ਅਤੇ ਪ੍ਰਸ਼ਾਸਨਿਕ ਦਬਾਅ ਕਾਰਨ ਤਿੰਨ ਵਾਰ ਚੋਣ ਮੁਲਤਵੀ ਹੋਣ ਦੇ ਬਾਵਜੂਦ ਬਲਾਕ ਸੰਮਤੀ ਦੀਨਾਨਗਰ 'ਤੇ ਵੀ ਹੁਣ ਕਾਂਗਰਸ ਪਾਰਟੀ ਦਾ ਕਬਜ਼ਾ ਹੋ ਗਿਆ ਹੈ।ਕਈ ਤਰ੍ਹਾਂ ਦੀਆਂ ਅਟਕਲਾਂ ਦੇ ਬਾਅਦ ਅਖ਼ੀਰ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਫ਼ਤਰ ਵਿਖੇ ਇਹ ਚੋਣ ਸਿਰੇ ਚੜ੍ਹੀ ਅਤੇ ਕਾਂਗਰਸ ਪਾਰਟੀ ਦੇ ਜੇਤੂ ਮੈਂਬਰਾਂ ਨੇ ਮੈਡਮ ਰਾਜ ਰਾਣੀ ਨੂੰ ਬਲਾਕ ਸੰਮਤੀ ਦੀਨਾਨਗਰ ਦੀ ਨਵੀਂ ਚੇਅਰਪਰਸਨ ਚੁਣ ਲਿਆ।ਰਮੇਸ਼ ਚੰਦਰ ਨੂੰ ਵਾਈਸ ਚੇਅਰਮੈਨ ਬਣਾਇਆ ਗਿਆ ਹੈ।ਜਾਣਕਾਰੀ ਅਨੁਸਾਰ ਬਹੁਮਤ ਹਾਸਲ ਕਰਨ 'ਚ ਨਾਕਾਮ ਰਹਿਣ ਕਾਰਨ ਸੱਤਾਧਾਰੀ ਪਾਰਟੀ ਦੇ ਜੇਤੂ 8 ਮੈਂਬਰ ਚੋਣ ਮੀਟਿੰਗ ਵਿੱਚ ਸ਼ਾਮਲ ਨਹੀਂ ਹੋਏ ਜਦਕਿ ਭਾਜਪਾ ਦੇ ਤਿੰਨ ਮੈਂਬਰਾਂ ਨੇ ਮੀਟਿੰਗ ਤੋਂ ਦੂਰੀ ਬਣਾਈ।ਇੱਥੇ ਕੁੱਲ 22 ਜ਼ੋਨਾਂ ਵਿੱਚੋਂ ਕਾਂਗਰਸ ਨੇ 11 ਜ਼ੋਨ ਜਿੱਤ ਕੇ ਅਤੇ ਇੱਕ ਐੱਮਐੱਲਏ ਦੀ ਵੋਟ ਸਹਿਤ ਸਪੱਸ਼ਟ ਬਹੁਮਤ ਹਾਸਲ ਕੀਤਾ ਸੀ, ਜਿਸ ਕਾਰਨ ਉਹ ਅੱਜ ਆਪਣੀ ਚੇਅਰਪਰਸਨ ਅਤੇ ਵਾਈਸ ਚੇਅਰਮੈਨ ਬਣਾਉਣ ਵਿੱਚ ਸਫ਼ਲ ਰਹੇ।ਇਸ ਤੋਂ ਪਹਿਲਾਂ ਬਲਾਕ ਦੋਰਾਂਗਲਾ ਵਿੱਚ ਵੀ ਕਾਂਗਰਸ ਪਾਰਟੀ ਸਪੱਸ਼ਟ ਬਹੁਮਤ ਨਾਲ ਆਪਣੀ ਜਿੱਤ ਦਾ ਝੰਡਾ ਗੱਡ ਚੁੱਕੀ ਹੈ।ਇਸ ਦੌਰਾਨ ਨਵ-ਨਿਯੁਕਤ ਅਹੁਦੇਦਾਰਾਂ ਨੂੰ ਹਾਰ ਪਹਿਨਾ ਕੇ ਸਨਮਾਨਿਤ ਕਰਦਿਆਂ ਵਿਧਾਇਕਾ ਅਰੁਣਾ ਚੌਧਰੀ ਅਤੇ ਸੀਨੀਅਰ ਨੇਤਾ ਅਸ਼ੋਕ ਚੌਧਰੀ ਨੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਤੇ ਸ਼ੁਭਕਾਮਨਾਵਾਂ ਦਿੱਤੀਆਂ।ਉਨ੍ਹਾਂ ਕਿਹਾ ਕਿ ਦੀਨਾਨਗਰ ਸੰਮਤੀ 'ਤੇ ਕਬਜ਼ਾ ਕਰਨ ਦੀ ਨੀਯਤ ਨਾਲ ਸੱਤਾਧਾਰੀਆਂ ਨੇ ਕਈ ਚਾਲਾਂ ਚੱਲੀਆਂ ਪਰ ਜਿੱਤ ਅਖ਼ੀਰ ਸੱਚਾਈ ਦੀ ਹੀ ਹੋਈ ਹੈ।ਉਨ੍ਹਾਂ ਕਿਹਾ ਕਿ 22 ਜ਼ੋਨਾਂ ਵਿੱਚੋਂ 11 ਜ਼ੋਨ ਜਿੱਤ ਕੇ ਅਤੇ ਇੱਕ ਵੋਟ ਐੱਮਐੱਲਏ ਦੀ ਪਾ ਕੇ ਕਾਂਗਰਸ ਪਾਰਟੀ ਦੀਨਾਨਗਰ ਅੰਦਰ ਕੁੱਲ 12 ਵੋਟਾਂ ਤਹਿਤ ਸਪੱਸ਼ਟ ਬਹੁਮਤ ਹਾਸਲ ਕਰ ਚੁੱਕੀ ਸੀ ਪਰ ਇਸਦੇ ਬਾਵਜੂਦ ਚੇਅਰਮੈਨ ਤੇ ਵਾਈਸ ਚੇਅਰਮੈਨ ਦੀ ਚੋਣ ਨੂੰ ਤਿੰਨ ਵਾਰ ਮੁਲਤਵੀ ਕੀਤਾ ਗਿਆ ਤਾਂ ਜੋ ਕਾਂਗਰਸ ਦਾ ਕੋਈ ਮੈਂਬਰ ਤੋੜਿਆ ਜਾ ਸਕੇ ਪਰ ਕਾਂਗਰਸ ਪਾਰਟੀ ਦੀ ਇਕਜੁੱਟਤਾ ਨੇ ਵਿਰੋਧੀਆਂ ਦੀਆਂ ਸਕੀਮਾਂ ਸਫ਼ਲ ਨਾ ਹੋਣ ਦਿੱਤੀਆਂ ਅਤੇ ਮਾਣਯੋਗ ਹਾਈਕੋਰਟ ਦੇ ਹੁਕਮਾਂ ਤੋਂ ਬਾਅਦ ਅੱਜ ਚੌਥੀ ਮੀਟਿੰਗ 'ਚ ਚੋਣ ਪ੍ਰਕਿਰਿਆ ਸਿਰੇ ਚੜ੍ਹੀ ਹੈ।ਅਸ਼ੋਕ ਚੌਧਰੀ ਨੇ ਕਿਹਾ ਕਿ ਇਹ ਵਿਕਾਸ ਕਾਰਜਾਂ ਦੀ ਜਿੱਤ ਹੈ ਅਤੇ ਸਾਰੇ ਜਾਣਦੇ ਹਨ ਕਿ ਹੁਣ ਤੱਕ ਹਲਕਾ ਦੀਨਾਨਗਰ ਦੇ ਸਰਵਪੱਖੀ ਵਿਕਾਸ ਲਈ ਜਿੰਨਾ ਹੰਭਲਾ ਮੈਡਮ ਅਰੁਣਾ ਚੌਧਰੀ ਨੇ ਮਾਰਿਆ ਹੈ, ਐਨਾ ਕੰਮ ਹੁਣ ਤੱਕ ਕੋਈ ਨਹੀਂ ਕਰਵਾ ਸਕਿਆ ਹੈ।ਇਸ ਮੌਕੇ ਬਲਾਕ ਸੰਮਤੀ ਦੋਰਾਂਗਲਾ ਦੇ ਚੇਅਰਮੈਨ ਬਲਬੀਰ ਚੰਦ, ਸੱਤਪਾਲ ਸੈਣੀ ਦਬੁਰਜੀ, ਵਰਿੰਦਰ ਸਿੰਘ ਨੌਸ਼ਹਿਰਾ, ਹਰਵਿੰਦਰ ਸਿੰਘ ਭੱਟੀ, ਲੱਕੀ ਰੰਧਾਵਾ, ਮਨੀਸ਼ ਕਪੂਰ ਗਾਂਧੀਆਂ, ਯਾਦਵਿੰਦਰ ਸਿੰਘ ਘੁੰਮਣ, ਕਪਿਲ ਦੌਦਵਾਂ, ਸਰਪੰਚ ਮਨਜੀਤ ਸਿੰਘ ਕਲੀਜਪੁਰ, ਮਨਦੀਪ ਸਿੰਘ ਵਾਲੀਆ, ਦੇਸ ਰਾਜ ਜੰਡੀ, ਪ੍ਰਸ਼ੋਤਮ ਸਿੰਘ ਪੱਪਾ, ਰੰਮੀ ਠਾਕੁਰ, ਦਿੱਗਵਿਜੇ ਸਿੰਘ, ਹਰਜਿੰਦਰ ਸਿੰਘ ਗਵਾਲੀਆ, ਲਖਵਿੰਦਰ ਸਿੰਘ ਦੋਰਾਂਗਲਾ, ਭਿੰਟਾ ਦਬੁਰਜੀ, ਗੁਰਬਚਨ ਸਿੰਘ ਸੀਓਵਾਲ, ਸ਼ਾਮ ਸੁੰਦਰ ਲੱਕੀ, ਕਾਲਾ ਅਵਾਂਖਾ, ਸੰਨੀ ਲਖਣਪਾਲ, ਵਿਸ਼ਵਾਮਿੱਤਰ, ਫ਼ੌਜੀ ਬਲਵਿੰਦਰ ਕਲੋਤਰਾ, ਸਰਪੰਚ ਰੂਪ ਲਾਲ ਅਤੇ ਬਲਦੇਵ ਸੁਲਤਾਨੀ ਤੋਂ ਇਲਾਵਾ ਵੱਖ-ਵੱਖ ਜ਼ੋਨਾਂ ਤੋਂ ਜੇਤੂ ਸੰਮਤੀ ਮੈਂਬਰ ਹਾਜ਼ਰ ਸਨ।

# ਖਾਲੜਾ ਤੋਂ ਪਟਿਆਲਾ ਪੀਆਰਟੀਸੀ ਬੱਸ ਸੇਵਾ ਬੰਦ, ਸਰਹੱਦੀ ਖੇਤਰ ਦੇ ਲੋਕਾਂ 'ਚ ਭਾਰੀ ਰੋਸ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਤਰਨਤਾਰਨ ਜ਼ਿਲ੍ਹੇ ਦੇ ਸਰਹੱਦੀ ਕਸਬੇ ਖਾਲੜਾ ਤੋਂ ਪਟਿਆਲਾ ਲਈ ਚੱਲਣ ਵਾਲੀ ਪੀਆਰਟੀਸੀ ਬੱਸ ਸੇਵਾ ਲੰਮੇ ਸਮੇਂ ਤੋਂ ਬੰਦ ਪਈ ਹੋਣ ਕਾਰਨ ਇਲਾਕੇ ਦੇ ਲੋਕਾਂ ਵਿੱਚ ਭਾਰੀ ਰੋਸ ਅਤੇ ਨਿਰਾਸ਼ਾ ਪਾਈ ਜਾ ਰਹੀ ਹੈ।ਸਥਾਨਕ ਵਸਨੀਕਾਂ ਦਾ ਕਹਿਣਾ ਹੈ ਕਿ ਸਰਕਾਰਾਂ ਵੱਲੋਂ ਵੱਡੇ-ਵੱਡੇ ਦਾਅਵੇ ਕਰਨ ਦੇ ਬਾਵਜੂਦ ਸਰਹੱਦੀ ਇਲਾਕਿਆਂ ਦੀਆਂ ਬੁਨਿਆਦੀ ਆਵਾਜਾਈ ਸਹੂਲਤਾਂ ਦਿਨੋਂ-ਦਿਨ ਖਤਮ ਹੋ ਰਹੀਆਂ ਹਨ।ਇਸ ਕਸਬੇ ਨੂੰ ਸ਼ਹਿਰਾਂ ਨਾਲ ਜੋੜਨ ਵਾਲੀਆਂ ਪਹਿਲਾਂ ਚੱਲਦੀਆਂ ਮਹੱਤਵਪੂਰਨ ਬੱਸ ਸੇਵਾਵਾਂ ਹੌਲੀ-ਹੌਲੀ ਬੰਦ ਕੀਤੀਆਂ ਜਾ ਰਹੀਆਂ ਹਨ। ਖਾਲੜਾ ਤੋਂ ਸਵੇਰੇ 9:15 ਵਜੇ ਪਟਿਆਲਾ ਲਈ ਚੱਲਣ ਵਾਲੀ ਪੀਆਰਟੀਸੀ ਬੱਸ ਸੇਵਾ ਵੀ ਕਾਫੀ ਸਮੇਂ ਤੋਂ ਬੰਦ ਹੈ, ਜਿਸ ਕਾਰਨ ਵਿਦਿਆਰਥੀਆਂ, ਨੌਕਰੀਪੇਸ਼ਾ ਲੋਕਾਂ ਅਤੇ ਆਮ ਯਾਤਰੀਆਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਸਥਾਨਕ ਆਗੂਆਂ ਅਤੇ ਸਮਾਜ ਸੇਵੀ ਹਰਜਿੰਦਰ ਸਿੰਘ ਜੱਸਲ, ਜੈਮਲ ਸਿੰਘ, ਰਜਿੰਦਰ ਕੁਮਾਰ ਬਿੱਟੂ, ਨੰਬਰਦਾਰ ਜਸਮੇਲ ਸਿੰਘ ਅਤੇ ਹੋਰਾਂ ਨੇ ਕਿਹਾ ਕਿ 2017 ਤੋਂ ਲਗਾਤਾਰ ਲਿਖਤੀ ਮੰਗਾਂ ਦੇ ਬਾਵਜੂਦ ਵੀ ਟਰਾਂਸਪੋਰਟ ਵਿਭਾਗ ਅਤੇ ਪੀਆਰਟੀਸੀ ਪ੍ਰਬੰਧਨ ਵੱਲੋਂ ਕੋਈ ਠੋਸ ਕਦਮ ਨਹੀਂ ਚੁੱਕਿਆ ਗਿਆ। ਉਨ੍ਹਾਂ ਦੋਸ਼ ਲਾਇਆ ਕਿ ਪ੍ਰਾਈਵੇਟ ਟਰਾਂਸਪੋਰਟ ਨੂੰ ਲਾਭ ਪਹੁੰਚਾਉਣ ਲਈ ਸਰਕਾਰੀ ਰੂਟਾਂ ਨੂੰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਵੀ ਖਾਲੜਾ ਤੋਂ ਅਨੰਦਪੁਰ ਸਾਹਿਬ, ਅੰਮ੍ਰਿਤਸਰ ਅਤੇ ਫਿਰੋਜ਼ਪੁਰ ਲਈ ਚੱਲਦੀਆਂ ਬੱਸਾਂ ਬੰਦ ਹੋ ਚੁੱਕੀਆਂ ਹਨ, ਜਿਸ ਨਾਲ ਸਰਹੱਦੀ ਖੇਤਰ ਦੇ ਲੋਕਾਂ ਦੀ ਆਵਾਜਾਈ ਪ੍ਰਣਾਲੀ ਪੂਰੀ ਤਰ੍ਹਾਂ ਪ੍ਰਭਾਵਿਤ ਹੋਈ ਹੈ।ਆਗੂਆਂ ਨੇ ਮੁੱਖ ਮੰਤਰੀ ਪੰਜਾਬ ਅਤੇ ਟਰਾਂਸਪੋਰਟ ਵਿਭਾਗ ਤੋਂ ਮੰਗ ਕੀਤੀ ਹੈ ਕਿ ਖਾਲੜਾ ਤੋਂ ਪਟਿਆਲਾ, ਖਾਲੜਾ ਤੋਂ ਚੰਡੀਗੜ੍ਹ ਅਤੇ ਖਾਲੜਾ ਤੋਂ ਅਨੰਦਪੁਰ ਸਾਹਿਬ ਲਈ ਬੱਸ ਸੇਵਾਵਾਂ ਤੁਰੰਤ ਬਹਾਲ ਕੀਤੀਆਂ ਜਾਣ।ਉਨ੍ਹਾਂ ਕਿਹਾ ਕਿ ਇਹ ਰੂਟ ਮੁੜ ਚਾਲੂ ਹੋਣ ਨਾਲ ਲਗਭਗ 60 ਤੋਂ 70 ਪਿੰਡਾਂ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।ਇਸ ਮੌਕੇ ਪਟਿਆਲਾ ਪੀਆਰਟੀਸੀ ਦੇ ਜੀਐੱਮ ਨੇ ਭਰੋਸਾ ਦਿੱਤਾ ਕੀ ਜਲਦ ਹੀ ਬੱਸ ਸੇਵਾ ਨੂੰ ਮੁੜ ਬਹਾਲ ਕੀਤਾ ਜਾਵੇਗਾ।

# ਰਵਾਇਤੀ ਖੇਤੀ ਦੇ ਨਾਲ-ਨਾਲ ਕਿਸਾਨ ਆਪਣੀ ਆਮਦਨ ਵਧਾਉਣ ਲਈ ਸਹਾਇਕ ਧੰਦੇ ਅਪਨਾਉਣ: ਡਾ: ਚੀਮਾ



ਧਾਰੀਵਾਲ/ਬਟਾਲਾ, (ਮਨਦੀਪ ਵਿੱਕੀ/ਤਰਲੋਕ ਬੱਗਾ)-ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਵੱਲੋਂ ਕਿਸਾਨਾਂ ਨੂੰ ਨਵੀਆਂ ਖੇਤੀਬਾੜੀ ਤਕਨੀਕਾਂ ਅਤੇ ਸਰਕਾਰੀ ਯੋਜਨਾਵਾਂ ਬਾਰੇ ਜਾਣੂ ਕਰਵਾਉਣ ਲਈ ਬਲਾਕ ਬਟਾਲਾ ਵਿੱਚ ਕਿਸਾਨ ਸਿਖਲਾਈ ਕੈਂਪ ਆਯੋਜਿਤ ਕੀਤਾ ਗਿਆ।ਇਹ ਕੈਂਪ ਡਾ. ਸ਼ਾਹਬਾਜ਼ ਸਿੰਘ ਚੀਮਾ, ਜ਼ਿਲ੍ਹਾ ਸਿਖਲਾਈ ਅਫਸਰ ਗੁਰਦਾਸਪੁਰ ਦੀ ਪ੍ਰਧਾਨਗੀ ਹੇਠ ਲਗਾਇਆ ਗਿਆ।ਕੈਂਪ ਦੌਰਾਨ ਡਾ. ਸ਼ਾਹਬਾਜ਼ ਸਿੰਘ ਚੀਮਾ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਰਵਾਇਤੀ ਖੇਤੀ ਦੇ ਨਾਲ-ਨਾਲ ਸਹਾਇਕ ਧੰਦੇ ਜਿਵੇਂ ਕਿ ਡੇਅਰੀ, ਮਧੂਮੱਖੀ ਪਾਲਣ, ਮੁਰਗੀ ਪਾਲਣ ਅਤੇ ਬਾਗਬਾਨੀ ਆਦਿ ਅਪਣਾ ਕੇ ਕਿਸਾਨ ਆਪਣੀ ਆਮਦਨ ਵਿੱਚ ਵਾਧਾ ਕਰ ਸਕਦੇ ਹਨ।ਉਨ੍ਹਾਂ ਨੇ ਕਿਹਾ ਕਿ ਖੇਤੀ ਵਿੱਚ ਵਿਗਿਆਨਕ ਤਰੀਕਿਆਂ ਦੀ ਵਰਤੋਂ ਕਰਕੇ ਖੇਤੀ ਦੀ ਲਾਗਤ ਨੂੰ ਘਟਾਇਆ ਜਾ ਸਕਦਾ ਹੈ ਅਤੇ ਉਤਪਾਦਨ ਵਿੱਚ ਵਾਧਾ ਕੀਤਾ ਜਾ ਸਕਦਾ ਹੈ।ਉਨ੍ਹਾਂ ਨੇ ਕਿਸਾਨਾਂ ਨੂੰ ਕਣਕ ਦੇ ਨਾੜ ਨੂੰ ਅੱਗ ਲਗਾਉਣ ਤੋਂ ਰੋਕਣ ਦੀ ਅਪੀਲ ਕਰਦਿਆਂ ਕਿਹਾ ਕਿ ਕਣਕ ਦੇ ਨਾੜ ਦੀ ਸਹੀ ਸੰਭਾਲ ਲਈ ਮਸ਼ੀਨਰੀ ਅਤੇ ਹੋਰ ਵਿਕਲਪਾਂ ਦੀ ਵਰਤੋਂ ਕੀਤੀ ਜਾਵੇ, ਤਾਂ ਜੋ ਮਿੱਟੀ ਦੀ ਉਪਜਾਊ ਸ਼ਕਤੀ ਬਰਕਰਾਰ ਰਹੇ ਅਤੇ ਵਾਤਾਵਰਨ ਨੂੰ ਨੁਕਸਾਨ ਤੋਂ ਬਚਾਇਆ ਜਾ ਸਕੇ।ਇਸ ਮੌਕੇ ਡਾ. ਪਰਮਬੀਰ ਸਿੰਘ ਕਾਹਲੋਂ, ਬਲਾਕ ਖੇਤੀਬਾੜੀ ਅਫਸਰ ਨੇ ਦਾਲਾਂ ਦੀ ਖੇਤੀ ਦੀ ਮਹੱਤਤਾ ਬਾਰੇ ਦੱਸਦਿਆਂ ਕਿਹਾ ਕਿ ਦਾਲਾਂ ਦੀ ਖੇਤੀ ਮਿੱਟੀ ਦੀ ਉਪਜਾਊ ਸ਼ਕਤੀ ਨੂੰ ਬਰਕਰਾਰ ਰੱਖਣ ਵਿੱਚ ਮਦਦਗਾਰ ਹੈ ਅਤੇ ਕਿਸਾਨਾਂ ਦੀ ਆਮਦਨ ਵਧਾਉਣ ਵਿੱਚ ਵੀ ਸਹਾਇਕ ਹੈ।ਉਨ੍ਹਾਂ ਨੇ ਕਿਸਾਨਾਂ ਨੂੰ ਕਣਕ ਦੀ ਫਸਲ ਦੀ ਕਟਾਈ ਤੱਕ ਕੀਤੇ ਜਾਣ ਵਾਲੇ ਜ਼ਰੂਰੀ ਖੇਤੀਬਾੜੀ ਕੰਮਾਂ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ।ਡਾ. ਜਰਮਨਜੀਤ ਸਿੰਘ ਨੇ ਮਿੱਟੀ ਦੀ ਸਿਹਤ ਬਾਰੇ ਜਾਣਕਾਰੀ ਦਿੰਦਿਆਂ ਕਿਸਾਨਾਂ ਨੂੰ ਮਿੱਟੀ ਦੇ ਨਮੂਨੇ ਲੈਣ ਦੀ ਸਹੀ ਵਿਧੀ ਬਾਰੇ ਦੱਸਿਆ।ਉਨ੍ਹਾਂ ਨੇ ਕਿਹਾ ਕਿ ਮਿੱਟੀ ਦੇ ਨਮੂਨੇ ਖੇਤ ਦੇ ਵੱਖ-ਵੱਖ ਸਥਾਨਾਂ ਤੋਂ 6-9 ਇੰਚ ਗਹਿਰਾਈ ਤੱਕ ਲੈ ਕੇ ਇਕੱਠੇ ਕਰਕੇ ਲੈਬ ਵਿੱਚ ਟੈਸਟ ਲਈ ਭੇਜੇ ਜਾਣੇ ਚਾਹੀਦੇ ਹਨ।

ਉਨ੍ਹਾਂ ਨੇ ਦੱਸਿਆ ਕਿ ਮਿੱਟੀ ਦੀ ਜਾਂਚ ਦੇ ਅਧਾਰ 'ਤੇ ਹੀ ਖਾਦਾਂ ਅਤੇ ਪੋਸ਼ਕ ਤੱਤਾਂ ਦੀ ਵਰਤੋਂ ਕਰਨੀ ਚਾਹੀਦੀ ਹੈ। ਇਸ ਨਾਲ ਮਿੱਟੀ ਦੀ ਸਿਹਤ ਵਿੱਚ ਸੁਧਾਰ ਆਉਂਦਾ ਹੈ, ਖੇਤੀ ਦੀ ਲਾਗਤ ਘਟਦੀ ਹੈ ਅਤੇ ਫਸਲ ਦੀ ਪੈਦਾਵਾਰ ਵਧਦੀ ਹੈ, ਉਨ੍ਹਾਂ ਨੇ ਜੈਵਿਕ ਪਦਾਰਥਾਂ ਦੀ ਵਰਤੋਂ ਅਤੇ ਸੰਤੁਲਿਤ ਖਾਦਾਂ ਦੇ ਪ੍ਰਯੋਗ ਉਤੇ ਵੀ ਜ਼ੋਰ ਦਿੱਤਾ।ਡਾ. ਦਿਲਰਾਜ ਸਿੰਘ ਨੇ ਕਿਸਾਨਾਂ ਨੂੰ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਅਤੇ ਫਾਰਮਰ ਰਜਿਸਟਰੀ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਉਨ੍ਹਾਂ ਨੇ ਦੱਸਿਆ ਕਿ ਇਸ ਯੋਜਨਾ ਅਧੀਨ ਯੋਗ ਕਿਸਾਨਾਂ ਨੂੰ ਕੇਂਦਰ ਸਰਕਾਰ ਵੱਲੋਂ ਹਰ ਸਾਲ 6000 ਰੁਪਏ ਦੀ ਆਰਥਿਕ ਸਹਾਇਤਾ ਤਿੰਨ ਕਿਸਤਾਂ ਵਿੱਚ ਦਿੱਤੀ ਜਾਂਦੀ ਹੈ।ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਜਮੀਨ ਅਤੇ ਫਸਲ ਸੰਬੰਧੀ ਵੇਰਵੇ ਫਾਰਮਰ ਰਜਿਸਟਰੀ ਵਿੱਚ ਦਰਜ ਕਰਵਾਉਣ, ਤਾਂ ਜੋ ਭਵਿੱਖ ਵਿੱਚ ਸਰਕਾਰ ਵੱਲੋਂ ਦਿੱਤੀਆਂ ਜਾਣ ਵਾਲੀਆਂ ਸਕੀਮਾਂ ਅਤੇ ਸਹੂਲਤਾਂ ਦਾ ਲਾਭ ਸਿੱਧਾ ਕਿਸਾਨਾਂ ਤੱਕ ਪਹੁੰਚ ਸਕੇ।ਇਸ ਦੌਰਾਨ ਡਾ. ਰਵਿੰਦਰ ਪਾਲ ਸਿੰਘ ਮਾਨ ਖੇਤੀਬਾੜੀ ਵਿਕਾਸ ਅਫਸਰ ਮੰਡੀਕਰਨ ਨੇ ਕਿਸਾਨਾਂ ਨੂੰ ਫਸਲਾਂ ਦੇ ਸੁਚੱਜੇ ਮੰਡੀਕਰਨ ਬਾਰੇ ਜਾਣਕਾਰੀ ਸਾਂਝੀ ਕੀਤੀ ਅਤੇ ਕਿਸਾਨਾ ਵੱਲੋਂ ਪੈਦਾ ਕੀਤੇ ਗਏ ਪਦਾਰਥਾਂ ਲਈ ਐਗਮਾਰਕ ਪ੍ਰਾਪਤ ਕਰਨ ਦੇ ਨੁਕਤਿਆਂ ਬਾਰੇ ਚਾਨਣਾ ਪਾਇਆ ਗਿਆ। ਡਾ. ਸਿਮਰਨਜੀਤ ਸਿੰਘ ਖੇਤੀਬਾੜੀ ਵਿਕਾਸ ਅਫਸਰ ਬਟਾਲਾ ਨੇ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਅਤੇ ਕਿਸਾਨਾਂ ਨੂੰ ਇਨ੍ਹਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਪ੍ਰੇਰਿਤ ਕੀਤਾ।

ਇਸ ਤੋਂ ਇਲਾਵਾ ਡਾਕਟਰ ਗੁਰਸ਼ਰਨ ਸਿੰਘ ਵੱਲੋਂ ਵਰਮੀ ਕੰਪੋਸਟ ਬਾਰੇ ਕਿਸਾਨਾਂ ਨੂੰ ਜਾਣਕਾਰੀ ਦਿੱਤੀ ਗਈ ਅਤੇ ਇਸ ਤੋਂ ਹੋਣ ਵਾਲੀ ਆਮਦਨ ਅਤੇ ਇਸ ਦੀ ਡਿਮਾਂਡ ਬਾਰੇ ਕਿਸਾਨਾਂ ਨੂੰ ਵਿਸਥਾਰ ਪੂਰਵਕ ਦੱਸਿਆ ਗਿਆ।ਅੰਤ ਵਿੱਚ ਬਲਾਕ ਖੇਤੀਬਾੜੀ ਅਫਸਰ ਡਾਕਟਰ ਪਰਮਬੀਰ ਸਿੰਘ ਕਾਹਲੋ ਵੱਲੋਂ ਦਫਤਰ ਜ਼ਿਲ੍ਹਾ ਸਿਖਲਾਈ ਅਫਸਰ ਦੀ ਟੀਮ ਅਤੇ ਕੈਂਪ ਵਿੱਚ ਆਏ ਕਿਸਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਾਂ ਤੋਂ ਇਲਾਵਾ ਕੁਲਵਿੰਦਰ ਕੌਰ ਏਈਓ, ਧਰਮਿੰਦਰ ਕੁਮਾਰ ਏਈਓ, ਰਣਜੀਤ ਸਿੰਘ ਏਈਓ, ਰਣਜੀਤ ਸਿੰਘ ਏਐੱਸਆਈ, ਹਰਗੁਰਨੇਕ ਸਿੰਘ ਏਟੀਐੱਮ, ਗੁਰਸ਼ਰਨ ਸਿੰਘ ਏਐੱਸਆਈ ਆਦਿ ਹਾਜ਼ਰ ਸਨ।

**ਵਰ੍ਹੇਗੰਢ ਮੁਬਾਰਕ**



ਸਤਨਾਮ ਸਿੰਘ ਸਹਿਗਲ ਅਤੇ ਨਰਿੰਦਰ ਕੌਰ ਵਾਸੀ ਲੁਧਿਆਣਾ ਨੇ ਆਪਣੇ ਵਿਆਹ ਦੀ 25ਵੀਂ ਵਰ੍ਹੇਗੰਢ ਮਨਾਈ

## ਮੈਗਾ ਵਿਕਾਸ ਰੈਲੀ 'ਚ ਮਹਿਲਾਵਾਂ ਦਾ ਭਰਪੂਰ ਸਮਰਥਨ ਮਿਲਿਆ : ਹਰਜੋਤ ਬੈਂਸ

**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)**

ਨੰਗਲ ਦੇ ਐੱਨ ਐੱਫ ਐੱਲ ਗਰਾਊਂਡ ਵਿੱਚ ਆਯੋਜਿਤ ਮੈਗਾ ਵਿਕਾਸ ਰੈਲੀ ਦੌਰਾਨ ਹਲਕੇ ਦੀਆਂ ਹਜ਼ਾਰਾਂ ਮਹਿਲਾਵਾਂ ਨੇ ਸ਼ਮੂਲੀਅਤ ਕਰਕੇ ਇੱਕ ਨਵਾਂ ਇਤਿਹਾਸ ਰਚ ਦਿੱਤਾ। ਇਸ ਰੈਲੀ ਵਿੱਚ ਮਾਵਾਂ-ਧੀਆਂ ਸਤਿਕਾਰ ਯੋਜਨਾ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਨ ਲਈ ਔਰਤਾਂ ਵੱਡੀ ਗਿਣਤੀ ਵਿੱਚ ਪਹੁੰਚੀਆਂ। ਰੈਲੀ ਦੌਰਾਨ ਮਹਿਲਾਵਾਂ ਦਾ ਜੋਸ਼ ਅਤੇ ਉਤਸ਼ਾਹ ਵੇਖਣਯੋਗ ਸੀ, ਜਿਸ ਨੇ ਪੂਰੇ ਪ੍ਰੋਗਰਾਮ ਨੂੰ ਵਿਸ਼ੇਸ਼ ਬਣਾਇਆ। ਹਰ ਵਰਗ ਦੇ ਲੋਕਾਂ ਵੱਲੋਂ ਪੰਜਾਬ ਸਰਕਾਰ ਅਤੇ ਆਮ ਆਦਮੀ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਦੀ ਸ਼ਲਾਘਾ ਕੀਤੀ ਗਈ।ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਮਹਿਲਾਵਾਂ ਦੀ ਭਲਾਈ ਲਈ ਵਚਨਬੱਧ ਹੈ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਲੋਕ ਪੱਖੀ ਯੋਜਨਾਵਾਂ ਲਾਗੂ ਕੀਤੀਆਂ ਜਾਣਗੀਆਂ। ਉਨ੍ਹਾਂ ਦੇ ਦੱਸਿਆ ਕਿ ਰੈਲੀ ਵਿੱਚ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਅਤੇ ਪੰਜਾਬ ਦੇ ਇੰਚਾਰਜ ਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਵੀ ਮੌਜੂਦ ਰਹੇ।ਜ਼ਿਕਰਯੋਗ ਹੈ ਕਿ 31 ਮਾਰਚ ਨੂੰ ਆਯੋਜਿਤ ਇਸ ਮੈਗਾ ਵਿਕਾਸ ਰੈਲੀ ਦੌਰਾਨ ਮੁੱਖ ਮੰਤਰੀ ਵੱਲੋਂ ਨੰਗਲ ਖੇਤਰ ਲਈ ਕਰੋੜਾਂ ਰੁਪਏ ਦੀਆਂ ਵਿਕਾਸੀ ਸੌਗਾਤਾਂ ਦਾ ਐਲਾਨ ਕੀਤਾ ਗਿਆ। ਇਨ੍ਹਾਂ ਪ੍ਰੋਜੈਕਟਾਂ ਨਾਲ ਖੇਤਰ



ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤੀ ਮਿਲੇਗੀ ਅਤੇ ਲੋਕਾਂ ਦੀ ਜੀਵਨ ਸ਼ੈਲੀ ਵਿੱਚ ਸੁਧਾਰ ਆਵੇਗਾ। ਰੈਲੀ ਵਿੱਚ ਵੱਡੀ ਗਿਣਤੀ ਵਿੱਚ ਮਹਿਲਾਵਾਂ ਦੀ ਹਾਜ਼ਰੀ ਨੇ ਇਹ ਸਾਬਤ ਕਰ ਦਿੱਤਾ ਕਿ ਪੰਜਾਬ ਦੀਆਂ ਔਰਤਾਂ ਹੁਣ ਹਰ ਮੈਦਾਨ ਵਿੱਚ ਅੱਗੇ ਵੱਧ ਰਹੀਆਂ ਹਨ ਅਤੇ ਸਰਕਾਰ ਦੀਆਂ ਯੋਜਨਾਵਾਂ ਨਾਲ ਖੁਦ ਨੂੰ ਜੁੜਿਆ ਮਹਿਸੂਸ ਕਰ ਰਹੀਆਂ ਹਨ।

## ਸ੍ਰੀ ਹਜ਼ੂਰ ਸਾਹਿਬ ਨੰਦੇੜ ਦੀ ਮੁਫਤ ਯਾਤਰਾ ਲਈ ਰਜਿਸਟਰੇਸ਼ਨ 15 ਤੱਕ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਸਰਕਾਰ ਦੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ੍ਰੀ ਹਜ਼ੂਰ ਸਾਹਿਬ ਨੰਦੇੜ, ਮਹਾਰਾਸ਼ਟਰ ਲਈ 5 ਮਈ ਨੂੰ ਕੁਰੂਕਸ਼ੇਤਰ ਤੋਂ ਵਿਸ਼ੇਸ਼ ਟ੍ਰੇਨ ਰਵਾਨਾ ਹੋਵੇਗੀ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਇਸ ਟ੍ਰੇਨ ਨੂੰ ਝੰਡੀ ਦਿਖਾ ਕੇ ਸੂਬੇ ਦੇ ਵੱਖ-ਵੱਖ ਜਿਲ੍ਹਿਆਂ ਤੋਂ ਆਉਣ ਵਾਲੀ ਸੰਗਤ ਨੂੰ ਰਵਾਨਾ ਕਰਨਗੇ।ਸਰਕਾਰ ਦੇ ਬੁਲਾਰੇ ਨੇ ਜਾਣਕਾਰੀ ਦਿੰਦੇ ਹੋਏ ਦਸਿਆ ਕਿ ਸੀਨੀਅਰ ਨਾਗਰਿਕ, ਜਿਨ੍ਹਾਂ ਦੀ ਉਮਰ 60 ਸਾਲ ਤੋਂ ਵੱਧ ਹੈ ਅਤੇ ਉਨ੍ਹਾਂ ਦੀ ਪਰਿਵਾਰਕ ਆਮਦਨ ਇੱਕ ਲੱਖ 80 ਹਜਾਰ ਰੁਪਏ ਤੋਂ ਘੱਟ ਹੈ, ਉਹ ਇਸ ਯੋਜਨਾ ਦਾ ਲਾਭ ਚੁੱਕ ਸਕਦੇ ਹਨ। ਯੋਜਨਾ ਦਾ ਲਾਭ ਚੁੱਕਣ ਲਈ ਸਰਲ ਹਰਿਆਣਾ ਪੋਰਟਲ 'ਤੇ 15 ਅਪ੍ਰੈਲ ਤੱਕ ਰਜਿਸਟ੍ਰੇਸ਼ਨ ਕੀਤਾ ਜਾ ਸਕਦਾ ਹੈ।

## ਪ੍ਰੋ. ਨਵਜੋਤ ਗੁਰੂ ਨਾਨਕ ਦੇਵ 'ਵਰਸਿਟੀ ਕਾਲਜ ਦੇ ਓ ਐੱਸ ਡੀ ਨਿਯੁਕਤ

**ਜਲੰਧਰ (ਕਮਲਜੀਤ ਥਾਬਲਕੇ)**

ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਸਿੱਧੇ ਪ੍ਰਬੰਧਾਂ ਹੇਠ ਚੱਲ ਰਹੇ ਜੀ ਐੱਨ ਡੀ ਯੂ ਕਾਲਜ ਲਾਡੋਵਾਲੀ ਰੋਡ ਵਿਖੇ ਯੂਨੀਵਰਸਿਟੀ ਵੱਲੋਂ ਪ੍ਰੋ. (ਡਾ.) ਨਵਜੋਤ ਨੂੰ ਓ ਐੱਸ ਡੀ ਨਿਯੁਕਤ ਕੀਤਾ ਗਿਆ ਹੈ। ਕੰਨਿਆ ਮਹਾਂ ਵਿਦਿਆਲਿਆ ਵਿੱਚ ਐਸੋਸੀਏਟ ਪ੍ਰੋਫ਼ੈਸਰ ਵਜੋਂ 28 ਸਾਲ ਸੇਵਾ ਨਿਭਾਉਣ ਉਪਰੰਤ ਲਗਭਗ 9 ਸਾਲ ਲਾਇਲਪੁਰ ਖ਼ਾਲਸਾ ਕਾਲਜ ਫਾਰ ਵੂਮੈਨ ਵਿੱਚ ਬਤੌਰ ਪ੍ਰਿੰਸੀਪਲ ਸੇਵਾ-ਮੁਕਤ ਹੋ ਚੁੱਕੇ ਡਾ. ਨਵਜੋਤ ਪੰਜਾਬੀ ਦੇ ਪ੍ਰਬੁੱਧ ਵਿਦਵਾਨ ਅਤੇ ਨਿਡਰ ਬੁਲਾਰੇ ਵਜੋਂ ਜਾਣੇ ਜਾਂਦੇ ਹਨ। ਉਨ੍ਹਾਂ ਦੀ ਵਾਰਤਕ ਅਤੇ ਕਵਿਤਾ ਦੀਆਂ ਕਈ ਪੁਸਤਕਾਂ ਛਪ ਚੁੱਕੀਆਂ ਹਨ ਅਤੇ ਉਨ੍ਹਾਂ ਦੇ ਲੇਖ ਅਕਸਰ ਪੰਜਾਬੀ ਅਖ਼ਬਾਰਾਂ-ਰਸਾਲਿਆਂ ਵਿਚ ਛਪਦੇ ਹਨ।ਇਸ ਨਿਯੁਕਤੀ ਉਪਰੰਤ ਡਾ. ਨਵਜੋਤ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਇਸ ਚਾਂਸਲਰ ਡਾ. ਕਰਮਜੀਤ ਸਿੰਘ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਵਾਇਸ ਚਾਂਸਲਰ ਨੇ ਜਿਸ ਤਰ੍ਹਾਂ ਭਰੋਸਾ ਕਰਦਿਆਂ ਮੈਨੂੰ ਇਸ ਸੇਵਾ ਦਾ ਮੌਕਾ ਦਿੱਤਾ ਹੈ, ਮੈਂ ਇਸ ਸੇਵਾ ਨੂੰ ਮੈਂ ਪੂਰੀ ਤਨਦੇਹੀ ਨਾਲ ਨਿਭਾਉਂਦਿਆਂ ਕਾਲਜ ਦੀ ਤਰੱਕੀ ਲਈ ਹਰ ਸੰਭਵ ਯਤਨ ਕਰਾਂਗੀ।ਕਾਲਜ 'ਚ ਪਹਿਲੇ ਦਿਨ



ਪਹੁੰਚਣ 'ਤੇ ਉਨ੍ਹਾਂ ਮਾਣ ਮਹਿਸੂਸ ਕਰਦਿਆਂ ਕਿਹਾ ਕਿ ਇਸ ਕਾਲਜ ਵਿਚ ਜਿਸ ਪ੍ਰਕਾਰ ਯੂਨੀਵਰਸਿਟੀ ਵਾਲੇ ਬਹੁਤ ਸਾਰੇ ਕੋਰਸ ਚੱਲ ਰਹੇ ਹਨ, ਜਲੰਧਰ ਸ਼ਹਿਰ ਵਿਚ ਘੱਟੋ-ਘੱਟ ਫੀਸਾਂ ਵਿੱਚ ਇਹ ਕਾਲਜ ਸਥਾਨਕ ਵਿਦਿਆਰਥੀਆਂ ਨੂੰ ਯੂਨੀਵਰਸਿਟੀ ਪੱਧਰ ਦੀ ਸਿੱਖਿਆ ਮੁਹੱਈਆ ਕਰਾਉਣ ਦਾ ਬੇਹਤਰੀਨ ਮੰਚ ਹੈ।ਇਸ ਮੌਕੇ ਕਾਲਜ ਸਟਾਫ ਵੱਲੋਂ ਡਾ. ਨਵਜੋਤ ਦਾ ਕਾਲਜ ਪਹੁੰਚਣ ਉੱਪਰ ਨਿੱਘਾ ਸਵਾਗਤ ਕੀਤਾ ਗਿਆ। ਜਲੰਧਰ ਸ਼ਹਿਰ ਦੇ ਬਹੁਤ ਸਾਰੇ ਸਮਾਜ ਸੇਵੀਆਂ ਵੱਲੋਂ ਵੀ ਡਾ. ਨਵਜੋਤ ਨੂੰ ਵਧਾਈ ਦੇਣ ਲਈ ਉਚੇਚੀ ਹਾਜ਼ਰੀ ਲਗਵਾਈ ਗਈ।ਇਸ ਮੌਕੇ ਡਾ. ਅਸ਼ੀਸ਼ ਅਰੋੜਾ, ਡਾ. ਸੰਜੀਵ ਅਰੋੜਾ, ਡਾ. ਲਖਵੀਰ ਸਿੰਘ, ਡਾ. ਸੋਨੀਆ ਕੁੰਦਰਾ, ਡਾ. ਮਨਦੀਪ ਕੌਰ, ਡਾ. ਪਰਵਿੰਦਰ ਕੌਰ ਢਿੱਲੋਂ. ਡਾ. ਨੇਹਾ ਕਾਲੜਾ, ਸਵੀਤਾ, ਅਸ਼ੋਕ ਕੁਮਾਰ, ਸੁਰਿੰਦਰ ਕੁਮਾਰ, ਗੌਰਵ ਕੋਹਲੀ, ਵਿਨੀਤ ਵਿਰਦੀ, ਅਰਚਨਾ, ਰਮਨ ਬੱਤਰਾ, ਰਿਤੇਸ਼ ਅਰੋੜਾ ਤੇ ਸਮੂਹ ਕਾਲਜ ਸਟਾਫ ਮੌਜੂਦ ਰਿਹਾ।

## ਐੱਚ ਪੀ ਵੀ ਟੀਕਾ ਔਰਤਾਂ ਨੂੰ ਸਰਵਾਈਕਲ ਕੈਂਸਰ ਤੋਂ ਬਚਾਉਣ ਲਈ ਪ੍ਰਭਾਵਸ਼ਾਲੀ : ਸੈਣੀ

**ਟਾਂਡਾ ਉੜਮੁੜ (ਜਸਵਿੰਦਰ ਸੰਧੂ)**- ਸਿਵਲ ਸਰਜਨ ਡਾਕਟਰ ਮਨਦੀਪ ਕਮਲ ਦੇ ਦਿਸ਼ਾ ਨਿਰਦੇਸ਼ਾਂ ਤੇ ਡਾਕਟਰ ਕਰਨ ਕੁਮਾਰ ਸੈਣੀ ਐੱਸ ਐੱਮ ਓ ਟਾਂਡਾ ਦੀ ਯੋਗ ਅਗਵਾਈ ਹੇਠ 14 ਸਾਲ ਤੱਕ ਦੀਆਂ ਲੜਕੀਆਂ ਨੂੰ ਐੱਚ ਪੀ ਵੀ ਵੈਕਸੀਨ ਸਰਕਾਰੀ ਹਸਪਤਾਲ ਟਾਂਡਾ ਵਿਖੇ ਲਗਾਇਆ ਜਾ ਰਿਹਾ ਹੈ।



ਉਹਨਾਂ ਦੱਸਿਆ ਕਿ ਸਰਕਾਰ ਦਾ ਇਹ ਵੈਕਸੀਨੇਸ਼ਨ ਮੁਹਿੰਮ ਸ਼ੁਰੂ ਕਰਨ ਦਾ ਮੁੱਖ ਮਕਸਦ ਲੜਕੀਆਂ ਵਿੱਚ ਸਰਵਾਈਕਲ ਕੈਂਸਰ ਦੀ ਰੋਕਥਾਮ ਕੀਤੀ ਜਾ ਸਕੇ ਸਰਕਾਰ ਵੱਲੋਂ ਇਹ ਵੈਕਸੀਨੇਸ਼ਨ ਬਿਲਕੁਲ ਮੁਫਤ ਲਗਾਈ ਜਾਂਦੀ ਹੈ ਜਦਕਿ ਬਾਹਰੋਂ ਇਹ ਟੀਕਾ ਬਹੁਤ ਮਹਿੰਗਾ ਮਿਲਦਾ ਹੈ ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਲੜਕੀਆਂ ਦੇ ਇਹ ਵੈਕਸੀਨੇਸ਼ਨ ਜਰੂਰ ਕਰਵਾਉਣ।

ਉਹਨਾਂ ਸਮੂਹ ਸਟਾਫ ਨੂੰ ਹਦਾਇਤ ਕੀਤੀ ਕਿ ਉਹ ਲੋਕਾਂ ਨੂੰ ਇਸ ਪ੍ਰਤੀ ਜਾਗਰੂਕ ਕਰਨ ਤੇ ਵੈਕਸੀਨੇਸ਼ਨ ਲਈ ਸਰਕਾਰੀ ਹਸਪਤਾਲ ਟਾਂਡਾ ਦੇ ਕਮਰਾ ਨੰਬਰ 10 ਵਿੱਚ ਸੰਪਰਕ ਕਰ ਸਕਦੇ ਹਨ। ਇਹ ਵੈਕਸੀਨੇਸ਼ਨ ਬੁੱਧਵਾਰ ਤੇ ਸਰਕਾਰੀ ਛੁੱਟੀ ਵਾਲੇ ਦਿਨ ਛੱਡ ਕੇ ਆ ਸਕਦੇ ਹਨ।

## ਵਿਦਿਆਰਥੀਆਂ ਦੀ ਕੈਰੀਅਰ ਤਿਆਰੀ ਮਜ਼ਬੂਤ ਕਰਨ ਲਈ ਗੈਸਟ ਲੈਕਚਰ ਕਰਵਾਏ



**ਜਲੰਧਰ (ਸ਼ੈਲੀ ਐਲਬਰਟ)**

ਇਨੋਸੈਂਟ ਹਾਰਟਸ ਗਰੁੱਪ ਆਫ ਇੰਸਟੀਚਿਊਸ਼ਨਜ਼ ਦੇ ਟ੍ਰੇਨਿੰਗ ਐਂਡ ਪਲੇਸਮੈਂਟ ਸੈੱਲ ਵੱਲੋਂ ਮੈਨੇਜਮੈਂਟ ਅਤੇ ਹੋਟਲ ਮੈਨੇਜਮੈਂਟ ਵਿਭਾਗ ਦੇ ਸਹਿਯੋਗ ਨਾਲ ਗਿਆਨਵਰਧਕ ਗੈਸਟ ਲੈਕਚਰਾਂ ਦੀ ਇੱਕ ਲੜੀ ਦਾ ਆਯੋਜਨ ਕੀਤਾ ਗਿਆ। ਇਸ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੇ ਇੰਡਸਟਰੀ ਨੌਲੇਜ ਅਤੇ ਕਰੀਅਰ ਤਿਆਰੀ ਨੂੰ ਮਜ਼ਬੂਤ ਕਰਨਾ ਸੀ।ਮੈਨੇਜਮੈਂਟ ਵਿਦਿਆਰਥੀਆਂ ਲਈ ਹੋਏ ਸੈਸ਼ਨ ਵਿੱਚ ਚਾਰਟਰਡ ਅਕਾਊਂਟੈਂਟਸ ਰੁਸ਼ੀਲ ਗੁਪਤਾ ਅਤੇ ਰਿਤਿਕ ਚੋਪੜਾ ਨੇ ਫ੍ਰੌਮ ਆਈਡੀਆ ਟੂ ਇੰਟਰਪ੍ਰਾਈਜ਼ਿਜ਼ ਅਤੇ ਦ ਮਨੀ ਬਲੂਪ੍ਰਿੰਟ ਫੋਰ ਵਿਸ਼ਿਆਂ 'ਤੇ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਉਦਯਮਿਤਾ, ਵਿੱਤੀ ਯੋਜਨਾ ਅਤੇ ਕਰੀਅਰ ਦੇ ਸ਼ੁਰੂਆਤੀ ਦੌਰ ਵਿੱਚ ਪ੍ਰਭਾਵਸ਼ਾਲੀ ਧਨ ਪ੍ਰਬੰਧਨ ਨੂੰ ਸਮਝਾਉਣ ਲਈ ਪ੍ਰੈਕਟੀਕਲ ਫ੍ਰੇਮਵਰਕ, ਅਸਲ ਜੀਵਨ ਦੇ ਉਦਾਹਰਨ ਅਤੇ ਮਹੱਤਵਪੂਰਨ ਰਣਨੀਤੀਆਂ ਪੇਸ਼ ਕੀਤੀਆਂ। ਇਹ ਸੈਸ਼ਨ ਬਹੁਤ ਹੀ ਇੰਟਰਐਕਟਿਵ ਰਿਹਾ ਅਤੇ ਵਿਦਿਆਰਥੀਆਂ ਨੂੰ ਲੋੜੀਂਦੀ ਵਿੱਤੀ ਅਤੇ ਵਪਾਰਕ ਜਾਣਕਾਰੀ ਨਾਲ ਸਮ੍ਰਿੱਧ ਕੀਤਾ। ਇਹ ਸਾਰੇ ਸੈਸ਼ਨ ਬਹੁਤ ਹੀ ਗਿਆਨਵਰਧਕ ਅਤੇ ਲਾਭਦਾਇਕ ਸਾਬਤ ਹੋਏ, ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਵਪਾਰਕ ਵਿਕਾਸ ਲਈ ਪ੍ਰੈਕਟੀਕਲ ਅਨੁਭਵ ਅਤੇ ਮਾਰਗਦਰਸ਼ਨ ਪ੍ਰਦਾਨ ਕੀਤਾ। ਸੰਸਥਾ ਨੇ ਇਹਨਾਂ ਅਰਥਪੂਰਨ ਅਤੇ ਕਰੀਅਰ-ਕੇਂਦ੍ਰਿਤ ਪਹਲਾਂ ਦੇ ਸਫਲ ਆਯੋਜਨ ਲਈ ਰਿਸੋਰਸ ਪਰਸਨਜ਼ ਅਤੇ ਟ੍ਰੇਨਿੰਗ ਐਂਡ ਪਲੇਸਮੈਂਟ ਸੈੱਲ ਦੇ ਯਤਨਾਂ ਦੀ ਸਰਾਹਨਾ ਕੀਤੀ।

## ਜੀ ਆਰ ਡੀ ਇੰਟਰਨੈਸ਼ਨਲ ਸਕੂਲ ਵਿਖੇ ਧਾਰਮਿਕ ਸਮਾਗਮ

**ਟਾਂਡਾ ਉੜਮੁੜ (ਜਸਵਿੰਦਰ ਸੰਧੂ)**

ਸ਼ਹਿਰ ਦੀ ਮਹਾਨ ਵਿੱਦਿਅਕ ਸੰਸਥਾ ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੁਸਾਇਟੀ ਵੱਲੋਂ ਚਲਾਏ ਜਾ ਰਹੇ ਜੀ ਆਰ ਡੀ ਇੰਟਰਨੈਸ਼ਨਲ



ਸਕੂਲ ਦਾ ਸਾਲਾਨਾ ਵਿੱਦਿਅਕ ਵਰ੍ਹਾ ਸ਼ੁਰੂ ਹੋਇਆ। ਇਸ ਸਬੰਧੀ ਜੀ ਆਰ ਡੀ ਵਿਦਿਅਕ ਸੰਸਥਾਵਾਂ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਦੀ ਛਤਰ ਛਾਇਆ ਇਹ ਧਾਰਮਿਕ ਸਮਾਗਮ ਸਭ ਤੋਂ ਪਹਿਲਾਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਗਏ। ਉਪਰੰਤ ਸ੍ਰੀ ਸਹਿਜ ਪਾਠ ਦੇ ਭੋਗ ਪਾਏ ਗਏ। ਸੰਸਥਾ ਦੇ ਮੁੱਖ ਪ੍ਰਬੰਧਕ ਪ੍ਰਦੀਪ ਕੌਰ ਅਤੇ ਮੈਨੇਜਿੰਗ ਡਾਇਰੈਕਟਰ ਬਿਕਰਮ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕਰਵਾਏ ਗਏ ਧਾਰਮਿਕ ਸਮਾਗਮ ਦੌਰਾਨ ਭਾਈ ਨਰਿੰਦਰ ਸਿੰਘ ਨੇ ਸੰਗਤ ਨੂੰ ਕੀਰਤਨ ਦੁਆਰਾ ਨਿਹਾਲ ਕੀਤਾ। ਜੀ ਆਰ ਡੀ ਸੰਸਥਾਵਾਂ ਦੇ ਮੈਨੇਜਰ ਸਰਬਜੀਤ ਸਿੰਘ ਮੋਮੀ ਨੇ ਸੰਬੋਧਨ ਕਰਦਿਆਂ ਸਮੂਹ ਪ੍ਰਬੰਧਕਾਂ ਨੂੰ ਸਮੂਹ ਵਿਦਿਆਰਥੀ ਤੇ ਸਟਾਫ ਮੈਂਬਰਾਂ ਨੂੰ ਆਰੰਭ ਹੋਏ ਸਕੂਲ ਦੇ ਨਵੇਂ ਵਿਦਿਅਕ ਵਰ੍ਹੇ ਦੀ ਵਧਾਈ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦਾ ਸ਼ੁਕਰਾਨਾ ਕੀਤਾ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਅਮਨਦੀਪ ਸਿੰਘ ਸਾਹੀ, ਪ੍ਰਿੰਸੀਪਲ ਅਮਨਦੀਪ ਕੌਰ ਢਿੱਲੋਂ, ਨਰਸਿੰਗ ਕਾਲਜ ਦੇ ਪ੍ਰਿੰਸੀਪਲ ਰੇਨੂ ਬਾਲਾ, ਲਵਲੀ ਸੈਣੀ ,ਦਲਜਿੰਦਰ ਕੌਰ, ਗੁਰਪ੍ਰੀਤ ਕੌਰ, ਜਸਲੀਨ ਕੌਰ ,ਹਰਪ੍ਰੀਤ ਕੌਰ, ਤਜਿੰਦਰ ਕੌਰ, ਰਮਨਦੀਪ ਕੌਰ, ਹਰਿੰਦਰ ਕੌਰ, ਆਦ ਤੋਂ ਇਲਾਵਾ ਹੋਰ ਸਟਾਫ ਮੈਂਬਰ ਵੀ ਹਾਜ਼ਰ ਸਨ।

## ਵਿੱਤ ਮੰਤਰੀ ਨੇ 11 ਜੂਨੀਅਰ ਆਡੀਟਰਾਂ ਨੂੰ ਸੌਂਪੇ ਨਿਯੁਕਤੀ ਪੱਤਰ



**ਚੰਡੀਗੜ੍ਹ, (ਗੁਰਜੀਤ ਬਿੱਲਾ)**

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚੱਲ ਰਹੀ ਰੋਜ਼ਗਾਰ ਕ੍ਰਾਂਤੀ ਪਹਿਲਕਦਮੀ ਤਹਿਤ ਇੱਕ ਰਸਮੀ ਸਮਾਗਮ ਦੌਰਾਨ ਨਵ-ਨਿਯੁਕਤ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ ਅਤੇ ਪਾਰਦਰਸ਼ੀ ਪ੍ਰਕਿਰਿਆ ਰਾਹੀਂ ਚੁਣੇ ਗਏ 11 ਉਮੀਦਵਾਰਾਂ ਨੂੰ ਐਗਜ਼ਾਮੀਨਰ, ਲੋਕਲ ਫੰਡ ਅਕਾਊਂਟਸ ਦੇ ਦਫ਼ਤਰ ਵਿੱਚ ਜੂਨੀਅਰ ਆਡੀਟਰ ਵਜੋਂ ਸ਼ਾਮਲ ਕੀਤਾ।ਨਵ-ਨਿਯੁਕਤ ਅਧਿਕਾਰੀਆਂ ਨੂੰ ਵਧਾਈ ਦਿੰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਜਨਤਕ ਸੇਵਾ ਵਿਚ ਇਮਾਨਦਾਰੀ ਅਤੇ ਜ਼ਿੰਮੇਵਾਰੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ, ਮੈਂ ਸਾਰੇ ਨਵ-ਨਿਯੁਕਤ ਨੌਜਵਾਨਾਂ ਨੂੰ ਤਹਿ ਦਿਲੋਂ ਵਧਾਈ ਦਿੰਦਾ ਹਾਂ ਅਤੇ ਉਹਨਾਂ ਨੂੰ ਅਪੀਲ ਕਰਦਾ ਹਾਂ ਕਿ ਉਹ ਆਪਣੀਆਂ ਪ੍ਰਸ਼ਾਸਕੀ ਡਿਊਟੀਆਂ ਪੂਰੀ ਲਗਨ, ਪਾਰਦਰਸ਼ਤਾ ਅਤੇ ਪੂਰੀ ਇਮਾਨਦਾਰੀ ਨਾਲ ਨਿਭਾਉਣ। ਰਾਜ ਦੀਆਂ ਜਨਤਕ ਸੰਸਥਾਵਾਂ ਦੀ ਵਿੱਤੀ ਸਿਹਤ ਅਤੇ ਜਵਾਬਦੇਹੀ ਨੂੰ ਬਣਾਈ ਰੱਖਣ ਲਈ ਤੁਹਾਡੀ ਇਮਾਨਦਾਰੀ ਬਹੁਤ ਜ਼ਰੂਰੀ ਹੈ।

## ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਮੀਟਿੰਗ ਨੇ ਧਾਰਿਆ ਰੈਲੀ ਦਾ ਰੂਪ



**ਭੋਗਪੁਰ (ਐੱਸ ਕੇ ਭੋਗਲ)**

ਅਕਾਲੀ ਦਲ ਵਾਰਸ ਪੰਜਾਬ ਦੇ ਵੱਲੋਂ ਭੋਗਪੁਰ ਵਿੱਚ ਇੱਕ ਅਹਿਮ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਹ ਮੀਟਿੰਗ ਗੁਰਪ੍ਰੀਤ ਸਿੰਘ ਭੋਗਲ ਅਤੇ ਅਰਵਿੰਦਰ ਸਿੰਘ ਝੰਮਟ ਦੇ ਸੱਦੇ 'ਤੇ ਬੁਲਾਈ ਗਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਵਰਕਰਾਂ ਅਤੇ ਆਗੂਆਂ ਨੇ ਭਾਗ ਲਿਆ।ਇਸ ਮੌਕੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਮਾਤਾ ਬਲਵਿੰਦਰ ਕੌਰ ਵੀ ਖਾਸ ਤੌਰ 'ਤੇ ਹਾਜ਼ਰ ਰਹੇ। ਇਸ ਤੋਂ ਇਲਾਵਾ ਪ੍ਰਭਜੀਤ ਸਿੰਘ ਜੋਹਲ, ਜਸਕਰਨ ਸਿੰਘ, ਕਾਹਨ ਸਿੰਘ, ਜਲੰਧਰ ਜ਼ਿਲ੍ਹੇ ਦੇ ਪ੍ਰਧਾਨ ਮਹਿੰਦਰ ਸਿੰਘ ਬਾਜਵਾ, ਹੁਸ਼ਿਆਰਪੁਰ ਤੋਂ ਪ੍ਰਧਾਨ ਅਮਰੀਕ ਸਿੰਘ, ਅਵਤਾਰ ਸਿੰਘ ਸੇਖੋਂ ਅਤੇ ਜਗਰੂਪ ਕੌਰ ਸਮੇਤ ਕਈ ਹੋਰ ਆਗੂਆਂ ਨੇ ਵੀ ਸ਼ਿਰਕਤ ਕੀਤੀ।ਮੀਟਿੰਗ ਦੌਰਾਨ ਪਾਰਟੀ ਦੀਆਂ ਨੀਤੀਆਂ, ਸੰਗਠਨ ਨੂੰ ਮਜ਼ਬੂਤ ਕਰਨ ਅਤੇ ਆਉਣ ਵਾਲੇ ਸਮੇਂ ਵਿੱਚ ਲੋਕ ਮਸਲਿਆਂ ਨੂੰ ਉੱਭਾਰਨ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਆਗੂਆਂ ਨੇ ਵਰਕਰਾਂ ਨੂੰ ਇਕਜੁੱਟ ਹੋ ਕੇ ਕੰਮ ਕਰਨ ਅਤੇ ਪਾਰਟੀ ਨੂੰ ਮਜ਼ਬੂਤ ਬਣਾਉਣ ਲਈ ਅਪੀਲ ਕੀਤੀ।ਅਖੀਰ ਵਿੱਚ ਸਾਰੇ ਹਾਜ਼ਰ ਆਗੂਆਂ ਨੇ ਇਹ ਭਰੋਸਾ ਦਿਵਾਇਆ ਕਿ ਉਹ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਠਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।

## ਮਾਤਾ ਕਮਲੇਸ਼ ਰਾਣੀ ਨੇ ਕਰਵਾਇਆ ਤੀਸਰਾ ਵਿਸ਼ਾਲ ਜਾਗਰਣ

**ਲੋਹੀਆਂ ਖਾਸ (ਯੋਗੇਸ਼ਵਰ)**

ਬ੍ਰਹਮਲੀਨ ਮਹੰਤ ਸ੍ਰੀ ਸ਼ਾਂਤੀ ਗਿਰੀ ਜੀ ਮਹਾਰਾਜ ਤੇ ਬ੍ਰਹਮਲੀਨ ਮਹੰਤ ਸ੍ਰੀ ਰਵਿੰਦਰਾ ਗਿਰੀ ਜੀ ਮਹਾਰਾਜ ਤੇ ਸ੍ਰੀ ਸ੍ਰੀ 1008 ਮਹਾਂ ਮੰਡਲੇਸ਼ਵਰ ਮਹੰਤ ਸ਼ਿਪਰਾ ਗਿਰੀ ਜੀ ਬਾਪ ਜੀ ਤੇ ਮਹੰਤ ਸ਼੍ਰੀ ਜੈ ਰਾਮ ਗਿਰੀ ਜੀ ਮਹਾਰਾਜ ਅਤੇ ਡਾ. ਪੁਸ਼ਪਚੈਤਨਿਆ ਮਹਾਰਾਜ ਤੇ ਮਹੰਤ ਗਜਰਾਜ ਗਿਰੀ ਮਹਾਰਾਜ ਦੀ ਅਪਾਰ ਕਿਰਪਾ ਸਦਕਾ ਸਵ: ਮਹੰਤ ਪੰਮੀ ਮਾਈ ਜੀ ਦੇ ਆਸ਼ੀਰਵਾਦ ਸਦਕਾ ਮਾਤਾ ਕਮਲੇਸ਼ ਰਾਣੀ ਜੀ ਵੱਲੋਂ ਆਪਣੇ ਗ੍ਰਹਿ ਵਿਖੇ ਮਹਾਂਮਾਈ ਦਾ ਤੀਸਰਾ ਵਿਸ਼ਾਲ ਜਾਗਰਣ ਕਰਵਾਇਆ ਗਿਆ। ਇਸ ਜਾਗਰਣ ਦੀ ਸ਼ੁਰੂਆਤ ਤੇ ਤਾਰਾ ਰਾਣੀ ਦਾ ਪ੍ਰਸੰਗ ਅਸ਼ੋਕ ਕਮਲ ਐਂਡ ਪਾਰਟੀ ਵੱਲੋਂ ਕੀਤਾ ਗਿਆ। ਇਸ ਮੌਕੇ ਭਜਨ ਗਾਇਕਾ ਵੰਦਨਾ ਧੀਮਾਨ ਹਿਮਾਚਲ ਪ੍ਰਦੇਸ਼ ਵਾਲਿਆਂ ਨੇ ਗੁਰੂ ਬੰਦਨਾ ਗਾ ਕੇ ਮਹਾਂਮਾਈ ਦਾ ਗੁਣਗਾਨ ਕੀਤਾ। ਗਾਇਕਾ ਅਸ਼ੋਕ ਕਮਲ ਐਂਡ ਪਾਰਟੀ ਵੱਲੋਂ ਜਾਗਰਣ ਦੀ ਸ਼ੁਰੂਆਤ ਗਣੇਸ਼ ਬੰਦਨਾ ਗਾ ਕੇ ਕੀਤੀ ਗਈ। ਮਹਾਂ ਮੰਡਲੇਸ਼ਵਰ ਮਹੰਤ ਸ੍ਰੀ ਸ਼ਿਪਰਾ ਗਿਰੀ ਜੀ ਮਹਾਰਾਜ ਨੇ (ਪਾਲਨਪੁਰ) ਤੋਂ ਮਾਤਾ ਕਮਲੇਸ਼ ਜੀ ਨੂੰ ਆਸ਼ੀਰਵਾਦ ਦਿੱਤਾ। ਮਾਤਾ ਕਮਲੇਸ਼ ਨੇ ਜਾਗਰਣ ਵਿੱਚ ਨੱਚ-ਨੱਚ ਕੇ ਖੁਸ਼ੀ ਮਨਾਈ। ਇਸ ਮੌਕੇ ਪ੍ਰਾਚੀਨ ਸ਼ਿਵ ਮੰਦਿਰ ਦੇ ਮਹੰਤ ਸ਼੍ਰੀ ਜੈ ਰਾਮ ਗਿਰੀ ਜੀ ਮਹਾਰਾਜ ਤੇ ਨਵਾਂ ਸ਼ਿਵ ਮੰਦਿਰ ਤੋਂ ਡਾ: ਪੁਸ਼ਪਚੈਤਨਿਆ ਮਹਾਰਾਜ, ਮਹੰਤ ਗਜਰਾਜ ਗਿਰੀ ਮਹਾਰਾਜ ਜਾਗਰਣ ਵਿੱਚ ਪਹੁੰਚੇ। ਹਜ਼ਾਰਾਂ ਲੋਕ ਦੇ ਕਰੀਬ ਸੰਗਤਾਂ ਮਹਾਂਮਾਈ ਦਾ ਅਸ਼ੀਰਵਾਦ ਲੈਣ ਲਈ ਪਹੁੰਚੀਆਂ। ਮਾਤਾ ਕਮਲੇਸ਼ ਵੱਲੋਂ



ਮਹਾਂਮਾਈ ਦੇ ਜਾਗਰਣ ਵਿੱਚ ਵੱਖ-ਵੱਖ ਤਰ੍ਹਾਂ ਦੇ ਵੀ ਸਟਾਲ ਲਗਾਏ ਗਏ। ਇਸ ਜਾਗਰਣ ਵਿੱਚ ਜੰਮੂ ਕਸ਼ਮੀਰ, ਪਠਾਨਕੋਟ, ਜਲੰਧਰ, ਮੋਗਾ, ਅੰਮ੍ਰਿਤਸਰ, ਫਿਰੋਜ਼ਪੁਰ, ਮੁੱਦਕੀ, ਕੰਡਿਆਲ ਅਤੇ ਲੋਹੀਆਂ ਖਾਸ ਦੀਆਂ ਨਗਰ ਦੀਆਂ ਸਮੂਹ ਸੰਗਤਾਂ ਨੇ ਜਾਗਰਣ ਦਾ ਖੂਬ ਆਨੰਦ ਮਾਨਿਆ। ਤੇ ਜਾਗਰਣ ਵਿੱਚ ਪ੍ਰਾਚੀਨ ਸ਼ਿਵ ਮੰਦਿਰ, ਮਹਾਂਦੇਵ ਸੇਵਾ ਦਲ, ਸ੍ਰੀਨਵ ਦੁਰਗਾ ਜਾਗਰਣ ਕਮੇਟੀ, ਜੈ ਮਾਂ ਜਾਗਰਣ ਕਮੇਟੀ, ਮਾਂ ਬਗਲਾ ਮੁਖੀ ਸੇਵਾ ਦਲ, ਸ਼ਿਵਰਾਤਰੀ ਸ਼ੋਭਾ ਯਾਤਰਾ ਕਮੇਟੀ ਨੇ ਵਿਸ਼ੇਸ਼ ਰੂਪ ਵਿੱਚ ਸ਼ਿਰਕਤ ਕੀਤੀ।

## ਸਿੱਧ ਜੋਗੀ ਨਾਥ ਦਾ ਭੰਡਾਰਾ 5 ਨੂੰ

**ਆਦਮਪੁਰ (ਪਰਮਜੀਤ ਸਿੰਘ)**- ਸੱਗਰਾਂ ਮੁਹੱਲਾ ਨੇੜੇ ਸੁਲੱਖਣ ਕਵਾੜੀਆਂ ਆਦਮਪੁਰ ਸ਼ਾਹੀ ਦਰਬਾਰ ਸ੍ਰੀ ਸਿੱਧ ਜੋਗੀ ਨਾਥ ਦਾ ਹਰ ਸਾਲ ਦੀ ਤਰ੍ਹਾਂ 5 ਅਪ੍ਰੈਲ ਨੂੰ ਭੰਡਾਰਾ ਕਰਵਾਇਆ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਦੱਸਿਆ ਭਗਤ ਸ਼ਿੰਦਾ ਸ਼ਾਹ ਕਾਦਰੀ ਵਲੋਂ ਪਹੁੰਚ ਰਹੇ ਮਹਾਰਾਜ ਪੁਰਸ਼ ਸੀ ਗੁਰੂ ਮਲਕੀਤ ਸ਼ਾਹ ਕਾਦਰੀ, ਹਰਬੰਸ ਕਾਦਰੀ,ਦਲੀਪ ਸਾਈਂ,ਰਾਮ ਬਾਬਾ,ਨਿਤਕ ਸਾਈਂ, ਕੌਮਲ ਮਹੰਤ, ਮੰਗਾ ਸਾਈਂ, ਗਗਨਦੀਪ ਬੈਂਸ, ਜੀਤੀ ਸਾਈਂ,ਤਾਰੀ ਬਾਬਾ, ਡਿੰਪਲ ਬਾਬਾ,ਬਿੰਦਰ ਬਾਬਾ, ਸੇਵਾਦਾਰ ਮਲਕੀਤ, ਇੰਦਰਜੀਤ ਸਿੰਘ, ਮੱਖਣ ਸਿੰਘ, ਸੁਲੱਖਣ ਸਿੰਘ, ਗੁਰਮਿੰਦਰ ਸਿੰਘ,ਨਿੱਕਾ ਖੁਰਦਪੁਰ,ਸੌਰਵ,ਗੌਰਵ, ਅਰਸ਼,ਲੀਲ, ਮਨਜੀਤ, ਵਿੱਕੀ, ਰਾਮ ਸਰੂਪ, ਅਰਸ਼ ਥਾਪਰ, ਸੋਨੂੰ, ਰਾਜੂ, ਜਸਕਰਨ, ਸਤੀਸ਼ ਕੁਮਾਰ,ਇਹ ਭੰਡਾਰਾ ਸੰਗਤਾਂ ਤੇ ਨਗਰ ਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਜਾਵੇਗਾ । ਪਹੁੰਚ ਰਹੇ ਕਲਾਕਾਰ ਦੀਪਕ ਮਿਹਰਾ ਜਲੰਧਰ ਵਾਲੇ, ਪਵਨ ਤੱਖੀ (ਸੂਫ਼ੀ ਸਿੰਗਰ) ਭੋਗਪੁਰ ਵਾਲੇ, ਰਾਧਿਕਾ ਮਾਈ ਨਕਾਲ ਪਾਰਟੀ (ਆਦਮਪੁਰ ਵਾਲੇ) ਸਾਰੇ ਭਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਭੰਡਾਰੇ ਵਿਚ ਪਹੁੰਚ ਕੇ ਸੇਵਾ ਕਰੋ ਤੇ ਬਾਬਾ ਜੀ ਦਾ ਆਸ਼ੀਰਵਾਦ ਪ੍ਰਾਪਤ ਕਰੋ ਸਭ ਤੋਂ ਪਹਿਲਾਂ ਸ਼ਨੀਵਾਰ ਸ਼ਾਮ 7 ਵਜੇ ਮਹਿੰਦੀ ਦੀ ਰਸਮ ਕੀਤੀ ਜਾਵੇਗੀ 5 ਤਰੀਕ ਦਿਨ ਐਤਵਾਰ ਨੂੰ ਸਵੇਰੇ 10 ਵਜੇ ਬਾਬਾ ਜੀ ਦੀ ਚੌਂਕੀ ਹੋਵੇਗੀ ਕਵਾਲੀਆਂ 4 ਵਜੇ ਤੋ ਬਾਬਾ ਜੀ ਦਾ ਲੰਗਰ ਤੇ ਚਾਹ ਪਕੌੜਿਆਂ ਦਾ ਅਟੁੱਟ ਵਰਤਾਇਆ ਜਾਵੇਗਾ।

## ਅੱਖਾਂ ਦੇ ਜਾਂਚ ਕੈਂਪ 'ਚ 92 ਮਰੀਜ਼ਾਂ ਦਾ ਚੈੱਕਅੱਪ



**ਬਲਾਚੌਰ (ਜਸਵਿੰਦਰ ਬੈਂਸ)**

ਸਨਫਾਰਮਾ ਕਮਿਊਨਿਟੀ ਹੈਲਥ ਕੇਅਰ ਸੁਸਾਇਟੀ ਵੱਲੋਂ ਪਿੰਡ ਪ੍ਰੇਮ ਨਗਰ ਵਿਖੇ ਇੱਕ ਵਿਸ਼ੇਸ਼ ਅੱਖਾਂ ਦੀ ਜਾਂਚ ਦਾ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਇਲਾਕਾ ਨਿਵਾਸੀਆਂ ਨੇ ਭਾਰੀ ਉਤਸ਼ਾਹ ਦਿਖਾਇਆ ਅਤੇ ਆਪਣੀ ਸਿਹਤ ਪ੍ਰਤੀ ਜਾਗਰੂਕਤਾ ਦਾ ਪ੍ਰਗਟਾਵਾ ਕੀਤਾ।ਕੈਂਪ ਦੌਰਾਨ ਕੁੱਲ 92 ਮਰੀਜ਼ਾਂ ਦੀਆਂ ਅੱਖਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ।ਜਾਂਚ ਤੋਂ ਬਾਅਦ ਲੋੜਵੰਦ ਮਰੀਜ਼ਾਂ ਨੂੰ ਸੰਸਥਾ ਵੱਲੋਂ ਮੁਫ਼ਤ ਐਨਕਾਂ ਤੇ ਜ਼ਰੂਰੀ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ। ਅੱਖਾਂ ਦੀ ਜਾਂਚ ਮਾਹਿਰ ਉਪਟੋਮੈਟ੍ਰਿਸਟ ਕੁਲਵਿੰਦਰ ਕੌਰ ਵੱਲੋਂ ਕੀਤੀ ਗਈ। ?ਕੈਂਪ ਨੂੰ ਸਫ਼ਲ ਬਣਾਉਣ ਵਿੱਚ ਸਨਫਾਰਮਾ ਦੀ ਮੈਡੀਕਲ ਟੀਮ ਜਿਵੇਂ ਡਾ. ਰਾਜੇਸ਼ ਲਾਲ, ਨਰਸ ਸਿਮਰਨਜੀਤ ਕੌਰ ਅਤੇ ਨਰਸ ਮਨਜਿੰਦਰ ਕੌਰ ਨੇ ਅਹਿਮ ਭੂਮਿਕਾ ਨਿਭਾਈ। ਟੀਮ ਵੱਲੋਂ ਮਰੀਜ਼ਾਂ ਨੂੰ ਅੱਖਾਂ ਦੀ ਸਾਂਭ-ਸੰਭਾਲ ਅਤੇ ਸਫ਼ਾਈ ਰੱਖਣ ਦੇ ਮਹੱਤਵਪੂਰਨ ਨੁਕਤੇ ਵੀ ਦੱਸੇ ਗਏ।

## ਜਥੇ. ਇਕਬਾਲ ਸਿੰਘ ਖੇੜਾ ਦਾ ਸਨਮਾਨ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਜ਼ਿਲਾ ਹੁਸ਼ਿਆਰਪੁਰ ਦੀ ਸਮੁੱਚੀ ਲੀਡਰਸ਼ਿਪ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਮਿਹਨਤੀ , ਇਮਾਨਦਾਰ , ਟਕਸਾਲੀ ਧਾਰਮਿਕ ਆਗੂ ਜਥੇਦਾਰ ਇਕਬਾਲ ਸਿੰਘ ਖੇੜਾ ਨੂੰ ਸ਼੍ਰੋਮਣੀ ਅਕਾਲੀ ਦਲ ਦਾ ਕੌਮੀ ਮੀਤ ਪ੍ਰਧਾਨ ਬਣਾਉਣ ਤੇ ਪਾਰਟੀ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਤੇ ਸ਼੍ਰੋਮਣੀ ਅਕਾਲੀ ਦਲ ਦੀ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕੀਤਾ ਤੇ ਜਥੇਦਾਰ ਇਕਬਾਲ ਸਿੰਘ ਖੇੜਾ ਨੂੰ ਸਿਰੋਪਾਓ ਪਾ ਕੇ ਸਨਮਾਨਤ ਕੀਤਾ। ਇਸ ਮੌਕੇ ਮੈਂਬਰ ਕੋਰ ਕਮੇਟੀ ਸਰਦਾਰ ਵਰਿੰਦਰ ਸਿੰਘ ਬਾਜਵਾ ਜ਼ਿਲ੍ਹਾ ਪ੍ਰਧਾਨ ਸਰਦਾਰ ਲਖਵਿੰਦਰ ਸਿੰਘ ਲੱਖੀ ਗਿਲਜੀਆਂ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਸਰਦਾਰ ਜਤਿੰਦਰ ਸਿੰਘ ਲਾਲੀ ਬਾਜਵਾ ਨੇ ਕਿਹਾ ਕਿ ਖੇੜਾ ਨੇ ਬਹੁਤ ਲੰਮੇ ਸਮੇਂ ਤੋਂ ਸ਼੍ਰੋਮਣੀ ਅਕਾਲੀ ਦਲ ਲਈ ਦਿਨ ਰਾਤ ਮਿਹਨਤ ਕਰ ਰਹੇ ਹਨ ਔਖੇ ਸਮੇਂ ਡਟ ਕੇ ਸਰਦਾਰ ਸੁਖਬੀਰ ਸਿੰਘ ਬਾਦਲ ਹੋਰਾਂ ਦੀ ਅਗਵਾਈ ਚ ਪਾਰਟੀ ਵਰਕਰਾਂ ਨੂੰ ਇਕਜੁੱਟ ਕਰਕੇ ਰੱਖਿਆ। ਜਥੇਦਾਰ ਖੇੜਾ ਨੇ ਸਮੁੱਚੀ ਲੀਡਰਸ਼ਿਪ ਨੂੰ ਵਿਸ਼ਵਾਸ ਦਿਵਾਇਆ ਕਿ 2027 ਦੀਆਂ ਚੋਣਾਂ ਵਿੱਚ ਸੁਖਬੀਰ ਸਿੰਘ ਬਾਦਲ ਨੂੰ ਮੁੱਖ ਮੰਤਰੀ ਬਣਾਉਣ ਲਈ ਪਾਰਟੀ ਵਲੋਂ ਖੜ੍ਹੇ ਕੀਤੇ ਗਏ ਹਰ ਇੱਕ ਉਮੀਦਵਾਰ ਲਈ ਘਰ-ਘਰ ਜਾ ਕੇ ਰੁੱਸਿਆਂ ਨੂੰ ਮਨਾ ਕੇ ਇਕੱਲੀ ਇਕੱਲੀ ਵੋਟ ਤੱਕ ਪਹੁੰਚ ਕਰਾਂਗੇ ਤਾਂ ਜੋ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣ ਸਕੇ। ਹਲਕਾ ਚੱਬੇਵਾਲ ਤੋਂ ਇੰਚਾਰਜ ਹਰਮਿੰਦਰ ਸਿੰਘ ਸੰਧੂ, ਨਿਰਮਲ ਸਿੰਘ ਭੀਲੋਂਵਾਲ, ਪਰਮਦੀਪ ਸਿੰਘ ਪੰਡੋਰੀ, ਰਵਿੰਦਰਪਾਲ ਸਿੰਘ ਰਾਏ, ਸੁਖਦੇਵ ਸਿੰਘ ਬੰਬੇਲੀ ਬੀ ਸੀ ਵਿੰਗ ਦੇ ਜ਼ਿਲਾ ਸ਼ਹਿਰੀ ਪ੍ਰਧਾਨ ਸਤਨਾਮ ਸਿੰਘ ਬੰਟੀ ਚੱਗਰਾਂ, ਅਮਨਦੀਪ ਸਿੰਘ ਨੰਗਲ ਖਿਡਾਰੀਆਂ, ਬਲਵੀਰ ਸਿੰਘ ਜੰਡਿਆਲਾ, ਸੁਖਬੀਰ ਸਿੰਘ ਜੰਡਿਆਲਾ, ਦਵਿੰਦਰ ਸਿੰਘ ਬਾਹੋਵਾਲ, ਕੁਲਦੀਪ ਸਿੰਘ ਠੱਕਰ, ਪਰਮਜੀਤ ਸਿੰਘ ਬਾਹੋਵਾਲ, ਅਵਤਾਰ ਸਿੰਘ ਸਸੋਲੀ, ਵਾਸੁਦੇਵ ਸਿੰਘ ਮਰੂਲਾ, ਬਲਵਿੰਦਰ ਸਿੰਘ ਜਲੋਵਾਲ, ਹਰਬੰਸ ਸਿੰਘ ਜਲੋਵਾਲ, ਜਗਮੋਹਣ ਸਿੰਘ ਹਵੇਲੀ, ਅਮਰੀਕ ਸਿੰਘ ਰਾਮਪੁਰ ਆਦਿ ਹਾਜ਼ਰ ਸਨ।

## ਮੌਡਰੇਟਰ ਪਾਰੀਤੋਸ਼ ਕੈਨਿੰਗ ਨੇ ਕਰਾਈਸਟ ਚਰਚ ਧਾਰੀਵਾਲ ਦਾ ਧਾਰਮਿਕ ਰਸਮਾਂ ਨਾਲ ਕੀਤਾ ਉਦਘਾਟਨ



**ਧਾਰੀਵਾਲ (ਐਲਬਰਟ ਗਿੱਲ)**

ਮੋਸਟ ਰੈਵਰੈਂਡ ਪਾਰੀਤੋਸ਼ ਕੈਨਿੰਗ ਮੌਡਰੇਟਰ ਚਰਚ ਆਫ ਨਾਰਥ ਇੰਡੀਆ ਨੇ ਧਾਰੀਵਾਲ ਵਿੱਚ ਸੀ ਐਨ ਆਈ ਦੇ ਨਵੇਂ ਬਣੇ ਕ੍ਰਾਈਸਟ ਚਰਚ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਰਾਈਟ ਰੈਵਰੈਂਡ ਦਰਬਾਰਾ ਸਿੰਘ ਬਿਸ਼ਪ ਡਾਈਸਸ ਆਫ ਚੰਡੀਗੜ੍ਹ ਰਾਈਟ ਰੈਵਰੈਂਡ ਵਾਰਿਸ ਕੇ. ਮਸੀਹ, ਸਾਬਕਾ ਬਿਸ਼ਪ ਡਾਈਸਸ ਆਫ ਚੰਡੀਗੜ੍ਹ, ਦਿੱਲੀ, ਧਾਰੀਵਾਲ ਚਰਚ ਦੇ ਚਰਚ ਇੰਚਾਰਜ ਰੈਵਰੈਂਡ ਰੋਬਿਨ ਵਰਗਸ, ਡਾਇਸਿਸ ਦੇ ਆਫਿਸ ਬਿਅਰਰ, ਧਾਰੀਵਾਲ ਚਰਚ ਪਾਸਟਰੇਟ ਕਮੇਟੀ ਅਤੇ ਵੱਡੀ ਗਿਣਤੀ ਵਿੱਚ ਸੀ ਐਨ ਆਈ ਦੇ ਪਾਦਰੀ ਤੇ ਉਨ੍ਹਾਂ ਨਾਲ ਆਏ ਕਲੀਸੀਆਵਾਂ ਦੇ ਲੋਕ ਹਾਜ਼ਰ ਸਨ। ਇਸ ਮੌਕੇ ਘੱਟ ਗਿਣਤੀ ਕਮੀਸ਼ਨ ਪੰਜਾਬ ਦੇ ਚੇਅਰਮੈਨ ਜਤਿੰਦਰ ਗੌਰਵ, ਸਾਬਕਾ ਚੇਅਰਮੈਨ ਮੁਨੱਵਰ ਮਸੀਹ, ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ, ਕ੍ਰਿਸਚੀਅਨ ਵੈਲਫੇਅਰ ਬੋਰਡ ਪੰਜਾਬ ਦੇ ਚੇਅਰਮੈਨ ਡੈਨੀਅਲ, ਰਕੇਸ਼ ਵਿਲਿਅਮ, ਅਮਿਤ ਪ੍ਰਕਾਸ਼ ਸਕੱਤਰ ਡਾਇਸਸ ਆਫ ਚੰਡੀਗੜ੍ਹ, ਰੈਵਰੈਂਡ ਗੈਮਲ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਤੋਂ ਪਹਿਲਾਂ ਮਿਸ਼ਨ ਸਕੂਲ ਵਿੱਚ ਪੰਹੁਚਣ 'ਤੇ ਸਤਿਕਾਰਯੋਗ ਮੌਡਰੇਟਰ ਪਾਰੀਤੋਸ਼ ਕੈਨਿੰਗ ਅਤੇ ਉਨ੍ਹਾ ਨਾਲ ਆਏ ਸਿਨਡ ਦੇ ਅਹੁਦੇਦਾਰਾਂ ਦਾ ਸੀ.ਐਨ.ਆਈ. ਨਾਲ ਸਬੰਧਿਤ ਵੱਖ ਵੱਖ ਪਾਸਟਰੇਟ ਕਮੇਟੀ ਦੇ ਮੈਂਬਰਾਂ ਅਤੇ ਕਲੀਸੀਆਵਾਂ ਨੇ ਸੁਆਗਤ ਕੀਤਾ। ਮੌਡਰੇਟਰ ਨੇ ਧਾਰਮਿਕ ਰਸਮਾਂ ਦੇ ਨਾਲ ਚਰਚ ਦੀਆਂ ਧਾਰਮਿਕ ਵਸਤੂਆਂ ਨੂੰ ਮਖ਼ਸੂਸ ਕੀਤਾ ਅਤੇ ਚਰਚ ਵਿੱਚ ਯੋਗਦਾਨ ਪਾਉਣ ਵਾਲਿਆਂ ਅਤੇ ਧਾਰੀਵਾਲ ਕਲੀਸੀਆ ਅਤੇ ਪਾਸਟੋਰੇਟ ਕਮੇਟੀ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਨਵਾਂ ਬਣਿਆ ਚਰਚ, ਜੋ ਰੱਬ ਦਾ ਘਰ ਹੈ, ਇਸ ਚਰਚ ਵਿੱਚ ਆਉਣ ਵਾਲਿਆਂ ਨੂੰ ਆਸ਼ੀਸ਼ ਮਿਲੇਗੀ। ਚਰਚ ਪਾਸਟੋਰੇਟ ਕਮੇਟੀ ਦੇ ਖਜਾਨਚੀ ਸੁਨੀਲ ਜੋਸੇਫ ਨੇ ਚਰਚ ਦੇ ਇਤਿਹਾਸ ਤੋਂ ਜਾਣੂ ਕਰਵਾਇਆ ਅਤੇ ਅੰਤ ਵਿੱਚ ਚਰਚ ਪਾਸਟੋਰੇਟ ਕਮੇਟੀ ਵੱਲੋਂ ਮੌਡਰੇਟਰ ਕੈਨਿੰਗ, ਸਿਟਡ ਦੇ ਅਹੁਦੇਦਾਰਾਂ, ਡਾਇਸਸ ਦੇ ਬਿਸ਼ਪ ਅਤੇ ਅਹੁਦੇਦਾਰਾਂ ਅਤੇ ਧਾਰੀਵਾਲ ਚਰਚ ਨਾਲ ਜੁੜੇ ਪੁਰਾਣੇ ਪਾਦਰੀ ਸਾਹਿਬਾਨਾਂ ਅਤੇ ਚਰਚ ਬਣਾਉਣ ਲਈ ਸਹਿਯੋਗ ਕਰਨ ਵਾਲਿਆਂ ਨੂੰ ਸਨਮਾਨਿਤ ਕੀਤਾ ਗਿਆ।



ਰੇਲਵੇ ਪੁਲਿਸ ਚੌਕੀ ਗੋਰਾਇਆ ਦੇ ਇੰਚਾਰਜ ਥਾਣੇਦਾਰ ਮਦਨ ਲਾਲ 37 ਸਾਲਾਂ ਦੀ ਨੌਕਰੀ ਦੇ ਬਾਅਦ ਸੇਵਾ ਮੁਕਤ ਹੋਏ। ਉਨਾਂ ਨੂੰ ਸਟਾਫ ਮੈਂਬਰਾਂ ਵੱਲੋਂ ਸ਼ਾਨਦਾਰ ਵਿਦਾਇਗੀ ਪਾਰਟੀ ਦਿੱਤੀ ਗਈ ਤੇ ਤੋਹਫੇ ਭੇਟ ਕੀਤੇ ਗਏ। (ਫੋਟੋ ਤੇ ਵੇਰਵਾ : ਨਿਰਮਲ ਫਿਲੌਰ)



ਬੰਗਾ ਹਲਕੇ ਦੇ ਪਿੰਡ ਮੇਹਲੀ ਤੋਂ ਮੰਦਰ ਦਿਓਟ ਸਿੱਧ ਬਾਬਾ ਬਾਲਕ ਨਾਥ (ਹਿਮਾਚਲ ਪ੍ਰਦੇਸ਼) ਦੇ ਦਰਸ਼ਨਾਂ ਨੂੰ ਸੰਗਤਾਂ ਪਹੁੰਚੀਆਂ।
(ਫੋਟੋ ਅਤੇ ਵੇਰਵਾ :ਬੰਗਾ ਅਵਤਾਰ ਕਲੇਰ)

## ਭਾਰਤ ਵਿਕਾਸ ਪ੍ਰੀਸ਼ਦ ਬਲਾਚੌਰ ਨੂੰ ਲਗਾਤਾਰ ਚੌਥੇ ਵਰ੍ਹੇ ਸਰਵੋਤਮ ਸ਼ਾਖਾ ਪੁਰਸਕਾਰ

**ਬਲਾਚੌਰ (ਜਸਵਿੰਦਰ ਬੈਂਸ)**

ਭਾਰਤ ਵਿਕਾਸ ਪ੍ਰੀਸ਼ਦ ਪੰਜਾਬ ਪੱਛਮੀ ਉੱਤਰੀ ਖੇਤਰ-1 ਦੀ ਸੂਬਾਈ ਪ੍ਰੀਸ਼ਦ ਦੀ ਮੀਟਿੰਗ ਮੁਕੇਰੀਆਂ ਵਿਖੇ ਖੇਤਰੀ ਪ੍ਰਧਾਨ ਸੁਸ਼ੀਲ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਸੂਬਾਈ



ਪ੍ਰਧਾਨ ਸ਼੍ਰੀ ਵਿਵੇਕ ਸ਼ਰਮਾ, ਜਨਰਲ ਸਕੱਤਰ ਨਰਿੰਦਰ ਸ਼ਰਮਾ, ਖਜ਼ਾਨਚੀ ਵਿਕਰਮ ਅਰੋੜਾ, ਰਾਸ਼ਟਰੀ ਗਤੀਵਿਧੀ ਸੇਵਾ ਮੁਖੀ ਅਰੁਣਾ ਪੁਰੀ ਤੇ ਹੋਰ ਸਾਰੇ ਅਹੁਦੇਦਾਰਾਂ ਦੇ ਨਾਲ-ਨਾਲ ਸੂਬਾਈ ਸ਼ਾਖਾਵਾਂ ਦੇ ਪ੍ਰਧਾਨ, ਸਕੱਤਰ, ਖਜ਼ਾਨਚੀ ਅਤੇ ਗਤੀਵਿਧੀ ਮੁਖੀ ਸ਼ਾਮਲ ਹੋਏ। ਭਾਰਤ ਵਿਕਾਸ ਪ੍ਰੀਸ਼ਦ ਪੰਜਾਬ ਪੱਛਮੀ ਉੱਤਰੀ ਖੇਤਰ-1 ਦੇ ਅਧੀਨ ਕੰਮ ਕਰਦੇ ਹੋਏ ਸੇਵਾ, ਸੱਭਿਆਚਾਰ, ਸੰਸਕਾਰ, ਪਰਿਆਵਰਣ, ਸਮਾਜਿਕ ਅਤੇ ਰਾਸ਼ਟਰੀ ਹਿੱਤ ਵਿੱਚ ਸ਼ਾਨਦਾਰ ਕੰਮ ਕਰਨ ਲਈ ਬਲਾਚੌਰ ਸ਼ਾਖਾ ਨੂੰ ਲਗਾਤਾਰ ਚੌਥੇ ਵਰ੍ਹੇ ਸਰਵੋਤਮ ਸ਼ਾਖਾ ਪੁਰਸਕਾਰ ਮਿਲਿਆ। ਇਸ ਮੌਕੇ ਪ੍ਰਿੰਸੀਪਲ ਚੰਦਰੇਸ਼ ਸ਼ੌਰੀ ਨੇ ਸੂਬਾਈ ਅਧਿਕਾਰੀਆਂ ਨੂੰ ਪਿਛਲੇ ਸਾਲ ਬਲਾਚੌਰ ਸ਼ਾਖਾ ਵਲੋਂ ਕੀਤੇ ਗਏ ਕੰਮਾਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ ਅਤੇ ਦੱਸਿਆ ਗਿਆ ਕਿ ਆਉਣ ਵਾਲੇ ਸਾਲ ਲਈ ਨਵੀਂ ਟੀਮ ਦਾ ਗਠਨ 28 ਮਾਰਚ ਨੂੰ ਕਰ ਲਿਆ ਗਿਆ ਹੈ। ਇਸ ਸਮਾਗਮ ਵਿੱਚ ਸ਼ਾਖਾ ਬਲਾਚੌਰ ਦੇ ਨਵੇਂ ਚੁਣੇ ਗਏ ਮੁਖੀ ਰਾਣਾ ਰਣਦੀਪ ਕੌਸ਼ਲ, ਸੰਸਕਾਰ ਗਤੀਵਿਧੀ ਮੁਖੀ ਰਾਣਾ ਸੁਭਾਸ਼ ਕੌਸ਼ਲ ਅਤੇ ਸੰਯੁਕਤ ਸਕੱਤਰ ਸ਼੍ਰੀਮਤੀ ਪੁਸ਼ਪਾ ਵਿਆਸ ਨੇ ਸ਼ਿਰਕਤ ਕੀਤੀ।

## ਜੀ ਐੱਨ ਡੀ ਯੂ ਦੇ ਵਿਦਿਆਰਥੀਆਂ ਨੇ ਸਟਾਰਟਅੱਪ ਖੇਤਰ 'ਚ ਮਾਰੀ ਬਾਜ਼ੀ



**ਜਲੰਧਰ (ਕਮਲਜੀਤ ਥਾਬਲਕੇ)**

ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਦੇ ਵਿਦਿਆਰਥੀਆਂ ਨੇ ਸਟਾਰਟਅੱਪ ਖੇਤਰ 'ਚ ਵੱਡੀ ਉਪਲਬਧੀ ਹਾਸਲ ਕਰਦਿਆਂ ਕਾਲਜ ਦਾ ਨਾਂਅ ਰੌਸ਼ਨ ਕੀਤਾ।ਜਾਣਕਾਰੀ ਦਿੰਦਿਆਂ ਕਾਲਜ ਦੀ ਓ ਐੱਸ ਡੀ ਡਾ. ਨਵਜੋਤ ਨੇ ਦੱਸਿਆ ਕਿ ਕਾਲਜ ਦੇ ਵਿਦਿਆਰਥੀ ਚੇਤਨ ਅਰੋੜਾ, ਜੋ ਕਿ Shudhttam – Food That Heals, Taste That Feels ਦੇ ਸੰਸਥਾਪਕ ਅਤੇ ਸੀ ਈ ਓ ਹਨ ਨੇ ਆਪਣੀ ਟੀਮ ਪ੍ਰਿਆ ਅਰੋੜਾ, ਮੁਸਕਾਨ, ਜਸਪ੍ਰੀਤ ਕੌਰ, ਗੁਰਪ੍ਰੀਤ ਕੌਰ, ਕ੍ਰਿਸ਼ਨਾ ਸ਼ਰਮਾ, ਗਗਨਦੀਪ ਕੌਰ ਅਤੇ ਜਸਕਰਨ ਸਿੰਘ ਨਾਲ ਮਿਲ ਕੇ ਸੀ.ਟੀ ਯੂਨੀਵਰਸਿਟੀ ਵਿੱਚ ਆਯੋਜਿਤ Big Fish Pool Startup Event 'ਚ ਸ਼ਾਨਦਾਰ ਪ੍ਰਦਰਸ਼ਨ ਕੀਤਾ।ਡਾ. ਨਵਜੋਤ ਨੇ ਦੱਸਿਆ ਕਿ ਇਸ ਮੁਕਾਬਲੇ ਵਿੱਚ ਦੇਸ਼ ਭਰ ਤੋਂ 100 ਤੋਂ ਵੱਧ ਸਟਾਰਟਅਪੱਸ ਨੇ ਭਾਗ ਲਿਆ ਸੀ, ਜਿਨ੍ਹਾਂ ਵਿੱਚੋਂ ਇਸ ਟੀਮ ਨੇ Emerging Startup of Bharat Award ਅਤੇ Recognising Excellence in Innovation Award ਜਿੱਤ ਕੇ ਮਹੱਤਵਪੂਰਨ ਸਥਾਨ ਹਾਸਲ ਕੀਤਾ।ਉਨ੍ਹਾਂ ਅੱਗੇ ਦੱਸਦਿਆਂ ਕਿਹਾ ਕਿ ਟੀਮ ਨੂੰ ਇਸ ਮੌਕੇ 25 ਲੱਖ ਦੀ ਪ੍ਰੀ-ਸੀਡ ਫੰਡਿੰਗ ਵੀ ਪ੍ਰਾਪਤ ਹੋਈ ਹੈ, ਜੋ ਕਿ ਸਟਾਰਟਅਪ ਦੇ ਵਿਕਾਸ ਲਈ ਵੱਡੀ ਮਦਦ ਸਾਬਤ ਹੋਵੇਗੀ।ਡਾ. ਨਵਜੋਤ ਨੇ ਦੱਸਿਆ ਕਿ 'ਸ਼ੁੱਧਤਮ' ਸਟਾਰਟਅਪ ਭਾਰਤ 'ਚ ਸਿਹਤਮੰਦ ਜੀਵਨਸ਼ੈਲੀ ਨੂੰ ਉਤਸ਼ਾਹਿਤ ਕਰਨ ਲਈ ਕੰਮ ਕਰ ਰਿਹਾ ਹੈ।ਇਹ ਸ਼ੁੱਧ ਐੱਫ ਐੱਮ ਸੀ ਜੀ ਉਤਪਾਦਾਂ, ਆਯੁਰਵੈਦਿਕ ਵੈਲਨੈੱਸ ਹੱਲਾਂ ਅਤੇ ਏ ਆਈ ਤੇ ਨਿਊਟ੍ਰਿਸ਼ਨ ਇੰਟੈਲੀਜੈਂਸ ਨਾਲ ਸੰਚਾਲਿਤ ਦੇਸ਼ ਦਾ ਪਹਿਲਾ ਟ੍ਰਾਂਸਪੇਰੈਂਟ ਸਮਾਰਟ ਟਿਫਿਨ ਅਤੇ ਹੈਲਥ ਇਕੋਸਿਸਟਮ ਵਿਕਸਿਤ ਕਰ ਰਿਹਾ ਹੈ।ਉਨ੍ਹਾਂ ਵਿਦਿਆਰਥੀਆਂ ਦੀ ਇਸ ਉਪਲੱਬਧੀ 'ਤੇ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਇਹ ਸਫਲਤਾ ਕਾਲਜ ਦੇ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਣਾ ਬਣੇਗੀ। ਅੰਤ ਵਿੱਚ ਉਨ੍ਹਾਂ ਪੂਰੀ ਟੀਮ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਚੰਗੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਸੰਘਰਸ਼ ਕਰ ਰਹੀਆਂ ਸਟਾਫ ਨਰਸਾਂ 'ਤੇ ਐਸਮਾ ਲਗਾਉਣ ਦੀ ਪ ਸ ਸ ਫ ਵੱਲੋਂ ਨਿਖੇਧੀ



**ਹੁਸ਼ਿਆਰਪੁਰ (ਬੀ ਐੱਸ ਸੈਣੀ)**

ਸੂਬੇ ਦੇ ਮੁਲਾਜ਼ਮਾਂ ਦੀ ਸੰਘਰਸ਼ਸ਼ੀਲ ਜੱਥੇਬੰਦੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੇਡਰੇਸ਼ਨ (ਪ.ਸ.ਸ.ਫ.) ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ, ਜਨਰਲ ਸਕੱਤਰ ਤੀਰਥ ਸਿੰਘ ਬਾਸੀ ਅਤੇ ਵਿੱਤ ਸਕੱਤਰ ਗੁਰਦੀਪ ਸਿੰਘ ਬਾਜਵਾ ਨੇ ਇੱਕ ਸਾਂਝੇ ਪ੍ਰੈਸ ਬਿਆਨ ਵਿੱਚ ਕਿਹਾ ਹੈ ਕਿ ਸੂਬੇ ਦੇ ਮੈਡੀਕਲ ਕਾਲਜਾਂ ਵਿੱਚ ਸੇਵਾ ਨਿਭਾਅ ਰਹੀਆਂ ਸਟਾਫ ਨਰਸਾਂ ਵਲੋਂ 4600 ਗ੍ਰੇਡ ਪੇਅ ਅਤੇ ਹੋਰ ਆਪਣੀਆਂ ਮੰਗਾਂ ਦੀ ਪ੍ਰਾਪਤੀ ਲਈ ਮਿਤੀ 26 ਮਾਰਚ ਤੋਂ ਸੰਘਰਸ਼ ਕੀਤਾ ਜਾ ਰਿਹਾ ਹੈ। ਸਰਕਾਰ ਅਤੇ ਵਿਭਾਗ ਵਲੋਂ ਇਹਨਾਂ ਸਟਾਫ ਨਰਸਾਂ ਦੀਆਂ ਮੰਗਾਂ ਨੂੰ ਹੱਲ ਕਰਨ ਦੀ ਥਾਂ ਜਬਰ ਦਾ ਰਸਤਾ ਅਖਤਿਆਰ ਕੀਤਾ ਜਾ ਰਿਹਾ ਹੈ। ਪ ਸ ਸ ਫ ਦੇ ਪ੍ਰੈੱਸ ਸਕੱਤਰ ਇੰਦਰਜੀਤ ਵਿਰਦੀ ਨੇ ਸਰਕਾਰ ਤੇ ਡੀ ਆਰ ਐਮ ਈ ਨੂੰ ਚਿਤਾਵਨੀ ਦਿੰਦਿਆਂ ਕਿਹਾ ਹੈ ਕਿ ਹੁਣ ਇਹ ਸੰਘਰਸ਼ ਕੇਵਲ ਸਟਾਫ ਨਰਸਾਂ ਅਤੇ ਸਿਹਤ ਮੁਲਾਜ਼ਮਾਂ ਦਾ ਨਹੀਂ ਰਿਹਾ ਸਗੋਂ ਇਹ ਸੰਘਰਸ਼ ਹੁਣ ਪੰਜਾਬ ਦੇ ਸਮੁੱਚੇ ਮੁਲਾਜ਼ਮਾਂ ਦਾ ਬਣ ਗਿਆ ਹੈ। ਜੱਥੇਬੰਦੀ ਦੇ ਆਗੂਆਂ ਕਰਮਜੀਤ ਬੀਹਲਾ, ਸੁਖਵਿੰਦਰ ਚਾਹਲ, ਮੱਖਣ ਵਾਹਿਦਪੁਰੀ, ਹਰਮਨਪ੍ਰੀਤ ਕੌਰ ਗਿੱਲ ਨੇ ਕਿਹਾ ਹੈ ਕਿ ਜੇਕਰ ਸਰਕਾਰ ਨੇ ਇਹਨਾਂ ਸਿਹਤ ਮੁਲਾਜ਼ਮਾਂ ਨਾਲ ਗਲਬਾਤ ਰਾਹੀ ਮੰਗਾਂ ਨੂੰ ਹੱਲ ਨਾ ਕੀਤਾ ਗਿਆ ਤੇ ਐਸਮਾ ਨੂੰ ਰੱਦ ਨਾ ਕੀਤਾ ਗਿਆ ਤਾਂ ਸਮੁੱਚੇ ਮੁਲਾਜ਼ਮਾਂ ਦੇ ਰੋਹ ਦਾ ਸਾਹਮਣਾ ਕਰਨਾ ਪਵੇਗਾ। ਇਸ ਮੌਕੇ ਗੁਰਬਿੰਦਰ ਸਿੰਘ, ਅਨਿਲ ਕੁਮਾਰ, ਅਮਨਦੀਪ ਸ਼ਰਮਾ, ਜਸਵਿੰਦਰ ਸੋਜਾ, ਮਨੋਹਰ ਲਾਲ ਸ਼ਰਮਾ, ਗੁਰਦੇਵ ਸਿੰਘ ਸਿੱਧੂ, ਕਿਸ਼ੋਰ ਚੰਦ ਗਾਜ, ਬਲਵਿੰਦਰ ਭੁੱਟੋ, ਪ੍ਰੇਮ ਚੰਦ ਆਜ਼ਾਦ, ਜਤਿੰਦਰ ਕੁਮਾਰ, ਰਜਿੰਦਰ ਸਿੰਘ ਰਿਆੜ, ਤਰਸੇਮ ਮਾਧੋਪੁਰੀ, ਚਮਕੌਰ ਸਿੰਘ ਨਾਭਾ, ਗੁਰਪ੍ਰੀਤ ਰੰਗੀਲਪੁਰ, ਲਖਵਿੰਦਰ ਖਾਨਪੁਰ, ਸਿਮਰਜੀਤ ਸਿੰਘ ਬਰਾੜ, ਮਾਲਵਿੰਦਰ ਸਿੰਘ, ਗੁਰਪ੍ਰੀਤ ਸਿੰਘ ਮਕੀਮਪੁਰ, ਦਵਿੰਦਰ ਸਿੰਘ ਬਿੱਟੂ, ਸੁਭਾਸ਼ ਚੰਦਰ, ਮੋਹਣ ਸਿੰਘ ਪੂਨੀਆਂ ਆਦਿ ਆਗੂ ਵੀ ਹਾਜ਼ਰ ਸਨ।